19-OCT-PAGE-1.qxd 10/18/2024 9:58 PM Page 1


ਸ਼ਨੀਵਾਰ, 19 ਅਕਤੂਬਰ, 2024

3 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081 }

ਜਿਲਦ/VOL. : 73

ਅੰਕ/NO. : 139

# ਨਵਾਂ ਜ਼ਮਾਨਾ

DAILY NAWAN ZAMANA • SATURDAY, 19 OCTOBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਝਾਰਖੰਡ 'ਚ ਐੱਨ ਡੀ ਏ ਵੱਲੋਂ ਸੀਟਾਂ ਦੀ ਵੰਡ ਦਾ ਐਲਾਨ

**ਰਾਂਚੀ :** ਭਾਜਪਾ ਝਾਰਖੰਡ ਵਿਧਾਨ ਸਭਾ ਚੋਣਾਂ ਐੱਨ ਡੀ ਏ ਸਹਿਯੋਗੀਆਂ ਆਲ ਝਾਰਖੰਡ ਸਟੂਡੈਂਟਸ ਯੂਨੀਅਨ, ਜਨਤਾ ਦਲ (ਯੂਨਾਈਟਿਡ) ਅਤੇ ਲੋਕ ਜਨਸ਼ਕਤੀ ਪਾਰਟੀ ਨਾਲ ਮਿਲ ਕੇ ਲੜੇਗੀ। ਇਨ੍ਹਾਂ ਪਾਰਟੀਆਂ ਦੇ ਆਗੂਆਂ ਨੇ ਸ਼ੁੱਕਰਵਾਰ ਇੱਥੇ ਦੱਸਿਆ ਕਿ ਸਮਝੌਤੇ ਅਨੁਸਾਰ ਆਲ ਝਾਰਖੰਡ ਸਟੂਡੈਂਟਸ ਯੂਨੀਅਨ 10 ਸੀਟਾਂ 'ਤੇ, ਜਨਤਾ ਦਲ ਯੂਨਾਈਟਡ 2 ਸੀਟਾਂ 'ਤੇ ਅਤੇ ਲੋਕ ਜਨਸ਼ਕਤੀ ਪਾਰਟੀ ਚਤਰਾ ਦੀ ਇਕਲੌਤੀ ਸੀਟ 'ਤੇ ਚੋਣ ਲੜੇਗੀ। ਭਾਜਪਾ ਬਾਕੀ 68 ਸੀਟਾਂ 'ਤੇ ਚੋਣ ਲੜੇਗੀ।

## ਸਤੇਂਦਰ ਜੈਨ ਦੀ ਜ਼ਮਾਨਤ



**ਨਵੀਂ ਦਿੱਲੀ :** ਸਪੈਸ਼ਲ ਜੱਜ ਵਿਸ਼ਾਲ ਗੋਗਨੇ ਨੇ ਮਨੀ ਲਾਂਡਰਿੰਗ ਮਾਮਲੇ 'ਚ ਆਪ ਆਗੂ ਤੇ ਦਿੱਲੀ ਦੇ ਸਾਬਕਾ ਮੰਤਰੀ ਸਤੇਂਦਰ ਜੈਨ ਨੂੰ ਸ਼ੁੱਕਰਵਾਰ ਇਹ ਕਹਿੰਦਿਆਂ ਜ਼ਮਾਨਤ ਦੇ ਦਿੱਤੀ ਕਿ ਉਹ ਕਾਫੀ ਚਿਰ ਤੋਂ ਅੰਦਰ ਹਨ ਤੇ ਮੁੱਕਦਮੇ ਨੇ ਵੀ ਕਾਫੀ ਸਮਾਂ ਲੈਣਾ ਹੈ। ਜੈਨ ਨੂੰ ਈ ਡੀ ਨੇ 30 ਮਈ 2022 ਨੂੰ ਗ੍ਰਿਫਤਾਰ ਕੀਤਾ ਸੀ। 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਨੇ ਜੈਨ ਦੇ ਛੁੱਟਣ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਉਨ੍ਹਾ ਦਾ ਕਸੂਰ ਕੀ ਸੀ ? ਉਨ੍ਹਾ 'ਤੇ ਕਈ ਛਾਪੇ ਮਾਰੇ ਗਏ, ਪਰ ਹੱਥ ਇੱਕ ਪਾਈ ਨਹੀਂ ਲੱਗੀ।

## ਓ ਟੀ ਟੀ ਦੀ ਨਿਗਰਾਨੀ ਲਈ ਖੁਦਮੁਖਤਾਰ ਸੰਸਥਾ ਬਣਾਉਣ ਦੀ ਮੰਗ ਕਰਦੀ ਪਟੀਸ਼ਨ ਰੱਦ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸ਼ੁੱਕਰਵਾਰ ਉਸ ਜਨਹਿਤ ਪਟੀਸ਼ਨ ਨੂੰ ਖਾਰਜ ਕਰ ਦਿੱਤਾ, ਜਿਸ ਵਿਚ ਕੇਂਦਰ ਨੂੰ ਓ ਟੀ ਟੀ ਅਤੇ ਹੋਰ ਸਮਗਰੀ ਦੀ ਨਿਗਰਾਨੀ ਕਰਨ ਅਤੇ ਫਿਲਟਰ ਕਰਨ ਲਈ ਇਕ ਖੁਦਮੁਖਤਾਰ ਸੰਸਥਾ ਸਥਾਪਤ ਕਰਨ ਦਾ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਸੀ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਦੀ ਬੈਂਚ ਨੇ ਕਿਹਾ ਕਿ ਅਜਿਹਾ ਮੁੱਦਾ ਕਾਰਜਕਾਰੀ ਦੇ ਨੀਤੀ ਨਿਰਧਾਰਨ ਖੇਤਰ 'ਚ ਆਉਂਦਾ ਹੈ ਅਤੇ ਇਸ ਲਈ ਵੱਖ-ਵੱਖ ਹਿੱਸੇਦਾਰਾਂ ਨਾਲ ਵਿਆਪਕ ਸਲਾਹ-ਮਸ਼ਵਰੇ ਦੀ ਲੋੜ ਹੁੰਦੀ ਹੈ। ਚੀਫ ਜਸਟਿਸ ਨੇ ਕਿਹਾ—ਇਹ ਜਨਹਿੱਤ ਪਟੀਸ਼ਨਾਂ ਦੀ ਸਮੱਸਿਆ ਹੈ। ਉਹ ਸਾਰੀਆਂ ਹੁਣ ਨੀਤੀ ਮਾਮਲਿਆਂ 'ਤੇ ਹੁੰਦੀਆਂ ਹਨ ਅਤੇ ਅਸੀਂ ਅਸਲ ਜਨਹਿੱਤ ਪਟੀਸਨਾਂ ਤੋਂ ਖੁੰਝ ਜਾਂਦੇ ਹਾਂ। ਜਨਹਿੱਤ ਪਟੀਸ਼ਨ ਦਾਇਰ ਕਰਨ

● ਬਾਕੀ ਸਫ਼ਾ 2 'ਤੇ

# ਪਨੂੰ ਮਾਮਲੇ 'ਚ ਸਾਬਕਾ ਭਾਰਤੀ ਅਧਿਕਾਰੀ ਖਿਲਾਫ ਲੁਕਆਊਟ ਨੋਟਿਸ ਜਾਰੀ




**ਨਵੀਂ ਦਿੱਲੀ :** ਅਮਰੀਕਾ ਦੇ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ (ਐੱਫ ਬੀ ਆਈ) ਨੇ ਵੱਖਵਾਦੀ ਆਗੂ ਗੁਰਪਤਵੰਤ ਸਿੰਘ ਪਨੂੰ ਦੇ ਕਤਲ ਦੀ ਕਥਿਤ ਸਾਜ਼ਿਸ਼ ਲਈ 39 ਸਾਲਾ ਸਾਬਕਾ ਭਾਰਤੀ ਪੁਲਸ ਅਫਸਰ ਵਿਕਾਸ ਯਾਦਵ ਉਰਫ ਵਿਕਾਸ ਵਿਰੁੱਧ ਲੁਕਆਊਟ ਨੋਟਿਸ ਜਾਰੀ ਕੀਤਾ ਹੈ।

ਐੱਫ ਬੀ ਆਈ ਦਾ ਕਹਿਣਾ ਹੈ ਕਿ ਯਾਦਵ ਭਾਰਤ ਵਿਚ ਰਹਿੰਦਾ ਭਾਰਤੀ ਨਾਗਰਿਕ ਹੈ ਅਤੇ ਉਸ ਨੇ ਕਤਲ ਦੀ ਸਾਜ਼ਿਸ਼ ਨੇਪਰੇ ਚਾੜ੍ਹਨ ਲਈ ਇਕ ਹੋਰ ਭਾਰਤੀ ਨਾਗਰਿਕ ਨਿਖਿਲ ਗੁਪਤਾ ਨਾਲ 'ਅਮਾਨਤ' ਨਾਂਅ ਵਰਤਦਿਆਂ ਗੱਲਬਾਤ ਕੀਤੀ ਸੀ। ਉਸ ਨੇ ਸਾਜ਼ਿਸ਼ ਨੇਪਰੇ ਚਾੜ੍ਹਨ ਲਈ ਗੁਪਤਾ ਨੂੰ ਸ਼ਿਕਾਰ ਦਾ ਰਿਹਾਇਸ਼ੀ ਪਤਾ, ਫੋਨ ਨੰਬਰ ਤੇ ਹੋਰ ਜਾਣਕਾਰੀਆਂ ਦਿੱਤੀਆਂ ਸਨ। ਯਾਦਵ ਤੇ ਗੁਪਤਾ ਨੇ ਕਤਲ ਕਰਨ ਵਾਲੇ ਲਈ ਨਿਊ ਯਾਰਕ ਵਿਚ 15 ਹਜ਼ਾਰ ਡਾਲਰ ਐਡਵਾਂਸ ਦੇਣ ਦਾ ਜੁਗਾੜ ਕੀਤਾ ਸੀ।

ਅਮਰੀਕਾ ਦੀ ਜ਼ਿਲ੍ਹਾ ਕੋਰਟ, ਸਦਰਨ ਡਿਸਟ੍ਰਿਕਟ ਆਫ ਨਿਊ ਯਾਰਕ ਨੇ ਉਸ ਵਿਰੁੱਧ 10 ਅਕਤੂਬਰ ਨੂੰ ਵਾਰੰਟ ਗ੍ਰਿਫਤਾਰੀ ਦਾ ਨੋਟਿਸ ਜਾਰੀ ਕੀਤਾ। ਇਸ ਤੋਂ ਪਹਿਲਾਂ ਅਮਰੀਕੀ ਮੀਡੀਆ ਨੇ ਵਿਕਾਸ ਯਾਦਵ ਦੀ ਪਛਾਣ ਵਿਕਰਮ ਯਾਦਵ ਵਜੋਂ ਦੱਸੀ ਸੀ।

ਸੰਘੀ ਵਕੀਲਾਂ ਨੇ ਦੱਸਿਆ ਕਿ ਯਾਦਵ ਕੈਬਨਿਟ ਸਕੱਤਰੇਤ 'ਚ ਕੰਮ ਕਰ ਰਿਹਾ ਸੀ, ਜਿੱਥੇ ਭਾਰਤ ਦੀ ਵਿਦੇਸ਼ੀ ਖੁਫੀਆ ਸੇਵਾ ਰਿਸਰਚ ਐਂਡ ਐਨਾਲਿਸਿਸ ਵਿੰਗ (ਰਾਅ) ਦਾ ਮੁੱਖ ਦਫਤਰ ਹੈ। ਉਹ ਉਂਜ ਸੀ ਆਰ ਪੀ ਐੱਫ ਦਾ ਅਧਿਕਾਰੀ ਸੀ।

ਯਾਦਵ, ਜੋ ਹੁਣ ਸਰਕਾਰੀ ਕਰਮਚਾਰੀ ਨਹੀਂ ਹੈ, 'ਤੇ ਤਿੰਨ ਦੋਸ਼ ਲਾਏ ਗਏ ਹਨ, ਜਿਸ ਵਿਚ ਭਾੜੇ ਦੇ ਅਪਰਾਧੀਆਂ ਦੀ ਮਦਦ ਨਾਲ ਕਤਲ ਦੀ ਕੋਸ਼ਿਸ਼ ਅਤੇ ਮਨੀ ਲਾਂਡਰਿੰਗ ਕਰਨ ਦੀ ਸਾਜ਼ਿਸ਼ ਸ਼ਾਮਲ ਹੈ। ਨਿਆਂ ਵਿਭਾਗ ਨੇ ਕਿਹਾ ਕਿ ਯਾਦਵ ਅਜੇ ਫਰਾਰ ਹੈ। ਉਸ ਦੇ ਨਾਲ ਇਸ ਸਾਜ਼ਿਸ਼ ਵਿਚ ਸ਼ਾਮਲ ਨਿਖਿਲ ਗੁਪਤਾ ਨੂੰ ਪਿਛਲੇ ਸਾਲ ਚੈੱਕ ਗਣਰਾਜ ਵਿਚ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਹਵਾਲਗੀ ਤੋਂ ਬਾਅਦ ਉਹ ਅਮਰੀਕੀ ਜੇਲ੍ਹ 'ਚ ਬੰਦ ਹੈ।

ਅਮਰੀਕੀ ਅਟਾਰਨੀ ਜਨਰਲ ਮੇਰਿਕ ਬੀ ਗਾਰਲੈਂਡ ਨੇ ਕਿਹਾ ਕਿ ਦੋਸ਼ ਦਰਸਾਉਂਦੇ ਹਨ ਕਿ ਨਿਆਂ ਵਿਭਾਗ ਅਮਰੀਕੀਆਂ ਨੂੰ ਨਿਸ਼ਾਨਾ ਬਣਾਉਣ ਅਤੇ ਉਨ੍ਹਾਂ ਨੂੰ ਖਤਰੇ ਵਿਚ ਪਾਉਣ ਤੇ ਹਰ ਅਮਰੀਕੀ ਨਾਗਰਿਕ ਦੇ ਅਧਿਕਾਰਾਂ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਨੂੰ ਬਰਦਾਸ਼ਤ ਨਹੀਂ ਕਰੇਗਾ। ਐੱਫ ਬੀ ਆਈ ਅਧਿਕਾਰੀ ਕ੍ਰਿਸਟੋਫਰ ਨੇ ਕਿਹਾ ਕਿ ਦੋਸ਼ੀ ਇਕ ਭਾਰਤੀ ਸਰਕਾਰੀ ਕਰਮਚਾਰੀ ਹੈ, ਉਸ ਨੇ ਕਥਿਤ ਤੌਰ 'ਤੇ ਇਕ ਅਪਰਾਧਕ ਸਹਿਯੋਗੀ ਨਾਲ ਮਿਲ ਕੇ ਸਾਜ਼ਿਸ਼ ਰਚੀ।

ਇਸ ਮਾਮਲੇ ਸੰਬੰਧੀ ਅਮਰੀਕਾ ਦੇ ਦੋਸ਼ਾਂ ਤੋਂ ਬਾਅਦ ਭਾਰਤ ਨੇ ਮਾਮਲੇ ਦੀ ਜਾਂਚ ਲਈ ਇਕ ਕਮੇਟੀ ਗਠਿਤ ਕੀਤੀ ਸੀ। ਅਮਰੀਕਾ ਨੇ ਇਸ ਮਾਮਲੇ ਸੰਬੰਧੀ ਭਾਰਤ ਤੋਂ ਸਹਿਯੋਗ ਦੀ ਆਸ ਜਤਾਈ ਹੈ।

ਵਿਦੇਸ਼ ਮੰਤਰਾਲਾ ਦੇ ਬੁਲਾਰੇ ਮੈਥਯੂ ਮਿਲਰ ਨੇ ਬੁੱਧਵਾਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਸੀ—ਅਸੀਂ ਸਹਿਯੋਗ ਤੋਂ ਸੰਤੁਸ਼ਟ ਹਾਂ। ਇਹ ਇੱਕ ਨਿਰੰਤਰ ਪ੍ਰਕਿਰਿਆ ਹੈ, ਅਸੀਂ ਇਸ 'ਤੇ ਉਨ੍ਹਾਂ ਨਾਲ ਕੰਮ ਕਰਨਾ ਜਾਰੀ ਰੱਖ ਰਹੇ ਹਾਂ, ਪਰ ਅਸੀਂ ਸਹਿਯੋਗ ਦੀ ਸ਼ਲਾਘਾ ਕਰਦੇ ਹਾਂ।

# ਮੁੱਖ ਮੰਤਰੀ ਨੇ ਕਿਸਾਨ ਆਗੂਆਂ ਨੂੰ ਅੱਜ ਸ਼ਾਮੀਂ ਗੱਲਬਾਤ ਲਈ ਸੱਦਿਆ



**ਚੰਡੀਗੜ੍ਹ :** ਝੋਨੇ ਦੀ ਸੁਸਤ ਖਰੀਦ ਖਿਲਾਫ ਪ੍ਰੋਟੈੱਸਟ ਕਰ ਰਹੇ ਸੰਯੁਕਤ ਕਿਸਾਨ ਮੋਰਚਾ, ਰਾਈਸ ਮਿਲਰਜ਼ ਤੇ ਆੜ੍ਹਤੀਆਂ ਦੇ ਕਈ ਆਗੂਆਂ ਨੂੰ ਪੁਲਸ ਨੇ ਸ਼ੁੱਕਰਵਾਰ ਚੰਡੀਗੜ੍ਹ ਵੜਨ ਤੋਂ ਪਹਿਲਾਂ ਮੁਹਾਲੀ ਜ਼ਿਲ੍ਹੇ 'ਚ ਗ੍ਰਿਫਤਾਰ ਕਰ ਲਿਆ। ਤਾਂ ਵੀ ਕੁਝ ਆਗੂ ਸੈਕਟਰ 35 ਦੇ ਕਿਸਾਨ ਭਵਨ ਤੱਕ ਪੁੱਜਣ ਵਿਚ ਸਫਲ ਰਹੇ। ਜਿਹੜੇ ਕਿਸਾਨ ਭਵਨ ਪੁੱਜ ਗਏ, ਉਨ੍ਹਾਂ ਨੂੰ ਰੈਪਿਡ ਐਕਸ਼ਨ ਫੋਰਸ ਨੇ ਬਾਹਰ ਨਹੀਂ ਨਿਕਲਣ ਦਿੱਤਾ।

ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨ ਆਗੂਆਂ ਨੂੰ ਸ਼ਨੀਵਾਰ ਸ਼ਾਮ ਚਾਰ ਵਜੇ ਗੱਲਬਾਤ ਦਾ ਸੱਦਾ ਦਿੱਤਾ ਹੈ। ਕਿਸਾਨ ਆਗੂਆਂ ਨੇ ਕਿਹਾ ਹੈ ਕਿ ਉਹ ਮੁੱਖ ਮੰਤਰੀ ਨਾਲ ਗੱਲਬਾਤ ਕਰਨਗੇ ਅਤੇ ਨਤੀਜਾ ਨਾ ਨਿਕਲਣ 'ਤੇ ਕਿਸਾਨ ਭਵਨ ਨੂੰ ਪ੍ਰੋਟੈੱਸਟ ਦਾ ਕੇਂਦਰ ਬਣਾਉਣਗੇ। ਆਗੂਆਂ ਨੇ ਕਿਹਾ ਕਿ ਚੰਡੀਗੜ੍ਹ ਵੱਲ ਆ ਰਹੇ ਕਿਸਾਨਾਂ ਨੂੰ ਕਈ ਥਾਂਵਾਂ 'ਤੇ ਰੋਕਿਆ ਗਿਆ।

# ਮਾਨ ਨੇ ਅਧਿਆਪਕਾਂ ਦਾ ਪਹਿਲਾ ਬੈਚ ਫਿਨਲੈਂਡ ਲਈ ਕੀਤਾ ਰਵਾਨਾ



**ਚੰਡੀਗੜ੍ਹ (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਕਿਹਾ ਕਿ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਸਾਡੀ ਸਰਕਾਰ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਦਿਆਂ ਅਧਿਆਪਕਾਂ, ਵਿਦਿਆਰਥੀਆਂ ਤੇ ਸਕੂਲਾਂ ਵਿੱਚ ਨਿਵੇਸ਼ ਕਰ ਰਹੀ ਹੈ।

ਫਿਨਲੈਂਡ ਵਿੱਚ ਸਿਖਲਾਈ ਲਈ ਜਾਣ ਵਾਲੇ ਅਧਿਆਪਕਾਂ ਦੇ ਪਹਿਲੇ ਬੈਚ ਨੂੰ ਰਵਾਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਦਿਨ ਪੰਜਾਬ ਦੇ ਸਿੱਖਿਆ ਢਾਂਚੇ ਵਿੱਚ ਇਕ ਅਹਿਮ ਮੀਲ ਪੱਥਰ ਹੈ, ਕਿਉਂਕਿ ਅੱਜ ਅਸੀਂ ਆਪਣੇ 72 ਪ੍ਰਾਇਮਰੀ ਅਧਿਆਪਕਾਂ ਨੂੰ ਪੇਸ਼ੇਵਰ ਸਿੱਖਿਆ ਲਈ ਫਿਨਲੈਂਡ ਦੇ ਸਫ਼ਰ ਵਾਸਤੇ ਰਵਾਨਾ ਕਰਨ ਆਏ ਹਾਂ। ਉਨ੍ਹਾ ਕਿਹਾ ਕਿ ਇਹ ਮਹਿਜ਼ ਨਵੇਂ ਮੁਲਕ ਦਾ ਸਫ਼ਰ ਹੀ ਨਹੀਂ, ਸਗੋਂ ਪੰਜਾਬ ਵਿੱਚ ਸਿੱਖਿਆ ਦੇ ਭਵਿੱਖੀ ਨਕਸ਼ ਘੜਨ ਦੀ ਦਿਸ਼ਾ ਵਿੱਚ ਨਵੀਆਂ ਅਧਿਆਪਨ ਤਕਨੀਕਾਂ, ਬਿਹਤਰੀਨ ਰਵਾਇਤਾਂ ਅਤੇ ਨਵੇਂ ਤਰੀਕਿਆਂ ਬਾਰੇ ਸਮਝਣ ਦਾ ਮੌਕਾ ਹੈ।

ਉਨ੍ਹਾ ਕਿਹਾ ਕਿ ● ਬਾਕੀ ਸਫ਼ਾ 2 'ਤੇ

## ਡੇਰਾ ਮੁਖੀ ਖਿਲਾਫ ਬੇਅਦਬੀ ਦੇ ਕੇਸ ਚਲਾਉਣ ਦਾ ਰਾਹ ਪੱਧਰਾ



**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸ਼ੁੱਕਰਵਾਰ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਖਿਲਾਫ 2015 ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਸੰਬੰਧਤ ਕੇਸਾਂ ਵਿਚ ਮੁਕੱਦਮੇ ਦੀ ਕਾਰਵਾਈ ਕੀਤੇ ਜਾਣ ਲਈ ਰਾਹ ਪੱਧਰਾ ਕਰ ਦਿੱਤਾ। ਜਸਟਿਸ ਬੀ ਆਰ ਗਵਈ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਡਵੀਜਨ ਬੈਂਚ ਨੇ ਇਸ ਕਾਰਵਾਈ ਉਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਲਾਈ ਗਈ ਰੋਕ ਨੂੰ ਹਟਾ ਦਿੱਤਾ ਹੈ। ਬੈਂਚ ਨੇ ਨਾਲ ਹੀ ਡੇਰਾ ਮੁਖੀ ਨੂੰ ਹਦਾਇਤ ਦਿੱਤੀ ਹੈ ਕਿ ਉਹ ਇਸ ਮਾਮਲੇ ਵਿਚ ਆਪਣਾ ਜਵਾਬ

● ਬਾਕੀ ਸਫ਼ਾ 2 'ਤੇ

## ਖੇਡ ਬਿੱਲ ਦੇ ਖਰੜੇ 'ਤੇ ਪੀ ਟੀ ਊਸ਼ਾ ਨੂੰ ਸਖਤ ਇਤਰਾਜ਼

**ਨਵੀਂ ਦਿੱਲੀ :** ਭਾਰਤੀ ਉਲੰਪਿਕ ਐਸੋਸੀਏਸ਼ਨ (ਆਈ ਓ ਏ) ਦੀ ਪ੍ਰਧਾਨ ਪੀ ਟੀ ਊਸ਼ਾ ਨੇ ਖੇਡ ਮੰਤਰਾਲੇ ਨੂੰ ਖਬਰਦਾਰ ਕੀਤਾ ਹੈ ਕਿ ਉਸ ਵੱਲੋਂ ਲਿਆਂਦੇ ਜਾ ਰਹੇ ਖੇਡ ਬਿੱਲ ਦਾ ਪ੍ਰਸਤਾਵਤ ਖਰੜਾ ਭਾਰਤ ਖਿਲਾਫ ਕੌਮਾਂਤਰੀ ਉਲੰਪਿਕ ਕਮੇਟੀ (ਆਈ ਓ ਸੀ) ਦੀਆਂ ਪਾਬੰਦੀਆਂ ਦਾ ਕਾਰਨ ਬਣ ਸਕਦਾ ਹੈ।

ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਵੀਰਵਾਰ ਵੱਖ-ਵੱਖ ਕੌਮੀ ਖੇਡ ਫੈਡਰੇਸ਼ਨਾਂ (ਐੱਨ ਐੱਸ ਐੱਫਜ਼) ਅਤੇ ਆਈ ਓ ਏ ਦੇ ਪ੍ਰਤੀਨਿਧਾਂ ਤੇ ਹੋਰ ਸੰਬੰਧਤ ਧਿਰਾਂ ਨਾਲ ਖਰੜੇ 'ਤੇ ਚਰਚਾ ਕਰਨ ਲਈ ਮੁਲਾਕਾਤ ਕੀਤੀ ਸੀ। ਮੀਟਿੰਗ ਵਿਚ ਸ਼ਾਮਲ ਪੀ ਟੀ ਊਸ਼ਾ ਨੇ ਆਪਣੇ ਲਿਖਤੀ ਸੁਝਾਵਾਂ 'ਚ ਕਿਹਾ ਕਿ ਖੇਡ ਰੈਗੂਲੇਟਰੀ ਬਾਡੀ, ਜੋ ਕਿ ਐੱਨ ਐੱਸ ਐੱਫਜ਼ ਨੂੰ ਮਾਨਤਾ ਪ੍ਰਦਾਨ ਕਰੇਗੀ, ਦੇ ਗਠਨ ਸਮੇਤ ਕੁਝ ਵਿਵਸਥਾਵਾਂ ਨੂੰ ਕੌਮਾਂਤਰੀ ਫੈਡਰੇਸ਼ਨਾਂ

● ਬਾਕੀ ਸਫ਼ਾ 2 'ਤੇ

## ਨਿੱਜੀ ਕਾਨੂੰਨ ਬਾਲ ਵਿਆਹ ਰੋਕਣ 'ਚ ਅੜਿੱਕਾ ਨਹੀਂ ਬਣ ਸਕਦੇ : ਸੁਪਰੀਮ ਕੋਰਟ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸ਼ੁੱਕਰਵਾਰ ਇਕ ਅਹਿਮ ਫੈਸਲੇ ਵਿਚ ਕਿਹਾ ਕਿ ਬਾਲ ਵਿਆਹ ਰੋਕੂ ਐਕਟ ਨੂੰ ਨਿੱਜੀ ਕਾਨੂੰਨਾਂ, ਭਾਵ ਅਜਿਹੇ ਕਾਨੂੰਨ, ਜਿਹੜੇ ਕਿਸੇ ਖਾਸ ਧਰਮ, ਅਕੀਦੇ ਜਾਂ ਸੱਭਿਆਚਾਰ ਆਦਿ ਕਾਰਨ ਕਿਸੇ ਵਿਅਕਤੀ ਉਤੇ ਲਾਗੂ ਹੁੰਦੇ ਹਨ, ਰਾਹੀਂ ਕਮਜ਼ੋਰ ਨਹੀਂ ਕੀਤਾ ਜਾ ਸਕਦਾ। ਅਦਾਲਤ ਨੇ ਕਿਹਾ ਕਿ ਬਾਲ ਵਿਆਹ ਆਪਣੇ ਜੀਵਨ ਸਾਥੀ ਦੀ ਚੋਣ ਕਾਰਨ ਦੀ ਆਜ਼ਾਦੀ ਦੀ ਉਲੰਘਣਾ ਕਰਦੇ ਹਨ।

ਸੁਪਰੀਮ ਕੋਰਟ ਦੇ ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਸ਼ਮੂਲੀਅਤ ਵਾਲੀ ਬੈਂਚ ਨੇ ਫੈਸਲਾ ਸੁਣਾਉਂਦਿਆਂ ਦੇਸ਼ ਵਿਚ ਬਾਲ ਵਿਆਹਾਂ ਨੂੰ ਰੋਕਣ ਲਈ ਕਾਨੂੰਨ ਨੂੰ ਅਸਰਦਾਰ ਢੰਗ ਨਾਲ ਲਾਗੂ ਕੀਤੇ ਜਾਣ

● ਬਾਕੀ ਸਫ਼ਾ 2 'ਤੇ

## ਦੀਵਾਲੀ ਵਿਸ਼ੇਸ਼ ਸਪਲੀਮੈਂਟ



ਨਿਰਮਲ ਕੁਮਾਰ ਫਿਲੌਰ 98147-04346



ਰਾਜੀਵ ਗੋਇਲ ਭਗਤਾ ਭਾਈਕਾ 92179-00426



ਰਮੇਸ਼ ਕਟਾਰੀਆ ਰਾਜਪੁਰਾ 99880-13675



ਸੁਖਵਿੰਦਰ ਸਫਰੀ ਟੂਟੋਮਜਾਰਾ 99158-16713



ਰਮਨ ਚੱਢਾ ਚੋਹਲਾ ਸਾਹਿਬ 98722-26721



ਇਕਬਾਲ ਸਿੰਘ ਮੋਗਾ 97798-39323



ਅਮਿਤ ਖੰਨਾ ਜਗਰਾਓਂ 99140-20819



ਸੰਜੀਵ ਅਰੋੜਾ ਜਗਰਾਓਂ 98145-56990



ਐਡਵੋਕੇਟ ਸਤੀਸ਼ ਕੁਮਾਰ ਭੀਰੀ (ਜੈਤੋ) 94176-12036



ਇਕਬਾਲ ਸਿੰਘ ਸਮਾਣਾ 98550-29206



ਮੱਖਣ ਮਨੋਜ ਝਬਾਲ 88726-19500



ਗੁਰਪ੍ਰੀਤ ਭੋਗਲ ਭੋਗਪੁਰ 94636-82748

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

*-ਜਨਰਲ ਮੈਨੇਜਰ*

## ਅੱਜ-ਨਾਮਾ

ਰਾਮ ਰਹੀਮ ਦੀ ਫਸੀ ਫਿਰ ਜਿੰਦ ਲੱਗਦੀ,
ਸੁਪਰੀਮ ਕੋਰਟ ਨੇ ਮਾਰੀ ਆ ਸੱਟ ਮੀਆਂ।
ਮੁਕੱਦਮਾ ਚੱਲਣ ਦੀ ਰੋਕ ਆ ਗਈ ਚੁੱਕੀ,
ਪਿੱਛੇ ਰਿਹਾ ਨਹੀਂ ਇੱਫ ਕੋਈ ਬੱਟ ਮੀਆਂ।
ਅਦਾਲਤ ਮੂਹਰੇ ਤਾਂ ਆਵਣਾ ਪਊ ਉਸ ਨੂੰ,
ਕਾਨੂੰਨੀ ਵਿਹਾਰ ਨੂੰ ਸਕੇ ਨਹੀਂ ਕੱਟ ਮੀਆਂ।
ਲੱਗ ਪਏ ਬੋਲਣ ਗਵਾਹ ਜਦ ਆਣ ਮੂਹਰੇ,
ਸਕੂ ਨਹੀਂ ਲਾਭ ਸਿਆਸਤ ਦਾ ਖੱਟ ਮੀਆਂ।
ਕਿਸੇ ਨੂੰ ਹਾਲੇ ਵੀ ਪੱਕ ਯਕੀਨ ਕੋਈ ਨਹੀਂ,
ਲੱਗੂ ਇਨਸਾਫ ਲਈ ਕਿੰਨੀ ਕੁ ਦੇਰ ਮੀਆਂ।
ਕੱਚੀ ਤੰਦ ਨਾਲ ਸਮਝ ਲਉ ਆਸ ਲਟਕੀ,
ਹੋਊ ਇਹ ਖਤਮ ਤੇ ਆਖਰ ਹਨੇਰ ਮੀਆਂ।

-ਤੀਸ ਮਾਰ ਖਾਂ

## ਸਲਮਾਨ ਦਾ ਪੰਜ ਕਰੋੜ ਮੁੱਲ ਪਾਇਆ !

**ਮੁੰਬਈ :** ਮੁੰਬਈ ਟ੍ਰੈਫਿਕ ਪੁਲਸ ਨੂੰ ਪ੍ਰਾਪਤ ਸੰਦੇਸ਼ 'ਚ ਕਥਿਤ ਤੌਰ 'ਤੇ ਪੰਜ ਕਰੋੜ ਰੁਪਏ ਦੇ ਭੁਗਤਾਨ ਦੇ ਬਦਲੇ 'ਚ ਸਲਮਾਨ ਖਾਨ ਅਤੇ ਜੇਲ੍ਹ 'ਚ ਬੰਦ ਲਾਰੈਂਸ ਬਿਸ਼ਨੋਈ ਵਿਚਕਾਰ ਚੱਲ ਰਹੇ ਝਗੜੇ ਨੂੰ ਸੁਲਝਾਉਣ ਦੀ ਪੇਸ਼ਕਸ਼ ਕੀਤੀ ਗਈ ਹੈ। ਵਟਸਐਪ 'ਤੇ ਪ੍ਰਾਪਤ ਸੰਦੇਸ਼ ਵਿਚ ਕਿਹਾ ਗਿਆ ਹੈ ਕਿ ਜੇ ਸਲਮਾਨ ਖਾਨ ਜ਼ਿੰਦਾ ਰਹਿਣਾ ਚਾਹੁੰਦਾ ਹੈ ਅਤੇ ਬਿਸ਼ਨੋਈ ਨਾਲ ਦੁਸ਼ਮਣੀ ਖਤਮ ਕਰਨਾ ਚਾਹੁੰਦਾ ਹੈ ਤਾਂ ਉਸ ਨੂੰ ਪੰਜ ਕਰੋੜ ਰੁਪਏ ਦਾ ਭੁਗਤਾਨ ਕਰਨਾ ਪਵੇਗਾ।

ਇਸ ਨੂੰ ਹਲਕੇ 'ਚ ਨਾ ਲਓ, ਨਹੀਂ ਤਾਂ ਸਲਮਾਨ ਖਾਨ ਦੀ ਹਾਲਤ ਬਾਬਾ ਸਿੱਦੀਕੀ ਤੋਂ ਵੀ ਮਾੜੀ ਹੋ ਜਾਵੇਗੀ। ਉਧਰ, ਇਸ ਸੰਦੇਸ਼ ਨੂੰ ਗੰਭੀਰਤਾ ਨਾਲ ਲੈਂਦਿਆਂ ਮੁੰਬਈ ਪੁਲਸ ਨੇ ਭੇਜਣ ਵਾਲੇ ਦੇ ਪਿਛੋਕੜ, ਜਬਰਨ ਵਸੂਲੀ, ਜਾਨ ਦੀਆਂ ਧਮਕੀਆਂ ਦੇ ਪਿੱਛੇ ਉਨ੍ਹਾਂ ਦੇ ਇਰਾਦੇ ਆਦਿ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।





ਹੁਣ ਪਵਿੱਤਰ ਸ਼ਹਿਰ ਅੰਮ੍ਰਿਤਸਰ ਸਾਹਿਬ ਵਜੋਂ ਜਾਣੇ ਜਾਂਦੇ ਚੱਕ ਰਾਮਦਾਸ ਪੁਰ ਦੇ ਬਾਨੀ ਸ੍ਰੀ ਗੁਰੂ ਰਾਮਦਾਸ ਜੀ ਦਾ ਜੀਵਨ ਅਤੇ ਫ਼ਲਸਫ਼ਾ ਲੋਕਾਈ ਨੂੰ ਰੂਹਾਨੀਅਤ, ਨੇਕ-ਨੀਅਤੀ ਅਤੇ ਮਾਨਵਤਾ ਵੱਲ ਪ੍ਰੇਰਣ ਲਈ ਚਾਨਣ-ਮੁਨਾਰਾ ਬਣਿਆ ਹੋਇਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਗੁਰੂ ਜੀ ਦੀ ਪਾਵਨ ਬਾਣੀ ਹਮੇਸ਼ਾ ਸਦੀਵੀ ਅਮਨ ਅਤੇ ਧਾਰਮਿਕ ਸਹਿ-ਹੋਂਦ ਦਾ ਸਰਬੋਤਮ ਖ਼ਜ਼ਾਨਾ ਬਣੀ ਰਹੇਗੀ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਬੈਂਕ ਮੈਨੇਜਰ ਕਾਰ ਸਮੇਤ ਨਹਿਰ 'ਚ ਡਿੱਗਾ, ਮੌਤ



ਸ੍ਰੀ ਮੁਕਤਸਰ ਸਾਹਿਬ/ਦੋਦਾ (ਸ਼ਮਿੰਦਰ ਪਾਲ/ਪੂਜਾ/ਵਕੀਲ ਬਰਾੜ)-ਪਿੰਡ ਭੁੱਲਰ ਕੋਲ ਦੀ ਵਗਦੀਆਂ ਨਹਿਰਾਂ ਵਿਚੋਂ ਸਰਹੰਦ ਨਹਿਰ ਵਿੱਚ ਮੈਨੇਜਰ ਸਿਰਮਨਦੀਪ ਸਿੰਘ ਬਰਾੜ (38) ਸੈਂਟਰਲ ਬੈਂਕ ਬਰਾਂਚ ਲੱਖੇਵਾਲੀ ਸਮੇਤ ਸਮੇਤ ਕਾਰ ਅਚਾਨਕ ਨਹਿਰ ਵਿਚ 16 ਅਕਤੂਬਰ ਦੀ ਰਾਤ ਨੂੰ ਡਿਗ ਪਿਆ ਸੀ, ਜਿਸ ਦਾ ਪਤਾ 17 ਅਕਤੂਬਰ ਦੁਪਹਿਰ ਨੂੰ ਲੱਗਾ ਕਿ ਉਹ ਆਪਣੇ ਸੱਤ ਸਾਥੀਆਂ ਸਮੇਤ ਪਾਰਟੀ ਕਰਨ ਲਈ ਨਹਿਰਾਂ ਦੀ ਵਿਚਕਾਰਲੀ ਪਟੜੀ 'ਤੇ ਰੁਕੇ ਅਤੇ ਵਾਪਸੀ ਮੌਕੇ ਉਹ ਨਹਿਰ ਵਿਚ ਡਿਗ ਪਏ।ਪਰਵਾਰ ਦੀ ਸੂਚਨਾ ਉਤੇ ਪੁਲਸ ਪ੍ਰਸ਼ਾਸਨ ਹਰਕਤ ਵਿਚ ਆਇਆ ਤੇ ਤਲਾਸ਼ ਸ਼ੁਰੂ ਕਰ ਦਿੱਤੀ।ਐਸ ਐਸ ਪੀ ਤੁਸ਼ਾਰ ਗੁਪਤਾ, ਡੀ ਐਸ ਪੀ ਸਤਨਾਮ ਸਿੰਘ, ਐਸ ਐਚ ਓ ਹਰਪ੍ਰੀਤ ਕੌਰ ਥਾਣਾ ਸਦਰ ਮੁਕਤਸਰ, ਸੀ ਆਈ ਏ ਇੰਚਾਰਜ ਗੁਰਵਿੰਦਰ ਸਿੰਘ ਮੌਕੇ ਉਤੇ ਪੁੱਜ ਗਏ।ਅਧਿਕਾਰੀਆਂ ਨੇ ਦੱਸਿਆ ਕਿ ਇਹ ਗੱਡੀ ਵਾਪਸ ਕਰਨ ਲੱਗੇ ਤੋਂ ਨਹਿਰ ਵਿਚ ਡਿਗ ਪਈ।ਉਨਾਂ ਦੱਸਿਆ ਕਿ ਐਨ ਡੀ ਆਰ ਐਫ ਦੀ ਟੀਮ ਬੁਲਾ ਕੇ ਅਤੇ ਪਰਵਾਰ ਵੱਲੋਂ ਪ੍ਰਾਈਵੇਟ ਗੋਤਾਖੋਰ ਬੁਲਾਏ ਗਏ ਹਨ ਅਤੇ ਸਮੂਹ ਪਿੰਡ ਭੁੱਲਰ ਵਾਸੀਆਂ ਦੇ ਸਹਿਯੋਗ ਨਾਲ ਕਾਰ ਅਤੇ ਮ੍ਰਿਤਕ ਦੀ ਲਾਸ਼ ਮਿਲ ਗਈ ਹੈ, ਜੋ ਕਾਰ ਦੀ ਪਿਛਲੀ ਸੀਟ 'ਤੇ ਪਈ ਹੈ। ਜਿਸ ਨੂੰ ਪੋਸਟਮਾਰਟਮ ਲਈ ਸਿਵਲ ਹਸਪਾਤਲ ਲਿਜਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਮ੍ਰਿਤਕ ਦੇ ਨਾਲ ਵਾਲੇ ਸਾਥੀਆਂ ਨੂੰ ਵੀ ਬੁਲਾ ਕੇ ਉਨ੍ਹਾਂ ਤੋਂ ਘਟਨਾ ਸਬੰਧੀ ਜਾਣਕਾਰੀ ਹਾਸਲ ਕੀਤੀ ਗਈ ਹੈ।ਮ੍ਰਿਤਕ ਆਪਣੇ ਪਿਛੇ ਪਤਨੀ, ਇਕ 7 ਸਾਲ ਦੀ ਬੇਟੀ ਅਤੇ 2 ਸਾਲ ਦਾ ਬੇਟਾ ਛੱਡ ਗਏ ਹਨ।

# ਟਰੱਕ ਯੂਨੀਅਨ ਨੇ ਸੁਖਮਨੀ ਸਾਹਿਬ ਦਾ ਪਾਠ ਕਰਵਾ ਕੇ ਕੀਤੀ ਕੰਮ ਦੀ ਸ਼ੁਰੂਆਤ

## ਕਿਸਾਨਾਂ ਨੂੰ ਝੋਨੇ ਦੀ ਫਸਲ ਦੀ 24 ਘੰਟਿਆਂ 'ਚ ਪੇਮੈਂਟ ਕਰਨ ਵਾਸਤੇ ਸਰਕਾਰ ਵਚਨਬੱਧ : ਦਹੀਆ



ਮਮਦੋਟ (ਜਸਬੀਰ ਸਿੰਘ ਕੰਬੋਜ)-ਕਿਸਾਨਾਂ ਨੂੰ ਮੰਡੀ ਵਿੱਚ ਝੋਨੇ ਦੀ ਫਸਲ ਵੇਚਣ ਸਮੇਂ ਕਿਸੇ ਵੀ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਵੇਚੀ ਹੋਈ ਫਸਲ ਦੀ ਬਣਦੀ ਪੇਮੈਂਟ 24 ਘੰਟਿਆਂ ਵਿੱਚ ਕਰਨ ਵਾਸਤੇ ਵੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਅਨਾਜ ਮੰਡੀ ਮਮਦੋਟ ਸਥਿਤ ਟਰੱਕ ਯੂਨੀਅਨ ਦੇ ਦਫਤਰ ਵਿਖੇ ਕੰਮ ਦੀ ਸ਼ੁਰੂਆਤ ਕਰਾਉਣ ਸਮੇਂ ਕਰਵਾਏ ਗਏ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਹਾਜ਼ਰ ਟਰੱਕ ਆਪ੍ਰੇਟਰਾਂ, ਆੜ੍ਹਤੀਆਂ ਤੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾ ਨਾਲ ਸੀਨੀਅਰ ਆਗੂ ਬਲਰਾਜ ਸਿੰਘ ਸੰਧੂ, ਦਲਜੀਤ ਸਿੰਘ ਬਾਬਾ, ਉਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਪੰਚਾਇਤ ਮਮਦੋਟ ਤੇ ਨਿਰਵੈਰ ਸਿੰਘ ਸਿੰਧੀ ਵੀ ਸਨ। ਉਨ੍ਹਾ ਕਿਹਾ ਕਿ ਇਸ ਗੱਲ ਨੂੰ ਵੀ ਯਕੀਨੀ ਬਣਾਇਆ ਜਾਵੇਗਾ ਕਿ ਮਾਲ ਦੇ ਢੋਆ ਢੁਆਈ ਸਬੰਧੀ ਕਿਸੇ ਵੀ ਟਰੱਕ ਅਪ੍ਰੇਟਰ ਜਾਂ ਆੜ੍ਹਤੀਏ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਉਨ੍ਹਾ ਨਵੇਂ ਚੁਣੇ ਗਏ ਪੰਚਾਂ-ਸਰਪੰਚਾਂ ਨੂੰ ਵਧਾਈ ਦਿੰਦੇ ਹੋਏ ਸ਼ਾਂਤਮਈ ਤਰੀਕੇ ਨਾਲ ਪੰਚਾਇਤੀ ਚੋਣਾਂ ਵਿੱਚ ਪੰਚਾਇਤਾਂ ਚੁਣਨ ਵਾਸਤੇ ਸਮੂਹ ਹਲਕਾ ਨਿਵਾਸੀਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਯੂਨੀਅਨ ਦੇ ਅਹੁਦੇਦਾਰਾਂ ਵੱਲੋਂ ਸ਼੍ਰੀ ਦਹੀਆ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਹਰਜਿੰਦਰ ਸਿੰਘ ਸਿੰਧੀ, ਸੁਰਿੰਦਰ ਕੁਮਾਰ ਸੋਨੂੰ ਸੇਠੀ, ਬਲਵਿੰਦਰ ਸਿੰਘ ਸਰਪੰਚ ਰਾਓ ਕੇ, ਗੁਰਨਾਮ ਸਿੰਘ ਸਰਪੰਚ ਹਜਾਰਾ ਸਿੰਘ ਵਾਲਾ, ਬਲਵਿੰਦਰ ਸਿੰਘ ਲੱਡੂ ਸਰਪੰਚ ਬਸਤੀ ਹਜਾਰਾ, ਕੁਲਦੀਪ ਸਿੰਘ ਲਹੌਰੀਆ ਪ੍ਰਧਾਨ ਆੜ੍ਹਤੀ ਯੂਨੀਅਨ, ਜਗਦੀਸ਼ ਚਾਵਲਾ (ਰਾਜੂ ਚਾਵਲਾ), ਪ੍ਰਦੀਪ ਕੁਮਾਰ ਬਿੰਦਰਾ, ਅਵਤਾਰ ਸਿੰਘ ਲੋਧਰਾਂ, ਰਾਕੇਸ਼ ਬਿੰਦਰਾ, ਅਸ਼ੋਕ ਸਹਿਗਲ, ਹਰਭਜਨ ਸਿੰਘ ਜੋਧਪੁਰ, ਲਖਵਿੰਦਰ ਸਿੰਘ ਜੋਸਨ, ਟਰਾਂਸਪੋਰਟਰ ਸੁਖਵਿੰਦਰ ਸਿੰਘ ਸੁੱਖਾ ਜੋਧਪੁਰ, ਰੋਸ਼ਨ ਲਾਲ ਚੋਪੜਾ, ਸੰਦੀਪ ਕੁਮਾਰ ਸੋਨੀ, ਹਰਪ੍ਰੀਤ ਸਿੰਘ ਹੈਪੀ ਸਮੇਤ ਵੱਡੀ ਗਿਣਤੀ ਵਿੱਚ ਟਰੱਕ ਆਪ੍ਰੇਟਰ, ਆੜ੍ਹਤੀਏ, ਕਿਸਾਨ ਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਹਾਜ਼ਰ ਸਨ।

# ਗੁਰਦੀਪ ਸਿੰਘ ਬਾਬਾ ਛਾਪਾ ਦੇ ਸਰਪੰਚ ਚੁਣੇ ਗਏ



ਮਹਿਲ ਕਲਾ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਛਾਪਾ (ਬਰਨਾਲਾ) ਵਿਖੇ ਸੱਚਖੰਡ ਵਾਸੀ ਸੰਤ ਬਾਬਾ ਜਸਵੀਰ ਸਿੰਘ ਖਾਲਸਾ ਕਾਲਾਮਾਲਾ ਸਾਹਿਬ ਵਾਲਿਆਂ ਦੇ ਚਰਨ ਸੇਵਕ ਗੁਰਦੀਪ ਸਿੰਘ ਬਾਬਾ ਨੇ ਸਰਪੰਚੀ ਦੀ ਚੋਣ ਜਿੱਤ ਲਈ ਹੈ। ਜੇਤੂ ਰਹੇ ਸਰਪੰਚ ਗੁਰਦੀਪ ਸਿੰਘ ਬਾਬਾ ਨੇ ਵੋਟਰਾਂ ਤੇ ਸਪੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਵਿਕਾਸ ਕਾਰਜ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਹਿਲ ਦੇ ਆਧਾਰ 'ਤੇ ਕਰਵਾਉਣਗੇ। ਇਸ ਖੁਸ਼ੀ ਮੌਕੇ ਪਿੰਡ ਦੇ ਸਮੂਹ ਲੋਕਾਂ ਵੱਲੋਂ ਸਰਪੰਚ ਗੁਰਦੀਪ ਸਿੰਘ ਬਾਬਾ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

# ਨਿਰੰਕਾਰੀ ਸਤਿਗੁਰੂ ਦਾ ਚੰਡੀਗੜ੍ਹ ਆਗਮਨ ਭਲਕੇ, ਤਿਆਰੀਆਂ ਆਰੰਭ



ਸਮਾਣਾ (ਇਕਬਾਲ ਸਿੰਘ ਬੱਲ)-ਸਮਾਣਾ ਬ੍ਰਾਂਚ ਦੇ ਸੰਯੋਜਕ ਸ੍ਰੀ ਸੁਰਿੰਦਰ ਸਿੰਘ ਐਡਵੋਕੇਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਨਿਰੰਕਾਰੀ ਰਾਜ ਪਿਤਾ ਜੀ ਦੀ ਛਤਰਛਾਇਆ ਹੇਠ 20 ਅਕਤੂਬਰ ਨੂੰ ਸੈਕਟਰ 34 ਮੇਲਾ ਗਰਾਊਂਡ, ਸ਼ਾਮ ਮਾਲ ਦੇ ਸਾਹਮਣੇ ਵਿਸ਼ਾਲ ਗਰਾਊਂਡ ਵਿੱਚ ਨਿਰੰਕਾਰੀ ਸੰਤ ਸਮਾਗਮ ਹੋਣ ਜਾ ਰਿਹਾ ਹੈ, ਜਿਸ ਦਾ ਸਮਾਂ ਬਾਅਦ ਵਿੱਚ ਦੁਪਹਿਰ 3 ਵਜੇ ਤੋਂ ਰਾਤ 8 ਵਜੇ ਤੱਕ ਹੋਵੇਗਾ।ਇਸ ਸਮਾਗਮ ਵਿੱਚ ਚੰਡੀਗੜ੍ਹ, ਪੰਚਕੂਲਾ, ਮੋਹਾਲੀ, ਜ਼ੀਰਕਪੁਰ, ਪੰਜਾਬ, ਹਰਿਆਣਾ, ਹਿਮਾਚਲ ਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਪਹੁੰਚ ਕੇ ਇਸ ਇਲਾਹੀ ਸੰਤ ਸਮਾਗਮ ਦਾ ਆਨੰਦ ਮਾਨਣਗੀਆਂ ਤੇ ਸਤਿਗੁਰਾਂ ਦੀ ਬਖਸ਼ਿਸ਼ ਦਾ ਲਾਭ ਲੈਣਗੀਆਂ। ਚੰਡੀਗੜ੍ਹ ਜ਼ੋਨ ਦੇ ਜ਼ੋਨਲ ਇੰਚਾਰਜ, ਸਤਿਕਾਰਯੋਗ ਸ੍ਰੀ ਓ. ਪੀ. ਨਿਰੰਕਾਰੀ, ਸਮੂਹ ਸੰਯੋਜਕ ਮੁਖੀ ਸਾਹਿਬਾਨ, ਸੇਵਾਦਲ ਦੇ ਖੇਤਰੀ ਸੰਚਾਲਕਾਂ ਤੇ ਸੇਵਾਦਲ ਦੇ ਮੈਂਬਰਾਂ ਅਤੇ ਸ਼ਰਧਾਲੂਆਂ ਨੇ ਸਮੂਹਕ ਤੌਰ 'ਤੇ ਨਿਰੰਕਾਰ ਪ੍ਰਭੂ ਪ੍ਰਮਾਤਮਾ ਦਾ ਸਿਮਰਨ ਕਰਕੇ ਸੇਵਾ ਦੀ ਸ਼ੁਰੂਆਤ ਕੀਤੀ ਅਤੇ ਸਮਾਗਮ ਦੇ ਸਥਾਨ ਅਤੇ ਇਸਦੇ ਆਲੇ-ਦੁਆਲੇ ਦੀ ਸਫਾਈ ਕੀਤੀ ਗਈ ਤਾਂ ਜੋ ਸਾਰੇ ਆਉਣ ਵਾਲੇ ਸ਼ਰਧਾਲੂ ਸਤਿਗੁਰੂ ਦੀ ਪਵਿੱਤਰ ਸੰਗਤ ਵਿੱਚ ਬੈਠ ਕੇ ਇਸ ਸੱਚੇ ਉਪਦੇਸ਼ ਨੂੰ ਸੁਣ ਸਕਣ ਅਤੇ ਆਪਣੇ ਹਿਰਦੇ ਵਿੱਚ ਸ਼ਾਂਤੀ ਦਾ ਅਹਿਸਾਸ ਕਰ ਸਕਣ। ਸ੍ਰੀ ਓ ਪੀ ਨਿਰੰਕਾਰੀ ਨੇ ਸਮੂਹ ਨਗਰ ਨਿਵਾਸੀਆਂ ਨੂੰ ਸਤਿਕਾਰ ਸਹਿਤ ਇਸ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਆਪ ਸਾਰੇ ਇਸ ਵਿਸ਼ਾਲ ਸੰਤ ਸਮਾਗਮ ਵਿੱਚ ਸ਼ਾਮਲ ਹੋ ਕੇ ਅਤੇ ਸਤਿਗੁਰੂ ਮਾਤਾ ਤੇ ਨਿਰੰਕਾਰੀ ਰਾਜਪਿਤਾ ਦੇ ਇਲਾਹੀ ਦਰਸ਼ਨ ਕਰਕੇ ਤੇ ਉਨ੍ਹਾਂ ਦੇ ਵੱਡਮੁੱਲੇ ਪ੍ਰਵਚਨਾਂ ਤੋਂ ਪ੍ਰੇਰਨਾ ਲੈ ਕੇ ਆਪਣਾ ਜੀਵਨ ਸਾਰਥਕ ਬਣਾਓ।

# ਅੱਗ ਲੱਗਣ ਨਾਲ ਪਰਾਲੀ ਨਾਲ ਭਰੀ ਟਰਾਲੀ ਸੜ ਕੇ ਸੁਆਹ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਥਾਣਾ ਕੂੰਮਕਲਾਂ ਅਧੀਨ ਪੈਂਦੇ ਪਿੰਡ ਮਾੜੇਵਾਲ ਨੇੜੇ ਪਰਾਲੀ ਦੀਆਂ ਗੱਠਾਂ ਨਾਲ ਭਰੀ ਟਰਾਲੀ ਸੜ ਕੇ ਸੁਆਹ ਹੋ ਗਈ। ਟ੍ਰੈਕਟਰ ਟਰਾਲੀ ਦੇ ਮਾਲਕ ਕਰਮ ਸਿੰਘ ਨੇ ਦੱਸਿਆ ਕਿ ਉਹ ਖੇਤਾਂ 'ਚੋਂ ਪਰਾਲੀ ਦੀਆਂ ਗੱਠਾਂ ਚੁੱਕ ਕੇ ਕੰਪਨੀ ਦੇ ਡੰਪ 'ਤੇ ਲਿਜਾ ਰਿਹਾ ਸੀ ਕਿ ਰਸਤੇ ਵਿੱਚ ਬਿਜਲੀ ਦੀਆਂ ਤਾਰਾਂ 'ਚੋਂ ਨਿਕਲੀਆਂ ਚੰਗਿਆੜੀਆਂ ਕਾਰਨ ਅੱਗ ਲੱਗ ਗਈ। ਉਨ੍ਹਾ ਕਿਹਾ ਕਿ ਅੱਗ ਲੱਗਣ ਕਾਰਨ ਕਰੀਬ 150 ਗੱਠ ਸੜ ਕੇ ਸੁਆਹ ਹੋ ਗਈ ਅਤੇ ਟ੍ਰੈਕਟਰ ਨੂੰ ਅਲੱਗ ਕਰਕੇ ਬਚਾਅ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਕਾਰਨ ਕਰੀਬ 1.50 ਲੱਖ ਰੁਪਏ ਦਾ ਨੁਕਸਾਨ ਹੋ ਗਿਆ। ਅੱਗ ਦੀ ਸੂਚਨਾ ਫਾਇਰ ਬ੍ਰਿਗੇਡ ਨੂੰ ਦਿੱਤੀ ਗਈ, ਜਿਨ੍ਹਾਂ 2 ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ।

# ਡੀ ਟੀ ਐੱਫ ਤੇ ਕੰਪਿਊਟਰ ਅਧਿਆਪਕਾਂ ਦੀ ਸਾਂਝੀ ਮੀਟਿੰਗ



ਭੀਖੀ (ਧਰਮਵੀਰ ਸ਼ਰਮਾ)-ਡੀ ਟੀ ਐੱਫ ਤੇ ਕੰਪਿਊਟਰ ਅਧਿਆਪਕ ਯੂਨੀਅਨ ਮਾਨਸਾ ਦੀ ਇਕ ਸਾਂਝੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਡੀਟੀਐੱਫ ਅਮੋਲਕ ਡੇਲੂਆਣਾ ਤੇ ਜ਼ਿਲ੍ਹਾ ਪ੍ਰਧਾਨ ਕੰਪਿਊਟਰ ਅਧਿਆਪਕ ਯੂਨੀਅਨ ਮਾਨਸਾ ਸੱਤ ਪ੍ਰਤਾਪ ਸਿੰਘ ਦੀ ਅਗਵਾਈ ਵਿੱਚ ਭੀਖੀ ਵਿਖੇ ਹੋਈ, ਜਿਸ ਵਿੱਚ ਪਰਸੋਂ ਰਾਤ ਇਲੈਕਸ਼ਨ ਡਿਊਟੀ ਤੋਂ ਆਪਣੀ ਭੈਣ ਨੂੰ ਵਾਪਸ ਲਿਆਉਂ ਸਮੇਂ ਹਾਦਸੇ ਦਾ ਸ਼ਿਕਾਰ ਹੋ ਕੇ ਆਪਣੀ ਜਾਨ ਗਵਾਉਣ ਵਾਲੇ ਨੌਜਵਾਨ ਅਵਤਾਰ ਸਿੰਘ ਦੀ ਬੇਵਕਤੀ ਮੌਤ 'ਤੇ ਦੁੱਖ ਪ੍ਰਗਟਾਇਆ ਗਿਆ ਅਤੇ ਹਾਦਸੇ ਦੌਰਾਨ ਗੰਭੀਰ ਜ਼ਖ਼ਮੀ ਪਰਮਜੀਤ ਕੌਰ ਈਟੀਟੀ ਅਧਿਆਪਕਾ ਦੀ ਜਲਦੀ ਸਿਹਤਯਾਬੀ ਦੀ ਕਾਮਨਾ ਕੀਤੀ ਗਈ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਕਸ ਤੇ ਕੁਚੱਜੇ ਪ੍ਰਬੰਧਾਂ ਦੀ ਨਿਖੇਧੀ ਕੀਤੀ ਗਈ। ਮੀਟਿੰਗ ਦੇ ਏਜੰਡੇ ਤਹਿਤ ਪਰਵਾਰ ਨੂੰ ਬਣਦਾ ਇਨਸਾਫ ਦਿਵਾਉਣ ਲਈ ਅਗਲੀ ਰਣਨੀਤੀ ਉਲੀਕੀ ਗਈ ਤੇ ਹਾਦਸਾ ਕਰਕੇ ਭੱਜਣ ਵਾਲੇ ਮੁਲਜ਼ਮ ਦੀ ਜਲਦੀ ਗ੍ਰਿਫਤਾਰੀ ਦੀ ਮੰਗ ਕੀਤੀ ਗਈ। ਹਾਦਸੇ ਦੌਰਾਨ ਜਾਨ ਗਵਾਉਣ ਵਾਲੇ ਨੌਜਵਾਨ ਦੀ ਵਿਧਵਾ ਨੂੰ ਯੋਗਤਾ ਅਨੁਸਾਰ ਸਰਕਾਰੀ ਨੌਕਰੀ ਤੇ ਨਿਯਮਾਂ ਤਹਿਤ ਬਣਦੇ ਮੁਆਵਜ਼ੇ ਦੀ ਮੰਗ ਵੀ ਪ੍ਰਸ਼ਾਸਨ ਤੇ ਸਰਕਾਰ ਤੋਂ ਕੀਤੀ ਗਈ। ਜਥੇਬੰਦੀਆਂ ਨੇ ਸਪੱਸ਼ਟ ਕੀਤਾ ਕਿ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਜੇ ਤਿੱਖਾ ਘੋਲ ਵੀ ਲੜਨਾ ਪਿਆ ਤਾਂ ਲੜਿਆ ਜਾਵੇਗਾ। ਇਸ ਮੌਕੇ ਪੰਚਾਇਤੀ ਚੋਣਾਂ ਦੌਰਾਨ ਮੁਲਾਜ਼ਮਾਂ ਨੂੰ ਪੇਸ਼ ਆਈਆਂ ਮੁਸ਼ਕਲਾਂ ਦੀ ਵੀ ਚਰਚਾ ਕੀਤੀ ਗਈ ਤੇ ਦਰਪੇਸ਼ ਆਈਆਂ ਪ੍ਰੇਸ਼ਾਨੀਆਂ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਦਾ ਮਤਾ ਵੀ ਸਭ ਦੀ ਸਹਿਮਤੀ ਨਾਲ ਪਾਸ ਕੀਤਾ ਗਿਆ।

ਇਸ ਮੌਕੇ ਅਮਰੀਕ ਸਿੰਘ ਭੀਖੀ, ਦਿਲਬਾਗ ਰੱਲੀ, ਅਮਰਿੰਦਰ ਸਿੰਘ, ਜਸਵੀਰ ਭੰਮਾਂ, ਹਰਪ੍ਰੀਤ ਸਿੰਘ ਖੜਕ ਸਿੰਘ ਵਾਲਾ, ਕੁਲਵਿੰਦਰ ਸਿੰਘ, ਜਸਵਿੰਦਰ ਕੁਮਾਰ ਤੇ ਕੰਪਿਊਟਰ ਅਧਿਆਪਕ ਯੂਨੀਅਨ ਮਾਨਸਾ ਵੱਲੋਂ ਜਗਰਾਜ ਸਿੰਘ ਮਾਨਸਾ, ਮਲਕੀਤ ਸਿੰਘ ਬੁਢਲਾਡਾ, ਅਜੇ ਮਿੱਤਲ, ਰਾਜਦੀਪ ਸਿੰਘ, ਜਸਪਾਲ ਸਿੰਘ, ਕੁਲਦੀਪ ਸਿੰਘ, ਯੋਗਰਾਜ ਮਾਨਸਾ ਆਦਿ ਹਾਜ਼ਰ ਸਨ।

# ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਨੂੰ ਬਣਾਵਟੀ ਅੰਗ ਵੰਡੇ



ਲੁਧਿਆਣਾ (ਰਾਜ ਸਿੰਗਲਾ)

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੀ ਪਹਿਲਕਦਮੀ ਤਹਿਤ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਪੰਜਾਬ ਵੱਲੋਂ ਦਿਵਿਆਂਗ ਸਹਾਇਤਾ ਕੇਂਦਰ, ਰਿਸ਼ੀ ਨਗਰ, ਲੁਧਿਆਣਾ ਵਿਖੇ ਲਗਾਏ ਗਏ ਮੁਫਤ ਬਨਾਵਟੀ ਅੰਗ ਵੰਡ ਕੈਂਪ ਦਾ ਉਦਘਾਟਨ ਕੀਤਾ।ਟਰੱਸਟ ਦੇ ਪ੍ਰਧਾਨ ਪੰਕਜ ਜਿੰਦਲ ਨੇ ਦੱਸਿਆ ਕਿ ਟਰੱਸਟ ਵੱਲੋਂ ਹੁਣ ਤੱਕ 1700 ਦੇ ਕਰੀਬ ਕੈਂਪ ਲਗਾਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚ ਬਨਾਵਟੀ ਅੰਗ ਅਤੇ ਏਡਜ਼ ਤੇ ਉਪਕਰਨ ਲਗਭਗ ਮੁਫਤ ਮੁਹੱਈਆ ਕਰਵਾਏ ਜਾ ਚੁੱਕੇ ਹਨ।ਅੱਜ ਲਗਾਏ ਗਏ ਕੈਂਪ ਵਿੱਚ 80 ਲਾਭਪਾਤਰੀਆਂ ਨੂੰ ਬਨਾਵਟੀ ਅੰਗ ਤੇ ਹੋਰ ਏਡਜ਼ ਅਤੇ ਉਪਕਰਣ, ਜਿਸ ਵਿੱਚ ਮਾਡਿਊਲਰ ਲੱਤਾਂ, ਬਾਹਾਂ, ਸੁਣਨ ਵਾਲੀਆਂ ਮਸ਼ੀਨਾਂ, ਵ੍ਹੀਲਚੇਅਰ ਤੇ ਟ੍ਰਾਈ-ਸਾਈਕਲ ਆਦਿ ਸ਼ਾਮਲ ਸਨ, ਦਿੱਤੇ ਗਏ।

ਡਿਪਟੀ ਕਮਿਸ਼ਨਰ ਨੇ ਲਾਭਪਾਤਰੀਆਂ ਨਾਲ ਵੀ ਗੱਲਬਾਤ ਕੀਤੀ ਤੇ ਉਨ੍ਹਾਂ ਵੱਖ-ਵੱਖ ਵਲੰਟੀਅਰਾਂ ਨੂੰ ਵੀ ਸਨਮਾਨਤ ਕੀਤਾ, ਜਿਨ੍ਹਾਂ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਪੰਜਾਬ ਵੱਲੋਂ ਲੁਧਿਆਣਾ ਦੇ ਝੁੱਗੀ-ਝੌਂਪੜੀ ਵਾਲੇ ਖੇਤਰਾਂ ਤੇ ਹੋਰ ਵੱਖ-ਵੱਖ ਇਲਾਕਿਆਂ ਵਿੱਚ ਸਿਹਤ ਜਾਗਰੂਕਤਾ ਤੇ ਮੈਡੀਕਲ ਜਾਂਚ ਕੈਂਪ ਲਗਾਉਣ ਵਿੱਚ ਸਹਾਇਤਾ ਕੀਤੀ ਸੀ। ਅੰਤ ਵਿੱਚ ਟਰੱਸਟ ਦੀ ਖਜ਼ਾਨਚੀ ਸੁਨੀਤਾ ਚਾਟਲੀ ਨੇ ਡਿਪਟੀ ਕਮਿਸ਼ਨਰ ਤੇ ਚੇਅਰਮੈਨ ਸਚਿਤ ਜੈਨ, ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੀ ਕਾਰਜਕਾਰੀ ਨਿਰਦੇਸ਼ਕ ਸੌਮਿਆ ਜੈਨ, ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੇ ਕਾਰਜਕਾਰੀ ਨਿਰਦੇਸ਼ਕ ਆਰ. ਕੇ. ਰੇਵਾੜੀ ਦਾ ਅਪਾਹਜਾਂ ਨੂੰ ਉਨ੍ਹਾਂ ਦੇ ਮਿਸ਼ਨ ਵਿੱਚ ਲਗਾਤਾਰ ਸਹਿਯੋਗ ਦੇਣ ਲਈ ਧੰਨਵਾਦ ਕੀਤਾ।ਇਸ ਮੌਕੇ ਵਰਧਮਾਨ ਸਟੀਲਜ਼ ਦੇ ਹੈੱਡ ਸੀ.ਐੱਸ.ਆਰ. ਅਮਿਤ ਧਵਨ, ਅਸਿਸਟੈਂਟ ਮੈਨੇਜਰ ਸੀ.ਐੱਸ.ਆਰ. ਵਰਧਮਾਨ ਸਟੀਲਜ਼ ਰਿਸ਼ੂ ਜੈਨ, ਮੈਂਬਰ ਨੈਸ਼ਨਲ ਟੀਮ ਟਰੱਸਟ ਅਰੁਣਾ ਪੁਰੀ, ਰਾਜੇਸ਼ ਨੌਹਰੀਆ, ਐੱਸ ਪੀ ਸੂਦ, ਪੂਜਾ ਚਾਟਲੀ, ਰਜਿੰਦਰ ਬਾਂਸਲ ਤੇ ਟਰੱਸਟ ਦੇ ਹੋਰ ਸੀਨੀਅਰ ਮੈਂਬਰ ਮੌਜੂਦ ਸਨ।

# ਸਿਹਤ ਵਿਭਾਗ ਦੀ ਟੀਮ ਡੇਂਗੂ ਤੋਂ ਬਚਾਅ ਲਈ ਕੀਤਾ ਜਾਗਰੂਕ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਿਹਤ ਵਿਭਾਗ ਵੱਲੋਂ ਡੇਂਗੂ ਦੀ ਬੀਮਾਰੀ ਦੇ ਫੈਲਣ ਤੋਂ ਬਚਾਅ ਲਈ ਬਲਾਕ ਬਾਲਿਆਂਵਾਲੀ ਦੇ ਪਿੰਡਾਂ ਵਿੱਚ ਸ਼ੁੱਕਰਵਾਰ ਨੂੰ ਡਰਾਈ-ਡੇ ਅਧੀਨ ਗਤੀਵਿਧੀਆਂ ਕੀਤੀਆਂ ਗਈਆਂ।ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਪਾਣੀ ਦੀਆਂ ਟੈਂਕੀਆਂ, ਗਮਲਿਆਂ, ਹੋਰ ਪਾਣੀ ਇਕੱਠਾ ਹੋਣ ਦੇ ਸਰੋਤ ਆਦਿ ਚੈੱਕ ਕਰਕੇ ਜਮ੍ਹਾਂ ਹੋਏ ਪਾਣੀ ਦੇ ਸਰੋਤਾਂ ਨੂੰ ਮੌਕੇ 'ਤੇ ਖਾਲੀ ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਪ੍ਰੀਤ ਸਿੰਘ ਸਿਹਤ ਸੁਪਰਵਾਈਜ਼ਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਲਗਾਤਾਰ ਡੇਂਗੂ ਦੀ ਰੋਕਥਾਮ ਲਈ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਦੇ ਸਦਕਾ ਹਾਲੇ ਤੱਕ ਕੋਈ ਵੀ ਡੇਂਗੂ ਦਾ ਕੇਸ ਪੌਜ਼ਟਿਵ ਨਹੀਂ ਪਾਇਆ ਗਿਆ।ਪਿੰਡ ਕੋਟੜਾ ਕੌੜਾ ਵਿਖੇ ਸਿਹਤ ਵਿਭਾਗ ਦੀ ਟੀਮ ਦੇ ਮੈਂਬਰ ਸਤੀਸ਼ ਕੁਮਾਰ ਸਿਹਤ ਕਰਮਚਾਰੀ ਨੇ ਕਿਹਾ ਕਿ ਡੇਂਗੂ ਦਾ ਮੱਛਰ ਇੱਕ ਹਫ਼ਤੇ ਤੋਂ ਵੱਧ ਜਮ੍ਹਾਂ ਹੋਏ ਸਾਫ਼ ਪਾਣੀ ਵਿੱਚ ਪਨਪਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਹਰ ਹਫਤੇ ਸ਼ੁੱਕਰਵਾਰ ਨੂੰ ਜਮ੍ਹਾਂ ਕੀਤੇ ਹੋਏ ਪਾਣੀ ਦੇ ਸਰੋਤਾਂ ਨੂੰ ਇੱਕ ਵਾਰ ਖਾਲੀ ਕਰਕੇ ਸੁਕਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਦੇ ਟੈਸਟ ਤੇ ਇਲਾਜ ਮੁਫ਼ਤ ਕੀਤੇ ਜਾਂਦੇ ਹਨ।ਇਸ ਮੌਕੇ ਆਸ਼ਾ ਵਰਕਰਜ਼ ਵੀ ਹਾਜ਼ਰ ਸਨ।

# ਕਾਂਗਰਸ ਕਿਸਾਨ ਸੈੱਲ ਵੱਲੋਂ ਸੂਬਾ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਝੋਨੇ ਦੀ ਖਰੀਦ ਸ਼ੁਰੂ ਨਾ ਹੋਣ ਤੇ ਨਵੀਂ ਖਰੀਦੇ ਮਾਲ ਨੂੰ ਭੰਡਾਰ ਕਰਨ ਲਈ ਕੋਈ ਢੁੱਕਵਾਂ ਪ੍ਰਬੰਧ ਨਾ ਕਰਨ ਦੇ ਰੋਸ ਵਜੋਂ ਅੱਜ ਪੰਜਾਬ ਪ੍ਰਦੇਸ਼ ਕਾਂਗਰਸ ਕਿਸਾਨ ਸੈੱਲ ਵੱਲੋਂ ਦਿੱਤੇ ਸੱਦੇ 'ਤੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਆੜ੍ਹਤੀਆ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਦੇ ਵਰਕਰਾਂ, ਮਜ਼ਦੂਰਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਨੇ ਸਾਂਝੇ ਤੌਰ 'ਤੇ ਅਨਾਜ ਮੰਡੀ ਕਸਬਾ ਮਹਿਲ ਕਲਾਂ ਵਿਖੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਬੋਲਦਿਆਂ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ, ਐਡਵੋਕੇਟ ਜਸਬੀਰ ਸਿੰਘ ਖੇੜੀ, ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨਦੀਪ ਸਿੰਘ ਸਰਾਂ ਨੇ ਕਿਹਾ ਕਿ ਕਿਸਾਨਾਂ ਦੀ ਹਮਦਰਦ ਕਹਾਉਣ ਵਾਲੀ ਸੂਬਾ ਸਰਕਾਰ ਮੰਡੀਆਂ 'ਚ ਰੁਲ਼ ਰਹੇ ਕਿਸਾਨਾਂ ਦੀ ਕੋਈ ਸਾਰ ਨਹੀਂ ਲੈ ਰਹੀ, ਨਾ ਹੀ ਸਰਕਾਰ ਵੱਲੋਂ ਅਜੇ ਤੱਕ ਇਸ ਸੀਜ਼ਨ ਦੌਰਾਨ ਖਰੀਦੀ ਜਾਣ ਵਾਲੀ ਫ਼ਸਲ ਨੂੰ ਭੰਡਾਰ ਕਰਨ ਲਈ ਕੋਈ ਠੋਸ ਨੀਤੀ ਬਣਾਈ ਗਈ ਹੈ।ਸਰਕਾਰ ਦੀ ਮਾੜੀ ਕਾਰਗੁਜ਼ਾਰੀ ਕਾਰਨ ਝੋਨੇ ਨਾਲ ਮੰਡੀਆਂ ਨੱਕੋ ਨੱਕ ਭਰ ਰਹੀਆਂ ਹਨ।ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਸਰਬੀ ਨੇ ਕਿਸਾਨਾਂ ਤੋਂ ਮੰਗ ਕੀਤੀ ਕਿ ਇਸ ਮੁਸ਼ਕਲ ਨੂੰ ਤੁਰੰਤ ਹੱਲ ਕੀਤਾ ਜਾਵੇ।ਇਸ ਸਮੇਂ ਸੀਨੀਅਰ ਆਗੂ ਬਾਬੂ ਰੌਸ਼ਨ ਲਾਲ ਬਾਂਸਲ, ਪਰਮਿੰਦਰ ਸਿੰਘ ਸ਼ੰਮੀ, ਅਮਰਜੀਤ ਸਿੰਘ ਮਹਿਲ ਕਲਾਂ, ਜਰਨੈਲ ਸਿੰਘ ਭੋਲਾ, ਬੱਗਾ ਸਿੰਘ ਮਹਿਲ ਕਲਾਂ, ਪ੍ਰਕਾਸ਼ ਸਿੰਘ ਸਹਿਜੜਾ, ਹਰਦੀਪ ਸਿੰਘ ਬੀਹਲਾ, ਸ਼ਿੰਗਾਰਾ ਸਿੰਘ ਵਜੀਦਕੇ ਕਲਾਂ, ਪਰਮਿੰਦਰ ਸਿੰਘ ਲੋਹਗੜ੍ਹ, ਮੁਖਤਿਆਰ ਸਿੰਘ ਧਨੇਰ, ਰਘਬੀਰ ਸਿੰਘ ਗੰਗੋਹਰ, ਮਨਦੀਪ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

# ਜਿਮਖਾਨਾ ਕਲੱਬ ਦੀ ਚੋਣ 'ਚ ਫਰੈਂਡਸ਼ਿਪ ਗਰੁੱਪ ਦੇ ਉਮੀਦਵਾਰਾਂ ਨੂੰ ਜਿਤਾਓ : ਡਾਕਟਰ ਬੋਪਾਰਾਏ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਜਿਮਖਾਨਾ ਕਲੱਬ ਦੀ ਅੱਜ ਚੋਣ ਦੇ ਮੱਦੇਨਜ਼ਰ ਫਰੈਂਡਸ਼ਿਪ ਗਰੁੱਪ ਵੱਲੋਂ ਮੈਂਬਰਾਂ ਲਈ ਬ੍ਰੇਕਫਾਸਟ ਡਿਪਲੋਮੇਸੀ ਕੀਤੀ ਗਈ, ਜਿਸ ਵਿੱਚ 800 ਦੇ ਕਰੀਬ ਕਲੱਬ ਮੈਂਬਰਾਂ ਨੇ ਵੱਡੇ ਪੱਧਰ 'ਤੇ ਭਾਗ ਲਿਆ। ਕਲੱਬ ਦੇ ਨਵੇਂ ਚੁਣੇ ਪ੍ਰਧਾਨ ਦੀਪਕ ਕੰਪਾਨੀ, ਮੌਜੂਦਾ ਪ੍ਰਧਾਨ ਅਤੇ ਸਕੱਤਰ ਦੀ ਚੋਣ ਲੜ ਰਹੇ ਡਾ. ਸੁਖਦੀਪ ਬੋਪਾਰਾਏ, ਹਰਪ੍ਰੀਤ ਸੰਧੂ, ਡਾ. ਮਨਮੋਹਨ ਸਿੰਘ, ਡਾ. ਸੁਧੀਰ ਵਰਮਾ, ਵਿਪਿਨ ਸ਼ਰਮਾ, ਵਿਕਾਸ ਪੁਰੀ, ਵਿਨੋਦ ਸ਼ਰਮਾ, ਸੰਚਿਤ ਬਾਂਸਲ ਅਤੇ ਸਮੁੱਚੀ ਟੀਮ ਨੇ ਮੈਂਬਰਾਂ ਦਾ ਸਵਾਗਤ ਕਰਦੇ ਹੋਏ ਅਪੀਲ ਕੀਤੀ ਕਿ ਭਵਿੱਖ ਵਿੱਚ ਕਲੱਬ ਦੀ ਬਿਹਤਰੀ, ਵਿਕਾਸ ਅਤੇ ਵਧੀਆ ਸੁਵਿਧਾਵਾਂ ਲਈ ਫਰੈਂਡਸ਼ਿਪ ਗਰੁੱਪ ਦੇ ਸਾਰੇ ਹੀ ਉਮੀਦਵਾਰਾਂ ਦੇ ਹੱਕ ਵਿੱਚ ਵੋਟਾਂ ਪਾ ਕੇ ਉਹਨਾਂ ਨੂੰ ਜੇਤੂ ਬਣਾਓ।

ਉਹਨਾਂ ਕਿਹਾ ਕਿ ਜਿਮਖਾਨਾ ਉੱਤਰੀ ਭਾਰਤ ਦਾ ਖ਼ੂਬਸੂਰਤ ਅਤੇ ਪ੍ਰਸਿੱਧ ਕਲੱਬ ਹੈ, ਜਿਸ ਵਿੱਚ ਕਲੱਬ ਦੇ ਮੈਂਬਰਾਂ, ਉਹਨਾਂ ਦੇ ਪਰਵਾਰਿਕ ਮੈਂਬਰਾਂ ਅਤੇ ਬੱਚਿਆਂ ਲਈ ਹਰ ਤਰ੍ਹਾਂ ਦੀਆਂ ਸੁਵਿਧਾਵਾਂ ਹਨ। ਇਸ ਮੌਕੇ ਬਿਕਰਮਜੀਤ ਸਿੰਘ, ਕਰਨ ਗੌੜ, ਰਾਹੁਲ ਮਹਿਤਾ, ਜਤਿਨ ਗੋਇਲ, ਡਾ. ਅੰਸ਼ੁਮਨ ਖਰਬੰਦਾ, ਅਵਿਨਾਸ਼ ਗੁਪਤਾ, ਪ੍ਰਦੀਪ ਸਿੰਗਲਾ ਤੋਂ ਇਲਾਵਾ ਸੰਜੀਵ ਸ਼ਰਮਾ ਬਿੱਟੂ, ਕੇ ਕੇ ਮਲਹੋਤਰਾ, ਵਿਨੋਦ ਢੂੰਡੀਆਂ, ਨੀਰਜ ਵਤਸ, ਐਡਵੋਕੇਟ ਰਵਿੰਦਰ ਕੌਸ਼ਲ, ਹਰਦੇਵ ਬੱਲੀ, ਹਰਸ਼ਪਾਲ ਸਿੰਘ, ਸਰਵਦੀਪ ਸੇਠੀ, ਨਰੇਸ਼ ਗੁਪਤਾ, ਅਮਰੀਸ਼ ਬਾਂਸਲ, ਜਤਿਨ ਮਿੱਤਲ, ਰੋਹਿਤ ਗੁਪਤਾ, ਹਨੀ ਲੂਥਰਾ, ਮੋਹਿਤ ਢੋਡੀ, ਅਰੁਣ ਬਾਂਸਲ, ਐੱਮ ਐੱਮ ਸਿਆਲ, ਰਾਮ ਪ੍ਰਕਾਸ਼ ਪੱਪਾ, ਰਾਜਦੀਪ ਸਿੰਘ, ਹਰਮਿੰਦਰ ਸਿੰਘ ਲਵਲੀ, ਕਾਲਾ ਭਾਅ ਜੀ, ਏ ਪੀ ਗਰਗ, ਵਿਨੋਦ ਵਤਰਾਣਾ ਆਦਿ ਹਾਜ਼ਰ ਸਨ।

# ਖੇੜੀ ਫੱਤਣ ਪੰਚਾਇਤ ਦੀ ਸਰਬ-ਸੰਮਤੀ ਨਾਲ ਚੋਣ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪੰਜਾਬ ਵਿੱਚ ਹੋ ਰਹੀਆਂ ਪੰਚਾਇਤੀ ਚੋਣਾਂ ਵਿੱਚ ਜ਼ਿਆਦਾਤਰ ਪਿੰਡ ਵਿੱਚ ਸਰਬਸੰਮਤੀਆਂ ਕਰਵਾਉਣ ਲਈ ਪਿੰਡ ਦੇ ਪੰਤਵੰਤੇ ਸੱਜਣਾਂ ਵੱਲੋਂ ਉਪਰਾਲੇ ਕੀਤੇ ਗਏ ਤੇ ਇਨ੍ਹਾਂ ਉਪਰਾਲਿਆਂ ਨੂੰ ਕਈ ਪਿੰਡਾਂ ਵਿੱਚ ਕਾਮਯਾਬੀ ਵੀ ਮਿਲੀ ਹੈ।ਇਸੇ ਤਰ੍ਹਾਂ ਪਿੰਡ ਖੇੜੀ ਫੱਤਣ ਦੀ ਪੰਚਾਇਤ ਦੀ ਚੋਣ ਸਰਬਸੰਮਤੀ ਨਾਲ ਹੋਈ ਤੇ ਸਿਮਰਜੀਤ ਕੌਰ ਸਰਬ ਸੰਮਤੀ ਨਾਲ ਸਰਪੰਚ ਚੁਣੇ ਗਏ।ਇਸੇ ਤਰ੍ਹਾਂ ਗੁਰਧਿਆਨ ਸਿੰਘ, ਸ਼ਮਸ਼ੇਰ ਸਿੰਘ, ਦਲੇਰ ਸਿੰਘ, ਜਗਦੀਸ਼ ਕੌਰ, ਗੁਰਜਿੰਦਰ ਕੌਰ ਨੂੰ ਸਰਬਸੰਮਤੀ ਨਾਲ ਪੰਚ ਚੁਣ ਲਿਆ ਗਿਆ।ਨਵੀਂ ਚੁਣੀ ਗਈ ਸਰਪੰਚ ਸਿਮਰਜੀਤ ਕੌਰ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਸ ਨੂੰ ਸਰਬਸੰਮਤੀ ਨਾਲ ਪਿੰਡ ਦਾ ਸਰਪੰਚ ਬਣਾਏ ਜਾਣ ਲਈ ਉਨ੍ਹਾ ਸਾਰੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।ਜ਼ਿਕਰਯੋਗ ਹੈ ਕਿ ਭਾਰਤ ਦੀ ਆਜ਼ਾਦੀ ਤੋਂ ਬਾਅਦ ਇਸ ਪਿੰਡ ਖੇੜੀ ਫੱਤਣ ਵਿੱਚ ਪਹਿਲੀ ਵਾਰ ਪੰਚਾਇਤ ਦੀ ਚੋਣ ਸਰਬ ਸੰਮਤੀ ਨਾਲ ਹੋਈ ਹੈ।

## ...ਸਫ਼ਾ 1 ਦੇ ਬਾਕੀ

### ਮਾਨ ਨੇ ਅਧਿਆਪਕਾਂ ਦਾ ...

ਫਿਨਲੈਂਡ ਨੂੰ ਇਸ ਲਈ ਚੁਣਿਆ ਗਿਆ ਹੈ, ਕਿਉਂਕਿ ਆਪਣੇ ਸਭ ਤੋਂ ਪ੍ਰਭਾਵਸ਼ਾਲੀ ਸਿੱਖਿਆ ਢਾਂਚੇ ਲਈ ਇਹ ਮੁਲਕ ਦੁਨੀਆ ਭਰ ਵਿੱਚ ਮਕਬੂਲ ਹੈ। ਮਾਨ ਨੇ ਕਿਹਾ ਕਿ ਇਹ ਦੌਰਾ ਸਿਰਫ਼ ਪਾਠਕ੍ਰਮ ਤੱਕ ਸੀਮਤ ਨਹੀਂ, ਸਗੋਂ ਇਹ ਪੜ੍ਹਾਈ ਦੀ ਵਿਧੀ, ਫ਼ਲਸਫ਼ੇ ਅਤੇ ਸਿਰਜਣਾ ਤੇ ਨਵੀਨਤਾਕਾਰੀ ਨੂੰ ਉਤਸ਼ਾਹਤ ਕਰਨ ਦਾ ਸੱਭਿਆਚਾਰ ਪੈਦਾ ਕਰਨ ਲਈ ਹੈ।ਮੁੱਖ ਮੰਤਰੀ ਨੇ ਅਧਿਆਪਕਾਂ ਨੂੰ ਗਿਆਨ, ਸੂਝ-ਬੂਝ ਤੇ ਅਧਿਆਪਨ ਦੇ ਨਵੇਂ ਜਜ਼ਬੇ ਨਾਲ ਪਰਤਣ ਦੀ ਅਪੀਲ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਆਪਣੇ ਅਧਿਆਪਕਾਂ, ਆਪਣੇ ਵਿਦਿਆਰਥੀਆਂ ਤੇ ਆਪਣੇ ਸਕੂਲਾਂ ਵਿੱਚ ਨਿਵੇਸ਼ ਜਾਰੀ ਰੱਖੇਗੀ। ਸੂਬੇ ਤੇ ਦੇਸ਼ ਦੀ ਤਰੱਕੀ ਲਈ ਸਿੱਖਿਆ ਸਭ ਤੋਂ ਸ਼ਕਤੀਸ਼ਾਲੀ ਹਥਿਆਰ ਹੈ। ਸਾਰੇ ਅਧਿਆਪਕਾਂ ਨੂੰ ਸ਼ੁੱਭ ਕਾਮਨਾਵਾਂ ਦਿੰਦਿਆਂ ਉਹਨਾ ਉਮੀਦ ਜਤਾਈ ਕਿ ਫਿਨਲੈਂਡ ਵਿੱਚ ਹਾਸਲ ਇਹ ਤਜਰਬਾ ਅਧਿਆਪਕਾਂ ਦੀ ਸੋਚ ਨੂੰ ਨਵੀਂ ਉਡਾਰੀ ਦੇਵੇਗਾ ਅਤੇ ਇਸ ਨਾਲ ਪੰਜਾਬ ਦੀ ਸਿੱਖਿਆ ਕਹਾਣੀ ਵਿੱਚ ਨਵੇਂ ਅਧਿਆਏ ਦੀ ਸ਼ੁਰੂਆਤ ਹੋਵੇਗੀ।ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁੱਖ ਮੰਤਰੀ ਤੇ ਹੋਰ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ।

### ਡੇਰਾ ਮੁਖੀ ਖਿਲਾਫ...

ਦਾਖਲ ਕਰੇ। ਅਦਾਲਤ ਨੇ ਇਹ ਹੁਕਮ ਪੰਜਾਬ ਸਰਕਾਰ ਵੱਲੋਂ ਦਾਇਰ ਅਪੀਲ ਦੀ ਸੁਣਵਾਈ ਕਰਦਿਆਂ ਜਾਰੀ ਕੀਤੇ ਹਨ। ਮਾਮਲੇ ਦੀ ਅਗਲੀ ਸੁਣਵਾਈ ਚਾਰ ਹਫਤਿਆਂ ਬਾਅਦ ਹੋਵੇਗੀ। ਪੰਜਾਬ ਦੇ ਐਡਵੋਕੇਟ ਜਨਰਲ ਗੁਰਮਿੰਦਰ ਸਿੰਘ ਨੇ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਸੀ ਕਿ ਡੇਰਾ ਮੁਖੀ ਖਿਲਾਫ ਫਰੀਦਕੋਟ ਜ਼ਿਲ੍ਹੇ ਦੇ ਬਾਜਾਖਾਨਾ ਥਾਣੇ ਵਿਚ ਦਰਜ ਕੀਤੇ ਗਏ ਤਿੰਨ ਕੇਸਾਂ ਦੀ ਕਾਰਵਾਈ ਉਤੇ ਹਾਈ ਕੋਰਟ ਵੱਲੋਂ ਜਾਰੀ ਸਟੇਅ ਆਰਡਰ ਉਤੇ ਰੋਕ ਲਾਈ ਜਾਵੇ। ਸੁਪਰੀਮ ਕੋਰਟ ਨੇ ਇਸ ਗੱਲ ਉਤੇ ਗੌਰ ਕਰਦਿਆਂ ਕਿ ਮਾਮਲਾ ਅਦਾਲਤੀ ਨਿਰਖ-ਪਰਖ ਦੀ ਮੰਗ ਕਰਦਾ ਹੈ, ਇਸ ਸੰਬੰਧੀ ਰਾਮ ਰਹੀਮ ਨੂੰ ਨੋਟਿਸ ਜਾਰੀ ਕਰ ਦਿੱਤਾ। ਸੁਪਰੀਮ ਕੋਰਟ ਨੇ ਫਰਵਰੀ 2023 ਵਿਚ ਰਾਮ ਰਹੀਮ ਅਤੇ ਉਸ ਦੇ ਪੈਰੋਕਾਰਾਂ ਖਿਲਾਫ ਇਨ੍ਹਾਂ ਮਾਮਲਿਆਂ ਦੀ ਸੁਣਵਾਈ ਫਰੀਦਕੋਟ ਤੋਂ ਬਦਲ ਕੇ ਚੰਡੀਗੜ੍ਹ ਦੀ ਅਦਾਲਤ ਵਿਚ ਕੀਤੇ ਜਾਣ ਦੇ ਹੁਕਮ ਦਿੱਤੇ ਸਨ।

### ਖੇਡ ਬਿੱਲ ਦੇ ਖਰੜੇ...

ਰਾਹੀਂ ਖੇਡ ਸੰਸਥਾਵਾਂ ਦੀ ਖ਼ੁਦਮੁਖ਼ਤਾਰੀ ਨੂੰ ਖੋਹਣ ਦੀ ਇੱਕ ਕਾਰਵਾਈ ਵਜੋਂ ਦੇਖਿਆ ਜਾ ਸਕਦਾ ਹੈ।

ਬਿੱਲ ਦੇ ਮੌਜੂਦਾ ਖਰੜੇ ਵਿਚ ਪ੍ਰਸਤਾਵਤ ਸਪੋਰਟਸ ਰੈਗੂਲੇਟਰੀ ਅਥਾਰਟੀ ਨੂੰ ਇਨ੍ਹਾਂ ਸੰਸਥਾਵਾਂ ਦੇ ਕੰਮਕਾਜ ਨੂੰ ਨਿਯੰਤ੍ਰਤ ਕਰਨ ਲਈ ਵਿਆਪਕ ਸ਼ਕਤੀਆਂ ਦਿੱਤੀਆਂ ਗਈਆਂ ਹਨ। ਇਸ ਨੂੰ ਆਈ ਓ ਏ ਅਤੇ ਐੱਨ ਐੱਸ ਐੱਫਜ਼ ਦੀ ਖ਼ੁਦਮੁਖ਼ਤਾਰੀ ਨੂੰ ਖਤਮ ਕਰਨ ਵਜੋਂ ਸਮਝਿਆ ਜਾਵੇਗਾ। ਇਸ ਨਾਲ ਸਰਕਾਰ ਅਤੇ ਕੌਮਾਂਤਰੀ ਖੇਡ ਸੰਚਾਲਨ ਸੰਸਥਾਵਾਂ ਖਾਸ ਤੌਰ 'ਤੇ ਆਈ ਓ ਸੀ ਵਿਚਕਾਰ ਟਕਰਾਅ ਪੈਦਾ ਹੋ ਸਕਦਾ ਹੈ। ਪ੍ਰਸਤਾਵਤ ਸਪੋਰਟਸ ਰੈਗੂਲੇਟਰੀ ਅਥਾਰਟੀ ਨੂੰ ਜੇ ਆਈ ਓ ਏ ਦੀ ਖ਼ੁਦਮੁਖ਼ਤਾਰੀ ਨੂੰ ਕਮਜ਼ੋਰ ਕਰਨ ਦੇ ਰੂਪ 'ਚ ਦੇਖਿਆ ਜਾਂਦਾ ਹੈ, ਤਾਂ ਇਸ ਦਾ ਸਿੱਟਾ ਆਈ ਓ ਸੀ ਵੱਲੋਂ ਉਲੰਪਿਕ ਚਾਰਟਰ ਦੇ ਨਾਲ ਭਾਰਤ ਦੇ ਖੇਡ ਸ਼ਾਸਨ ਦੀ ਅਨੁਕੂਲਤਾ 'ਤੇ ਸਵਾਲ ਚੁੱਕੇ ਜਾਣ ਵਜੋਂ ਨਿਕਲੇਗਾ। ਇਸ ਨਾਲ ਭਾਰਤੀ ਖੇਡ ਸੰਸਥਾਵਾਂ ਦੀ ਮੁਅੱਤਲੀ ਵਰਗੇ ਗੰਭੀਰ ਪ੍ਰਭਾਵ ਹੋਣਗੇ। ਇਹ ਨਾ ਸਿਰਫ ਉਲੰਪਿਕ ਖੇਡਾਂ 'ਚ ਭਾਰਤ ਦੀ ਭਾਗੀਦਾਰੀ ਨੂੰ ਸੀਮਤ ਕਰੇਗਾ, ਬਲਕਿ ਇੱਕ ਖੇਡ ਰਾਸ਼ਟਰ ਵਜੋਂ ਭਾਰਤ ਦੀ ਕੌਮਾਂਤਰੀ ਸਾਖ ਨੂੰ ਵੀ ਸੱਟ ਵੱਜੇਗੀ। ਇਸ ਤੋਂ ਇਲਾਵਾ ਊਸ਼ਾ ਨੇ ਰਾਜ ਉਲੰਪਿਕ ਐਸੋਸੀਏਸ਼ਨਾਂ ਦੀ ਭੂਮਿਕਾ 'ਤੇ ਵੀ ਸਪੱਸ਼ਟਤਾ ਦੀ ਲੋੜ 'ਤੇ ਜ਼ੋਰ ਦਿੱਤਾ ਹੈ। ਜੋ ਉਨ੍ਹਾ ਮੁਤਾਬਕ ਖੇਡਾਂ ਦੇ ਜ਼ਮੀਨੀ ਪੱਧਰ ਤੋਂ ਵਿਕਾਸ ਲਈ ਇੱਕ ਪ੍ਰਮੁੱਖ ਕੜੀ ਹੈ। ਊਸ਼ਾ ਨੇ ਕਿਹਾ ਕਿ ਉਨ੍ਹਾਂ ਦੀ ਭੂਮਿਕਾ ਬਾਰੇ ਬਿੱਲ ਦੀ ਖਾਮੋਸ਼ੀ ਖੇਡ ਪ੍ਰਸ਼ਾਸਨ ਦੇ ਵਿਕੇਂਦਰੀਕਰਨ ਨੂੰ ਕਮਜ਼ੋਰ ਕਰ ਸਕਦੀ ਹੈ ਅਤੇ ਖੇਤਰੀ ਪ੍ਰਤਿਭਾ ਨੂੰ ਪਾਲਣ 'ਚ ਸਥਾਨਕ ਸੰਸਥਾਵਾਂ ਨੂੰ ਸ਼ਾਮਲ ਕਰਨ ਦਾ ਮੌਕਾ ਗੁਆ ਸਕਦੀ ਹੈ।

### ਓ ਟੀ ਟੀ ਦੀ ਨਿਗਰਾਨੀ...

ਵਾਲੇ ਵਕੀਲ ਸ਼ਸ਼ਾਂਕ ਸ਼ੇਖਰ ਝਾਅ ਨੇ ਕਿਹਾ ਕਿ ਉਸ ਨੂੰ ਪਟੀਸ਼ਨ ਵਾਪਸ ਲੈਣ ਅਤੇ ਸ਼ਿਕਾਇਤਾਂ ਨਾਲ ਸੰਬੰਧਤ ਕੇਂਦਰੀ ਮੰਤਰਾਲੇ ਕੋਲ ਜਾਣ ਦੀ ਇਜਾਜ਼ਤ ਦਿੱਤੀ ਜਾਵੇ, ਹਾਲਾਂਕਿ ਚੀਫ ਜਸਟਿਸ ਨੇ ਇਸ ਨੂੰ ਖਾਰਜ ਕਰ ਦਿੱਤਾ। ਪਟੀਸ਼ਨ ਵਿਚ ਕਿਹਾ ਗਿਆ ਸੀ ਕਿ ਓ ਟੀ ਟੀ ਸਮਗਰੀ ਦੀ ਨਿਗਰਾਨੀ/ਨਿਯੰਤ੍ਰਤ ਕਰਨ ਲਈ ਕੋਈ ਅਜਿਹੀ ਸੰਸਥਾ ਉਪਲੱਬਧ ਨਹੀਂ ਹੈ ਅਤੇ ਉਹ ਸਿਰਫ ਸਵੈ-ਨਿਯਮਾਂ ਦੁਆਰਾ ਬੰਨ੍ਹੇ ਹੋਏ ਹਨ, ਜੋ ਸਹੀ ਢੰਗ ਨਾਲ ਦਰਜ ਨਹੀਂ ਕੀਤੇ ਗਏ ਅਤੇ ਵਿਵਾਦਪੂਰਨ ਸਮਗਰੀ ਨੂੰ ਬਿਨਾਂ ਕਿਸੇ ਚੈੱਕ ਅਤੇ ਬੈਲੇਂਸ ਦੇ ਵੱਡੇ ਪੱਧਰ 'ਤੇ ਜਨਤਾ ਨੂੰ ਦਿਖਾਇਆ ਗਿਆ ਹੈ। 40 ਤੋਂ ਵੱਧ ਓ ਟੀ ਟੀ ਅਤੇ ਵੀਡੀਓ ਸਟ੍ਰੀਮਿੰਗ ਪਲੇਟਫਾਰਮ ਨਾਗਰਿਕਾਂ ਨੂੰ ਭੁਗਤਾਨ, ਵਿਗਿਆਪਨ ਸਮੇਤ ਅਤੇ ਮੁਫਤ ਸਮਗਰੀ ਪ੍ਰਦਾਨ ਕਰ ਰਹੇ ਹਨ ਅਤੇ ਧਾਰਾ 19 'ਚ ਦਿੱਤੇ ਗਏ ਪ੍ਰਗਟਾਵੇ ਦੇ ਅਧਿਕਾਰ ਦੀ ਦੁਰਵਰਤੋਂ ਕਰਦੇ ਹਨ।

### ਨਿੱਜੀ ਕਾਨੂੰਨ ਬਾਲ ਵਿਆਹ...

ਵਾਸਤੇ ਕਈ ਸੇਧਾਂ ਜਾਰੀ ਕੀਤੀਆਂ ਹਨ।

ਬੈਂਚ ਵੱਲੋਂ ਫੈਸਲਾ ਪੜ੍ਹਦਿਆਂ ਚੀਫ ਜਸਟਿਸ ਨੇ ਕਿਹਾ ਕਿ ਬਾਲ ਵਿਆਹ ਰੋਕੂ ਐਕਟ ਨੂੰ ਲਾਗੂ ਕਰਨ ਦੇ ਮਾਮਲੇ ਵਿਚ ਜਾਤੀ ਕਾਨੂੰਨਾਂ ਨੂੰ ਅੜਿੱਕਾ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਬੈਂਚ ਨੇ ਕਿਹਾ ਕਿ ਅਧਿਕਾਰੀਆਂ ਨੂੰ ਲਾਜ਼ਮੀ ਤੌਰ 'ਤੇ ਬਾਲ ਵਿਆਹਾਂ ਨੂੰ ਰੋਕਣ ਅਤੇ ਨਾਬਾਲਗਾਂ ਦੀ ਸੁਰੱਖਿਆ ਨੂੰ ਖਾਸ ਤਵੱਜੋ ਦੇਣੀ ਚਾਹੀਦੀ ਹੈ ਅਤੇ ਨਾਲ ਹੀ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਬੈਂਚ ਨੇ ਇਹ ਵੀ ਕਿਹਾ ਕਿ ਬਾਲ ਵਿਆਹ ਰੋਕੂ ਕਾਨੂੰਨ ਵਿਚ ਕਈ ਖੱਪੇ ਹਨ, ਜਿਨ੍ਹਾਂ ਨੂੰ ਪੂਰਿਆ ਜਾਣਾ ਚਾਹੀਦਾ ਹੈ। ਦੇਸ਼ ਦੇ ਬਾਲ ਵਿਆਹ ਰੋਕੂ ਐਕਟ ਨੂੰ 2006 ਵਿਚ ਲਾਗੂ ਕੀਤਾ ਗਿਆ ਸੀ, ਜਿਸ ਨੇ ਬਾਲ ਵਿਆਹ ਰੋਕਥਾਮ ਐਕਟ 1929 ਦੀ ਥਾਂ ਲਈ ਹੈ।

# ਸ਼ਿਵਾਲਿਕ ਕਿਡਜ਼ ਸਕੂਲ 'ਚ ਦੰਦਾਂ ਦਾ ਕੈਂਪ ਲਗਾਇਆ



ਜੈਤੋ (ਸਤੀਸ਼ ਕੁਮਾਰ ਭੀਰੀ)-ਸ਼ਹਿਰ ਦੀ ਮੋਹਰੀ ਵਿੱਦਿਅਕ ਸੰਸਥਾ ਸ਼ਿਵਾਲਿਕ ਕਿਡਜ਼ ਸਕੂਲ ਜੈਤੋ ਵਿਖੇ ਬੱਚਿਆਂ ਲਈ ਦੰਦਾਂ ਦਾ ਕੈਂਪ ਲਗਾਇਆ ਗਿਆ।ਇਸ ਮੌਕੇ ਦੰਦਾਂ ਦੀ ਡਾਕਟਰ ਮਿਸ਼ਿਕਾ ਗੋਇਲ ਨੇ ਸਕੂਲੀ ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਦੰਦਾਂ ਦੀ ਦੇਖਭਾਲ ਆਦਿ ਬਾਰੇ ਵਿਸਥਾਰ ਨਾਲ ਦੱਸਿਆ। ਨਰਸਰੀ ਤੋਂ ਤੀਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਦੰਦਾਂ ਦਾ ਮੁਕੰਮਲ ਇਲਾਜ ਮੁਹੱਈਆ ਕਰਵਾਇਆ ਗਿਆ।ਡਾ: ਮਿਸ਼ਿਕਾ ਗੋਇਲ ਨੇ ਦੰਦਾਂ ਦੀ ਸਹੀ ਜਾਂਚ ਤੇ ਬੱਚਿਆਂ ਨੂੰ ਬੁਰਸ਼ ਕਰਨ ਦੇ ਸਹੀ ਤਰੀਕੇ ਸਮੇਤ ਦੰਦਾਂ ਨਾਲ ਸਬੰਧਤ ਹੋਰ ਪ੍ਰਕਾਰ ਦੀ ਜਾਣਕਾਰੀ ਵੀ ਪ੍ਰਦਾਨ ਕੀਤੀ। ਉਨ੍ਹਾਂ ਬੱਚਿਆਂ ਨੂੰ ਦੱਸਿਆ ਕਿ ਦੰਦਾਂ ਦੀ ਸੰਭਾਲ ਕਿਵੇਂ ਕਰਨੀ ਚਾਹੀਦੀ ਹੈ ਤੇ ਖਰਾਬ ਦੰਦ ਕਿਸ ਤਰ੍ਹਾਂ ਕਈ ਬਿਮਾਰੀਆਂ ਦਾ ਕਾਰਨ ਬਣਦੇ ਹਨ।ਸਕੂਲ ਦੀ ਮੁੱਖ ਅਧਿਆਪਕਾ ਮੈਡਮ ਸੁਖਵਿੰਦਰ ਕੌਰ ਨੇ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਸਰੀਰਕ ਵਿਕਾਸ ਬਹੁਤ ਜ਼ਰੂਰੀ ਹੈ।ਅੱਜਕੱਲ੍ਹ ਜੰਕ ਫੂਡ ਦਾ ਜ਼ਿਆਦਾ ਸੇਵਨ ਕਰਨ ਨਾਲ ਬੱਚਿਆਂ ਵਿੱਚ ਕੈਵਿਟੀ ਦਾ ਖਤਰਾ ਬਣਿਆ ਰਹਿੰਦਾ ਹੈ।ਇਸ ਦੇ ਮੱਦੇਨਜ਼ਰ ਅੱਜ ਦੇ ਯੁੱਗ ਵਿੱਚ ਇਸ ਤਰ੍ਹਾਂ ਦੇ ਕੈਂਪ ਦਾ ਆਯੋਜਨ ਬਹੁਤ ਹੀ ਜ਼ਰੂਰੀ ਹੋ ਗਿਆ ਹੈ।ਸਕੂਲ ਦੀ ਪ੍ਰਿੰਸੀਪਲ ਮੈਡਮ ਸੁਖਵਿੰਦਰ ਕੌਰ ਨੇ ਦੰਦਾਂ ਦੇ ਇਲਾਜ ਦੌਰਾਨ ਬੱਚਿਆਂ ਨੂੰ ਦੰਦਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜਿਸ ਤਰ੍ਹਾਂ ਅਸੀਂ ਆਪਣੇ ਸਰੀਰ ਦੇ ਹੋਰ ਅੰਗਾਂ ਦੀ ਜਾਂਚ ਕਰਵਾਉਂਦੇ ਹਾਂ ਉਸ ਤਰ੍ਹਾਂ ਹੀ ਸਾਡੇ ਦੰਦਾਂ ਨੂੰ ਵੀ ਦੰਦਾਂ ਦੇ ਮਾਹਰ ਡਾਕਟਰ ਕੋਲ ਸਮੇਂ-ਸਮੇਂ 'ਤੇ ਦਿਖਾਉਣਾ ਚਾਹੀਦਾ ਹੈ।

# ਜਸਵਿੰਦਰ ਕੌਰ ਮਹਿਲਾ ਥਾਣੇ ਦੇ ਮੁਖੀ ਨਿਯੁਕਤ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਥਾਣੇਦਾਰ ਜਸਵਿੰਦਰ ਕੌਰ ਨੇ ਮਹਿਲਾ ਥਾਣਾ ਸੰਗਰੂਰ ਦੇ ਐੱਸ.ਐੱਚ.ਓ. ਦਾ ਚਾਰਜ ਸੰਭਾਲ ਲਿਆ ਹੈ।ਉਨ੍ਹਾਂ ਆਪਣਾ ਚਾਰਜ ਸੰਭਾਲਣ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਮਹਿਕਮੇ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਮਿਹਨਤ ਤੇ ਈਮਾਨਦਾਰੀ ਨਾਲ ਨਿਭਾਉਣਗੇ ਅਤੇ ਹਰ ਇੱਕ ਨੂੰ ਇਨਸਾਫ਼ ਦੇਣ ਦੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਉਹ ਮਾਣਯੋਗ ਡੀਜੀਪੀ ਪੰਜਾਬ ਸ੍ਰੀ ਗੌਰਵ ਯਾਦ ਤੇ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸ੍ਰੀ ਸਰਤਾਜ ਸਿੰਘ ਚਹਿਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੰਮ ਕਰਨਗੇ।

# ਗਿਆਨੀ ਹਰਪ੍ਰੀਤ ਸਿੰਘ ਸਿੱਖ ਪੰਥ ਦਾ ਅਨਮੋਲ ਹੀਰਾ : ਸਿੱਖ ਜਥੇਬੰਦੀਆਂ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਆਣਾ)-ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਗਿੱਦੜਬਾਹਾ ਵਿਖੇ ਸ਼ਹਿਰ ਦੀਆਂ ਸਮੂਹ ਸਿੱਖ ਜਥੇਬੰਦੀਆਂ ਵੱਲੋਂ ਇੱਕ ਅਹਿਮ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਵਿੱਚ ਤਖਤ ਸਾਹਿਬਾਨ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਦੀ ਸ਼ਾਨ ਖਿਲਾਫ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਵਿਰਸਾ ਸਿੰਘ ਵਲਟੋਹਾ ਵੱਲੋਂ ਜਥੇਦਾਰ ਸਾਹਿਬ ਦੀ ਕਿਰਦਾਰਕੁਸ਼ੀ ਕਰਦੇ ਹੋਏ ਸੋਸ਼ਲ ਮੀਡੀਆ 'ਤੇ ਵਰਤੀ ਗਈ ਸ਼ਬਦਾਵਲੀ ਦੀ ਪੁਰਜ਼ੋਰ ਨਿੰਦਿਆ ਕੀਤੀ ਅਤੇ ਕਿਹਾ ਕਿ ਸਿੱਖ ਸੰਗਤ ਨੂੰ ਅਜਿਹੇ ਸ਼ਖ਼ਸ ਦਾ ਵਿਰੋਧ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਵਿਰਸਾ ਸਿੰਘ ਵਲਟੋਹਾ ਨੇ ਜਥੇਦਾਰ ਸਾਹਿਬ ਤੇ ਬੀਜੇਪੀ ਅਤੇ ਆਰਐਸਐਸ ਨਾਲ ਸਬੰਧ ਹੋਣ ਦੇ ਗਲਤ ਇਲਜ਼ਾਮ ਲਾਉਣ ਨਾਲ ਸਿੱਖ ਸੰਗਤ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ, ਨਾਲ ਹੀ ਉਨ੍ਹਾਂ ਕਿਹਾ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਿੱਖ ਪੰਥ ਲਈ ਅਨਮੋਲ ਹੀਰਾ ਹੈ, ਜਿਸ ਨੂੰ ਸਿੱਖ ਸੰਗਤ ਗਵਾਉਣਾ ਨਹੀਂ ਚਾਹੁੰਦੀ। ਇਸ ਮੌਕੇ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਫੈਸਲਾ ਕੀਤਾ ਗਿਆ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਮਨਜ਼ੂਰ ਨਾ ਕੀਤਾ ਜਾਵੇ ਅਤੇ ਵਿਰਸਾ ਸਿੰਘ ਵਲਟੋਹਾ ਖਿਲਾਫ ਬਣਦੀ ਸਖਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਦੋਂ ਤੱਕ ਇਸ ਘਟਨਾਕ੍ਰਮ ਦਾ ਪੂਰੀ ਤਰ੍ਹਾਂ ਨਿਪਟਾਰਾ ਨਹੀਂ ਹੁੰਦਾ, ਉਦੋਂ ਤੱਕ ਗਿੱਦੜਬਾਹਾ ਦੀ ਸਿੱਖ ਸੰਗਤ ਵੱਲੋਂ ਸ਼੍ਰੋਮਣੀ ਅਕਾਲੀ ਦਲ ਦਾ ਪੂਰਨ ਤੌਰ 'ਤੇ ਬਾਈਕਾਟ ਕੀਤਾ ਜਾਵੇਗਾ।

ਇਸ ਮੌਕੇ ਬਲਵੀਰ ਸਿੰਘ ਪ੍ਰਧਾਨ ਜੋਗਿੰਦਰ ਸਿੰਘ, ਸੈਕਟਰੀ ਡਾਕਟਰ ਭੁਪਿੰਦਰ ਸਿੰਘ, ਰਜਿੰਦਰ ਸਿੰਘ ਪੁਰਬਾ, ਪਿੰਦਰਪਾਲ ਸਿੰਘ ਬੇਦੀ, ਲਖਬੀਰ ਸਿੰਘ ਬਰਾੜ, ਮਾਸਟਰ ਅਵਤਾਰ ਸਿੰਘ, ਗੁਰਜੀਤ ਸਿੰਘ, ਗੁਰਪ੍ਰੀਤ ਸਿੰਘ, ਵਰਿੰਦਰ ਸਿੰਘ ਗੋਗੀ, ਥਾਣਾ ਸਿੰਘ, ਗਗਨ ਮੱਕੜ, ਸਤਿੰਦਰ ਸਿੰਘ ਸੁਖਮਨੀ ਸੇਵਾ ਸੁਸਾਇਟੀ, ਹਰਿਮੰਦਰ ਸਿੰਘ, ਸੁਖਪ੍ਰੀਤ ਸਿੰਘ ਗੁੰਬੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਹਾਜ਼ਰ ਸੀ।

# ਯੂਨੀਵਰਸਿਟੀ ਯੁਵਕ ਤੇ ਵਿਰਾਸਤੀ ਮੇਲੇ 'ਚ ਦੇਵ ਸਮਾਜ ਕਾਲਜ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ




ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਅਕਾਦਮਿਕ, ਸਮਾਜਿਕ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ ਏ ਪਲੱਸ ਗ੍ਰੇਡ ਪ੍ਰਾਪਤ ਕਾਲਜ ਹੈ।ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਛਤਰ-ਛਾਇਆ ਅਤੇ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਪ੍ਰਿੰਸੀਪਲ ਦੀ ਅਗਵਾਈ ਵਿੱਚ ਨਿਰੰਤਰ ਤਰੱਕੀ ਦੀ ਰਾਹ 'ਤੇ ਅਗਰਸਰ ਹੈ।ਇਸੇ ਲੜੀ ਤਹਿਤ 65ਵੇਂ ਪੰਜਾਬ ਯੂਨੀਵਰਸਿਟੀ ਯੁਵਕ ਤੇ ਵਿਰਾਸਤੀ ਮੇਲੇ ਵਿੱਚ ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਦੀਆਂ ਵਿਦਿਆਰਥਣਾਂ ਨੇ ਇੱਕ ਵਾਰ ਫਿਰ ਆਪਣੀ ਕਲਾ ਦਾ ਲੋਹਾ ਮਨਵਾਇਆ।ਬਾਬਾ ਕੁੰਦਨ ਸਿੰਘ ਕਾਲਜ, ਮੁਹਾਰ ਵਿਖੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਜ਼ੋਨ-3 ਦਾ ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪੰਜਾਬ ਯੂਨੀਵਰਸਿਟੀ ਦੇ ਵੱਖ-ਵੱਖ 35 ਕਾਲਜਾਂ ਤੋਂ ਪ੍ਰਤਿਭਾਗੀਆਂ ਨੇ ਭਾਗ ਲਿਆ, ਜਿਸ ਵਿੱਚ ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ।ਡਾ. ਸੰਗੀਤਾ ਪ੍ਰਿੰਸੀਪਲ ਨੇ ਯੁਵਕ ਮੇਲੇ ਵਿੱਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਦੇ ਸ਼ਾਨਦਾਰ ਪ੍ਰਦਰਸ਼ਨ ਨੂੰ ਦੇਖਦਿਆਂ ਸਾਰੇ ਇੰਚਾਰਜ ਤੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਦੱਸਿਆ ਕਿ ਪੰਜਾਬੀ ਸੱਭਿਆਚਾਰ ਸਾਡੇ ਵਿਰਸੇ ਦੀ ਸ਼ਾਨ ਹੈ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਕਰਵਾਏ ਜਾਣ ਵਾਲੇ ਯੁਵਕ ਮੇਲੇ ਅਜੋਕੀ ਪੀੜ੍ਹੀ ਦੇ ਨੌਜਵਾਨਾਂ ਨੂੰ ਜਿੱਥੇ ਪੰਜਾਬੀ ਸੱਭਿਆਚਾਰ ਤੋਂ ਜਾਣੂ ਕਰਵਾਉਂਦਾ ਹਨ, ਉੱਥੇ ਪੰਜਾਬ ਵਿੱਚ ਰਹਿ ਕੇ ਪੰਜਾਬੀ ਸੱਭਿਆਚਾਰਕ ਨਾਲ ਸਬੰਧਤ ਵਿਰਸੇ ਨੂੰ ਦਰਸਾਉਣ ਦਾ ਕੰਮ ਕਰਦੇ ਹਨ ਤੇ ਇਨ੍ਹਾਂ ਤੋਂ ਬਿਨਾਂ ਜੀਵਨ ਦਾ ਵਿਕਾਸ ਸੰਭਵ ਨਹੀਂ ਹੈ।ਇਨ੍ਹਾਂ ਯੁਵਕ ਤੇ ਵਿਰਾਸਤੀ ਮੇਲੇ ਮੁਕਾਬਲਿਆਂ ਵਿੱਚ ਚੁਣੌਤੀਆਂ ਦਾ ਸਾਹਮਣਾ ਕਰਨਾ ਸਾਨੂੰ ਜ਼ਿੰਦਗੀ ਜਿਉਣਾ ਸਿਖਾਉਂਦਾ ਹੈ।ਪਲਵਿੰਦਰ ਕੌਰ, ਕੌਂਟੀਨੈਂਟਲ ਇੰਚਾਰਜ ਕਮ ਡੀਨ, ਕਲਚਰਲ ਅਫੇਅਰਜ਼ ਨੇ ਇਸ ਮੌਕੇ ਖ਼ੁਸ਼ੀ ਜ਼ਾਹਰ ਕਰਦਿਆ ਯੁਵਕ ਮੇਲੇ ਦੇ ਪਹਿਲੇ ਦਿਨ ਮੋਗਾ ਫਿਰੋਜ਼ਪੁਰ ਜ਼ੋਨ 3 ਦੇ ਪਹਿਲੇ ਦਿਨ ਦੇ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਦੱਸਦਿਆਂ ਕਿਹਾ ਕਿ ਗਜ਼ਲ, ਗਰੁੱਪ ਸਿੰਗਿੰਗ, ਟੋਕਰਾ ਮੇਕਿੰਗ ਵਿੱਚ ਪਹਿਲਾ ਸਥਾਨ, ਸ਼ਬਦ, ਕਲਾਸੀਕਲ ਵੋਕਲ, ਗੁੱਡੀਆਂ-ਪਟੋਲੇ ਮੇਕਿੰਗ, ਛਿੱਕੂ ਮੇਕਿੰਗ, ਮਿੱਟੀ ਦੇ ਖਿਡੌਣੇ ਵਿੱਚ ਦੂਸਰਾ ਸਥਾਨ ਤੇ ਫੋਕ ਸੌਂਗ ਤੇ ਇਨੂੰ ਮੇਕਿੰਗ ਵਿੱਚ ਤੀਸਰਾ ਸਥਾਨ ਹਾਸਲ ਕਰਕੇ ਜਿੱਤ ਦੇ ਝੰਡੇ ਗੱਡੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਸੀ ਪੀ ਆਈ ਦੀ ਹਮਾਇਤ ਨਾਲ ਚੁਣੇ ਪੰਚ-ਸਰਪੰਚ ਬਿਨਾਂ ਪੱਖਪਾਤ ਤੋਂ ਕੰਮ ਕਰਨਗੇ : ਮਾੜੀਮੇਘਾ, ਰੁਪਿੰਦਰ



**ਭਿੱਖੀਵਿੰਡ**-ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ, ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਅਤੇ ਸੀ ਪੀ ਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ ਨੇ ਪੰਚਾਇਤ ਚੋਣਾਂ ਵਿੱਚ ਆਪਣੀ ਪਾਰਟੀ ਵੱਲੋਂ ਚੁਣੇ ਗਏ ਪੰਚ ਤੇ ਹਮਦਰਦ ਪੰਚਾਂ ਸਰਪੰਚਾਂ ਨੂੰ ਵਧਾਈ ਦਿੱਤੀ ਹੈ। ਆਗੂਆਂ ਨੇ ਕਿਹਾ ਕਿ ਸਾਨੂੰ ਪੂਰਨ ਆਸ ਹੈ ਕਿ ਇਹ ਪੰਚ ਸਰਪੰਚ ਇਮਾਨਦਾਰੀ ਤੇ ਬਿਨਾਂ ਪੱਖਪਾਤ ਤੋਂ ਪਿੰਡਾਂ ਦਾ ਵਿਕਾਸ ਕਰਨਗੇ। ਜਿਨ੍ਹਾਂ ਨੂੰ ਇਨ੍ਹਾਂ ਹਰਾਇਆ ਹੈ ਉਨ੍ਹਾਂ ਤੇ ਉਨ੍ਹਾਂ ਦੇ ਹਮਦਰਦਾਂ ਦੇ ਥਾਣਿਆਂ, ਦਫ਼ਤਰਾਂ ਵਿੱਚ ਵੀ ਕੰਮ ਕਰਨਗੇ। ਪੰਚਾਇਤ ਚੋਣਾਂ ਸਿਆਸਤ ਦੀ ਪਹਿਲੀ ਪੌੜੀ ਹੁੰਦੀਆਂ ਹਨ। ਅਜੋਕੇ ਦੌਰ ਵਿੱਚ ਰਾਜ ਕਰਦੀਆਂ ਧਿਰਾਂ ਆਮ ਲੋਕਾਂ ਦੀ ਜਮਹੂਰੀਅਤ ਦਾ ਘਾਣ ਕਰ ਰਹੀਆਂ ਹਨ। ਸਰਕਾਰਾਂ ਪ੍ਰਸ਼ਾਸਨ ਰਾਹੀਂ ਜਮਹੂਰੀਅਤ ਦਾ ਦਫ਼ਨ ਕਰਕੇ ਆਪਣੀ ਮਰਜ਼ੀ ਨਾਲ ਸਰਪੰਚ ਤੇ ਪੰਚ ਚੁਣ ਲੈਂਦੀਆਂ ਹਨ। ਇਤਿਹਾਸਕ ਪਿੰਡ ਮਾੜੀਮੇਘਾ ਵਿਖੇ ਸੀ ਪੀ ਆਈ ਤੇ ਉਸ ਦੇ ਹਮਾਇਤੀਆਂ ਨੇ ਕਾਮਰੇਡ ਪੂਰਨ ਸਿੰਘ ਮਾੜੀਮੇਘਾ ਰਿਟਾਇਰਡ ਐਸ ਡੀ ਬਿਜਲੀ ਬੋਰਡ ਨੂੰ ਸਰਪੰਚ ਖਲ੍ਹਾਰਿਆ ਸੀ ਪਰ ਮੌਜੂਦਾ ਸਰਕਾਰੀ ਧਿਰ ਨੇ ਕਾਗਜ਼ ਹੀ ਦਾਖਲ ਨਹੀਂ ਕਰਾਉਣ ਦਿੱਤੇ।ਇਸ ਤਰ੍ਹਾਂ ਦਾ ਵਰਤਾਰਾ ਇਕੱਲੇ ਮਾੜੀਮੇਘਾ ਵਿੱਚ ਹੀ ਨਹੀਂ ਹੋਇਆ, ਵਿਧਾਨ ਸਭਾ ਹਲਕਾ ਖੇਮਕਰਨ ਦੇ 80 ਫੀਸਦੀ ਤੋਂ ਵਧੇਰੇ ਪਿੰਡਾਂ ਵਿੱਚ ਵਾਪਰਿਆ ਹੈ। ਇਸ ਵਰਤਾਰੇ ਵਿੱਚ ਵੀ ਬਾਰਡਰ 'ਤੇ ਵੱਸੇ ਪਿੰਡ ਵਾਂ ਤਾਰਾ ਸਿੰਘ ਦੇ ਕਮਿਊਨਿਸਟ ਪਰਵਾਰ ਚੋਂ ਪੰਚ ਪ੍ਰਗਟ ਸਿੰਘ ਖੱਬੇ, ਬੰਤਾ ਸਿੰਘ ਤੇ ਗੋਰਾ ਸਿੰਘ ਚੁਣੇ ਗਏ। ਇਨ੍ਹਾਂ ਤੋਂ ਇਲਾਵਾ ਹਮਦਰਦ ਰਣਜੀਤ ਸਿੰਘ ਰਾਣਾ ਸਰਪੰਚ, ਪੰਚ ਸੁਖਵਿੰਦਰ ਸਿੰਘ, ਬਲਦੇਵ ਸਿੰਘ, ਦਰਬਾਰਾ ਸਿੰਘ, ਡਾਕਟਰ ਬਾਜ਼ ਸਿੰਘ ਤੇ ਹਰਪ੍ਰੀਤ ਸਿੰਘ ਚੁਣੇ ਗਏ। ਕਾਮਰੇਡ ਮੰਗਾ ਸਿੰਘ 6 ਵੋਟਾਂ ਨਾਲ ਪੰਚੀ ਹਾਰ ਗਏ। ਪਿੰਡ ਅਲਗੋਂ ਕੋਠੀ ਵਿਖੇ ਕਾਮਰੇਡ ਕਾਬਲ ਸਿੰਘ ਸਰਬਸੰਮਤੀ ਨਾਲ ਤੇ ਕਾਮਰੇਡ ਕੁਲਵਿੰਦਰ ਕੌਰ ਵੋਟਾਂ ਰਾਹੀਂ ਪੰਚ ਚੁਣੇ ਗਏ। ਸਰਪੰਚ ਹਮਦਰਦ ਅੰਗਰੇਜ਼ ਸਿੰਘ, ਪੰਚ ਰਣਜੀਤ ਸਿੰਘ, ਅਮਰਜੀਤ ਸਿੰਘ, ਗੋਪੀ ਤੇ ਹਰਭਾਗ ਸਿੰਘ ਚੁਣੇ ਗਏ। ਪਿੰਡ ਕਲਸੀਆਂ ਕਲਾਂ ਵਿੱਚ ਸੀ ਪੀ ਆਈ ਵੱਲੋਂ ਬਲਵਿੰਦਰ ਕੌਰ ਉਰਫ ਬਿੰਦੋ ਪੰਚ ਚੁਣੀ ਗਈ। ਪਿੰਡ ਸੁਰਵਿੰਡ ਦੀ ਪੰਚਾਇਤ ਜਿਤਾਉਣ ਵਾਲੇ ਮੁੱਖ ਹਨ ਪਿਰਤਪਾਲ ਸਿੰਘ ਤੇ ਕਾਮਰੇਡ ਜਸਵੰਤ ਸਿੰਘ। ਇਸ ਪਿੰਡ ਵਿੱਚ ਸੀ ਪੀ ਆਈ ਵੱਲੋਂ ਪੰਚ ਇੰਦਰਜੀਤ ਸਿੰਘ ਤੇ ਅਮਨਦੀਪ ਕੌਰ ਚੁਣੇ ਗਏ। ਸਰਪੰਚ ਹਮਦਰਦ ਸੁਖਪ੍ਰੀਤ ਕੌਰ, ਪੰਚ, ਕੁਲਵੰਤ ਕੌਰ, ਦਿਲਬਾਗ ਸਿੰਘ, ਅਮਰੀਕ ਸਿੰਘ ਫੌਜੀ, ਸਰਵਣ ਸਿੰਘ ਫੌਜੀ ਤੇ ਸਤਿੰਦਰ ਕੌਰ ਚੁਣੇ ਗਏ।

# 1 ਕਿਲੋ 350 ਗ੍ਰਾਮ ਚਿੱਟੇ ਸਮੇਤ ਨੌਜਵਾਨ ਗ੍ਰਿਫਤਾਰ

**ਦੀਨਾਨਗਰ (ਸੰਜੀਵ)**-ਦੀਨਾਨਗਰ ਪੁਲਸ ਨੂੰ ਉਸ ਵੇਲੇ ਵੱਡੀ ਕਾਮਯਾਬੀ ਮਿਲੀ ਜਦ ਪੁਲਸ ਟੀਮ ਨੇ ਜੰਡੀ ਬਾਈਪਾਸ ਨੇੜੇ ਇੱਕ ਨੌਜਵਾਨ ਨੂੰ 1 ਕਿਲੋ 350 ਗ੍ਰਾਮ ਚਿੱਟੇ ਸਣੇ ਕੀਤਾ ਗ੍ਰਿਫਤਾਰ ਕੀਤਾ। ਪੁਲਸ ਨੇ ਇਤਲਾਹ 'ਤੇ ਜੰਡੀ ਬਾਈਪਾਸ ਨੇੜੇ ਖੜ੍ਹੇ ਨੌਜਵਾਨ ਨੂੰ ਸ਼ੱਕ ਦੀ ਬਿਨਾਹ 'ਤੇ ਮੌਕੇ ਤੋਂ ਦਬੋਚ ਲਿਆ ਅਤੇ ਉਕਤ ਨੌਜਵਾਨ ਦੇ ਹੱਥ ਫੜਿਆ ਲਿਫਾਫਾ ਚੈੱਕ ਕੀਤਾ ਜਿਸ ਵਿੱਚੋਂ 1 ਕਿਲੋ 350 ਗ੍ਰਾਮ ਚਿੱਟਾ ਬਰਾਮਦ ਹੋਇਆ। ਦੀਨਾਨਗਰ ਪੁਲਸ ਨੇ ਨੌਜਵਾਨ ਦੀਪਕ ਕੁਮਾਰ ਵਾਸੀ ਘਰੋਟਾ 'ਤੇ ਮਾਮਲਾ ਦਰਜ ਕਰਕੇ ਹਿਰਾਸਤ ਵਿੱਚ ਲੈ ਕੇ ਕੀਤੀ ਅਗਲੇਰੀ ਕਾਰਵਾਈ ਸ਼ੁਰੂ ਕੀਤੀ।

## ਨਕਲੀ ਮਠਿਆਈਆਂ ਦੀ ਵਿਕਰੀ ਜ਼ੋਰਾਂ 'ਤੇ, ਸਿਹਤ ਵਿਭਾਗ ਖ਼ਾਮੋਸ਼

**ਗੁਰਦਾਸਪੁਰ, (ਜਨਕ ਮਹਾਜਨ)**- ਤਿਉਹਾਰੀ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਸਿਹਤ ਵਿਭਾਗ ਗੁਰਦਾਸਪੁਰ ਨੂੰ ਲੋਕਾਂ ਦੀ ਭਲਾਈ ਨੂੰ ਵੇਖਦੇ ਹੋਏ ਹਲਵਾਈਆਂ ਦੀਆਂ ਦੁਕਾਨਾਂ 'ਤੇ ਸਮੇਂ-ਸਮੇਂ ਸਿਰ ਚੈਕਿੰਗ ਕਰਨੀ ਚਾਹੀਦੀ ਹੈ ਤਾਂ ਜੋ ਲੋਕਾਂ ਨੂੰ ਆਪਣੇ ਖਾਣ-ਪੀਣ ਲਈ ਵਧੀਆ ਮਿਆਰ ਦੇ ਪਦਾਰਥ ਮਿਲ ਸਕਣ। ਵੱਖ-ਵੱਖ ਲੋਕਾਂ ਨਾਲ ਗੱਲਬਾਤ ਕਰਨ 'ਤੇ ਜਾਣਕਾਰੀ ਮਿਲੀ ਕਿ ਜਿੰਨਾ ਦੁੱਧ ਬਾਜ਼ਾਰਾਂ ਵਿੱਚ ਵਿਕਦਾ ਹੈ ਏਨੀ ਮਿਕਦਾਰ ਵਿੱਚ ਦੁੱਧ ਦਾ ਉਤਪਾਦਨ ਨਹੀਂ ਹੋ ਰਿਹਾ ਜਿਸ ਕਰਕੇ ਲੋਕ ਨਕਲੀ ਦੁੱਧ, ਪਨੀਰ ਆਦਿ ਤੋਂ ਬਣੀਆਂ ਮਠਿਆਈਆਂ ਖਰੀਦਣ ਤੇ ਖਾਣ ਲਈ ਮਜਬੂਰ ਹੋ ਰਹੇ ਹਨ। ਸਿਹਤ ਵਿਭਾਗ ਨੂੰ ਚਾਹੀਦਾ ਹੈ ਕਿ ਇਨ੍ਹਾਂ ਦਿਨਾਂ ਵਿੱਚ ਪਨੀਰ ਤੋਂ ਬਣੀਆਂ ਮਠਿਆਈਆਂ ਦੀ ਸੈਂਪਲਿੰਗ ਹੋਣੀ ਚਾਹੀਦੀ ਹੈ ਅਤੇ ਪਨੀਰ ਬਣਾਉਣ ਵਾਲੀ ਛੋਟੀ-ਵੱਡੀ ਡੇਅਰੀ 'ਤੇ ਛਾਪੇਮਾਰੀ ਕਰਕੇ ਪਨੀਰ ਦੇ ਸੈਂਪਲ ਭਰ ਕੇ ਲੈਬਾਟਰੀਆਂ ਵਿੱਚ ਭੇਜਣੇ ਚਾਹੀਦੇ ਹਨ ਤਾਂ ਜੋ ਨਕਲੀ ਪਨੀਰ ਬਣਾਉਣ ਵਾਲੇ ਅਨਸਰਾਂ ਦੀ ਪਹਿਚਾਣ ਹੋ ਸਕੇ ਅਤੇ ਦੋਸ਼ੀ ਪਾਏ ਜਾਣ ਵਾਲੇ ਅਨਸਰਾਂ ਨੂੰ ਕਾਨੂੰਨ ਮੁਤਾਬਕ ਸਜ਼ਾ ਮਿਲ ਸਕੇ। ਲੋਕਾਂ ਦੀ ਸਿਵਲ ਸਰਜਨ ਗੁਰਦਾਸਪੁਰ ਤੋਂ ਮੰਗ ਹੈ ਕਿ ਸ਼ਹਿਰ ਗੁਰਦਾਸਪੁਰ ਅਤੇ ਇਸ ਦੇ ਨੇੜਲੇ ਪਿੰਡਾਂ ਵਿੱਚ ਘਟੀਆ ਤੇ ਨਕਲੀ ਪਨੀਰ ਬਣਾਉਣ ਵਾਲੀਆਂ ਡੇਅਰੀਆਂ ਦੇ ਸੈਂਪਲ ਭਰੇ ਜਾਣ ਤਾਂ ਜੋ ਲੋਕਾਂ ਨੂੰ ਸ਼ੁੱਧ ਪਨੀਰ ਖ਼ਾਣ ਨੂੰ ਮਿਲ ਸਕੇ।

# ਜ਼ਿਮਨੀ ਚੋਣ : ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਬੈਂਕ ਪ੍ਰਬੰਧਕਾਂ ਨੂੰ ਚੋਣਾਂ ਦੌਰਾਨ ਕੈਸ਼ ਦੀ ਜਮ੍ਹਾਂ/ਨਿਕਾਸੀ 'ਤੇ ਨਜ਼ਰ ਰੱਖਣ ਦੀਆਂ ਹਦਾਇਤਾਂ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਵਲੋਂ ਬੈਂਕ ਪ੍ਰਬੰਧਕਾਂ ਨਾਲ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ-2024 ਮੱਦੇਨਜ਼ਰ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਮੀਟਿੰਗ ਕੀਤੀ। ਇਸ ਮੌਕੇ ਮਨਜਿੰਦਰ ਸਿੰਘ, ਚੋਣ ਤਹਿਸੀਲਦਾਰ ਵੀ ਮੌਜੂਦ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਬੈਂਕ ਮੈਨੇਜਰਾਂ ਨੂੰ ਕਿਹਾ ਕਿ ਸਮੂਹ ਬੈਂਕ ਆਪਣੀਆਂ ਬਰਾਂਚਾਂ ਨੂੰ ਪਾਬੰਦ ਕਰਨਗੇ ਕਿ ਉਹ ਉਮੀਦਵਾਰਾਂ ਦੇ ਚੋਣਾਂ ਸਬੰਧੀ ਬੈਂਕ ਖਾਤਿਆਂ ਨੂੰ ਖੋਲ੍ਹਣ ਦੀ ਲੋੜੀਂਦੀ ਸਹੂਲਤ ਪਹਿਲ ਦੇ ਆਧਾਰ ਉੱਪਰ ਮੁਹੱਈਆ ਕਰਾਉਣ ਦੇ ਪਾਬੰਦ ਰਹਿਣ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਦੌਰਾਨ ਕਿਸੇ ਉਮੀਦਵਾਰ ਜਾਂ ਉਨ੍ਹਾਂ ਦੇ ਰਿਸ਼ਤੇਦਾਰ ਜਾਂ ਸਪਾਊਸ ਦੇ ਖਾਤੇ ਵਿੱਚੋਂ ਨਿਕਾਸੀ ਜੋ ਕਿ ਅਸਾਧਾਰਨ ਜਾਂ ਸ਼ੱਕੀ ਲੱਗਦੀ ਹੋਵੇ, ਦੀ ਸੂਚਨਾ ਤੁਰੰਤ ਜ਼ਿਲ੍ਹਾ ਚੋਣ ਦਫ਼ਤਰ ਨੂੰ ਦਿੱਤੀ ਜਾਵੇ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਜੇਕਰ ਕਿਸੇ ਦੇ ਵੀ ਬੈਂਕ ਖਾਤੇ ਵਿੱਚੋਂ ਨਕਦ ਜਮ੍ਹਾਂ ਜਾਂ ਨਿਕਾਸੀ ਦੀ ਰਕਮ 10 ਲੱਖ ਰੁਪਏ ਤੋਂ ਉੱਪਰ ਹੈ ਤਾਂ ਇਸ ਦੀ ਸੂਚਨਾ ਵੀ ਜ਼ਿਲ੍ਹਾ ਚੋਣ ਦਫ਼ਤਰ ਨੂੰ ਭੇਜੀ ਜਾਵੇ। ਉਨ੍ਹਾਂ ਕਿਹਾ ਕਿ ਬੈਂਕ ਇਹ ਗੱਲ ਯਕੀਨੀ ਬਣਾਉਣਗੇ ਕਿ ਆਊਟਸੋਰਸਡ ਏਜੰਸੀਜ਼/ਕੰਪਨੀਜ਼ ਦੀਆਂ ਕੈਸ਼ ਵੈਨਜ਼ ਜੋ ਕਿ ਬੈਂਕਾਂ ਦਾ ਕੈਸ਼ ਲੈ ਕੇ ਚੱਲਦੀਆਂ ਹਨ, ਕਿਸੇ ਵੀ ਹਾਲਤ ਵਿੱਚ ਸਿਵਾਏ ਬੈਂਕਾਂ ਤੋਂ ਕਿਸੇ ਵੀ ਥਰਡ ਪਾਰਟੀ/ਏਜੰਸੀ ਜਾਂ ਵਿਅਕਤੀ ਦਾ ਕੈਸ਼ ਲੈ ਕੇ ਨਹੀਂ ਚੱਲਣਗੀਆਂ। ਇਸ ਸਬੰਧੀ ਆਊਟਸੋਰਸ ਏਜੰਸੀਜ਼/ਕੰਪਨੀਜ਼ ਬੈਂਕ ਵੱਲੋਂ ਜਾਰੀ ਈ.ਐਸ.ਐਮ.ਐਸ. ਤੇ ਕਿਊ ਆਰ. ਰਸੀਦ ਨਾਲ ਲੈ ਕੇ ਚੱਲਣਗੀਆਂ, ਜਿਸ ਵਿੱਚ ਬੈਂਕਾਂ ਵੱਲੋਂ ਜਾਰੀ ਨਕਦੀ/ਡਰਾਈਵਰ ਆਦਿ ਦਾ ਵੇਰਵਾ ਹੋਵੇਗਾ ਅਤੇ ਇਨ੍ਹਾਂ ਕੈਸ਼ ਵੈਨਜ਼ ਵੱਲੋਂ ਏ.ਟੀ.ਐਮ. ਵਿੱਚ ਪੈਸੇ ਭਰਨ ਲਈ ਜਾਂ ਬੈਂਕ ਦੀਆਂ ਹੋਰ ਦੂਸਰੀਆਂ ਬਰਾਂਚਾਂ ਵਿੱਚ ਪੈਸੇ ਦੇਣ ਲਈ ਜਾਂ ਦੂਸਰੇ ਬੈਂਕ ਵਿੱਚ ਜਾਂ ਕਰੰਸੀ ਕੈਸ਼ ਵਿੱਚ ਪੈਸੇ ਦੇਣ ਦਾ ਪੂਰਾ ਵੇਰਵਾ ਦਿੱਤਾ ਜਾਵੇਗਾ। ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਆਊਟਸੋਰਸਡ ਏਜੰਸੀਜ਼/ਕੰਪਨੀਜ਼ ਦੀਆਂ ਕੈਸ਼ ਵੈਨਜ਼ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਉਨ੍ਹਾਂ ਦੀ ਸਬੰਧਤ ਏਜੰਸੀਜ਼ ਬਕਾਇਦਾ ਤੌਰ 'ਤੇ ਸ਼ਨਾਖ਼ਤੀ ਕਾਰਡ ਜਾਰੀ ਕੀਤੇ ਜਾਣਗੇ। ਜੇਕਰ ਚੋਣ ਕਮਿਸ਼ਨ ਵੱਲੋਂ ਨਿਯੁਕਤ ਕੋਈ ਵੀ ਅਧਿਕਾਰੀ ਜੇਕਰ ਕਿਸੇ ਆਊਟਸੋਰਸ ਏਜੰਸੀ/ਕੰਪਨੀ ਦੀ ਕੈਸ਼ ਵੈਨ ਨੂੰ ਇੰਸਪੈਕਸ਼ਨ ਦੌਰਾਨ ਰੋਕ ਲੈਂਦਾ ਹੈ ਤਾਂ ਸਹਿਯੋਗ ਕਰਨਾ ਜ਼ਰੂਰੀ ਹੋਵੇਗਾ।

# ਰਵਿੰਦਰ ਸਿੰਘ ਬ੍ਰਹਮਪੁਰਾ ਨੇ ਤੁੜ ਦੀ ਨਵੀਂ ਬਣੀ ਪੰਚਾਇਤ ਨੂੰ ਕੀਤਾ ਸਨਮਾਨਤ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਸ਼੍ਰੋਮਣੀ ਅਕਾਲੀ ਦਲ ਵਲੋਂ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਅਧੀਨ ਪੈਂਦੇ ਪਿੰਡ ਤੁੜ ਦੀ ਨਵੀਂ ਬਣੀ ਸਮੂਹ ਪੰਚਾਇਤ ਨੂੰ ਪਿੰਡ ਤੁੜ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਇਹ ਸ੍ਰੀ ਅਖੰਡ ਪਾਠ ਸਾਹਿਬ ਕਸ਼ਮੀਰ ਸਿੰਘ ਤੁੜ (ਰਾਜ ਟਰਾਂਸਪੋਰਟ) ਦੇ ਪਰਵਾਰ ਵੱਲੋਂ ਰਖਵਾਇਆ ਗਿਆ ਸੀ। ਇਸ ਮੌਕੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਵਲੋਂ ਪਿੰਡ ਤੁੜ ਦੀ ਸਮੂਹ ਪੰਚਾਇਤ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਹ ਪਿੰਡ ਵਾਸੀਆਂ ਵਲੋਂ ਦਿੱਤੇ ਹੋਏ ਵਿਸ਼ਵਾਸ ਅਤੇ ਭਰੋਸੇ ਉਪਰ ਖਰੇ ਉਤਰਨ ਅਤੇ ਪਿੰਡ ਦੇ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਅਤੇ ਜਿਸ ਤਰ੍ਹਾਂ ਸਮੂਹ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਸਵ. ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਵਲੋਂ ਕਰਵਾਏ ਗਏ ਸਨ, ਉਸੇ ਤਰ੍ਹਾਂ ਪਿੰਡ ਤੁੜ ਦੀ ਨਵੀਂ ਬਣੀ ਪੰਚਾਇਤ ਵਿਕਾਸ ਅਤੇ ਤਰੱਕੀ ਲਈ ਆਪਣਾ ਯੋਗਦਾਨ ਪਾਉਣ। ਇਸ ਮੌਕੇ ਬ੍ਰਹਮਪੁਰਾ ਸਾਹਿਬ ਨੇ ਇਹ ਵੀ ਕਿਹਾ ਕਿ ਜਿੱਥੇ ਪਿੰਡ ਦੀ ਤਰੱਕੀ ਦੀ ਗੱਲ ਹੋਵੇ ਉੱਥੇ ਪਾਰਟੀ ਦੀ ਗੱਲ ਨਹੀਂ ਕਰਨੀ ਚਾਹੀਦੀ ਅਤੇ ਇਸ ਕਰਕੇ ਹੀ ਪਿੰਡ ਵਾਸੀਆਂ ਵੱਲੋਂ ਸਮੂਹ ਮੋਹਤਬਰਾਂ ਨੂੰ ਜਿਤਾਇਆ ਹੈ। ਇਸ ਮੌਕੇ ਪਿੰਡ ਤੁੜ ਦੀ ਪੁਰਾਣੀ ਪੰਚਾਇਤ ਜਿਨ੍ਹਾਂ ਵਿੱਚ ਗੁਰਦਿਆਲ ਸਿੰਘ ਪ੍ਰਧਾਨ ਸਾਬਕਾ ਸਰਪੰਚ, ਦਿਆਲ ਸਿੰਘ ਸਾਬਕਾ ਸਰਪੰਚ, ਸੁਵਿੰਦਰ ਸਿੰਘ ਮੈਂਬਰ ਪੰਚਾਇਤ, ਨਿਰਮਲ ਸਿੰਘ ਮੈਂਬਰ ਪੰਚਾਇਤ, ਗੁਰਨਾਮ ਸਿੰਘ ਮੈਂਬਰ ਪੰਚਾਇਤ, ਕਸ਼ਮੀਰ ਸਿੰਘ ਮੈਂਬਰ ਪੰਚਾਇਤ, ਜੋਗਿੰਦਰ ਸਿੰਘ ਮੈਂਬਰ ਪੰਚਾਇਤ, ਨਛੱਤਰ ਸਿੰਘ ਮੈਂਬਰ ਪੰਚਾਇਤ, ਹਰਭਜਨ ਸਿੰਘ ਮੈਂਬਰ ਪੰਚਾਇਤ, ਮਜਿੰਦਰ ਸਿੰਘ ਸੋਨੀ ਮੈਂਬਰ, ਪੰਚਾਇਤ, ਸਰਜੀਤ ਸਿੰਘ ਮੈਂਬਰ ਪੰਚਾਇਤ, ਸੁਖਦੇਵ ਸਿੰਘ ਮੈਂਬਰ ਪੰਚਾਇਤ ਨੂੰ ਵੀ ਸਨਮਾਨਤ ਕੀਤਾ ਅਤੇ ਉਹਨਾਂ ਵੱਲੋਂ ਕੀਤੇ ਵਿਕਾਸ ਕਾਰਜਾਂ ਦੇ ਸ਼ਲਾਘਾ ਵੀ ਕੀਤੀ। ਇਸ ਮੌਕੇ ਪਿੰਡ ਤੁੜ ਦੀ ਨਵੀਂ ਪੰਚਾਇਤ ਜਿਨਾਂ ਵਿੱਚ ਹਰਜਿੰਦਰ ਸਿੰਘ ਮੈਂਬਰ ਪੰਚਾਇਤ, ਕੁਲਦੀਪ ਸਿੰਘ ਮੈਂਬਰ ਪੰਚਾਇਤ, ਅਮਰੀਕ ਸਿੰਘ ਮੈਂਬਰ ਪੰਚਾਇਤ, ਰਜਵਿੰਦਰ ਸਿੰਘ ਮੈਂਬਰ ਪੰਚਾਇਤ, ਪ੍ਰਗਟ ਸਿੰਘ ਮੈਂਬਰ ਪੰਚਾਇਤ, ਦੇਸਾ ਸਿੰਘ ਮੈਂਬਰ ਪੰਚਾਇਤ, ਗੁਰਜਿੰਦਰ ਸਿੰਘ ਮੈਂਬਰ ਪੰਚਾਇਤ, ਬਲਜਿੰਦਰ ਸਿੰਘ ਮੈਂਬਰ ਪੰਚਾਇਤ, ਸਾਬ੍ਹ ਸਿੰਘ ਪੰਚਾਇਤ, ਅਵਤਾਰ ਸਿੰਘ ਮੈਂਬਰ ਪੰਚਾਇਤ ਨੂੰ ਸਿਰੋਪਾ ਸਾਹਿਬ ਦੇ ਕੇ ਸਨਮਾਨ ਕੀਤਾ। ਇਸ ਮੌਕੇ ਨਵੇਂ ਚੁਣੇ ਹੋਏ ਸਰਪੰਚ ਮੁਖਬੀਰ ਸਿੰਘ ਦਾ ਸਿਰੋਪਾ ਉਨ੍ਹਾਂ ਦੇ ਪਿਤਾ ਨੇ ਹਾਸਲ ਕੀਤਾ। ਇਸ ਮੌਕੇ ਬਹੁਤ ਸਾਰੇ ਨਗਰ ਵਾਸੀ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਬੇਲਰ ਐਸੋਸੀਏਸ਼ਨ ਨਾਲ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**- ਝੋਨੇ ਦੀ ਵਾਢੀ ਤੋਂ ਬਾਅਦ ਫਸਲ ਦੀ ਪਰਾਲੀ ਦੀ ਬਿਨਾਂ ਅੱਗ ਲਗਾਏ ਸਾਂਭ ਸੰਭਾਲ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਪਰਾਲੇ ਜਾਰੀ ਹਨ। ਇਸੇ ਲੜੀ ਵਿਚ ਡਿਪਟੀ ਕਮਿਸ਼ਨਰ, ਉਮਾ ਸ਼ੰਕਰ ਗੁਪਤਾ ਵਲੋਂ ਬੇਲਰ ਐਸੋਸੀਏਸ਼ਨ, ਗੁਰਦਾਸਪੁਰ ਨਾਲ ਮੀਟਿੰਗ ਕਰਕੇ ਉਨ੍ਹਾਂ ਵੱਲੋਂ ਪਰਾਲੀ ਪ੍ਰਬੰਧਨ ਵਿਚ ਪਾਏ ਜਾ ਰਹੇ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਇਸ ਮੌਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣ ਕੇ ਹੱਲ ਕੀਤੀਆਂ। ਡਿਪਟੀ ਕਮਿਸ਼ਨਰ ਨੇ ਬੇਲਰ ਐਸੋਸੀਏਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਸੰਧੂ ਅਤੇ ਹੋਰ ਨੁਮਾਇੰਦਿਆਂ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕਰੀਬ 200 ਬੇਲਰ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਪਰਾਲੀ ਦੀਆਂ ਗੱਠਾਂ ਬਣਾ ਕੇ ਇਸ ਦਾ ਨਿਪਟਾਰਾ ਕਰਨਾ ਕਿਸਾਨਾਂ ਦਾ ਪਸੰਦੀਦਾ ਤਰੀਕਾ ਹੈ ਪਰ ਨਾਲ ਹੀ ਉਨ੍ਹਾਂ ਨੇ ਕਿਸਾਨਾਂ ਨੂੰ ਇਨਸਿਟੂ ਤਰੀਕੇ ਨਾਲ ਪਰਾਲੀ ਨੂੰ ਖੇਤ ਵਿਚ ਮਿਲਾ ਕੇ ਕਣਕ ਦੀ ਬਿਜਾਈ ਕਰਨ ਦੀ ਤਕਨੀਕ ਨੂੰ ਅਪਨਾਉਣ ਦੀ ਅਪੀਲ ਵੀ ਕੀਤੀ। ਮੀਟਿੰਗ ਵਿਚ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਰਿੰਦਰਪਾਲ ਸਿੰਘ, ਇੰਜੀ ਦੀਪਕ ਭਾਰਦਵਾਜ ਅਤੇ ਬੇਲਰ ਐਸੋਸੀਏਸ਼ਨ ਦੇ ਮੈਂਬਰ ਵੀ ਹਾਜ਼ਰ ਸਨ।

# ਰਾਮ ਨਗਰ ਸਾਹਮਣੇ ਗਲੀਆਂ-ਨਾਲੀਆਂ ਦੀ ਖਸਤਾ ਹਾਲਤ ਕਾਰਨ ਲੋਕ ਪ੍ਰੇਸ਼ਾਨ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਪੰਡੋਰੀ ਸੜਕ ਕੰਢੇ ਪਿੰਡ ਰਾਮ ਨਗਰ ਮੋੜ ਸਾਹਮਣੇ ਪੈਂਦੀਆਂ ਗਲੀਆਂ ਦੀ ਹਾਲਤ ਖਸਤਾ ਹੋਣ ਕਾਰਨ ਇਲਾਕਾ ਵਾਸੀ ਕਾਫੀ ਪ੍ਰੇਸ਼ਾਨ ਹਨ। ਜਾਣਕਾਰੀ ਅਨੁਸਾਰ ਇਹ ਗਲੀਆਂ ਨੀਵੀਆਂ ਹੋਣ ਕਰਕੇ ਇੱਥੇ ਥੋੜ੍ਹੀ ਜਿਹੀ ਵਰਖਾ ਪੈਣ ਕਾਰਨ ਪਾਣੀ ਖੜ੍ਹਾ ਹੋ ਜਾਂਦਾ ਹੈ ਤੇ ਲੋਕਾਂ ਲਈ ਲੰਘਣਾ ਮੁਸ਼ਕਲ ਹੋ ਜਾਂਦਾ ਹੈ। ਲੋਕਾਂ ਨੇ ਦੱਸਿਆ ਕਿ ਇਨ੍ਹਾਂ ਗਲੀਆਂ ਵਿੱਚ ਸੀਵਰੇਜ ਅਤੇ ਵਾਟਰ ਸਪਲਾਈ ਦੀ ਸਰਕਾਰ ਵੱਲੋਂ ਕੋਈ ਵਿਵਸਥਾ ਨਹੀਂ ਕੀਤੀ ਗਈ। ਇਨ੍ਹਾਂ ਗਲੀਆਂ ਵਿੱਚ ਪਲਾਟਾਂ ਵਿੱਚ ਲੰਬੀ-ਲੰਬੀ ਜੰਗਲੀ ਘਾਹ ਬੂਟੀ ਉਗੀ ਪਈ ਹੈ ਜਿਸ ਕਾਰਨ ਜੰਗਲੀ ਜੀਵ ਜੰਤੂਆਂ ਦਾ ਘਰਾਂ ਵਿੱਚ ਆਉਣ ਦਾ ਡਰ ਬਣਿਆ ਰਹਿੰਦਾ ਹੈ। ਲੋਕਾਂ ਨੇ ਦੱਸਿਆ ਕਿ ਇਨ੍ਹਾਂ ਗਲੀਆਂ ਵਿੱਚ ਵੱਡੀ ਗਿਣਤੀ ਵਿੱਚ ਖਾਲੀ ਪਲਾਟਾਂ ਵਿੱਚ ਝੁੱਗੀ ਝੌਂਪੜੀ ਵਾਲਿਆਂ ਨੇ ਨਜਾਇਜ਼ ਡੇਰੇ ਲਗਾਏ ਹੋਏ ਹਨ ਅਤੇ ਕੁਝ ਝੁੱਗੀ ਵਾਲੇ ਬਿਜਲੀ ਦੇ ਨਜਾਇਜ਼ ਕੁਨੈਕਸ਼ਨ ਜੋੜ ਕੇ ਟੀ.ਵੀ., ਫਰਿਜਾਂ ਆਦਿ ਦੀ ਵਰਤੋਂ ਕਰ ਰਹੇ ਹਨ ਜਿਸ ਨਾਲ ਕਿਸੇ ਵੇਲੇ ਵੀ ਹਾਦਸਾ ਵਾਪਰ ਸਕਦਾ ਹੈ। ਲੋਕਾਂ ਦੀ ਬਿਜਲੀ ਵਿਭਾਗ ਪਾਸੋਂ ਮੰਗ ਹੈ ਕਿ ਇਸ ਏਰੀਏ ਵਿੱਚ ਬੈਠੇ ਝੁੱਗੀ ਝੌਂਪੜੀ ਵਾਲਿਆਂ ਦੇ ਨਜਾਇਜ਼ ਬਿਜਲੀ ਕਨੈਕਸ਼ਨ ਪੂਰਨ ਤੌਰ 'ਤੇ ਕੱਟ ਦਿੱਤੇ ਜਾਣ ਤਾਂ ਜੋ ਕਿਸੇ ਵੇਲੇ ਅਚਾਨਕ ਜਾਨੀ ਮਾਲੀ ਨੁਕਸਾਨ ਨਾ ਹੋ ਜਾਵੇ। ਇਲਾਕਾ ਵਾਸੀਆਂ ਦੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਇਲਾਕੇ ਦੀਆਂ ਗਲੀਆਂ ਦੀ ਹਾਲਤ ਸੁਧਾਰ ਜਾਵੇ ਅਤੇ ਇੱਥੇ ਰਹਿੰਦੇ ਨਜਾਇਜ਼ ਝੁੱਗੀ ਝੌਂਪੜੀ ਵਾਲਿਆਂ ਨੂੰ ਵੀ ਸ਼ਾਮਲਾਤ ਕੋਈ ਜਗ੍ਹਾ ਅਲਾਟ ਕੀਤੀ ਜਾਵੇ ਤਾਂ ਜੋ ਇਹ ਲੋਕ ਵੀ ਆਪਣਾ ਪੱਕਾ ਟਿਕਾਣਾ ਬਣਾ ਸਕਣ। ਜਦ ਇਸ ਸਬੰਧੀ ਬਿਜਲੀ ਵਿਭਾਗ ਦੇ ਐਸ.ਡੀ.ਓ. ਹਿਰਦੇਪਾਲ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਉਹ ਜਲਦ ਹੀ ਇਨ੍ਹਾਂ ਨਜਾਇਜ਼ ਲੱਗੇ ਬਿਜਲੀ ਦੇ ਕੁਨੈਕਸ਼ਨਾਂ ਬਾਰੇ ਛਾਣਬੀਣ ਕਰਕੇ ਬਣਦੀ ਕਾਰਵਾਈ ਕਰਨਗੇ।

# ਧਾਮੀ ਨੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਕੀਤਾ ਅਪ੍ਰਵਾਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਅਪ੍ਰਵਾਨ ਕਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦਾ ਹਮੇਸ਼ਾ ਸਤਿਕਾਰ ਕਰਦੀ ਰਹੀ ਹੈ ਅਤੇ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿਭਾਈਆਂ ਸੇਵਾਵਾਂ ਸ਼ਲਾਘਾਯੋਗ ਰਹੀਆਂ ਹਨ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀਆਂ ਸੇਵਾਵਾਂ ਦੀ ਕੌਮ ਨੂੰ ਵੱਡੀ ਲੋੜ ਹੈ। ਐਡਵੋਕੇਟ ਧਾਮੀ ਨੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸੇਵਾਵਾਂ ਨਿਰੰਤਰ ਨਿਭਾਉਂਦੇ ਰਹਿਣ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਕੌਮ ਸੰਕਟਮਈ ਦੌਰ ਵਿੱਚੋਂ ਲੰਘ ਰਹੀ ਹੈ, ਕਿਉਂਕਿ ਪੰਥ ਵਿਰੋਧੀ ਸ਼ਕਤੀਆਂ ਸਿੱਖ ਸੰਸਥਾਵਾਂ ਨੂੰ ਲਗਾਤਾਰ ਨਿਸ਼ਾਨੇ 'ਤੇ ਲੈ ਰਹੀਆਂ ਹਨ। ਅਜਿਹੇ ਸਮੇਂ ਵਿਚ ਸਭ ਦੀ ਸਾਂਝੀ ਜ਼ੁੰਮੇਵਾਰੀ ਹੈ ਕਿ ਕਿਸੇ ਵੀ ਵਿਵਾਦ ਤੋਂ ਬਚਿਆ ਜਾਵੇ ਅਤੇ ਕੌਮ ਦੇ ਵਡੇਰੇ ਹਿੱਤਾਂ ਲਈ ਕਾਰਜ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਆਰ ਐਸ ਐਸ, ਭਾਜਪਾ ਅਤੇ ਪੰਥ ਵਿਰੋਧੀ ਸ਼ਕਤੀਆਂ ਸਿੱਖ ਸੰਸਥਾਵਾਂ ਨੂੰ ਤੋੜਨ ਦੀ ਮਨਸ਼ਾ ਨਾਲ ਅੱਗੇ ਵਧ ਰਹੀਆਂ ਹਨ, ਜਿਸ ਦੀ ਮਿਸਾਲ ਵੱਖਰੀ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਬਣਾ ਕੇ ਸ਼੍ਰੋਮਣੀ ਕਮੇਟੀ ਨੂੰ ਖੰਡਤ ਕੀਤੇ ਜਾਣਾ ਹੈ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਸਰਕਾਰ ਦੀ ਸਿੱਧੀ ਦਖ਼ਲਅੰਦਾਜ਼ੀ ਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਬੰਧਾਂ ਵਿਚ ਦਿੱਤਾ ਜਾ ਰਿਹਾ ਦਖਲ ਹੈ। ਇਨ੍ਹਾਂ ਦੇ ਹੱਥ ਹੁਣ ਪੰਜਾਬ ਵੱਲ ਵੀ ਵਧ ਰਹੇ ਹਨ, ਜਿਸ ਬਾਰੇ ਕੌਮ ਨੂੰ ਸੋਚਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕੌਮ ਦੀਆਂ ਸੰਸਥਾਵਾਂ ਦੀ ਮਜ਼ਬੂਤੀ ਲਈ ਕਿਸੇ ਵੀ ਵਿਵਾਦ ਵਿਚ ਪੈਣਾ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਸਾਹਿਬ ਪਹਿਲਾਂ ਹੀ ਇਹ ਆਦੇਸ਼ ਕਰ ਚੁੱਕੇ ਹਨ ਕਿ ਕਿਸੇ ਵੀ ਕਿਸਮ ਦੀ ਬਿਆਨਬਾਜ਼ੀ ਨਾ ਕੀਤੀ ਜਾਵੇ ਅਤੇ ਉਹ ਸ਼੍ਰੋਮਣੀ ਕਮੇਟੀ ਵੱਲੋਂ ਅਪੀਲ ਕਰਦੇ ਹਨ ਕਿ ਕੋਈ ਆਗੂ ਅਜਿਹੀ ਬਿਆਨਬਾਜ਼ੀ ਨਾ ਕਰੇ ਜਿਸ ਨਾਲ ਸਿੱਖ ਸੰਸਥਾਵਾਂ ਅਤੇ ਕੌਮ ਦੇ ਸਨਮਾਨ ਨੂੰ ਠੇਸ ਪੁੱਜਦੀ ਹੋਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਗੁਰਪਾਲ ਸਿੰਘ ਗੋਰਾ, ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਕੁਲਵਿੰਦਰ ਸਿੰਘ ਰਮਦਾਸ, ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਹਰਭਜਨ ਸਿੰਘ ਵਕਤਾ, ਸੁਪ੍ਰਡੰਟ ਨਿਸ਼ਾਨ ਸਿੰਘ ਤੇ ਹੋਰ ਮੌਜੂਦ ਸਨ।

# ਚੰਨਣਕੇ ਤੋਂ ਕੁਲਵਿੰਦਰ ਸਿੰਘ ਮਿੱਠਾ ਬਹੁਮਤ ਨਾਲ ਸਰਪੰਚ ਚੁਣੇ ਗਏ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਚੰਨਣਕੇ ਵਿਖੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੁਲਵਿੰਦਰ ਸਿੰਘ ਮਿੱਠਾ ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਕੇ ਪਿੰਡ ਚੰਨਣਕੇ ਦੇ ਸਰਪੰਚ ਬਣੇ ਹਨ। ਉਨ੍ਹਾਂ ਦੇ ਨਾਲ ਪੰਜ ਮੈਂਬਰ ਪੰਚਾਇਤ ਨਿਯੁਕਤ ਹੋਏ ਜਿਨ੍ਹਾਂ ਵਿੱਚ ਸਰਬਜੀਤ ਸਿੰਘ, ਗੁਰਜੀਤ ਕੌਰ ਪਤਨੀ ਸੂਬੇਦਾਰ ਕਰਤਾਰ ਸਿੰਘ, ਤਜਿੰਦਰ ਸਿੰਘ, ਹਰਜਿੰਦਰ ਕੌਰ ਪਤਨੀ ਨਿਰਮਲ ਸਿੰਘ, ਬਲਜੀਤ ਕੌਰ ਪਤਨੀ ਹੀਰਾ ਸਿੰਘ ਆਦਿ ਸ਼ਾਮਲ ਹਨ। ਇਸ ਮੌਕੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਵੱਲੋਂ ਪਿੰਡ ਦੇ ਸੂਝਵਾਨ ਲੋਕਾਂ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਸਾਡੀ ਨਵੀਂ ਬਣੀ ਪੰਚਾਇਤ ਪਿੰਡ ਦੇ ਵਿਕਾਸ ਲਈ ਦਿਨ ਰਾਤ ਇੱਕ ਕਰੇਗੀ। ਪਿੰਡ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡਾਂਗੇ।

# ਆਦਰਸ਼ ਬਿਰਧ ਆਸ਼ਰਮ ਨੇ ਦਿੱਤਾ ਇੱਕ ਹੋਰ ਬਜ਼ੁਰਗ ਬਾਪੂ ਨੂੰ ਸਹਾਰਾ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)** - ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਨੇ ਦਿੱਤਾ ਇੱਕ ਹੋਰ ਬੇਸਹਾਰਾ ਬਜ਼ੁਰਗ ਬਾਪੂ ਨੂੰ ਸਹਾਰਾ ਦਿੱਤਾ ਹੈ। ਇਹ ਬਾਪੂ ਹਰਭਜਨ ਸਿੰਘ ਪੁੱਤਰ ਸਰਦਾਰ ਮੇਲਾ ਸਿੰਘ, ਪਿੰਡ ਭੋਆ, ਜ਼ਿਲ੍ਹਾ ਪਠਾਨਕੋਟ ਦਾ ਪੱਕਾ ਵਸਨੀਕ ਹੈ। ਇਸ ਮੌਕੇ ਗੱਲਬਾਤ ਕਰਦਿਆਂ ਬਾਪੂ ਨੇ ਦੱਸਿਆ ਕਿ ਮੇਰੇ ਦੋ ਪੁੱਤਰ ਤੇ ਇੱਕ ਧੀ ਹੈ।ਮੈਂ ਆਪਣੇ ਤਿੰਨ ਬੱਚਿਆਂ ਦਾ ਵਿਆਹ ਕਰ ਦਿੱਤਾ ਹੋਇਆ ਹੈ। ਮੇਰੇ ਦੋਵੇਂ ਪੁੱਤਰ ਮੇਰਾ ਹਾਲ ਚਾਲ ਨਹੀਂ ਪੁੱਛਦੇ ਅਤੇ ਮੇਰੀਆਂ ਦੋਵੇਂ ਨੂੰਹਾਂ ਮੈਨੂੰ ਨਹੀਂ ਸੰਭਾਲਦੀਆਂ। ਉਹ ਮੈਨੂੰ ਸਮੇਂ 'ਤੇ ਖਾਣਾ ਵੀ ਨਹੀਂ ਦਿੰਦੀਆਂ। ਮੇਰੇ ਪੁੱਤਰ ਮੈਨੂੰ ਲੋੜ ਪੈਣ 'ਤੇ ਪੈਸੇ ਦਵਾਈ ਆਦਿ ਵੀ ਨਹੀਂ ਲਿਆ ਕੇ ਦਿੰਦੇ।ਜਿਸ ਕਰਕੇ ਮੈਂ ਬਹੁਤ ਪਰੇਸ਼ਾਨ ਹਾਂ। ਮੇਰੀ ਛੋਟੀ ਨੂੰਹ ਨੇ ਮੇਰੇ 'ਤੇ ਝੂਠੀਆਂ ਸ਼ਿਕਾਇਤਾਂ ਵੀ ਕੀਤੀਆਂ ਸਨ। ਜਿਨ੍ਹਾਂ ਦੀ ਬਦੌਲਤ ਉਨ੍ਹਾਂ ਨੇ ਮੇਰੀ ਉਮਰ ਦਾ ਲਿਹਾਜ਼ ਵੀ ਨਹੀਂ ਕੀਤਾ।ਇਸ ਦੇ ਨਾਲ ਹੀ ਉਹ ਮੈਨੂੰ ਮਰਨ ਦੀਆਂ ਧਮਕੀਆਂ ਦਿੰਦੀ ਹੈ।ਜਿਸ ਕਰਕੇ ਪਰੇਸ਼ਾਨ ਹੋ ਕੇ ਮੈਂ ਇੱਥੇ ਆਉਣ ਤੋਂ ਪਹਿਲਾਂ ਇੱਕ ਸਾਲ ਬਾਰਠ ਸਾਹਿਬ ਗੁਰਦੁਆਰਾ (ਬਾਬਾ ਸ੍ਰੀ ਚੰਦ ਜੀ) ਦੇ ਦਰਬਾਰ ਵਿੱਚ ਵੀ ਰਿਹਾ ਹਾਂ।ਹੁਣ ਮੈਂ ਆਪ ਜੀ ਦੀ ਸ਼ਰਨ ਵਿੱਚ ਆਇਆ ਹਾਂ। ਕਿਉਂਕਿ ਮੇਰਾ ਇਸ ਸਮੇਂ ਕੋਈ ਵੀ ਸਹਾਰਾ ਨਹੀਂ ਹੈ। ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਹੋਣਾ ਨੇ ਬਾਪੂ ਜੀ ਨੂੰ ਬਿਰਧ ਘਰ ਵਿੱਚ ਰਹਿਣ ਦੀ ਆਗਿਆ ਦੇ ਦਿੱਤੀ। ਇਸ ਮੌਕੇ ਆਸ਼ਰਮ ਸਮੂਹ ਸਟਾਫ ਸਵਿਤਾ, ਅੰਜੂ ਬਾਲਾ, ਪੂਜਾ ਦੇਵੀ, ਰਾਜ ਰਾਣੀ, ਰਾਣੀ ਦੇਵੀ, ਰੂਪ ਰਾਣੀ, ਤਰਸੇਮ ਲਾਲ, ਰਮੇਸ਼ ਚੰਦਰ, ਆਦਿ ਮੌਜੂਦ ਸਨ।

# ਦਲਵੀਰ ਸਿੰਘ ਬਿੱਲਾ ਭਟੋਇਆ ਦੇ ਸਰਪੰਚ ਬਣੇ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਚਾਇਤੀ ਚੋਣਾਂ 'ਚ ਹਲਕਾ ਦੀਨਾਨਗਰ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਖਾਸੋ ਖਾਸ ਸੀਨੀਅਰ ਅਕਾਲੀ ਆਗੂ ਅਤੇ ਆਪਣੇ ਇਲਾਕੇ ਅੰਦਰ ਸਮਾਜ ਸੇਵੀ ਨਾਂ ਨਾਲ ਜਾਣੇ ਜਾਣ ਵਾਲੇ ਦਲਵੀਰ ਸਿੰਘ ਬਿੱਲਾ ਦੀ ਝੋਲੀ ਵਿਚ ਪਿੰਡ ਭਟੋਇਆ ਦੇ ਲੋਕਾਂ ਸਰਪੰਚੀ ਪਾ ਦਿੱਤੀ ਹੈ। ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਦਲਵੀਰ ਸਿੰਘ ਬਿੱਲਾ ਨੇ ਕਿਹਾ ਕਿ ਜੇਕਰ ਗੱਲ ਕਰੀਏ ਹਲਕਾ ਦੀਨਾਨਗਰ ਦੀ ਤਾਂ ਹਲਕੇ ਵਿੱਚ ਵਿਰੋਧੀ ਪਾਰਟੀਆਂ ਦਾ ਦਬਦਬਾ ਬਣਿਆ ਹੋਇਆ ਸੀ। ਜਿਸ ਕਰਕੇ ਵਿਰੋਧੀ ਪਾਰਟੀਆਂ ਵੱਲੋਂ ਆਪਣੇ ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਹਰ ਤਰ੍ਹਾਂ ਦੀ ਸਿਆਸੀ ਖੇਡ ਖੇਡੀ ਗਈ ਸੀ। ਪਰ ਪਿੰਡ ਭਟੋਇਆ ਦੇ ਲੋਕਾਂ ਦੀ ਸੋਚ ਨੇ ਵਿਰੋਧੀ ਪਾਰਟੀਆਂ ਦੇ ਮਨਸੂਬਿਆਂ 'ਤੇ ਪਾਣੀ ਫੇਰ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਿੰਡ ਦਾ ਸਰਪੰਚ ਉਹ ਨਹੀਂ ਹੁੰਦਾ ਜੋ ਭੇਦਭਾਵ ਰੱਖ ਕੇ ਗਲੀਆਂ ਨਾਲੀਆਂ ਤੱਕ ਹੀ ਸੀਮਤ ਰਹੇ। ਅਸਲ ਵਿੱਚ ਪਿੰਡ ਦਾ ਸਰਪੰਚ ਉਹ ਹੁੰਦਾ ਹੈ ਜੋ ਬਿਨਾਂ ਕਿਸੇ ਭੇਦਭਾਵ ਤੋਂ ਪਿੰਡ ਦਾ ਵਿਕਾਸ ਕਰੇ ਅਤੇ ਪਿੰਡ ਦੇ ਹਰ ਇੱਕ ਵਸਨੀਕ ਦੇ ਦੁੱਖ ਸੁੱਖ ਦਾ ਸਾਥੀ ਬਣੇ। ਉਨ੍ਹਾਂ ਅੱਗੇ ਦੱਸਿਆ ਕਿ ਕਰੋਨਾ ਕਾਲ ਵਿੱਚ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ ਪਿੰਡ ਭਟੋਇਆ ਦੇ ਵਸਨੀਕਾਂ ਦੀ ਹਰ ਪੱਖੋਂ ਮਦਦ ਕੀਤੀ ਸੀ, ਜਿਸ ਦਾ ਫਲ ਪਿੰਡ ਵਾਸੀਆਂ ਨੇ ਸਰਪੰਚ ਬਣਾ ਕੇ ਮੇਰੀ ਝੋਲੀ ਵਿਚ ਪਾਂ ਦਿੱਤਾ ਹੈ। ਅੰਤ ਵਿੱਚ ਸ. ਬਿੱਲਾ ਨੇ ਪਿੰਡ ਭਟੋਇਆ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਲੋਕਾਂ ਨੂੰ ਵਿਸ਼ਵਾਸ ਦਿੱਤਾ ਕਿ ਆਉਣ ਵਾਲੇ ਪੰਜ ਸਾਲਾਂ ਵਿੱਚ ਪਿੰਡ ਭਟੋਇਆ ਨੂੰ ਦੀਨਾਨਗਰ ਹਲਕੇ ਦਾ ਸਭ ਤੋਂ ਸੁੰਦਰ ਤੇ ਖੁਸ਼ਹਾਲ ਪਿੰਡ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡਾਂਗਾ।

## ਧਾਮੀ ਨੇ ਭਾਰਤ ਤੇ ਕੈਨੇਡਾ ਦੇ ਰਿਸ਼ਤਿਆਂ 'ਚ ਵਧੀ ਦੂਰੀ 'ਤੇ ਪ੍ਰਗਟਾਈ ਚਿੰਤਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਅਤੇ ਕੈਨੇਡਾ ਦੇ ਆਪਸੀ ਰਿਸ਼ਤਿਆਂ ਵਿਚ ਵਧ ਰਹੀਆਂ ਦੂਰੀਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਦੋਹਾਂ ਦੇਸ਼ਾਂ ਨੂੰ ਇਕ ਸੁਹਿਰਦ ਪਹੁੰਚ ਅਪਣਾ ਕੇ ਮਾਮਲੇ ਦਾ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਅੰਦਰ ਵੱਡੀ ਗਿਣਤੀ ਵਿਚ ਭਾਰਤੀ ਅਤੇ ਖ਼ਾਸਕਰ ਪੰਜਾਬੀ ਵੱਸਦੇ ਹਨ, ਜਿਨ੍ਹਾਂ 'ਤੇ ਦੋਹਾਂ ਦੇਸ਼ਾਂ ਦੇ ਵਿਗੜਦੇ ਰਿਸ਼ਤਿਆਂ ਦਾ ਅਸਰ ਪੈਣਾ ਕੁਦਰਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬੀਤੇ ਸਮੇਂ ਅੰਦਰ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲੇ ਵਿਚ ਇਕ ਦੂਜੇ ਵਿਰੁੱਧ ਦੂਸ਼ਣਬਾਜ਼ੀ ਨਹੀਂ ਸਗੋਂ ਸਿੱਟਾਮੁਖੀ ਪਹੁੰਚ ਅਪਣਾਈ ਜਾਵੇ। ਧਾਮੀ ਨੇ ਆਖਿਆ ਕਿ ਇਸ ਗੰਭੀਰ ਮਸਲੇ 'ਤੇ ਸਿਆਸਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ 'ਤੇ ਬਣਦੀ ਨਿਰਪੱਖ ਜਾਂਚ ਕਰਵਾਉਣ, ਤਾਂ ਜੋ ਸਥਿਤੀ ਸਪੱਸ਼ਟ ਹੋ ਸਕੇ।

# ਪਰਾਲੀ ਨੂੰ ਅੱਗ ਲਾਉਣ ਵਾਲਿਆਂ ਵਿਰੁੱਧ ਪ੍ਰਸ਼ਾਸਨ ਹੋਇਆ ਸਖ਼ਤ, 9 ਐੱਫ ਆਈ ਆਰ ਦਰਜ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵਲੋਂ ਪਰਾਲੀ ਨੂੰ ਅੱਗ ਲਾਏ ਜਾਣ ਤੋਂ ਰੋਕਣ ਲਈ ਜਿੱਥੇ ਵੱਡੀ ਪੱਧਰ 'ਤੇ ਪਿੰਡ-ਪਿੰਡ ਜਾ ਕੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ, ਉੱਥੇ ਹੀ ਪਰਾਲੀ ਸਾੜਨ ਵਾਲੇ ਕਿਸਾਨਾਂ ਦੇ ਚਲਾਨ ਕਰਨ ਦੇ ਨਾਲ-ਨਾਲ ਐਫ.ਆਈ.ਆਰਜ਼ ਵੀ ਦਰਜ ਕੀਤੀਆਂ ਜਾ ਰਹੀਆਂ ਹਨ।ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਪਰਾਲੀ ਨਾ ਸਾੜਨ ਲਈ ਜਿਥੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਓਥੇ ਮਾਣਯੋਗ ਸੁਪਰੀਮ ਕੋਰਟ ਅਤੇ ਮਾਣਯੋਗ ਗਰੀਨ ਟ੍ਰਿਬਿਊਨਲ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਨੂੰ ਵੀ ਸਖ਼ਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਪਰਾਲੀ ਨੂੰ ਅੱਗ ਲੱਗਣ ਦੇ ਮਾਮਲਿਆਂ ਵਿਚ ਸਖ਼ਤ ਕਾਰਵਾਈ ਕਰਦੇ ਹੋਏ ਪਿੰਡ ਵੀਲ੍ਹਾ ਤੇਜਾ ਦੇ 1 ਕਿਸਾਨ ਵਿਰੁੱਧ ਪੁਲਸ ਥਾਣਾ ਫਤਿਹਗੜ੍ਹ ਚੂੜੀਆਂ ਵਿੱਚ, ਪਿੰਡ ਰੰਗੜ ਨੰਗਲ ਦੇ 1 ਕਿਸਾਨ ਵਿਰੁੱਧ ਪੁਲਸ ਥਾਣਾ ਰੰਗੜ ਨੰਗਲ ਵਿੱਚ, ਪਿੰਡ ਧੀਰ ਤੇ ਮਰੜ ਦੇ 1-1 ਕਿਸਾਨ ਵਿਰੁੱਧ ਪੁਲਸ ਥਾਣਾ ਸਦਰ ਵਿੱਚ, ਪਿੰਡ ਸਾਰਚੂਰ ਦੇ 1 ਕਿਸਾਨ, ਪਿੰਡ ਮਾਨਸੈਂਡਵਾਲ ਦੇ 2 ਕਿਸਾਨਾਂ, ਪਿੰਡ ਖਹਿਰਾ ਕਲਾਂ ਦੇ 1 ਕਿਸਾਨ ਅਤੇ ਪਿੰਡ ਜਾਂਗਲਾ ਦੇ 1 ਕਿਸਾਨ ਵਿਰੁੱਧ ਪੁਲਸ ਥਾਣਾ ਘਣੀਏ-ਕੇ-ਬਾਂਗਰ ਵਿਖੇ ਐਫ.ਆਈ.ਆਰ ਦਰਜ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਜਾਣੂੰ ਕਰਵਾਇਆ ਗਿਆ ਹੈ ਅਤੇ ਪਰਾਲੀ ਪ੍ਰਬੰਧਨ ਲਈ ਜਿਲ੍ਹੇ ਵਿੱਚ ਲੋੜੀਦੀ ਖੇਤੀ ਮਸ਼ੀਨਰੀ ਉਪਲੱਬਧ ਹੈ ਅਤੇ ਉਸ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ ਹੈ ਅਤੇ ਲਗਾਤਾਰ ਇਹ ਮੁਹਿੰਮ ਚਲਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਵਲੋਂ ਰੋਜ਼ਾਨਾ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਸਬਸਿਡੀ ਉੱਪਰ ਮਿਲੀ ਮਸ਼ੀਨਰੀ ਦੀ ਸਹੀ ਵਰਤੋਂ ਕਰਕੇ ਪਰਾਲੀ ਦਾ ਖੇਤਾਂ ਵਿਚ ਹੀ ਨਿਪਟਾਰਾ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਪਿੰਡਾਂ ਵਿੱਚ ਪਰਾਲੀ ਦੀ ਸੰਭਾਲ ਲਈ ਬੇਲਰ ਉਪਲਬਧ ਕਰਵਾਏ ਗਏ ਹਨ ਤਾਂ ਜੋ ਪਰਾਲੀ ਨੂੰ ਗੱਠਾਂ ਬਣਾ ਕੇ ਬਾਇਲਰ ਯੂਨਿਟਾਂ ਵਿਚ ਬਾਲਣ ਦੇ ਤੌਰ 'ਤੇ ਵਰਤਿਆ ਜਾ ਸਕੇ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵਲੋਂ ਸਬਸਿਡੀ ਉੱਪਰ ਦਿੱਤੀ ਮਸ਼ੀਨਰੀ ਦਾ ਸਹੀ ਇਸਤੇਮਾਲ ਕਰਦੇ ਹੋਏ ਪਰਾਲੀ ਨੂੰ ਸਾੜਨ ਦੀ ਥਾਂ ਖੇਤਾਂ ਵਿਚ ਨਿਪਟਾਰਾ ਕਰਨ ਜਿਸ ਨਾਲ ਨਾ ਸਿਰਫ ਜ਼ਮੀਨ ਦੀ ਸਿਹਤ ਵਿਚ ਸੁਧਾਰ ਹੋਵੇਗਾ ਸਗੋਂ ਵਾਤਾਵਰਣ ਸੰਭਾਲ ਵਿਚ ਵੀ ਮਦਦ ਮਿਲੇਗੀ।


ੴ ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ॥ ੴ

ਸੇਵਾ, ਸਿਮਰਨ ਤੇ ਪਰਉਪਕਾਰ ਦੇ ਪੁੰਜ,
ਸ੍ਰੀ ਅੰਮ੍ਰਿਤਸਰ ਸ਼ਹਿਰ ਦੇ ਬਾਨੀ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ
ਹਾਰਦਿਕ ਵਧਾਈ

ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸਮੂਹ ਸੰਗਤ ਨੂੰ ਅਪੀਲ ਹੈ ਕਿ ਆਓ, ਗੁਰੂ ਸਾਹਿਬ ਦੇ ਮਹਾਨ ਜੀਵਨ ਨੂੰ ਯਾਦ ਕਰਦਿਆਂ ਆਪਣੇ ਜੀਵਨ ਅੰਦਰ ਨਿਮਰਤਾ, ਸੇਵਾ ਅਤੇ ਸਿਮਰਨ ਦਾ ਭਾਵ ਪੈਦਾ ਕਰੀਏ ਅਤੇ ਸਿੱਖ ਸਿਧਾਂਤਾਂ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣ ਦਾ ਪ੍ਰਣ ਕਰੀਏ।

-ਗੁਰੂ ਪੰਥ ਦਾ ਦਾਸ-
ਐਡਵੋਕੇਟ ਹਰਜਿੰਦਰ ਸਿੰਘ
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ।

ਜਾਰੀ ਕਰਤਾ : ਮੈਨੇਜਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।


# ਗੁਰੂ ਨਾਨਕ ਦੇਵ 'ਵਰਸਿਟੀ ਦਾ ਏ-ਜ਼ੋਨ ਯੁਵਕ ਮੇਲਾ ਆਰੰਭ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸਬੰਧਤ ਅੰਮ੍ਰਿਤਸਰ ਜ਼ਿਲ੍ਹੇ ਦੇ ਕਾਲਜਾਂ ਦਾ ਏ-ਜ਼ੋਨ ਯੁਵਕ ਮੇਲਾ ਅੱਜ ਯੂਨਵਿਰਸਿਟੀ ਦੇ ਦਸਮੇਸ਼ ਆਡੀਟੋਰੀਅਮ ਵਿਚ ਭਾਂਤ ਭਾਂਤ ਦੇ ਪਹਿਰਾਵਿਆਂ ਦੀਆਂ ਪੇਸ਼ਕਾਰੀਆਂ ਨਾਲ ਸ਼ੁਰੂ ਹੋਇਆ। ਵੱਖ ਵੱਖ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਵੱਖੋ ਵੱਖਰੇ ਪਹਿਰਾਵੇ ਪਾ ਕੇ ਆਪਣੇ ਵਿਰਸੇ, ਸੱਭਿਆਚਾਰ ਅਤੇ ਸਿਰਜਣਾਤਮਕਤਾ ਦੀਆਂ ਹੋਰ ਦਿਸ਼ਾਵਾਂ ਦਾ ਪ੍ਰਦਰਸ਼ਨ ਕੀਤ ਗਿਆ। ਫੈਸਟੀਵਲ ਦਾ ਉਦਘਾਟਨ ਡੀਨ ਵਿਦਿਆਰਥੀ ਭਲਾਈ ਪ੍ਰੋ. ਪ੍ਰੀਤ ਮਹਿੰਦਰ ਸਿੰਘ ਬੇਦੀ ਨੇ ਦੀਪ ਜਗਾ ਕੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਅਤੇ ਯੁਵਕ ਭਲਾਈ ਵਿਭਾਗ ਦੇ ਇੰਚਾਰਜ ਡਾ. ਅਮਨਦੀਪ ਸਿੰਘ ਤੋਂ ਇਲਾਵਾ ਡਾ. ਸਤਨਾਮ ਸਿੰਘ ਦਿਓਲ, ਡਾ. ਪਰਮਬੀਰ ਸਿੰਘ ਮੱਲ੍ਹੀ, ਡਾ. ਬਲਬੀਰ ਸਿੰਘ, ਡਾ. ਹਰਿੰਦਰ ਕੌਰ ਸੋਹਲ, ਡਾ. ਗੁਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਟੀਮ ਮੈਂਬਰ ਹਾਜ਼ਰ ਸਨ। ਡਾ. ਅਮਨਦੀਪ ਸਿੰਘ ਨੇ ਦੱਸਿਆ ਕਿ ਫੈਸਟੀਵਲ ਦਾ ਆਯੋਜਨ ਅਧਿਆਪਕਾਂ ਵਿਦਿਆਰਥੀਆਂ ਦੀ ਵਿਸ਼ੇਸ਼ ਟੀਮ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ ਜਿਸ ਵਿਚ ਹੋਰਨਾਂ ਤੋਂ ਇਲਾਵਾ ਡਾ. ਸਚਿਨ ਕੁਮਾਰ, ਡਾ. ਸੁਨੀਲ, ਡਾ. ਅਮਨਪ੍ਰੀਤ ਕੌਰ, ਡਾ. ਗੁਰਪ੍ਰੀਤ ਸਿੰਘ, ਡਾ. ਪ੍ਰਭਸਿਮਰਨ ਸਿੰਘ, ਡਾ. ਮੁਨੀਸ਼ ਸੈਣੀ, ਡਾ. ਉਜਲਜੀਤ ਕੌਰ, ਡਾ. ਰਾਜੇਸ਼ ਸ਼ਰਮਾ, ਡਾ. ਅਸ਼ਵਿੰਦ, ਡਾ. ਰਿਤਿਕਾ ਕਪੂਰ, ਮੈਡਮ ਜੋਬਨਜੀਤ ਕੌਰ, ਖੋਜ ਵਿਦਿਆਰਥੀ ਹਰਪ੍ਰੀਤ ਸਿੰਘ, ਤੇਜਸਵਨੀ ਸ਼ਰਮਾ, ਵਿਦਿਆਰਥੀ ਇੰਚਾਰਜ ਸ਼ਾਮਿਲ ਸਨ। ਡਾ. ਬੇਦੀ ਨੇ ਕਿਹਾ ਕਿ ਸਿੱਖਿਆ ਸਿਰਫ਼ ਗਿਆਨ ਹਾਸਲ ਕਰਨਾ ਹੀ ਨਹੀਂ, ਇਹ ਇੱਕ ਸੰਪੂਰਨ ਪ੍ਰਕਿਰਿਆ ਹੈ ਜਿਸ ਵਿਚ ਵਿਦਿਆਰਥੀ ਤਾ ਉਮਰ ਵਿਚ ਵਿਚਰਣ ਲਈ ਘੜਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਸਫ਼ਰ ਵਿੱਚ ਨੈਤਿਕਤਾ ਅਹਿਮ ਭੂਮਿਕਾ ਨਿਭਾਉਂਦੀ ਹੈ, ਜੋ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਹੋਣ ਅਤੇ ਉਨ੍ਹਾਂ ਦੇ ਅਕਾਦਮਿਕ ਅਤੇ ਨਿੱਜੀ ਜੀਵਨ ਅੱਗੇ ਵਧਣ ਲਈ ਉਨ੍ਹਾਂ ਦਾ ਮਾਰਗਦਰਸ਼ਨ ਕਰਦੀ ਹੈ। ਡਾ. ਅਮਨਦੀਪ ਸਿੰਘ ਨੇ ਦੱਸਿਆ ਕਿ ਦਸਮੇਸ਼ ਆਡੀਟੋਰੀਅਮ ਵਿੱਚ ਅੱਜ ਕਾਸਟਿਊਮ ਪਰੇਡ, ਮਾਈਮ, ਮਿਮਿਕਰੀ, ਸਕਿੱਟ ਅਤੇ ਵਨ ਐਕਟ ਪਲੇ ਦੇ ਮੁਕਾਬਲੇ ਕਰਵਾਏ ਗਏ ਅਤੇ ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਕਲਾਸੀਕਲ ਇੰਸਟਰੂਮੈਂਟਲ (ਪਰਕਸ਼ਨ), ਕਲਾਸੀਕਲ ਇੰਸਟਰੂਮੈਂਟਲ (ਨਾਨ-ਪਰਕਸ਼ਨ), ਕਲਾਸੀਕਲ ਵੋਕਲ, ਫੋਕ ਆਰਕੈਸਟਰਾ ਦਾ ਆਯੋਜਨ ਕੀਤਾ ਗਿਆ। ਆਰਕੀਟੈਕਚਰ ਵਿਭਾਗ ਦੇ ਤੀਜੇ ਮੰਚ 'ਤੇ ਪੇਂਟਿੰਗ ਆਨ ਦਾ ਸਪਾਟ, ਕਾਰਟੂਨਿੰਗ, ਕੋਲਾਜ਼, ਕਲੇ ਮਾਡਲਿੰਗ, ਆਨ ਦਾ ਸਪਾਟ ਫੋਟੋਗ੍ਰਾਫੀ ਅਤੇ ਕਾਨਫਰੰਸ ਹਾਲ ਵਿੱਚ ਇੰਸਟਾਲੇਸ਼ਨ ਅਤੇ ਕੁਇਜ਼ ਪ੍ਰੀਲਿਮਿਨਰੀ ਅਤੇ ਫਾਈਨਲ ਦੇ ਮੁਕਾਬਲੇ ਕਰਵਾਏ ਗਏ। ਵਿਦਿਆਰਥੀ ਕਲਾਕਾਰਾਂ ਨੇ ਆਪਣੀ ਪੇਸ਼ਕਾਰੀ ਰਾਹੀਂ ਆਵਾਜ਼ ਦੇ ਵੱਖ ਵੱਖ ਢੰਗ-ਤਰੀਕਿਆਂ ਵਿਚ ਆਪਣੀ ਯੋਗਤਾ ਦਾ ਕਮਾਲ ਵਿਖਾਇਆ। ਉਨ੍ਹਾਂ ਦੱਸਿਆ ਕਿ ਅੱਜ ਦੇ ਸਫਲ ਮੰਚਨ ਤੋਂ ਬਾਅਦ ਦੂਜੇ ਦਿਨ 18 ਅਕਤੂਬਰ ਨੂੰ ਸਵੇਰੇ 10 ਵਜੇ ਦਸਮੇਸ਼ ਆਡੀਟੋਰੀਅਮ ਵਿੱਚ ਵੈਸਟਰਨ ਵੋਕਲ ਸੋਲੋ, ਵੈਸਟਰਨ ਗਰੁੱਪ ਸਾਂਗ, ਵੈਸਟਰਨ ਇੰਸਟਰੂਮੈਂਟਲ ਸੋਲੋ, ਕਲਾਸੀਕਲ ਡਾਂਸ, ਗਰੁੱਪ ਡਾਂਸ ਅਤੇ ਗਿੱਧੇ ਦੇ ਮੁਕਾਬਲੇ ਕਰਵਾਏ ਜਾਣਗੇ। ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਸਮੂਹ ਸ਼ਬਦ ਭਜਨ, ਸਮੂਹ ਗੀਤ, ਗੀਤ/ਗਜ਼ਲ, ਲੋਕ ਗੀਤ, ਵਾਰ ਗਾਇਨ ਅਤੇ ਕਵੀਸ਼ਰੀ ਦੇ ਮੁਕਾਬਲੇ ਕਰਵਾਏ ਜਾਣਗੇ। ਆਰਕੀਟੈਕਚਰ ਵਿਭਾਗ ਵਿੱਚ ਰੰਗੋਲੀ, ਫੁਲਕਾਰੀ, ਮਹਿੰਦੀ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਜਾਣਗੇ ਅਤੇ ਕਾਨਫਰੰਸ ਹਾਲ ਵਿੱਚ ਪੋਇਟੀਕਲ ਸਿੰਪੋਜ਼ੀਅਮ, ਭਾਸ਼ਣ ਅਤੇ ਵਾਦ-ਵਿਵਾਦ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 19 ਅਕਤੂਬਰ ਨੂੰ ਦਸਮੇਸ਼ ਆਡੀਟੋਰੀਅਮ ਵਿੱਚ ਸਵੇਰੇ 10:00 ਵਜੇ ਭੰਗੜਾ ਮੁਕਾਬਲਾ ਕਰਵਾਇਆ ਜਾਵੇਗਾ।

# ਸਰਪੰਚ ਲਖਵਿੰਦਰ ਸਿੰਘ ਜਲਾਲਉਸਮਾ, ਗੁਰਪ੍ਰੀਤ ਸਿੰਘ ਜਲਾਲ ਤੇ ਅਮਰ ਰਾਵਤ ਸਨਮਾਨਤ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪਿਛਲੇ ਦਿਨੀਂ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਹਾਕੀ ਟੂਰਨਾਮੈਂਟ ਕਰਾਇਆ ਗਿਆ ਸੀ। ਇਸ ਮੌਕੇ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਅਤੇ ਸਮਾਜ ਸੇਵੀ ਮਾਸਟਰ ਗੁਰਪ੍ਰੀਤ ਸਿੰਘ ਰੰਧਾਵਾ ਜਲਾਲ ਉਸਮਾ ਅਤੇ ਪ੍ਰਧਾਨ ਅਮਰ ਰਾਵਤ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਉਲੰਪੀਅਨ ਖਿਡਾਰੀ ਜਰਮਨਜੀਤ ਸਿੰਘ ਬੱਲ, ਕਾਲਜ ਦੇ ਪ੍ਰਿੰਸੀਪਲ ਜਤਿੰਦਰ ਕੁਮਾਰ, ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ, ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਕਾਲਾ ਸਰਪੰਚ ਆਦਿ ਪਤਵੰਤੇ ਹਾਜ਼ਰ ਸਨ।

ਨਵਾਂ ਜ਼ਮਾਨਾ
ਸ਼ਨੀਵਾਰ, 19 ਅਕਤੂਬਰ 2024

# ਸੂਰਤ ਬਦਲੀ, ਸੀਰਤ ਕਦੋਂ ਬਦਲੇਗੀ ?

ਆਜ਼ਾਦੀ ਤੋਂ ਬਾਅਦ ਸੁਪਰੀਮ ਕੋਰਟ ਕੰਪਲੈਕਸ 'ਚ ਯੂਰਪੀ ਸ਼ੈਲੀ 'ਚ ਨਿਆਂ ਦੀ ਦੇਵੀ ਦੀ ਉਹੀ ਮੂਰਤੀ ਸਥਾਪਤ ਕੀਤੀ ਗਈ ਸੀ, ਜਿਸ ਦੀ ਮੂਲ ਧਾਰਨਾ ਰੋਮਨ ਸੱਭਿਅਤਾ ਦੀ ਰਹੀ ਹੈ। ਅਰਥਾਤ, ਇਕ ਰੋਅਬਦਾਰ ਦੇਵੀ ਦੇ ਸੱਜੇ ਹੱਥ 'ਚ ਨਿਆਂ ਦੀ ਤੱਕੜੀ ਤੇ ਖੱਬੇ ਹੱਥ 'ਚ ਤਲਵਾਰ। ਦੇਵੀ ਦੀਆਂ ਅੱਖਾਂ 'ਤੇ ਪੱਟੀ ਦਾ ਅਰਥ ਇਹ ਸੀ ਕਿ ਉਹ ਬਿਨਾਂ ਪੱਖਪਾਤ ਦੇ ਨਿਆਂ ਦੇਵੇਗੀ। ਹਾਲਾਂਕਿ ਦੇਵੀ ਦੀਆਂ ਅੱਖਾਂ 'ਤੇ ਪੱਟੀ ਦੇ ਕਈ ਅਰਥ ਕੱਢੇ ਜਾਂਦੇ ਰਹੇ ਹਨ, ਜਿਸ ਵਿਚ ਇਕ ਨਿਰਪੱਖ ਨਿਆਂ ਦੀ ਥਾਂ ਕਾਨੂੰਨ ਦੇ ਅੰਨ੍ਹਾ ਹੋਣ ਨਾਲ ਵੀ ਹੈ। ਇਹੀ ਕਾਰਨ ਹੈ ਕਿ ਯੂਨਾਨ ਤੇ ਰੋਮਨ ਸੰਸਕ੍ਰਿਤੀ ਦੇ ਵਾਰਸ ਯੂਰਪ ਦੇ ਕੁਝ ਦੇਸ਼ਾਂ ਵਿਚ ਨਿਆਂ ਦੀ ਦੇਵੀ ਦੀਆਂ ਅੱਖਾਂ ਤੋਂ ਪੱਟੀ ਹਟਾ ਦਿੱਤੀ ਗਈ ਹੈ। ਖ਼ੁਦ ਰੋਮਨ ਵਿਚ ਨਿਆਂ ਦੀ ਦੇਵੀ ਦੇ ਇਕ ਹੱਥ 'ਚ ਤਲਵਾਰ ਦੀ ਥਾਂ ਪੁਸਤਕ ਦਿਖਾਈ ਗਈ ਹੈ। ਹੋ ਸਕਦਾ ਹੈ ਕਿ ਸੁਪਰੀਮ ਕੋਰਟ ਵਿਚ ਪਿਛਲੇ ਦਿਨੀਂ ਸਥਾਪਤ ਨਵੀਂ ਮੂਰਤੀ ਦੇ ਪਿੱਛੇ ਕਲਪਨਾ ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਵੀ ਇਹੀ ਰਹੀ ਹੋਵੇ। ਨਵੀਂ ਦੇਵੀ ਰੋਮਨ ਇਸਤਰੀਆਂ ਵਾਂਗ ਟਿਊਨਿਕ ਦੀ ਥਾਂ ਸਾੜ੍ਹੀ ਪਹਿਨੇ ਹੋਏ ਹੈ। ਪੱਟੀ ਹਟਾ ਦਿੱਤੀ ਗਈ ਹੈ ਤੇ ਉਸ ਦੀਆਂ ਅੱਖਾਂ ਸਪੱਸ਼ਟ ਰੂਪ 'ਚ ਦੁਨੀਆ ਦੇਖ ਰਹੀਆਂ ਹਨ ਅਤੇ ਇਕ ਹੱਥ 'ਚ ਤੱਕੜੀ ਤੇ ਦੂਜੇ ਹੱਥ ਵਿਚ ਤਲਵਾਰ ਦੀ ਥਾਂ ਰਾਸ਼ਟਰੀ ਗ੍ਰੰਥ 'ਸੰਵਿਧਾਨ' ਫੜਾ ਦਿੱਤਾ ਗਿਆ ਹੈ। ਇਹ ਸੰਦੇਸ਼ ਦੇਣ ਦੀ ਕੋਸ਼ਿਸ਼ ਕੀਤੀ ਗਈ ਹੈ ਕਿ ਨਿਆਂ ਦੀ ਦੇਵੀ ਦੀ ਪ੍ਰਤੀਬੱਧਤਾ ਸੰਵਿਧਾਨ ਦੀ ਭਾਵਨਾ ਮੁਤਾਬਕ ਸਾਰਿਆਂ ਨੂੰ ਨਿਰਪੱਖ ਨਿਆਂ ਦੇਣ ਦੀ ਹੈ।

ਜਜ਼ਬਾਤੀ ਤੌਰ 'ਤੇ ਨਿਆਂ ਦੀ ਦੇਵੀ ਦਾ ਰੂਪ ਬਦਲਣ ਦੀ ਕੋਸ਼ਿਸ਼ ਚੰਗੀ ਲਗਦੀ ਹੈ, ਪਰ ਦੇਸ਼ ਵਿਚ ਨਿਆਂ ਦੀ ਜੋ ਹਾਲਤ ਹੈ, ਉਸ ਤੋਂ ਨਹੀਂ ਲਗਦਾ ਕਿ ਨਿਆਂ ਮਿਲਣ 'ਚ ਤੇਜ਼ੀ ਆਵੇਗੀ। ਭਾਰਤ ਸਰਕਾਰ ਨੇ ਲੋਕ ਸਭਾ 'ਚ 23 ਜੁਲਾਈ 2023 ਨੂੰ ਦੱਸਿਆ ਸੀ ਕਿ ਹੇਠਲੀਆਂ ਅਦਾਲਤਾਂ 'ਚ 5388 ਜੱਜਾਂ ਦੇ ਅਹੁਦੇ ਖਾਲੀ ਹਨ। 25246 ਜੱਜ ਲੋੜੀਂਦੇ ਹਨ, ਪਰ 19858 ਕੰਮ ਕਰ ਰਹੇ ਹਨ। ਇਨ੍ਹਾਂ ਦੀ ਨਿਯੁਕਤੀ ਰਾਜ ਸਰਕਾਰਾਂ ਨੇ ਕਰਨੀ ਹੁੰਦੀ ਹੈ, ਪਰ ਸਿਆਸੀ ਗਿਣਤੀਆਂ-ਮਿਣਤੀਆਂ ਤੇ ਜੋੜ-ਤੋੜ ਕਾਰਨ ਅਹੁਦੇ ਭਰੇ ਨਹੀਂ ਜਾ ਰਹੇ। ਸੁਪਰੀਮ ਕੋਰਟ ਦੇ ਜੱਜਾਂ ਦੀ ਗਿਣਤੀ ਪੂਰੀ ਹੋ ਗਈ ਹੈ, ਪਰ ਹਾਈ ਕੋਰਟਾਂ ਦੇ 327 ਜੱਜਾਂ ਦੇ ਅਹੁਦੇ ਅਜੇ ਵੀ ਖਾਲੀ ਹਨ। ਇਕ ਪਾਸੇ ਜੱਜਾਂ ਦੀ ਟੋਟ ਹੈ, ਦੂਜੇ ਪਾਸੇ ਮੁਕੱਦਮਿਆਂ ਦਾ ਅੰਬਾਰ ਵਧਦਾ ਜਾ ਰਿਹਾ ਹੈ। ਹੇਠਲੀਆਂ ਅਦਾਲਤਾਂ 'ਚ ਪੰਜ ਕਰੋੜ 10 ਲੱਖ ਮੁਕੱਦਮੇ ਪੈਂਡਿੰਗ ਹਨ। ਇਕੱਲੀ ਸੁਪਰੀਮ ਕੋਰਟ 'ਚ ਹੀ 82 ਹਜ਼ਾਰ ਪੈਂਡਿੰਗ ਹਨ, ਜਦਕਿ ਹਾਈ ਕੋਰਟਾਂ 'ਚ 58 ਲੱਖ 62 ਹਜ਼ਾਰ ਮੁਕੱਦਮੇ ਪੈਂਡਿੰਗ ਹਨ। ਦੇਸ਼ ਵਿਚ ਇਕ ਲੱਖ 80 ਹਜ਼ਾਰ ਮਾਮਲੇ ਅਜਿਹੇ ਹਨ, ਜਿਹੜੇ 30 ਸਾਲ ਤੋਂ ਚੱਲ ਰਹੇ ਹਨ। ਨੀਤੀ ਆਯੋਗ ਨੇ 2018 ਵਿਚ ਇਕ ਰਿਪੋਰਟ 'ਚ ਕਿਹਾ ਸੀ ਕਿ ਜੇ ਸੁਣਵਾਈ ਇਸੇ ਤਰ੍ਹਾਂ ਹੁੰਦੀ ਰਹੀ ਤਾਂ ਸਾਰੇ ਪੈਂਡਿੰਗ ਮਾਮਲਿਆਂ ਨੂੰ ਨਿਪਟਾਉਣ 'ਚ 324 ਸਾਲ ਲੱਗ ਜਾਣਗੇ। ਨਿਆਂ ਦੇ ਨਿਰਪੱਖ ਹੋਣ ਦੇ ਨਾਲ ਹੀ ਇਹ ਵੀ ਜ਼ਰੂਰੀ ਹੈ ਕਿ ਉਹ ਵੇਲੇ ਸਿਰ ਮਿਲੇ, ਵਰਨਾ ਉਹ ਕਿੰਨਾ ਵੀ ਨਿਰਪੱਖ ਕਿਉਂ ਨਾ ਹੋਵੇ, ਕਿਸੇ ਕੰਮ ਦਾ ਨਹੀਂ ਰਹਿੰਦਾ। ਅੱਜ ਭਾਰਤ 'ਚ 10 ਲੱਖ ਦੀ ਆਬਾਦੀ ਪਿੱਛੇ ਔਸਤਨ 21 ਜੱਜ ਕੰਮ ਕਰ ਰਹੇ ਹਨ, ਜਦਕਿ ਯੂਰਪ ਵਿਚ 210 ਤੇ ਅਮਰੀਕਾ 'ਚ 150 ਕਰ ਰਹੇ ਹਨ। ਜੇ ਅਮਰੀਕਾ ਦੇ ਪੈਮਾਨੇ 'ਤੇ ਵੀ ਚੱਲੀਏ ਤਾਂ 145 ਕਰੋੜ ਦੀ ਆਬਾਦੀ ਵਾਲੇ ਦੇਸ਼ ਦੇ ਪੈਂਡਿੰਗ ਮਾਮਲਿਆਂ ਦੇ ਨਿਬੇੜੇ ਲਈ 2 ਲੱਖ 17 ਹਜ਼ਾਰ ਜੱਜ ਚਾਹੀਦੇ ਹਨ। ਸੁਪਰੀਮ ਕੋਰਟ ਵਿਚ ਨਿਆਂ ਦੀ ਦੇਵੀ ਦੀ ਸੂਰਤ ਤਾਂ ਬਦਲ ਦਿੱਤੀ ਗਈ ਹੈ, ਪਰ ਨਿਆਂ ਪ੍ਰਣਾਲੀ ਦੀ ਸੀਰਤ ਉਦੋਂ ਹੀ ਬਦਲੇਗੀ, ਜਦੋਂ ਜੱਜਾਂ ਦੇ ਸਾਰੇ ਅਹੁਦੇ ਭਰੇ ਜਾਣਗੇ ਤੇ 'ਤਾਰੀਖ ਪਰ ਤਾਰੀਖ' ਦਾ ਸਿਲਸਿਲਾ ਖਤਮ ਹੋਵੇਗਾ।

## ਪਾਠਕ ਸੱਥ

### ਨਕਲੀ ਸ਼ਰਾਬ 'ਤੇ ਸ਼ਿਕੰਜਾ

ਬਿਹਾਰ ਵਿਚ ਨਕਲੀ ਸ਼ਰਾਬ ਪੀਣ ਕਰਕੇ ਚਾਰ ਵਿਅਕਤੀਆਂ ਦੀ ਮੌਤ ਨੇ ਇੱਕ ਵਾਰ ਫ਼ਿਰ ਨਕਲੀ ਸ਼ਰਾਬ ਦੇ ਕਾਲੇ ਧੰਦੇ ਨੂੰ ਉਜਾਗਰ ਕਰਕੇ ਸਰਕਾਰ ਦੀਆਂ ਸ਼ਰਾਬਬੰਦੀ ਅਤੇ ਜ਼ਹਿਰੀਲੇ ਸ਼ਰਾਬ ਦੇ ਕਾਰੋਬਾਰ ਨੂੰ ਠੱਲ੍ਹ ਪਾਉਣ ਵਾਲੀਆਂ ਨੀਤੀਆਂ ਦੀ ਅਸਫ਼ਲਤਾ 'ਤੇ ਪ੍ਰਸ਼ਨ ਚਿੰਨ ਲਗਾ ਦਿੱਤਾ ਹੈ। ਸ਼ਰਾਬ ਇੱਕ ਅਜਿਹਾ ਪਦਾਰਥ ਹੈ, ਜਿਸ ਨੂੰ ਪੰਜਾਬ ਦਾ ਇਕ ਸਾਬਕਾ ਸਿਹਤ ਮੰਤਰੀ ਤਾਂ ਨਸ਼ਾ ਨਹੀਂ ਸੀ ਮੰਨਦਾ। ਜ਼ਹਿਰੀਲੀ ਸ਼ਰਾਬ ਪੀਣ ਨਾਲ਼ ਬੀਤੇ ਕੁਝ ਮਹੀਨੇ ਪਹਿਲਾਂ ਪੰਜਾਬ ਵਿੱਚ ਵੀ ਹੋਈਆਂ ਮੌਤਾਂ ਦੀ ਖ਼ਬਰ ਨੇ ਸਰਕਾਰ ਦੀਆਂ ਨਸ਼ਾ ਰੋਕਣ ਵਿੱਚ ਨਾਕਾਮ ਨੀਤੀਆਂ ਨੂੰ ਉਜ਼ਾਗਰ ਕੀਤਾ ਸੀ। ਜਦੋਂ ਕੋਈ ਅਜਿਹੀ ਘਟਨਾ ਵਾਪਰਦੀ ਹੈ ਤਾਂ ਪ੍ਰਸ਼ਾਸਨ ਗੂੜ੍ਹੀ ਨੀਂਦ ਵਿੱਚੋਂ ਜਾਗ ਉੱਠਦਾ ਹੈ ਅਤੇ ਜਾਂਚ ਲਈ ਟਾਸਕ ਫੋਰਸ ਵੀ ਬਣਾ ਕੇ ਖ਼ਾਨਾਪੂਰਤੀ ਕਰ ਦਿੰਦਾ ਹੈ। ਇਸ ਟਾਸਕ ਫੋਰਸ ਦਾ ਨਤੀਜਾ ਜ਼ੀਰੋ ਅਤੇ ਸਮੱਸਿਆ ਦਾ ਪਰਨਾਲਾ ਉਥੇ ਦਾ ਉਥੇ ਹੀ ਰਹਿੰਦਾ ਹੈ। ਪਹਿਲਾਂ ਪੰਜਾਬ ਵਿੱਚ ਅਤੇ ਹੁਣ ਬਿਹਾਰ ਵਿਚ ਜ਼ਹਿਰੀਲੀ ਸ਼ਰਾਬ ਨਾਲ਼ ਹੋਈਆਂ ਮੌਤਾਂ ਇਸ ਗੱਲ਼ ਦੀ ਸ਼ਾਹਦੀ ਭਰਦੀਆਂ ਹਨ ਕਿ ਸ਼ਰਾਬ ਦੇ ਨਾਂਅ 'ਤੇ ਜ਼ਹਿਰ ਪਰੋਸਣ ਵਾਲਿਆਂ ਦੇ ਹੌਸਲੇ ਬੁਲੰਦ ਹਨ। ਉਹ ਕੁਝ ਸਮੇਂ ਲਈ ਕਾਰੋਬਾਰ ਠੱਪ ਕਰ ਦਿੰਦੇ ਹਨ, ਪਰੰਤੂ ਬੰਦ ਨਹੀਂ ਕਰਦੇ। ਸਮੇਂ-ਸਮੇਂ 'ਤੇ ਹੋਣ ਵਾਲੀਆਂ ਮੌਤਾਂ ਇਹ ਸੱਚ ਉਜ਼ਾਗਰ ਕਰਦੀਆਂ ਹਨ ਕਿ ਸਰਕਾਰ ਅਤੇ ਪ੍ਰਸ਼ਾਸਨ ਦੀਆਂ ਨੀਤੀਆਂ ਨਕਲ਼ੀ ਸ਼ਰਾਬ ਦੇ ਧੰਦੇ ਦੀਆਂ ਜੜ੍ਹਾਂ ਪੁੱਟਣ ਵਿੱਚ ਨਾਕਾਮ ਰਹੀਆਂ ਹਨ।ਸਰਕਾਰ ਦੀਆਂ ਕਾਰਗੁਜ਼ਾਰੀਆਂ ਹੀ ਦੇਖੀ ਜਾਣਾ ਇਸ ਸਮੱਸਿਆ ਦਾ ਹੱਲ ਨਹੀਂ।ਸਮਾਜਿਕ ਸੰਸਥਾਵਾਂ ਅਤੇ ਕਾਰਕੁਨਾਂ ਦੇ ਨਾਲ-ਨਾਲ ਹਰ ਇੱਕ ਵਿਅਕਤੀ ਦਾ ਇਹ ਫਰਜ਼ ਬਣਦਾ ਹੈ ਕਿ ਉਹ ਸ਼ਰਾਬ ਦੇ ਨਾਲ-ਨਾਲ ਸਮਾਜ਼ ਨੂੰ ਖੋਖਲਾ ਕਰ ਰਹੇ ਹੋਰ ਨਸ਼ਿਆਂ ਵਿਰੁੱਧ ਵੀ ਆਵਾਜ਼ ਬੁਲੰਦ ਕਰਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਵਿੱਚ ਆਪਣਾ ਬਣਦਾ ਯੋਗਦਾਨ ਪਾਵੇ।

-ਰਜਵਿੰਦਰ ਪਾਲ ਸ਼ਰਮਾ, ਸੰਪਰਕ : 70873-67969

### ਲਾਪਰਵਾਹੀ ਛੱਡੋ !

ਅੱਜ ਹਰੇਕ ਵਿਅਕਤੀ ਕੋਲ ਇੱਧਰ-ਉੱਧਰ ਜਾਣ ਲਈ ਆਪਣੇ ਵਾਹਨ ਜ਼ਰੂਰ ਹਨ, ਜਿਨ੍ਹਾਂ ਦੀ ਵਰਤੋਂ ਉਹ ਲੋੜ ਤੋਂ ਜ਼ਿਆਦਾ ਕਰ ਰਹੇ ਹਨ। ਆਪਣੇ ਛੋਟੇ-ਮੋਟੇ ਕੰਮਾਂ ਲਈ ਜਾਂ ਥੋੜ੍ਹੀ ਦੂਰੀ ਤੱਕ ਜਾਣ ਲਈ ਵੀ ਕਾਫ਼ੀ ਲੋਕ ਵਾਹਨਾਂ 'ਤੇ ਨਿਰਭਰ ਰਹਿੰਦੇ ਹਨ। ਇਸੇ ਤਰ੍ਹਾਂ ਵਾਹਨਾਂ ਦੀ ਵਧੇਰੇ ਵਰਤੋਂ ਨਾਲ ਟਰੈਫਿਕ ਵਿੱਚ ਬਹੁਤ ਵਾਧਾ ਹੋਇਆ ਹੈ, ਜੋ ਸੜਕ ਹਾਦਿਆਂ ਦਾ ਕਾਰਨ ਬਣ ਰਿਹਾ ਹੈ। ਰੋਜ਼ਾਨਾ ਬਹੁਤ ਸਾਰੇ ਸੜਕ ਹਾਦਸਿਆਂ ਦੇ ਮਾਮਲੇ ਸਾਹਮਣੇ ਆਉਂਦੇ ਹਨ। ਇਹ ਹਾਦਸੇ ਹੁਣ ਆਮ ਜਿਹੀ ਗੱਲ ਬਣ ਗਏ ਹਨ। ਇਹ ਬਹੁਤ ਭਿਆਨਕ ਹੁੰਦੇ ਹਨ, ਕਿਉਂਕਿ ਇਨ੍ਹਾਂ ਵਿੱਚ ਕਈ ਵਿਅਕਤੀ ਤਾਂ ਗੰਭੀਰ ਜ਼ਖ਼ਮੀ ਹੁੰਦੇ ਹਨ, ਪਰ ਕੁਝ ਮੌਤ ਦਾ ਸ਼ਿਕਾਰ ਵੀ ਬਣ ਜਾਂਦੇ ਹਨ। ਇਨ੍ਹਾਂ ਹਾਦਸਿਆਂ ਦੇ ਮੁੱਖ ਕਾਰਨ ਹਨ ਟਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨਾ, ਤੇਜ਼ ਰਫਤਾਰ ਨਾਲ ਵਾਹਨ ਚਲਾਉਣਾ, ਉਸ ਨੂੰ ਚਲਾਉਂਦੇ ਸਮੇਂ ਮੋਬਾਇਲ ਫੋਨ ਦਾ ਇਸਤੇਮਾਲ ਕਰਨਾ ਤੇ ਨਸ਼ੇ ਦੀ ਹਾਲਤ 'ਚ ਵਾਹਨ ਚਲਾਉਣਾ। ਕੁਝ ਹੋਰ ਕਾਰਨ ਵੀ ਹੋ ਸਕਦੇ ਹਨ, ਜਿਵੇਂ ਕਿ ਅਵਾਰਾ ਪਸ਼ੂਆਂ ਦਾ ਇਕਦਮ ਵਾਹਨ ਦੇ ਅੱਗੇ ਆ ਜਾਣਾ, ਸੜਕਾਂ ਦਾ ਤੰਗ ਹੋਣਾ, ਰਾਤ ਦੇ ਸਮੇਂ ਸੜਕਾਂ 'ਤੇ ਲਾਈਟਾਂ ਦਾ ਬੰਦੋਬਸਤ ਨਾ ਹੋਣਾ। ਇਹ ਛੋਟੀਆਂ-ਮੋਟੀਆਂ ਗੱਲਾਂ ਅਕਸਰ ਵੱਡੇ ਹਾਦਸਿਆਂ ਦਾ ਕਾਰਨ ਬਣ ਜਾਂਦੀਆਂ ਹਨ।

-ਜਸ਼ਨਪ੍ਰੀਤ ਸਿੰਘ ਫਿਰੋਜ਼ਪੁਰੀਏ।

# ਜੰਮੂ-ਕਸ਼ਮੀਰ ਦੇ ਲੋਕਾਂ ਧਰਮ ਨਿਰਪੱਖਤਾ ਤੇ ਲੋਕਤੰਤਰ ਦੇ ਹੱਕ 'ਚ ਵੋਟ ਦਿੱਤੇ


ਅਮਰਜੀਤ ਕੌਰ

ਜੰਮੂ-ਕਸ਼ਮੀਰ ਵਿੱਚ ਚੋਣ ਨਤੀਜੇ ਧਰਮ ਨਿਰਪੱਖ ਲੋਕਤੰਤਰ ਦੇ ਹੱਕ ਵਿੱਚ ਕਸ਼ਮੀਰੀ ਲੋਕਾਂ ਦੇ ਛੇਤੀ ਤੋਂ ਛੇਤੀ ਰਾਜ ਦਾ ਦਰਜਾ ਪ੍ਰਾਪਤ ਕਰਨ ਦੀ ਮਜ਼ਬੂਤ ਇੱਛਾ, ਆਪਣੇ ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਲਈ ਬਿਹਤਰ ਜੀਵਨ ਦੀਆਂ ਸੰਭਾਵਨਾਵਾਂ ਲਈ ਆਪਣੀ ਮਦਦ ਕਰਨ ਲਈ ਅੱਗੇ ਵਧਣ ਦੇ ਸੰਕਲਪ ਨੂੰ ਦਰਸਾਉਂਦੇ ਹਨ। ਭਾਜਪਾ-ਆਰ ਐੱਸ ਐੱਸ ਦੇ ਗਠਜੋੜ ਵਾਲੀ ਕੇਂਦਰ ਸਰਕਾਰ ਵੱਲੋਂ ਰਾਜ ਵਿੱਚ ਧਰਮ ਨਿਰਪੱਖਤਾ ਅਤੇ ਜਮਹੂਰੀਅਤ ਨੂੰ ਨੁਕਸਾਨ ਪਹੁੰਚਾਉਣ ਲਈ ਭਾਰਤੀ ਸੰਵਿਧਾਨ ਵਿੱਚ ਦਰਜ ਰਾਜਾਂ ਦੇ ਸੰਘ ਦੇ ਸੰਕਲਪ ਵਜੋਂ ਸੰਘਵਾਦ ਨੂੰ ਨੁਕਸਾਨ ਪਹੁੰਚਾਉਣ ਲਈ ਵੰਡਵਾਦੀ ਰਾਜਨੀਤੀ ਨੂੰ ਹੱਲਾਸ਼ੇਰੀ ਦੇ ਕੇ ਵਰਤਿਆ ਜਾ ਰਿਹਾ ਹੈ। ਰਾਜ ਵਿਧਾਨ ਸਭਾ ਅਤੇ ਜੰਮੂ-ਕਸ਼ਮੀਰ ਦੇ ਆਮ ਲੋਕਾਂ ਨੂੰ ਭਰੋਸੇ ਵਿੱਚ ਲਏ ਬਿਨਾਂ ਧਾਰਾ 370 ਨੂੰ ਰੱਦ ਕਰਨਾ ਸਾਰੇ ਕਸ਼ਮੀਰੀਆਂ ਦਾ ਅਪਮਾਨ ਸੀ ਅਤੇ ਉਨ੍ਹਾਂ ਨੂੰ ਗੈਰ-ਭਰੋਸੇਯੋਗ ਨਾਗਰਿਕ ਸਮਝ ਕੇ ਉਨ੍ਹਾਂ ਦੇ ਸਵੈ-ਮਾਣ ਨੂੰ ਬਹੁਤ ਨੁਕਸਾਨ ਪਹੁੰਚਾਇਆ ਗਿਆ ਸੀ। ਬਾਅਦ ਵਿੱਚ ਸੂਬੇ ਦਾ ਰਾਜ ਦਾ ਦਰਜਾ ਵੀ ਰੱਦ ਕਰ ਦਿੱਤਾ ਗਿਆ ਅਤੇ ਰਾਜ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਬਦਲ ਦਿੱਤਾ ਗਿਆ।

ਕਸ਼ਮੀਰੀਆਂ ਨੇ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦੀਆਂ ਕਰਤੂਤਾਂ ਦਾ ਜਵਾਬ ਵੋਟਾਂ ਰਾਹੀਂ ਦਿੱਤਾ। ਇਹ ਭਾਜਪਾ ਦੀਆਂ ਧਰਮ ਨਿਰਪੱਖ ਵੋਟਾਂ ਨੂੰ ਕੱਟਣ ਲਈ ਕਈ ਕਿਸਮ ਦੀਆਂ ਤਾਕਤਾਂ ਅਤੇ ਸਮੂਹਾਂ ਨੂੰ ਉਤਸ਼ਾਹਤ ਕਰਨ ਦੀਆਂ ਵੱਖ-ਵੱਖ ਰਣਨੀਤੀਆਂ ਦੇ ਬਾਵਜੂਦ ਅਤੇ ਚੋਣ ਕਮਿਸ਼ਨ ਵੱਲੋਂ ਹੇਰਾਫੇਰੀ ਕਰਨ ਦੇ ਬਾਵਜੂਦ ਹੋਇਆ।

ਅਸੀਂ ਜੰਮੂ-ਕਸ਼ਮੀਰ ਦੇ ਲੋਕਾਂ ਦੀਆਂ ਇੱਛਾਵਾਂ ਅਤੇ ਜੰਮੂ-ਕਸ਼ਮੀਰ ਨੂੰ ਰਾਜ ਦਾ ਦਰਜਾ ਜਲਦੀ ਬਹਾਲ ਕਰਨ ਅਤੇ ਜਮਹੂਰੀਅਤ ਦੀਆਂ ਜੜ੍ਹਾਂ ਨੂੰ ਮਜ਼ਬੂਤ ਕਰਨ, ਭਾਰਤੀ ਸੰਵਿਧਾਨ ਵਿੱਚ ਵਿਸ਼ਵਾਸ ਅਤੇ ਰੁਜ਼ਗਾਰ ਅਤੇ ਰੋਜ਼ੀ-ਰੋਟੀ ਦੇ ਮੁੱਦਿਆਂ ਬਾਬਤ ਅਗਲੇ ਕਦਮਾਂ ਲਈ ਉਨ੍ਹਾਂ ਦੇ ਨਾਲ ਖੜ੍ਹੇ ਹਾਂ।

ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਕਸ਼ਮੀਰ ਦੇ ਲੋਕਾਂ ਨੇ ਦੇਸ਼ ਦੀ ਆਜ਼ਾਦੀ ਲਈ ਬਰਤਾਨਵੀ ਸ਼ਾਸਨ ਨਾਲ ਲੜਾਈ ਲੜੀ ਸੀ ਅਤੇ ਉਹ ਜੰਮੂ-ਕਸ਼ਮੀਰ ਦੇ ਆਜ਼ਾਦ ਭਾਰਤੀ ਗਣਰਾਜ ਵਿੱਚ ਰਲੇਵੇਂ ਲਈ ਫੈਸਲਾ ਕਰਨ ਅਤੇ ਮਹਾਰਾਜਾ ਹਰੀ ਸਿੰਘ ਅੱਗੇ ਆਪਣੀ ਮੰਗ ਰੱਖਣ ਵਾਲੇ ਪਹਿਲੇ ਲੋਕਾਂ ਵਿੱਚੋਂ ਸਨ। ਉਨ੍ਹਾਂ ਸਿਰਫ਼ ਮੰਗ ਹੀ ਨਹੀਂ ਉਠਾਈ, ਸਗੋਂ ਇਸ ਲਈ ਅੰਦੋਲਨ ਵੀ ਕੀਤਾ। ਕਸ਼ਮੀਰੀਆਂ ਨੇ ਕਸ਼ਮੀਰ ਦੀ ਰੱਖਿਆ ਵਿੱਚ ਕਬਾਇਲੀਆਂ ਅਤੇ ਪਾਕਿਸਤਾਨੀ ਫੌਜਾਂ ਨਾਲ ਚੱਟਾਨ ਵਾਂਗ ਲੜਦੇ ਹੋਏ ਭਾਰਤੀ ਫੌਜਾਂ ਦੇ ਪਹੁੰਚਣ ਤੱਕ ਇਸ ਸੰਘਰਸ਼ ਦੀ ਅਗਵਾਈ ਕਰਨ ਲਈ ਸ਼ੇਖ ਅਬਦੁੱਲਾ ਦੀ ਪਾਰਟੀ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਨਾਲ ਮਿਲ ਕੇ ਲੜਾਈ ਲੜੀ। ਇਤਿਹਾਸ ਗਵਾਹ ਹੈ ਕਿ ਇਸ ਪਿਛੋਕੜ ਵਿੱਚ ਹੀ ਸੰਵਿਧਾਨ ਵਿੱਚ ਧਾਰਾ 370 ਦੇ ਸ਼ਾਮਲ ਹੋਣ ਨਾਲ ਮਹਾਰਾਜਾ ਹਰੀ ਸਿੰਘ ਦੇ ਸਮੁੱਚੇ ਰਾਜ ਦਾ ਰਲੇਵਾਂ ਹੋ ਗਿਆ ਸੀ।

ਕਸ਼ਮੀਰ ਦੇ ਲੋਕਾਂ ਦੀ ਸਿਆਣਪ ਅਤੇ ਵਚਨਬੱਧਤਾ ਨੂੰ ਵਾਰ-ਵਾਰ ਪਰਖਿਆ ਗਿਆ ਅਤੇ ਬਾਕੀ ਦਾ ਇਤਿਹਾਸ ਕਸ਼ਮੀਰੀਆਂ ਦੀ ਨਿਰਾਸ਼ਾ ਅਤੇ ਬੇਗਾਨਗੀ ਵੱਲ ਲੈ ਜਾਂਦਾ ਹੈ।

ਕੇਂਦਰ ਵਿੱਚ ਭਾਜਪਾ ਦੇ ਸ਼ਾਸਨ ਨੇ ਆਮ ਨੌਜਵਾਨਾਂ ਨੂੰ ਵੱਖਵਾਦੀ ਅਤੇ ਦਹਿਸ਼ਤਗਰਦ ਦੱਸ ਕੇ ਸਥਿਤੀ ਨੂੰ ਅਤਿਅੰਤ ਵਿਗਾੜ ਦਿੱਤਾ। ਧਾਰਾ 370 ਨੂੰ ਅਚਾਨਕ ਖਤਮ ਕਰਨਾ, ਘਾਟੀ ਵਿੱਚ ਲਗਾਇਆ ਗਿਆ ਕਰਫਿਊ, ਨੇਤਾਵਾਂ ਤੇ ਆਮ ਨਾਗਰਿਕਾਂ, ਵੱਡੀ ਗਿਣਤੀ ਵਿੱਚ ਨੌਜਵਾਨਾਂ ਦੀਆਂ ਗ੍ਰਿਫਤਾਰੀਆਂ ਅਤੇ ਫਿਰ ਮੀਡੀਆ 'ਤੇ ਹਮਲੇ ਨੇ ਲੋਕਾਂ ਨੂੰ ਹੈਰਾਨ ਕਰ ਦਿੱਤਾ। ਭਾਰਤ ਦੇ ਬਾਕੀ ਹਿੱਸੇ ਵਿੱਚ ਵਿਦਿਆਰਥੀਆਂ ਅਤੇ ਹੋਰ ਕਸ਼ਮੀਰੀਆਂ ਨੂੰ ਲੰਮੇ ਸਮੇਂ ਤੱਕ ਆਪਣੇ ਪਰਵਾਰਾਂ ਕੋਲ ਵਾਪਸ ਨਹੀਂ ਜਾਣ ਦਿੱਤਾ ਗਿਆ। ਉਸ ਵੇਲੇ ਇੱਥੇ ਕੋਈ ਇੰਟਰਨੈੱਟ ਜਾਂ ਫੋਨ ਕੰਮ ਨਹੀਂ ਕਰ ਰਹੇ ਸਨ ਅਤੇ ਪਰਵਾਰ ਬਹੁਤ ਜ਼ਿਆਦਾ ਚਿੰਤਾਵਾਂ ਵਿੱਚੋਂ ਲੰਘ ਰਹੇ ਸਨ। ਕਸ਼ਮੀਰੀ ਲੋਕ ਜੋ ਤਕਲੀਫ਼ਾਂ ਵਿੱਚੋਂ ਗੁਜ਼ਰ ਰਹੇ ਸਨ, ਇਹ ਕਲਪਨਾ ਤੋਂ ਪਰੇ ਹੈ। ਫਿਰ ਅਚਾਨਕ ਰਾਜ ਦਾ ਦਰਜਾ ਖੋਹ ਕੇ ਇਸ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣਾ ਅਗਲਾ ਝਟਕਾ ਸੀ। ਜੰਮੂ ਖੇਤਰ ਦੇ ਲੋਕ ਵੀ ਚਿੰਤਾ ਅਤੇ ਦਰਦ ਵਿੱਚ ਸਨ।

ਕਿਰਤੀ ਲੋਕਾਂ ਨੂੰ ਰੋਜ਼ੀ-ਰੋਟੀ ਦੇ ਨੁਕਸਾਨ, ਗਰੀਬੀ ਵਧਣ, ਬੱਚਿਆਂ ਦੀ ਪੜ੍ਹਾਈ ਪ੍ਰਭਾਵਤ ਹੋਣ, ਸਿਹਤ ਸਮੱਸਿਆਵਾਂ ਅਤੇ ਚਿੰਤਾਵਾਂ ਕਰਕੇ ਬਜ਼ੁਰਗਾਂ ਨੂੰ ਨੌਜਵਾਨਾਂ ਦੇ ਭਵਿੱਖ ਦੀ ਚਿੰਤਾ ਆਦਿ ਨਾਲ ਬਹੁਤ ਨੁਕਸਾਨ ਝੱਲਣਾ ਪਿਆ, ਪਰ ਫਿਰ ਵੀ ਲੋਕਾਂ ਨੇ ਆਪਣੇ ਹੌਂਸਲੇ ਨਹੀਂ ਛੱਡੇ ਅਤੇ ਲੰਮੀ ਉਡੀਕ ਤੋਂ ਬਾਅਦ ਵੀ ਦਸ ਸਾਲ ਬਾਅਦ ਉਹਨਾਂ ਆਪਣਾ ਫਤਵਾ ਦਿੱਤਾ ਹੈ।

ਇਹ ਭਾਰਤੀ ਸੰਵਿਧਾਨ ਦਾ ਜਸ਼ਨ ਹੈ, ਧਾਰਮਿਕ ਵਿਸ਼ਵਾਸਾਂ, ਸੱਭਿਆਚਾਰਾਂ, ਭਾਸ਼ਾਵਾਂ ਅਤੇ ਪਰੰਪਰਾਵਾਂ ਦੇ ਬਹੁਲਵਾਦ ਦਾ ਸਨਮਾਨ। ਅਸੀਂ ਜੰਮੂ-ਕਸ਼ਮੀਰ ਦੇ ਲੋਕਾਂ ਦੀ ਮਹਾਨ ਭਾਵਨਾ ਨੂੰ ਆਪਣਾ ਸਮਰਥਨ ਦੁਹਰਾਉਂਦੇ ਹਾਂ।

ਦੂਜੇ ਪਾਸੇ ਹਰਿਆਣਾ ਦੇ ਲੋਕ ਸੱਤਾਧਾਰੀ ਪਾਰਟੀ ਨੂੰ ਸੱਤਾ ਤੋਂ ਲਾਂਭੇ ਕਰਨ ਦੇ ਆਪਣੇ ਫਤਵੇ ਨਾਲ ਧੋਖਾ ਖਾ ਗਏ ਅਤੇ ਚੋਣ ਨਤੀਜਿਆਂ ਤੋਂ ਹੈਰਾਨ ਰਹਿ ਗਏ, ਜਿਵੇਂ ਦੇਸ਼ ਦੇ ਹੋਰ ਹਿੱਸਿਆਂ ਵਿਚ ਆਮ ਲੋਕ ਸਨ। ਵੋਟਰ ਨੂੰ ਲੁਭਾਉਣ ਲਈ ਬਹੁਤ ਜ਼ਿਆਦਾ ਪੈਸੇ ਦੀ ਤਾਕਤ ਖੇਡੀ ਗਈ। ਧਰਮ ਦੇ ਆਧਾਰ 'ਤੇ ਨਾ ਸਿਰਫ ਫਿਰਕੂ ਲੀਹਾਂ 'ਤੇ ਵੰਡਣ ਵਾਲੀ ਰਾਜਨੀਤੀ ਦਾ ਮਾਹੌਲ ਬਣਾਇਆ ਗਿਆ, ਸਗੋਂ ਜਾਤ-ਪਾਤੀ ਲੀਹਾਂ 'ਤੇ ਵੀ ਪ੍ਰਭਾਵੀ ਜਾਟ ਭਾਈਚਾਰੇ ਬਨਾਮ ਦੂਜਿਆਂ ਦੇ ਖਤਰੇ ਵਾਲੇ ਮਨੋਵਿਗਿਆਨ 'ਤੇ ਕੰਮ ਕੀਤਾ ਗਿਆ। ਕਾਂਗਰਸ ਦੀ ਸੂਬਾਈ ਲੀਡਰਸ਼ਿਪ ਵਿੱਚ ਅਸੰਗਠਤਾ ਅਤੇ ਏਕਤਾ ਦੀ ਘਾਟ ਨੇ ਬਹੁਤ ਨੁਕਸਾਨ ਪਹੁੰਚਾਇਆ। ਭਾਜਪਾ ਵੱਲੋਂ ਸੂਬੇ ਵਿੱਚ ਕਾਂਗਰਸ ਦੀ ਸਿਖਰਲੀ ਲੀਡਰਸ਼ਿਪ ਦੇ ਟਪੂਸੀ ਮਾਰ ਕੇ ਭਾਜਪਾ ਵਿੱਚ ਆ ਜਾਣ ਦੇ ਪ੍ਰਚਾਰ ਨੇ ਭੰਬਲਭੂਸਾ ਪੈਦਾ ਕੀਤਾ ਅਤੇ ਗੋਦੀ ਮੀਡੀਆ ਨੇ ਇਸ ਨੂੰ ਬਾਖੂਬੀ ਨਿਭਾਇਆ, ਜਦੋਂਕਿ ਕਾਂਗਰਸ ਦੀ ਸੂਬਾਈ ਲੀਡਰਸ਼ਿਪ ਡੈਮੇਜ ਕੰਟਰੋਲ ਕਰਨ ਵਿੱਚ ਨਾਕਾਮ ਰਹੀ। ਮੂਡ ਦਾ ਮੁਲਾਂਕਣ ਕਰਨ ਵਿੱਚ ਕਾਂਗਰਸ ਦੀ ਅਸਫਲਤਾ ਅਤੇ ਸੂਬੇ ਵਿੱਚ ਉਭਰ ਰਹੇ ਹਾਲਾਤ ਦੀ ਲੋੜ ਅਨੁਸਾਰ ਉਮੀਦਵਾਰਾਂ ਦੀ ਚੋਣ ਵਿੱਚ ਗਲਤੀਆਂ ਵੀ ਕਾਰਨ ਸਨ। ਸੂਬਾ ਕਾਂਗਰਸ ਲੀਡਰਸ਼ਿਪ ਨੇ 'ਇੰਡੀਆ' ਬਲਾਕ ਨੂੰ ਬਰਕਰਾਰ ਰੱਖਣ ਲਈ ਕੋਈ ਪਰਿਪੱਕਤਾ ਨਹੀਂ ਦਿਖਾਈ ਅਤੇ ਆਪਣੇ ਆਰਾਮ ਖੇਤਰ ਵਿੱਚ ਡਟੀ ਰਹੀ ਕਿ ਲੋਕ ਮੌਜੂਦਾ ਸਰਕਾਰ ਨੂੰ ਉਖਾੜ ਸੁੱਟਣਗੇ।

ਹਰਿਆਣਾ ਦੇ ਲੋਕ 13 ਮਹੀਨਿਆਂ ਤੋਂ ਵੱਧ ਦੇ ਇਤਿਹਾਸਕ ਕਿਸਾਨ ਅੰਦੋਲਨ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਸਨ। ਉਹ ਆਪਣੇ ਸਾਥੀਆਂ ਸਮੇਤ ਮਹਿਲਾ ਪਹਿਲਵਾਨਾਂ ਦੇ ਜਾਇਜ਼ ਸੰਘਰਸ਼ ਵਿੱਚ ਲਗਾਤਾਰ ਮਜ਼ਬੂਤੀ ਨਾਲ ਖੜ੍ਹੇ ਸਨ, ਨੌਜਵਾਨਾਂ ਨੇ ਅਗਨੀਪੱਥ ਯੋਜਨਾ ਦਾ ਵਿਰੋਧ ਕੀਤਾ ਸੀ ਅਤੇ ਜੀਵਨ ਭਰ ਲਈ ਯੋਗ ਨੌਕਰੀਆਂ ਦੀ ਮੰਗ ਕੀਤੀ ਸੀ। ਲੋਕਾਂ ਦੀ ਅਸਲ ਪੀੜਾ ਨੂੰ ਮਾਮੂਲੀ ਸਮਝ ਲਿਆ ਗਿਆ ਅਤੇ ਸੱਤਾ ਦੀ ਦਾਅਵੇਦਾਰ ਮੁੱਖ ਸਿਆਸੀ ਪਾਰਟੀ ਵੱਲੋਂ ਰਾਜ ਅਤੇ ਕੇਂਦਰ ਵਿੱਚ ਸੱਤਾਧਾਰੀ ਸ਼ਾਸਨ ਨੂੰ ਸਬਕ ਸਿਖਾਉਣ ਦੀ ਇੱਛਾ ਨੂੰ ਸਹੀ ਦਿਸ਼ਾ ਵੱਲ ਮੋੜਨ ਦੀਆਂ ਕੋਸ਼ਿਸ਼ਾਂ ਨੂੰ ਯੋਜਨਾਬੱਧ ਨਹੀਂ ਕੀਤਾ ਗਿਆ, ਜਦੋਂ ਕਿ ਭਾਜਪਾ ਨੇ ਸੱਤਾ ਨੂੰ ਬਰਕਰਾਰ ਰੱਖਣ ਲਈ ਆਪਣੇ ਸਾਰੇ ਪੱਤੇ ਖੇਡੇ।

ਹਰਿਆਣਾ ਚੋਣਾਂ ਦੇ ਨਤੀਜੇ ਇੱਕ ਵਾਰ ਫਿਰ ਸਾਬਤ ਕਰਦੇ ਹਨ ਕਿ ਭਾਜਪਾ ਦੇ ਲੋਕਾਂ ਦੇ ਫਤਵੇ ਨੂੰ ਬਦਲਣ ਦੇ ਤਰੀਕੇ ਕਿੰਨੇ ਸ਼ਰਾਰਤੀ ਹਨ। ਵਿਰੋਧੀ ਧਿਰ ਨੂੰ ਅਜਿਹੀ ਪਾਰਟੀ ਦੇ ਸਾਹਮਣੇ ਜੋ ਧਰਮ ਨਿਰਪੱਖ, ਜਮਹੂਰੀਅਤ, ਅਸਹਿਮਤੀ ਦੇ ਅਧਿਕਾਰ ਅਤੇ ਪ੍ਰਗਟਾਵੇ ਦੀ ਆਜ਼ਾਦੀ ਦਾ ਸਨਮਾਨ ਨਹੀਂ ਕਰਦੀ ਅਤੇ ਸੰਸਦੀ ਲੋਕਤੰਤਰ ਨੂੰ ਕਮਜ਼ੋਰ ਕਰਨ ਦੇ ਸਾਰੇ ਯਤਨ ਕਰ ਰਹੀ ਹੈ, ਸੰਤੁਸ਼ਟ ਅਤੇ ਲੋੜ ਨਾਲੋਂ ਜਿਆਦਾ ਆਤਮ ਵਿਸ਼ਵਾਸ ਨਹੀਂ ਰੱਖਣਾ ਚਾਹੀਦਾ। 'ਇੰਡੀਆ' ਬਲਾਕ ਨੂੰ ਉਸ ਤਾਕਤਵਰ, ਸ਼ਰਾਰਤੀ ਅਤੇ ਸਾਜ਼ਿਸ਼ ਰਚਣ ਵਾਲੇ ਰਾਜਨੀਤਕ ਵਿਰੋਧੀ ਦੇ ਖਿਲਾਫ ਇਕੱਠੇ ਹੋ ਕੇ ਅੱਗੇ ਵਧਣ ਦੀ ਸਖ਼ਤ ਲੋੜ ਹੈ, ਜੋ ਦੂਜਿਆਂ ਦੇ ਵਿਰੁੱਧ ਨਫ਼ਰਤ ਦੀ ਵੰਡ ਵਾਲੀ ਰਾਜਨੀਤੀ ਦੇ ਆਪਣੇ ਏਜੰਡੇ ਨੂੰ ਅੱਗੇ ਵਧਾਉਣ ਲਈ ਲੋਕਾਂ ਦੀ ਇੱਛਾ ਦੇ ਵਿਰੁੱਧ ਆਪਣੇ ਫਾਇਦੇ ਲਈ ਸਾਰੀਆਂ ਸਰਕਾਰੀ ਸੰਸਥਾਵਾਂ ਦੀ ਉਹਨਾਂ ਦੀ ਸਹੂਲਤ ਅਨੁਸਾਰ ਦੁਰਵਰਤੋਂ ਕਰ ਰਿਹਾ ਹੈ।

ਭਾਵੇਂ ਕਿ ਵਿਰੋਧੀ ਪਾਰਟੀਆਂ ਦੁਆਰਾ ਲੋਕਾਂ ਦੇ ਮੁੱਦੇ ਅਤੇ ਚਿੰਤਾਵਾਂ ਉਠਾਈਆਂ ਗਈਆਂ, ਪਰ ਕਾਂਗਰਸ ਮੁੱਖ ਪਾਰਟੀ ਇਹ ਦਰਸਾਉਣ ਲਈ ਗਠਜੋੜ ਕਰਨ ਵਿੱਚ ਅਸਫਲ ਰਹੀ ਕਿ 'ਇੰਡੀਆ' ਬਲਾਕ ਭਾਜਪਾ ਦੇ ਸ਼ਾਸਨ ਨੂੰ ਸੰਭਾਲਣ ਲਈ ਬਰਕਰਾਰ ਹੈ। ਮੁੱਖ ਵਿਰੋਧੀ ਪਾਰਟੀ ਆਪਣੀ ਧਿਰ ਨੂੰ ਸਹੀ ਢੰਗ ਨਾਲ ਨਹੀਂ ਸੰਭਾਲ ਸਕੀ ਅਤੇ ਭਾਜਪਾ ਨੇ ਢਿੱਲ-ਮੱਠ ਦਾ ਪੂਰਾ ਫਾਇਦਾ ਉਠਾਇਆ।

ਇਸ ਦੇ ਬਾਵਜੂਦ ਲੋਕਾਂ ਨੇ ਆਪਣੀ ਪੂਰੀ ਵਾਹ ਲਾਈ, ਪਰ ਸਰਕਾਰੀ ਤੰਤਰ ਦੀ ਬੇਰਹਿਮ ਕੰਟਰੋਲ ਅਤੇ ਦੁਰਵਰਤੋਂ ਨੇ ਲੋਕਾਂ ਦੇ ਫ਼ਤਵੇ ਨੂੰ ਬਦਲਣ ਵਿੱਚ ਆਪਣੀ ਭੂਮਿਕਾ ਨਿਭਾਈ।

ਮਜ਼ਦੂਰਾਂ, ਕਿਸਾਨਾਂ ਅਤੇ ਸਮਾਜ ਦੇ ਹੋਰ ਵਰਗਾਂ ਦੀਆਂ ਲਹਿਰਾਂ ਤੋਂ ਸਬਕ ਸਿੱਖਣ ਦੀ ਲੋੜ ਹੈ ਕਿ ਉਹ ਹਰ ਤਰ੍ਹਾਂ ਦੀਆਂ ਔਕੜਾਂ ਵਿਰੁੱਧ ਅੰਦੋਲਨਾਂ ਨੂੰ ਕਾਇਮ ਰੱਖਣ ਲਈ ਕਿਵੇਂ ਇਕੱਠੇ ਹੁੰਦੇ ਹਨ।

ਇਨ੍ਹਾਂ ਦੋਵਾਂ ਚੋਣਾਂ ਤੋਂ ਸਬਕ ਸਿਆਸੀ ਤਾਕਤਾਂ ਅਤੇ ਪਾਰਟੀਆਂ ਲਈ ਜ਼ਾਲਮ ਤਾਕਤਾਂ ਨਾਲ ਲੜਨ ਲਈ ਦਿਸ਼ਾ-ਨਿਰਦੇਸ਼ ਹੋਣੇ ਚਾਹੀਦੇ ਹਨ, ਜੋ ਫਾਸੀਵਾਦੀ ਮਨਸੂਬਿਆਂ ਨਾਲ ਧਰਮ ਨਿਰਪੱਖ ਜਮਹੂਰੀਅਤ ਦਾ ਕਤਲੇਆਮ ਕਰਨ, ਭਾਰਤੀ ਸੰਵਿਧਾਨ ਨੂੰ ਢਾਹ ਲਾਉਣ ਅਤੇ ਇੱਕ ਧਰਮ ਅਧਾਰਤ ਰਾਜ ਬਣਾਉਣ ਲਈ ਅੱਗੇ ਵਧ ਰਹੀਆਂ ਹਨ, ਨਹੀਂ ਤਾਂ ਬਹੁਤ ਦੇਰ ਹੋ ਜਾਵੇਗੀ।

# ਸੰਪਰਕ : 98101-44958

# 'ਮੈਂ' ਨੂੰ ਮਾਰਨ ਦੀ ਨਹੀਂ, ਜਿਊਂਦਾ ਕਰਨ ਦੀ ਲੋੜ


ਅਵਤਾਰ ਤਰਕਸ਼ੀਲ

'ਮੈਂ' ਸ਼ਬਦ ਪੰਜਾਬੀ ਕਲਚਰ ਵਿੱਚ ਹੰਕਾਰ ਦੀ ਨਿਸ਼ਾਨੀ ਮੰਨਿਆ ਜਾਂਦਾ ਹੈ ਅਤੇ ਅਕਸਰ ਕਿਹਾ ਜਾਂਦਾ ਹੈ ਕਿ ਜੇ ਕਿਸੇ ਵਿਅਕਤੀ ਵਿੱਚ 'ਮੈਂ' ਆ ਜਾਵੇ ਤਾਂ ਉਹ ਉਸ ਨੂੰ ਲੈ ਬੈਠਦੀ ਹੈ।

ਇਸੇ ਕਰਕੇ ਕੁੱਝ ਧਾਰਮਿਕ ਲੋਕ ਧਾਰਮਿਕ ਅਸਥਾਨਾਂ 'ਤੇ 'ਮੈਂ' ਸ਼ਬਦ ਨੂੰ ਬੋਲਣ ਤੋਂ ਸੰਕੋਚ ਕਰਦੇ ਹਨ, ਖਾਸ ਕਰਕੇ ਜਦੋਂ ਕੋਈ ਧਾਰਮਿਕ ਸਪੀਚ ਕਰਨੀ ਹੋਵੇ। ਉਹ 'ਮੈਂ' ਦੀ ਬਜਾਏ ਆਪਣੇ-ਆਪ ਨੂੰ 'ਦਾਸ' ਆਖ ਕੇ ਗੱਲ ਕਰਦੇ ਹਨ।

ਦੇਖਣ ਦੀ ਲੋੜ ਹੈ ਕਿ ਮੈਂ ਸ਼ਬਦ ਦੀ ਜਗ੍ਹਾ ਦਾਸ ਸ਼ਬਦ ਵਰਤਣ ਨਾਲ ਕੀ ਹੰਕਾਰ ਖਤਮ ਹੋ ਜਾਂਦਾ ਹੈ ? ਜਵਾਬ ਹੋਵੇਗਾ ਕਿ ਨਹੀਂ ਹੁੰਦਾ। ਤੱਥਾਂ ਦੇ ਅਧਾਰ 'ਤੇ ਉਸ ਵਿਅਕਤੀ ਦੀ ਜ਼ਿੰਦਗੀ 'ਤੇ ਨਿਗ੍ਹਾ ਮਾਰੋਗੇ ਤਾਂ ਉਸ ਦੇ ਬਹੁਤ ਕੰਮਾਂ ਜਾਂ ਬੋਲਬਾਣੀ ਵਿੱਚੋਂ ਹੰਕਾਰ ਨਜ਼ਰ ਆਵੇਗਾ।

ਇਸ ਦੇ ਉਲਟ ਵਾਰ-ਵਾਰ ਮੈਂ ਸ਼ਬਦ ਵਰਤਣ ਵਾਲੇ ਦੇ ਵੀ ਕੰਮਾਂ ਤੋਂ ਪਤਾ ਲੱਗੇਗਾ ਕਿ ਉਹ ਹੰਕਾਰੀ ਹੈ ਜਾਂ ਨਹੀਂ ?

ਆਓ ਅੱਜ ਇਸ ਬਾਰੇ ਕੁੱਝ ਤੱਥਾਂ ਨੂੰ ਦੇਖਦੇ ਹਾਂ ਕਿ ਕੀ ਇਹ ਸੱਚ ਹੈ ?

ਹਰ ਵਾਰ ਮੈਂ ਸ਼ਬਦ ਵਰਤਣਾ ਹੰਕਾਰ ਦੀ ਨਿਸ਼ਾਨੀ ਨਹੀਂ ਹੁੰਦਾ। 'ਮੈਂ' ਸ਼ਬਦ ਆਪਣੀ ਵਿੱਲ ਪਾਵਰ (Will Power/ਕੁੱਝ ਕਰ ਦੇਣ ਦੀ ਹਿੰਮਤ) ਨੂੰ ਵਧਾਉਂਦਾ ਹੈ।

ਨਿਊਜ਼ੀਲੈਂਡ ਦੇ ਜਨਮੇ ਬੱਚਿਆਂ ਵਿੱਚ ਭਾਰਤ ਦੇ ਜਨਮੇ ਬੱਚਿਆਂ ਮੁਕਾਬਲੇ ਵਿੱਲ ਪਾਵਰ ਵੱਧ ਦੇਖੀ ਗਈ ਹੈ। ਜਿਹੜੇ ਬੱਚੇ ਇੰਡੀਆ ਵਿੱਚੋਂ ਪੜ੍ਹ ਕੇ ਆਉਂਦੇ ਹਨ, ਉਨ੍ਹਾਂ ਦੇ ਨਿਊਜ਼ੀਲੈਂਡ ਦੇ ਸਕੂਲ ਵਿੱਚ ਦਾਖਲਾ ਲੈਣ ਤੋਂ ਤਿੰਨ-ਚਾਰ ਹਫ਼ਤੇ ਮਗਰੋਂ ਇਹ ਫਰਕ ਨਜ਼ਰ ਆਉਣ ਲੱਗ ਪੈਂਦਾ ਹੈ, ਜੋ ਮੈਂ ਖੁਦ ਬੱਚਿਆਂ ਅਤੇ ਅਧਿਆਪਕਾਂ ਦੀ ਮੀਟਿੰਗ ਵਿੱਚ ਦੇਖਿਆ ਹੈ।

ਨਿਊਜ਼ੀਲੈਂਡ ਵਿੱਚ ਬੱਚਿਆਂ ਅਤੇ ਅਧਿਆਪਕਾਂ ਦੀ ਸਕੂਲੀ ਮੀਟਿੰਗ ਵਿੱਚ ਬੱਚੇ ਨੂੰ ਉਸ ਦੇ ਮਾਂ-ਬਾਪ ਦੇ ਸਾਹਮਣੇ ਸਵਾਲ ਹੀ ਇਸ ਤਰ੍ਹਾਂ ਪੁੱਛੇ ਜਾਂਦੇ ਹਨ ਕਿ ਬੱਚਾ ਖੁਦ ਹੀ ਆਪਣੇ-ਆਪ ਨੂੰ ਮੋਟੀਵੇਟ (Motivate) ਕਰਦਾ ਹੈ। ਬੱਚਾ ਖੁਦ ਹੀ ਆਪਣੀਆਂ ਕਮੀਆਂ ਦੂਰ ਕਰਨ ਦਾ ਪ੍ਰਣ ਕਰਦਾ ਹੈ। ਉਦਾਹਰਣ ਦੇ ਤੌਰ 'ਤੇ ਬੱਚੇ ਨੂੰ ਪੁੱਛਿਆ ਜਾਂਦਾ ਹੈ ਕਿ ਤੇਰੀ ਤਾਕਤ (Strength) ਕੀ ਹੈ, ਭਾਵ ਕੀ-ਕੀ ਵਧੀਆ ਤਰੀਕੇ ਨਾਲ ਕਰ ਲੈਂਦਾ ਹੈਂ ? ਉਸ ਤੋਂ ਬਾਅਦ ਪੁੱਛਿਆ ਜਾਂਦਾ ਹੈ ਕਿ ਤੇਰੀ ਕੀ-ਕੀ ਕਮਜ਼ੋਰੀ ਹੈ ? ਬੱਚਾ ਆਪਣੀਆਂ ਕਮਜ਼ੋਰੀਆਂ ਦੱਸਦਾ ਹੈ। ਉਸ ਤੋਂ ਬਾਅਦ ਪੁੱਛਿਆ ਜਾਂਦਾ ਹੈ ਕਿ ਤੂੰ ਇਨ੍ਹਾਂ ਕਮਜ਼ੋਰੀਆਂ ਨੂੰ ਦੂਰ ਕਰਨ ਲਈ ਕੀ ਕਰੇਂਗਾ ? ਬੱਚਾ ਖੁਦ ਹੀ ਦੱਸਦਾ ਹੈ ਕਿ ਮੈਂ ਇਹ ਕੁੱਝ ਕਰਾਂਗਾ। ਇਸ ਤੋਂ ਬਾਅਦ ਬੱਚੇ ਨੂੰ ਪੁੱਛਿਆ ਜਾਂਦਾ ਹੈ ਕਿ ਕੀ ਤੈਨੂੰ ਇਸ ਕਮਜ਼ੋਰੀ ਨੂੰ ਦੂਰ ਕਰਨ ਲਈ ਮੇਰੀ (ਅਧਿਆਪਕ ਦੀ) ਲੋੜ ਹੈ ਜਾਂ ਮਾਂ-ਪਿਓ ਦੀ ਮਦਦ ਦੀ ਲੋੜ ਹੈ ? ਤਾਂ ਬੱਚਾ ਇਹ ਜਵਾਬ ਵੀ ਖੁਦ ਹੀ ਦਿੰਦਾ ਹੈ।

ਦੇਖਣ ਦੀ ਲੋੜ ਹੈ ਕਿ ਉਪਰੋਕਤ ਸਵਾਲ-ਜਵਾਬ ਦੀ ਪ੍ਰਕਿਰਿਆ ਵਿੱਚ ਬੱਚਾ ਹਰ ਸਵਾਲ ਦੇ ਜਵਾਬ ਵਿੱਚ 'ਮੈਂ' ਸ਼ਬਦ ਵਰਤਦਾ ਹੈ, ਜਿਸ ਦਾ ਹੰਕਾਰ ਨਾਲ ਕੋਈ ਸੰਬੰਧ ਬਿਲਕੁਲ ਵੀ ਨਹੀਂ ਹੈ।

ਇਸ ਦੇ ਨਾਲ ਹੋਰ ਦੇਖਣ ਦੀ ਲੋੜ ਹੈ ਕਿ ਉਪਰੋਕਤ ਪ੍ਰਕਿਰਿਆ ਵਿੱਚ ਬੱਚਾ ਸਵਾਲ ਕਰਨੇ ਅਤੇ ਜਵਾਬ ਲੱਭਣੇ ਸਿੱਖ ਜਾਂਦਾ ਹੈ, ਭਾਵ ਉਸ ਨੂੰ ਦਿਮਾਗ ਚਲਾਉਣਾ ਸਿਖਾਇਆ ਜਾਂਦਾ ਹੈ। ਇਸ ਪ੍ਰਕਿਰਿਆ ਵਿੱਚ ਬੱਚਾ ਤਰਕਸ਼ੀਲ ਬਣ ਜਾਂਦਾ ਹੈ। ਭਾਵ ਭਾਵੇਂ ਬੱਚੇ ਦੇ ਮਾਪੇ ਧਾਰਮਿਕ ਹੋਣ ਜਾਂ ਗ਼ੈਰ ਧਾਰਮਿਕ, ਪਰ ਉਹ ਬੱਚਾ ਤਰਕ ਦੇ ਅਧਾਰ 'ਤੇ ਹੀ ਸੋਚੇਗਾ।

ਕੱਟੜ ਧਾਰਮਿਕ ਵਿਅਕਤੀ ਵਿਦੇਸ਼ਾਂ ਵਿੱਚ ਇਸ ਪ੍ਰਕਿਰਿਆ ਦੇ ਬਾਵਜੂਦ ਆਪਣੇ ਧਰਮ ਨੂੰ ਆਪਣੇ ਬੱਚਿਆਂ 'ਤੇ ਥੋਪਣ ਦਾ ਯਤਨ ਕਰਦੇ ਹਨ, ਜਿਸ ਦੇ ਚੱਲਦੇ ਬੱਚੇ ਧਰਮ ਪ੍ਰਤੀ ਮਾਪਿਆਂ ਨੂੰ ਸਵਾਲ ਕਰਦੇ ਹਨ, ਜਿਨ੍ਹਾਂ ਦੇ ਜਵਾਬ ਮਾਪਿਆਂ ਕੋਲ ਹੁੰਦੇ ਹੀ ਨਹੀਂ, ਕਿਉਂਕਿ ਸਵਾਲਾਂ ਦੇ ਜਵਾਬ ਤਾਂ ਤਰਕ ਦੇ ਅਧਾਰ 'ਤੇ ਹੀ ਮਿਲਦੇ ਹਨ।

ਉਦਾਹਰਣ ਦੇ ਤੌਰ 'ਤੇ ਜਦੋਂ ਧਾਰਮਿਕ ਮਾਪਿਆਂ ਦੇ ਬੱਚੇ ਪੁੱਛਦੇ ਹਨ ਕਿ ਮੇਰਾ ਜਨਮ ਕਿਵੇਂ ਹੋਇਆ ਤਾਂ ਧਾਰਮਿਕ ਮਾਪੇ ਕਹਿ ਦਿੰਦੇ ਹਨ ਕਿ ਤੈਨੂੰ ਅਸੀਂ ਰੱਬ ਕੋਲੋਂ ਮੰਗ ਕੇ ਲਿਆ ਹੈ। ਜਦੋਂ ਅਣਭੋਲ ਬੱਚਾ ਉਹੀ ਗੱਲ ਆਪਣੇ ਗੋਰੇ ਸਾਥੀ ਬੱਚਿਆਂ ਨੂੰ ਦੱਸਦਾ ਹੈ ਤਾਂ ਉਹ ਉਸ ਨੂੰ ਮਜ਼ਾਕ ਕਰਦੇ ਹਨ। ਇਸੇ ਤਰ੍ਹਾਂ ਕਈ ਵਾਰ ਬੱਚੇ ਨੂੰ ਭਾਰਤੀ ਮਾਪੇ ਦੱਸਦੇ ਹਨ ਕਿ ਤੈਨੂੰ ਕਿਸੇ ਥਾਂ ਸੁੱਖਣਾ ਸੁੱਖ ਕੇ ਲਿਆ ਹੈ। ਇਸ ਪ੍ਰਤੀ ਵੀ ਗੋਰੇ ਮਜ਼ਾਕ ਕਰਦੇ ਹਨ ਕਿ ਸੁੱਖਣਾ ਸੁੱਖ ਕੇ ਬੱਚਾ ਕਿਵੇਂ ਪੈਦਾ ਹੋ ਗਿਆ ?

ਅੱਜ ਲੋੜ ਹੈ ਆਪਣੀ ਮਰੀ ਹੋਈ 'ਮੈਂ' ਨੂੰ ਜਿਊਂਦਾ ਕਰਨ ਦੀ ਤਾਂ ਕਿ ਵਿਅਕਤੀ ਖੁਦ ਹੀ ਮੋਟੀਵੇਟ ਹੋ ਕੇ ਆਪਣੇ ਮਸਲਿਆਂ ਦਾ ਹੱਲ ਲੱਭੇ।

ਬੱਚਿਆਂ ਵਿੱਚ ਪੈਦਾ ਕੀਤੀ 'ਮੈਂ' ਸਾਰੀ ਉਮਰ ਲਈ ਉਨ੍ਹਾਂ ਵਾਸਤੇ ਗਹਿਣਾ ਬਣ ਜਾਵੇਗੀ। ਪੈਦਾ ਹੋਈ 'ਮੈਂ' ਉਨ੍ਹਾਂ ਨੂੰ ਆਪਣੇ ਸਭ ਮਸਲੇ ਹੱਲ ਕਰਨ ਦੇ ਯੋਗ ਬਣਾ ਦੇਵੇਗੀ।

ਇਸ ਕਰਕੇ ਬੱਚਿਆਂ ਵਾਸਤੇ ਇਹ ਬਹੁਤ ਜ਼ਰੂਰੀ ਹੈ ਕਿ ਉਹ ਸਵਾਲ ਕਰਨੇ ਸਿੱਖਣ ਅਤੇ ਤੱਥਾਂ 'ਤੇ ਅਧਾਰਤ ਹੀ ਕਿਸੇ ਚੀਜ਼ ਜਾਂ ਵਰਤਾਰੇ ਨੂੰ ਸਹੀ ਜਾਂ ਗਲਤ ਕਹਿਣ। ਮਾਪਿਆਂ ਨੂੰ ਵੀ ਚਾਹੀਦਾ ਹੈ ਕਿ ਉਹ ਸਮੇਂ ਦੇ ਸੱਚ ਨੂੰ ਕਬੂਲਣ ਦੀ ਸ਼ਕਤੀ ਆਪਣੇ-ਆਪ ਵਿੱਚ ਪੈਦਾ ਕਰਨ।

# ਸੰਪਰਕ : 006421392147

# ਅੱਜ ਸਕੂਲਿੰਗ ਦੌਰਾਨ ਲੋੜ ਹੈ ਕਾਊਂਸਲਿੰਗ ਪ੍ਰੋਗਰਾਮਾਂ ਦੀ

ਡਾ. ਪ੍ਰਭਦੀਪ ਸਿੰਘ ਚਾਵਲਾ

ਸਿੱਖਿਆ ਵਿਭਾਗ ਅਤੇ ਕਈ ਨਿੱਜੀ ਅਦਾਰਿਆਂ ਵੱਲੋਂ ਸਕੂਲੀ ਬੱਚਿਆਂ ਨੂੰ ਉਨ੍ਹਾਂ ਦੇ ਜੀਵਨ ਦੇ ਟੀਚਿਆਂ ਤੋਂ ਜਾਣੂ ਕਰਵਾਉਣ ਅਤੇ ਸੁਨਹਿਰੀ ਭਵਿੱਖ ਪ੍ਰਦਾਨ ਕਰਨ ਲਈ ਅਨੇਕਾਂ ਹੀ ਸਰਗਰਮੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ ਤਾਂ ਜੋ ਵਿਦਿਆਰਥੀ ਆਪਣੀ ਕਾਬਲੀਅਤ ਨੂੰ ਪਛਾਣ ਕੇ ਸਹੀ ਕਰੀਅਰ ਦੀ ਚੋਣ ਕਰਕੇ ਜੀਵਨ 'ਚ ਸਫਲਤਾ ਹਾਸਲ ਕਰ ਸਕਣ। ਇਸ ਉਦੇਸ਼ ਦੀ ਪ੍ਰਾਪਤੀ ਲਈ ਅੱਜ-ਕੱਲ੍ਹ ਵਿਦਿਆਰਥੀਆਂ ਦਾ ਪਹਿਲਾਂ ਸਾਈਕੋਮੈਟ੍ਰਿਕ ਟੈਸਟ ਅਤੇ ਫਿਰ ਉਨ੍ਹਾਂ ਦੀ ਵਿਸ਼ੇਸ਼ ਕਾਊਂਸਲਿੰਗ ਕੀਤੀ ਜਾਂਦੀ ਹੈ।

**ਕੀ ਹੈ ਸਾਈਕੋਮੈਟ੍ਰਿਕ ਟੈਸਟ** : ਸਾਈਕੋਮੈਟ੍ਰਿਕ, ਮੂਲ ਸ਼ਬਦਾਂ ਸਾਈਕੋ-ਮਾਨਸਿਕ ਅਤੇ ਮੈਟ੍ਰਿਕ-ਮਾਪ ਤੋਂ ਬਣਿਆ ਹੈ, ਸਾਈਕੋਮੈਟ੍ਰਿਕ ਟੈਸਟ ਕਿਸੇ ਵਿਅਕਤੀ ਦੀ ਮਾਨਸਿਕ ਸਥਿਤੀ, ਸ਼ਖਸੀਅਤ ਅਤੇ ਵਿਚਾਰ ਦੀ ਜਾਂਚ ਕਰਨ ਲਈ ਤਿਆਰ ਕੀਤੇ ਗਏ ਹਨ, ਸਾਈਕੋਮੈਟ੍ਰਿਕ ਟੈਸਟਿੰਗ ਸਿਰਫ ਉਮੀਦਵਾਰ ਦੀਆਂ ਵਿਅਕਤੀਗਤ ਪ੍ਰਤਿਭਾਵਾਂ ਅਤੇ ਸਮਰਥਾਵਾਂ ਨੂੰ ਮਾਪਣ ਦਾ ਇੱਕ ਤਰੀਕਾ ਹੈ।

**ਸਕੂਲੀ ਵਿਦਿਆਰਥੀਆਂ ਲਈ ਸਾਈਕੋਮੈਟ੍ਰਿਕ ਟੈਸਟ ਦਾ ਉਦੇਸ਼**:-ਇਹ ਵਿਆਪਕ ਮਨੋਵਿਗਿਆਨਕ ਮੁਲਾਂਕਣ ਦਾ ਉਦੇਸ਼ ਵਿਦਿਆਰਥੀ ਦੀ ਯੋਗਤਾ ਸ਼ਖਸੀਅਤ ਦੇ ਗੁਣਾਂ, ਰੁਚੀਆਂ ਅਤੇ ਸੰਭਾਵੀ ਕੈਰੀਅਰ ਮਾਰਗਾਂ ਦਾ ਮੁਲਾਂਕਣ ਕਰਨਾ ਹੈ। ਮੁਲਾਂਕਣ ਵਿੱਚ ਵਿਦਿਆਰਥੀ ਦੀਆਂ ਸ਼ਕਤੀਆਂ, ਕਮਜ਼ੋਰੀਆਂ, ਤਰਜੀਹਾਂ ਅਤੇ ਵਿਅਕਤੀਗਤ ਅਤੇ ਪੇਸ਼ੇਵਰ ਵਿਕਾਸ ਲਈ ਸੰਭਾਵੀ ਖੇਤਰਾਂ ਦੀ ਇੱਕ ਸੰਪੂਰਨ ਸਮਝ ਪ੍ਰਦਾਨ ਕਰਨ ਲਈ ਪ੍ਰਮਾਣਿਤ ਟੈਸਟ ਸ਼ਾਮਲ ਹਨ।

ਸਾਈਕੋਮੈਟ੍ਰਿਕ ਟੈਸਟ ਇੱਕ ਨਵਾਂ ਵਰਤਾਰਾ ਹੈ, ਜੋ ਵੱਖ-ਵੱਖ ਸਕੂਲਾਂ-ਕਾਲਜਾਂ ਵਿੱਚ ਦਾਖਲੇ, ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਦੇ ਕੈਰੀਅਰ ਭਵਿੱਖ ਪ੍ਰਤੀ ਰੁਚੀਆਂ, ਪ੍ਰਾਈਵੇਟ ਅਤੇ ਕੁਝ ਸਰਕਾਰੀ ਸੰਸਥਾਵਾਂ ਵਿੱਚ ਭਰਤੀ ਪ੍ਰਕਿਰਿਆ ਵਿੱਚ ਇੱਕ ਨਿਯਮਤ ਮਾਪਦੰਡ ਬਣ ਗਿਆ ਹੈ। ਇਸ ਟੈਸਟ ਨੂੰ ਉਮੀਦਵਾਰ ਦੀ ਜਾਂਚ ਕਰਨ ਅਤੇ ਨੌਕਰੀ ਲਈ ਉਸ ਦੀ ਯੋਗਤਾ ਸਾਬਤ ਕਰਨ ਲਈ ਇੱਕ ਵਾਧੂ ਮਾਪਦੰਡ ਵਜੋਂ ਤਿਆਰ ਕੀਤਾ ਗਿਆ ਹੈ। ਕਈ ਤਰ੍ਹਾਂ ਦੇ ਮਨੋਵਿਗਿਆਨਕ ਟੈਸਟ ਹੁੰਦੇ ਹਨ, ਜੋ ਕੈਰੀਅਰ ਦੀ ਖੋਜ ਅਤੇ ਭਰਤੀ ਕਰਨ ਵਾਲਿਆਂ ਪੇਸ਼ੇਵਰਾਂ ਦੁਆਰਾ ਉਮੀਦਵਾਰ ਦੀ ਸ਼ਖਸੀਅਤ, ਹੁਨਰ, ਬੁੱਧੀ ਅਤੇ ਭਾਵਨਾਤਮਕ ਚੀਜ਼ਾਂ ਦੇ ਵੱਖ-ਵੱਖ ਪਹਿਲੂਆਂ ਦੀ ਜਾਂਚ ਕਰਨ ਲਈ ਵਰਤੇ ਜਾਂਦੇ ਹਨ। ਮਨੋਵਿਗਿਆਨਕ ਟੈਸਟ ਦੇ ਨਤੀਜਿਆਂ ਦੇ ਆਧਾਰ 'ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਕੈਰੀਅਰ ਬਾਰੇ ਸੂਚਿਤ ਕੀਤਾ ਜਾਂਦਾ ਹੈ।

ਅੱਜ-ਕੱਲ੍ਹ ਕੰਪਨੀਆਂ ਸਟਾਫ ਭਰਤੀ ਪ੍ਰਕਿਰਿਆ ਦੌਰਾਨ ਉਮੀਦਵਾਰਾਂ ਦਾ ਮਨੋਵਿਗਿਆਨਕ ਟੈਸਟ ਲੈਂਦੀਆਂ ਹਨ।ਇਹ ਟੈਸਟ ਆਮ ਤੌਰ 'ਤੇ ਰੁਜ਼ਗਾਰ ਦਾਤਾਵਾਂ ਵੱਲੋਂ ਇਹ ਮੁਲਾਂਕਣ ਕਰਨ ਲਈ ਲਿਆ ਜਾਂਦਾ ਹੈ ਕਿ ਉਮੀਦਵਾਰ ਸੰਗਠਨ ਲਈ ਸੱਭਿਆਚਾਰਕ ਫਿੱਟ ਹੈ ਜਾਂ ਨਹੀਂ।ਅੱਜ ਦੇ ਸਮੇਂ ਵਿੱਚ ਨੌਕਰੀਆਂ ਦੀ ਭਾਲ ਕਰਨ ਵਾਲੇ ਸਾਰੇ ਉਮੀਦਵਾਰਾਂ ਲਈ ਮਨੋਵਿਗਿਆਨਕ ਟੈਸਟ ਇੱਕ ਲਾਜ਼ਮੀ ਟੈਸਟ ਬਣ ਗਿਆ ਹੈ।ਸਾਈਕੋਮੈਟ੍ਰਿਕ ਟੈਸਟ ਕਰਵਾਉਣ ਦਾ ਰੁਝਾਨ ਵਧਦਾ ਜਾ ਰਿਹਾ ਹੈ, ਇਹ ਲੱਗਭੱਗ ਸਾਰੀਆਂ ਨੌਕਰੀਆਂ ਲਈ ਜ਼ਰੂਰੀ ਹੋ ਗਿਆ ਹੈ। ਜਿਹੜੇ ਉਮੀਦਵਾਰ ਸਿਰਫ ਇਹ ਸੋਚਦੇ ਹਨ ਕਿ ਨੌਕਰੀ ਲਈ ਰੈਜ਼ਿਊਮੇ ਅਤੇ ਇੰਟਰਵਿਊ ਦੀ ਲੋੜ ਹੁੰਦੀ ਹੈ, ਉਨ੍ਹਾਂ ਨੂੰ ਹੁਣ ਸਾਈਕੋਮੈਟ੍ਰਿਕ ਟੈਸਟਾਂ ਦੀ ਰੂਪ-ਰੇਖਾ ਨੂੰ ਸਮਝਣਾ ਅਤੇ ਤਿਆਰੀ ਕਰਨੀ ਪਵੇਗੀ।



ਜ਼ਿਆਦਾਤਰ ਸਾਈਕੋਮੈਟ੍ਰਿਕ ਟੈਸਟਾਂ ਦੀ ਸ਼ੁਰੂਆਤ ਸਮਾਨ ਗਿਆਨ ਅਤੇ ਮਾਨਸਿਕ ਸੂਝ-ਬੂਝ ਨਾਲ ਸੰਬੰਧਤ ਪ੍ਰਸ਼ਨਾਂ ਨਾਲ ਹੁੰਦੀ ਹੈ। ਟੈਸਟ ਦੇ ਇਸ ਭਾਗ ਵਿੱਚ ਸੰਖਿਆਵਾਂ, ਸਮੱਸਿਆਵਾਂ, ਚਿੱਤਰ, ਰਿਸ਼ਤੇ, ਸਹੀ ਮਿਲਾਣ, ਲੌਜੀਕਲ, ਦਿਸ਼ਾਵਾਂ ਕੋਡਿੰਗ-ਡੀ ਕੋਡਿੰਗ, ਸਮਾਂ ਅਤੇ ਦੂਰੀ ਆਦਿ ਵਰਗੇ ਵਿਸ਼ਿਆਂ ਨਾਲ ਸੰਬੰਧਤ ਖਾਸ ਤੌਰ 'ਤੇ ਤਿਆਰ ਕੀਤੇ ਪ੍ਰਸ਼ਨ ਪੁੱਛੇ ਜਾਂਦੇ ਹਨ, ਤਾਂ ਜੋ ਉਮੀਦਵਾਰ ਦੀ ਮਾਨਸਿਕ ਸੂਝ-ਬੂਝ, ਸਮਝ ਅਤੇ ਫੈਸਲਾ ਕਰਨ ਦੀ ਯੋਗਤਾ ਦਾ ਪੱਧਰ ਖੋਜਿਆ ਜਾ ਸਕੇ।ਅੱਜ ਦੇ ਸਮੇਂ ਸਮਾਨ ਗਿਆਨ, ਸੰਖਿਆਵਾਂ ਅਤੇ ਤਰਕਸ਼ੀਲਤਾ ਦਾ ਹੋਣਾ ਅਤਿ ਜ਼ਰੂਰੀ ਹੈ, ਧਿਆਨ ਕੇਂਦਰਤ ਕਰਕੇ ਸਮਾਂ ਕੱਢਣਾ ਬਹੁਤ ਹੀ ਮਹੱਤਵਪੂਰਨ ਪਹਿਲੂ ਹੈ। ਮਾਨਸਿਕ ਤੰਦਰੁਸਤੀ ਲਈ ਪੜ੍ਹਾਈ ਦੇ ਨਾਲ-ਨਾਲ ਸਰੀਰਕ, ਖੇਡਾਂ ਅਤੇ ਸਮਾਜਿਕ ਸਰਗਰਮੀਆਂ 'ਚ ਜ਼ਰੂਰ ਸ਼ਾਮਲ ਹੋਣਾ ਚਾਹੀਦਾ ਹੈ।

ਸਾਈਕੋਮੈਟ੍ਰਿਕ ਟੈਸਟਾਂ ਵਿੱਚ ਸ਼ਖਸੀਅਤ ਮੁਲਾਂਕਣ 'ਤੇ ਵੀ ਵਧੇਰੇ ਜ਼ੋਰ ਦਿੱਤਾ ਜਾਂਦਾ ਹੈ, ਉਮੀਦਵਾਰ ਦੇ ਸ਼ਖਸੀਅਤ ਮੁਲਾਂਕਣ ਟੈਸਟ ਵਿੱਚ ਉਸ ਦੀਆਂ ਵਿਸ਼ੇਸ਼ਤਾਵਾਂ ਖੂਬੀਆਂ, ਕੰਮ ਦੀ ਸ਼ੈਲੀ, ਤਰਜੀਹਾਂ ਅਤੇ ਅੰਤਰ ਵਿਅਕਤੀਗਤ ਵਿਚਲੇ ਗੁਣ ਪ੍ਰਦਰਸ਼ਿਤ ਹੁੰਦੇ ਹਨ, ਟੈਸਟ ਦੇ ਇਸ ਭਾਗ ਵਿੱਚ ਅਜਿਹੇ ਵਿਸ਼ਿਆਂ ਨਾਲ ਸੰਬੰਧਤ ਖਾਸ ਤੌਰ 'ਤੇ ਤਿਆਰ ਕੀਤੇ ਪ੍ਰਸ਼ਨ ਪੁੱਛੇ ਜਾਂਦੇ ਹਨ, ਤਾਂ ਜੋ ਉਮੀਦਵਾਰ ਦੀ ਸ਼ਖਸੀਅਤ ਦੀ ਕਿਸਮ ਅਤੇ ਸਮਾਜਿਕ ਸੂਝ-ਬੂਝ ਬਾਰੇ ਮੁਕੰਮਲ ਖੋਜਿਆ ਜਾ ਸਕੇ।

ਸਾਈਕੋਮੈਟ੍ਰਿਕ ਟੈਸਟ ਦਾ ਮੁੱਖ ਉਦੇਸ਼ ਉਮੀਦਵਾਰ ਦੀ ਦਿਲਚਸਪੀ ਦੇ ਖੇਤਰ ਅਤੇ ਕੈਰੀਅਰ ਮੁਲਾਂਕਣ ਟੈਸਟ ਵਿੱਚ ਉਸ ਦੀਆਂ ਰੁਚੀਆਂ, ਸ਼ਕਤੀਆਂ, ਤਰਜੀਹਾਂ, ਯੋਗਤਾਵਾਂ ਅਤੇ ਉਹਨਾਂ ਨਾਲ ਮੇਲ ਖਾਂਦੇ ਸੰਭਾਵਤ ਖੇਤਰ ਅਤੇ ਕੈਰੀਅਰ ਪ੍ਰਤੀ ਰੁਝਾਨ ਉਜਾਗਰ ਕਰਨਾ ਹੁੰਦਾ ਹੈ।

**ਕੌਣ ਕਰਦਾ ਹੈ ਸਾਈਕੋਮੈਟ੍ਰਿਕ ਟੈਸਟ** : ਜ਼ਿਆਦਾਤਰ ਮਨੋਵਿਗਿਆਨ, ਕਾਊਂਸਲਿੰਗ ਅਤੇ ਕੈਰੀਅਰ ਗਾਈਡੈਂਸ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਏਜੰਸੀਆਂ, ਕੰਪਨੀਆਂ, ਸੰਸਥਾਵਾਂ ਸਾਈਕੋਮੈਟ੍ਰਿਕ ਟੈਸਟ ਦਾ ਆਯੋਜਨ ਕਰ ਰਹੀਆਂ ਹਨ ਪਰ ਕੋਈ ਵੀ ਸਰਟੀਫਾਈਡ ਅਤੇ ਤਜਰਬੇਕਾਰ ਕਾਊਂਸਲਰ, ਸਾਈਕੋਲੋਜਿਸਟ ਜਾਂ ਕਲੀਨੀਕਲ ਸਾਈਕੋਲੋਜਿਸਟ ਆਦਿ ਤੋਂ ਇਲਾਵਾ ਮਨੋਵਿਗਿਆਨ, ਕਾਊਂਸਲਿੰਗ ਅਤੇ ਕਰੀਅਰ ਗਾਈਡੈਂਸ ਦੇ ਵਿਸ਼ਾ ਮਾਹਿਰ ਸਾਈਕੋਮੈਟ੍ਰਿਕ ਟੈਸਟ ਦਾ ਆਯੋਜਨ ਕਰ ਸਕਦੇ ਹਨ।

**ਟੈਸਟ ਤੋਂ ਬਾਅਦ ਕਾਊਂਸਲਿੰਗ** : ਸਾਈਕੋਮੈਟ੍ਰਿਕ ਟੈਸਟ ਵਿੱਚ ਵਿਦਿਆਰਥੀ ਦੀਆਂ ਰੁਚੀਆਂ, ਸ਼ਕਤੀਆਂ, ਤਰਜੀਹਾਂ, ਯੋਗਤਾਵਾਂ ਅਤੇ ਉਹਨਾਂ ਨਾਲ ਮੇਲ ਖਾਂਦੇ ਸੰਭਾਵਤ ਖੇਤਰ ਅਤੇ ਕੈਰੀਅਰ ਪ੍ਰਤੀ ਰੁਝਾਨ ਉਜਾਗਰ ਹੋ ਜਾਂਦੇ ਹਨ, ਜਿਸ ਤੋਂ ਬਾਅਦ ਕੌਂਸਲਰ ਉਸ ਬੱਚੇ ਨਾਲ ਵਿਅਕਤੀਗਤ ਮਿਲਣੀ ਕਰਦਾ ਹੈ, ਭਾਵ ਉਸ ਬੱਚੇ ਦੀ ਕਾਊਂਸਲਿੰਗ ਕਰਕੇ ਉਸ ਬੱਚੇ ਨੂੰ ਸਹੀ ਸਲਾਹ, ਸੁਝਾਅ ਅਤੇ ਸਿੱਖਿਅਤ ਕਰਦਾ ਹੈ ਅਤੇ ਉਸ ਦੀਆਂ ਮੁਸ਼ਕਲਾਂ ਸੁਣ ਕੇ ਉਸ ਦਾ ਢੁਕਵਾਂ ਹੱਲ ਦੱਸਦਾ ਹੈ, ਉਸ ਨੂੰ ਅੱਗੇ ਵਧਣ ਲਈ ਉਤਸ਼ਾਹਿਤ ਕਰਦਾ ਹੈ-ਹੌਸਲਾ ਦੇ ਕੇ ਉਸ ਦੇ ਅੰਦਰ ਛੁਪੀਆਂ ਖੂਬੀਆਂ ਅਤੇ ਸ਼ਕਤੀਆਂ ਨੂੰ ਸੁਚੱਜੇ ਢੰਗ ਨਾਲ ਵਰਤਣ ਲਈ ਪ੍ਰੇਰਿਤ ਕਰਦਾ ਹੈ।

ਪਿਛਲੇ ਸਾਲ ਭਾਰਤ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾਂ ਲਈ ਵਿਸ਼ੇਸ਼ ਗ੍ਰਾਂਟ ਜਾਰੀ ਕਰਕੇ ਸਾਈਕੋਮੈਟ੍ਰਿਕ ਟੈਸਟ ਅਤੇ ਵਿਸ਼ੇਸ਼ ਕਾਊਂਸਲਿੰਗ ਸੇਵਾਵਾਂ ਮੁਹੱਈਆ ਕਰਵਾਉਣ ਦਾ ਉਪਰਾਲਾ ਕੀਤਾ ਗਿਆ ਸੀ, ਜੋ ਇੱਕ ਵਿਲੱਖਣ ਅਤੇ ਸ਼ਲਾਘਾਯੋਗ ਉਪਰਾਲਾ ਸੀ, ਅੱਜ ਲੋੜ ਹੈ ਅਜਿਹੇ ਹੋਰ ਪ੍ਰੋਜੈਕਟਾਂ ਅਤੇ ਕਾਊਂਸਲਿੰਗ ਪ੍ਰੋਗਰਾਮਾਂ ਦੀ ਤਾਂ ਜੋ ਸਕੂਲਿੰਗ ਦੌਰਾਨ ਹੀ ਬੱਚੇ ਆਪਣੇ ਸੁਨਹਿਰੀ ਭਵਿੱਖ ਬਾਰੇ ਸਹੀ ਫੈਸਲਾ ਲੈ ਸਕਣ।

# ਸੰਪਰਕ : 98146-56257

# ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ ਜੀਵਨੀ ਤੇ ਸ਼ਹੀਦੀ ਕਿਰਤੀ ਲੋਕਾਂ ਲਈ ਚਾਨਣ-ਮੁਨਾਰਾ : ਜਗਰੂਪ, ਚਾਹਲ



ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਜਗਰੂਪ।

**ਮੋਗਾ (ਇਕਬਾਲ ਸਿੰਘ ਖਹਿਰਾ)**-ਸਥਾਨਕ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਟਰੇਡ ਯੂਨੀਅਨ ਕੌਂਸਲ ਮੋਗਾ ਤੇ ਸੀ. ਪੀ. ਆਈ. ਮੋਗਾ ਦੀ ਮੀਟਿੰਗ ਸਾਥੀ ਜਗਦੀਸ਼ ਸਿੰਘ ਚਾਹਲ ਤੇ ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਹੋਈ। ਇਹ ਮੀਟਿੰਗ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਪੰਜਾਬ (ਏਟਕ) ਵੱਲੋਂ ਆਪਣੇ ਮਹਿਬੂਬ ਆਗੂ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ 21 ਅਕਤੂਬਰ ਨੂੰ ਮਨਾਈ ਜਾ ਰਹੀ ਬਰਸੀ ਦੇ ਸਬੰਧ ਵਿੱਚ ਸੱਦੀ ਗਈ ਸੀ। ਇਸ ਮੌਕੇ ਗੱਲਬਾਤ ਕਰਦਿਆਂ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਜਗਰੂਪ ਸਿੰਘ ਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸਰਪ੍ਰਸਤ ਕਾਮਰੇਡ ਗੁਰਦੀਪ ਸਿੰਘ ਮੋਤੀ ਨੇ ਕਿਹਾ ਕਿ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦਾ ਸਮੁੱਚਾ ਜੀਵਨ ਤੇ ਉਨ੍ਹਾਂ ਦੀ ਸ਼ਹੀਦੀ ਕਿਰਤੀ ਲੋਕਾਂ ਦੀ ਅਗਵਾਈ ਕਰਨ ਵਾਲੇ ਲੋਕਾਂ ਲਈ ਚਾਨਣਮੁਨਾਰਾ ਹੈ। ਉਨ੍ਹਾਂ ਕਿਹਾ ਕਿ ਉਸ ਕਾਲੇ ਦੌਰ ਵਿੱਚ ਭਾਵੇਂ ਲੋਕ ਵਿਰੋਧੀ ਤਾਕਤਾਂ ਨੇ ਸਰੀਰਕ ਤੌਰ 'ਤੇ ਬਾਈ ਨਛੱਤਰ ਸਿੰਘ ਧਾਲੀਵਾਲ ਨੂੰ ਸਾਡੇ ਤੋਂ ਖੋਹ ਲਿਆ ਹੈ, ਪਰ ਉਹ ਦੀ ਸੋਚ ਕਿਰਤੀ ਲੋਕਾਂ ਦੀ ਅਗਵਾਈ ਹਮੇਸ਼ਾ ਕਰਦੀ ਰਹੇਗੀ। 21 ਅਕਤੂਬਰ ਨੂੰ ਹਰ ਸਾਲ ਦੀ ਤਰ੍ਹਾਂ ਰੋਡਵੇਜ਼ ਦੇ 18 ਡਿੱਪੂਆਂ ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਅਤੇ ਉਨ੍ਹਾਂ ਦੀ ਸੋਚ ਨੂੰ ਅੱਗੇ ਲਿਜਾਣ ਦਾ ਪ੍ਰਣ ਕਰਨਗੇ।

ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ ਤੇ ਟਰੇਡ ਯੂਨੀਅਨ ਕੌਂਸਲ ਦੇ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਬਾਈ ਨਛੱਤਰ ਸਿੰਘ ਧਾਲੀਵਾਲ ਸਮਾਜਵਾਦੀ ਸੋਚ ਨੂੰ ਪ੍ਰਣਾਏ ਹੋਏ ਆਗੂ ਸਨ, ਜਿਨ੍ਹਾਂ ਕਾਲੇ ਦੌਰ ਵਿੱਚ ਵੀ ਦੇਸ਼ ਦੀ ਏਕਤਾ ਤੇ ਸਾਂਝੀਵਾਲਤਾ ਲਈ ਕੰਮ ਕੀਤਾ। ਆਪਣੇ ਅਸੂਲਾਂ 'ਤੇ ਪਹਿਰਾ ਦਿੰਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ। ਇਸ ਮੌਕੇ ਟਰੇਡ ਯੂਨੀਅਨ ਕੌਂਸਲ ਵਿਚ ਕੰਮ ਕਰਨ ਵਾਲੀਆਂ ਵੱਖ ਵੱਖ ਜਥੇਬੰਦੀਆਂ ਤੇ ਪਾਰਟੀ ਆਗੂਆਂ ਨੇ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦਾ ਪ੍ਰਣ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਜੰਟ ਸਿੰਘ ਕੋਕਰੀ, ਡਾਕਟਰ ਇੰਦਰਵੀਰ ਗਿੱਲ, ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਭੁਪਿੰਦਰ ਸਿੰਘ ਸੇਖੋਂ, ਸੁਖਜਿੰਦਰ ਮਹੇਸ਼ਰੀ, ਬਚਿੱਤਰ ਸਿੰਘ ਧੋਥੜ, ਦਰਸ਼ਨ ਲਾਲ ਸ਼ਰਮਾ, ਪੋਹਲਾ ਸਿੰਘ ਬਰਾੜ, ਜਸਪਾਲ ਸਿੰਘ ਘਾਰੂ, ਚਮਨ ਲਾਲ ਸੰਘੇਲੀਆ, ਹਰੀ ਬਹਾਦਰ ਬਿੱਟੂ, ਰੁਘਦੀਸ਼ ਕੌਰ, ਰਾਜਵੀਰ ਸਿੰਘ, ਗੁਰਦਿੱਤ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਨਿੱਜੀ ਕੰਪਨੀ ਦੇ ਗਰਿੱਡ ਅੱਗੇ ਧਰਨਾ

### ਕੰਪਨੀ ਨੇ ਮੌਕੇ 'ਤੇ ਮਜ਼ਦੂਰਾਂ ਦਾ ਮਿਹਨਤਾਨਾ ਦੇ ਕੇ ਖਹਿੜਾ ਛੁਡਵਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਬਣਵਾਲਾ ਵਿਖੇ ਇੱਕ ਨਿੱਜੀ ਕੰਪਨੀ ਵੱਲੋਂ ਚਲਾਏ ਜਾ ਰਹੇ ਬਿਜਲੀ ਗਰਿੱਡ ਨੂੰ ਚਲਾਉਣ ਵਾਲੀ ਕੰਪਨੀ ਵੱਲੋਂ ਉੱਥੇ ਕੰਮ ਕਰਨ ਵਾਲੇ ਮਜ਼ਦੂਰਾਂ ਦੇ ਪੈਸੇ ਨਾ ਦਿੱਤੇ ਜਾਣ ਦੇ ਰੋਸ ਵਜੋਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬਲਾਕ ਪਾਤੜਾਂ ਵੱਲੋਂ ਗ੍ਰਿੱਡ ਦੇ ਸਾਹਮਣੇ ਵਿਸ਼ਾਲ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ।ਇਸ ਦੌਰਾਨ ਇਕੱਤਰ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰਾਂ ਨੇ ਕੰਪਨੀ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਕਿਸਾਨਾਂ ਵੱਲੋਂ ਕੀਤੇ ਗਏ ਰੋਸ ਵਿਖਾਵੇ ਦੇ ਚਲਦਿਆਂ ਕੰਪਨੀਆਂ ਅਧਿਕਾਰੀਆਂ ਵੱਲੋਂ ਮੌਕੇ 'ਤੇ ਉਕਤ ਮਜ਼ਦੂਰਾਂ ਦੇ ਚਿਰਾਂ ਤੋਂ ਰੋਕੇ ਗਏ ਇੱਕ ਲੱਖ ਅੱਸੀ ਹਜ਼ਾਰ ਰੁਪਏ ਦੇ ਕੇ ਖਹਿੜਾ ਛੁਡਵਾਇਆ ਗਿਆ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ ਨੇ ਕਿਹਾ ਕਿ ਕਾਰਪੋਰੇਟ ਸੈਕਟਰ ਵਿੱਚ ਕੰਮ ਕਰਨ ਵਾਲੀਆਂ ਕੰਪਨੀਆਂ ਵੱਲੋਂ ਗਰੀਬ ਮਜ਼ਦੂਰਾਂ ਦੀ ਖ਼ੂਨ ਪਸੀਨੇ ਦੀ ਕਮਾਈ ਨੂੰ ਲੁੱਟਿਆ ਜਾ ਰਿਹਾ ਹੈ।ਕੰਪਨੀ ਵੱਲੋਂ ਕੰਮ ਕਰਨ ਵਾਲੇ ਮਜ਼ਦੂਰਾਂ ਦਾ ਬਣਦਾ ਮਿਹਨਤਾਨਾ ਸਮੇਂ ਉੱਤੇ ਨਾ ਦਿੱਤਾ ਜਾਣਾ ਨਾ ਸਿਰਫ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੈ, ਸਗੋਂ ਘੋਰ ਪਾਪ ਹੈ।ਉਨ੍ਹਾਂ ਕਿਹਾ ਕਿ ਉਕਤ ਗ੍ਰਿੱਡ ਕੰਪਨੀ ਵੱਲੋਂ ਹੋਰ ਵੀ ਬਹੁਤ ਸਾਰੇ ਮਜ਼ਦੂਰਾਂ ਦੇ ਪੈਸੇ ਰੋਕੇ ਹੋਏ ਹਨ। ਕਿਸਾਨ ਜਥੇਬੰਦੀ ਵੱਲੋਂ ਅਣਮਿੱਥੇ ਸਮੇਂ ਦੇ ਧਰਨੇ ਦੇ ਕੀਤੇ ਗਏ ਐਲਾਨ ਉਪਰੰਤ ਮਜ਼ਦੂਰਾਂ ਦੇ ਰੋਕੇ ਗਏ ਪੈਸੇ ਧਰਨੇ ਦੌਰਾਨ ਦਿੱਤੇ ਜਾਣ ਨੂੰ ਸੰਘਰਸ਼ ਦੀ ਜਿੱਤ ਦੱਸਦਿਆਂ ਉਨ੍ਹਾਂ ਕਿਹਾ ਕਿ ਮਜ਼ਦੂਰਾਂ ਤੇ ਕਿਸਾਨਾਂ ਦਾ ਏਕਾ ਹੀ ਕਾਰਪੋਰੇਟ ਘਰਾਣਿਆਂ ਵੱਲੋਂ ਕੀਤੀ ਜਾ ਰਹੀ ਲੁੱਟ ਨੂੰ ਰੋਕ ਸਕਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਹਰਭਜਨ ਸਿੰਘ ਧੂਹੜ, ਬਲਾਕ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਮਹਿਲਾ ਕਿਸਾਨ ਆਗੂ ਚਰਨਜੀਤ ਕੌਰ ਧੂੜੀਆਂ, ਰਘਵੀਰ ਸਿੰਘ ਨਿਆਲ, ਸਾਹਿਬ ਸਿੰਘ ਦੁਤਾਲ, ਲਾਭ ਸਿੰਘ ਦੁਗਾਲ, ਜਲੰਧਰ ਸਿੰਘ ਸ਼ੁਤਰਾਣਾ, ਬੇਅੰਤ ਸਿੰਘ ਨਾਈਵਾਲਾ, ਫਤਿਹ ਸਿੰਘ ਜੋਗੇਵਾਲਾ ਤੇ ਜੋਰਾ ਸਿੰਘ ਭੂਤਗੜ ਆਦਿ ਹਾਜ਼ਰ ਸਨ।

# ਸੈਂਟਨਰੀ ਪਬਲਿਕ ਸਕੂਲ ਨੇ ਗੋਲਡ ਮੈਡਲ ਜਿੱਤੇ

**ਜਗਰਾਉਂ (ਅਮਿਤ ਖੰਨਾ)**-ਡੀ.ਏ.ਵੀ. ਸਟੇਟ ਐਥਲੈਟਿਕਸ ਖੇਡ ਮੁਕਾਬਲੇ ਬਾਰੇ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸਾਹਿਬ ਸ੍ਰੀ ਵੇਦ ਵ੍ਰਤ ਪਲਾਹ ਨੇ ਦੱਸਿਆ ਕਿ ਇਨ੍ਹਾਂ ਐਥਲੈਟਿਕਸ ਮੁਕਾਬਲਿਆਂ ਵਿੱਚ ਡਿਸਕਸ ਥਰੋ ਤੇ ਸ਼ਾਟਪੁੱਟ ਵਿੱਚ ਡੀ.ਏ.ਵੀ. ਸਕੂਲ ਜਗਰਾਉਂ ਦੇ ਵਿਦਿਆਰਥੀਆਂ ਨੇ ਬੜੇ ਜੋਸ਼ ਨਾਲ ਭਾਗ ਲਿਆ।ਪੰਜਾਬ ਦੇ ਹੋਰਨਾਂ ਸਕੂਲਾਂ ਵਿੱਚੋਂ ਵੀ ਕਈ ਵਿਦਿਆਰਥੀ ਇਸ ਪ੍ਰਤੀਯੋਗਤਾ ਵਿੱਚ ਹਿੱਸਾ ਲੈਣ ਪਹੁੰਚੇ।ਡੀ.ਏ.ਵੀ. ਸਕੂਲ ਜਗਰਾਉਂ ਦੇ ਵਿਦਿਆਰਥੀ ਅਮਨਿੰਦਰਜੀਤ ਸਿੰਘ ਨੇ ਡਿਸਕਸ ਥਰੋ ਵਿੱਚ ਗੋਲਡ ਮੈਡਲ ਤੇ ਸ਼ਾਟਪੁੱਟ ਵਿੱਚ ਕਾਂਸੀ ਦਾ ਮੈਡਲ ਪ੍ਰਾਪਤ ਕੀਤਾ।ਨੈਸ਼ਨਲ ਵਿੱਚ ਵੀ ਇਹ ਖਿਡਾਰੀ



ਭਾਗ ਲਵੇਗਾ।ਜੇਤੂ ਵਿਦਿਆਰਥੀ ਦੀ ਆਮਦ 'ਤੇ ਪੂਰੇ ਸਕੂਲ ਵਿੱਚ ਜਸ਼ਨ ਦਾ ਮਾਹੌਲ ਸੀ, ਜੇਤੂ ਵਿਦਿਆਰਥੀ ਦੇ ਮਾਪਿਆਂ ਨੂੰ ਪ੍ਰਿੰਸੀਪਲ ਨੇ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ।ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਇਨ੍ਹਾਂ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤੇ ਆਪਣੇ ਭਵਿੱਖ ਨੂੰ ਰੌਸ਼ਨ ਬਣਾਉਣ ਵਾਸਤੇ ਪ੍ਰਿੰਸੀਪਲ ਸਾਹਿਬ ਵੱਲੋਂ ਅਪੀਲ ਕੀਤੀ ਗਈ।ਪ੍ਰਿੰਸੀਪਲ ਸਾਹਿਬ ਨੇ ਉਚੇਚੇ ਤੌਰ 'ਤੇ ਕੋਚ ਸਾਹਿਬਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਡੀ.ਪੀ.ਈ. ਹਰਦੀਪ ਸਿੰਘ, ਡੀ.ਪੀ.ਈ. ਸੁਰਿੰਦਰ ਪਾਲ ਵਿੱਜ, ਡੀ.ਪੀ.ਈ. ਜਗਦੀਪ ਸਿੰਘ ਮੌਜੂਦ ਸਨ।

# ਕਿਸਾਨਾਂ ਵੱਲੋਂ ਖੇਤੀਬਾੜੀ ਮੰਤਰੀ ਦੇ ਘਰ ਅੱਗੇ ਅਣਮਿੱਥੇ ਸਮੇਂ ਲਈ ਧਰਨਾ



**ਮਲੋਟ (ਗੁਰਮੀਤ ਸਿੰਘ ਮੱਕੜ)**

ਪੰਜਾਬ ਵਿਚ ਝੋਨੇ ਦੀ ਖਰੀਦ ਸ਼ੁਰੂ ਨਾ ਹੋਣ ਦੇ ਰੋਸ ਵਜੋਂ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਪੰਜਾਬ ਭਰ ਦੇ ਟੋਲ ਪਲਾਜ਼ਿਆਂ 'ਤੇ ਧਰਨਾ ਦੇ ਉਨ੍ਹਾਂ ਨੂੰ ਮੁਫ਼ਤ ਕਰਕੇ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ, ਜਿਸ ਦੇ ਚੱਲਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਡੱਬਵਾਲੀ-ਮਲੋਟ ਨੈਸ਼ਨਲ ਹਾਈਵੇ 'ਤੇ ਪਿੰਡ ਅਬੁੱਲਖੁਰਾਣਾ ਦੇ ਟੋਲ 'ਤੇ ਧਰਨਾ ਦੇ ਕੇ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ, ਉੱਥੇ ਅੱਜ ਯੂਨੀਅਨ ਦੇ ਸੱਦੇ 'ਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਘਰ ਅੱਗੇ ਪੱਕੇ ਤੌਰ 'ਤੇ ਧਰਨਾ ਲਗਾ ਕਿ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ। ਯੂਨੀਅਨ ਦੇ ਆਗੂ ਗੁਰਪਾਸ਼ ਸਿੰਘ ਨੇ ਦੱਸਿਆ ਕਿ ਪੰਜਾਬ ਵਿਚ ਝੋਨੇ ਦੀ ਖਰੀਦ ਇੱਕ ਅਕਤੂਬਰ ਤੋਂ ਸਰਕਾਰੀ ਖਰੀਦ ਸ਼ੁਰੂ ਹੋ ਚੁੱਕੀ ਹੈ ਤੇ ਝੋਨਾ ਪੂਰੀ ਤਰ੍ਹਾਂ ਮੰਡੀਆਂ ਵਿੱਚ ਆ ਚੁੱਕਾ ਹੈ ਅਤੇ ਕਿਸਾਨ ਖੱਜਲ ਖੁਆਰ ਹੋ ਰਹੇ ਹਨ, ਪ੍ਰੰਤੂ ਸਰਕਾਰਾਂ ਦਾ ਇਸ ਪਾਸੇ ਕੋਈ ਧਿਆਨ ਨਹੀਂ। ਇਸ ਦੇ ਰੋਸ ਵੱਜੋਂ ਪੂਰੇ ਪੰਜਾਬ ਦੇ ਟੋਲ ਪਲਾਜ਼ਾ ਬੰਦ ਕਰਕੇ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ ਅਤੇ ਨਾਲ ਹੀ ਯੂਨੀਅਨ ਦੇ ਸੱਦੇ 'ਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਘਰ ਅਣਮਿੱਥੇ ਸਮੇਂ ਲਈ ਧਰਨਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਧਰਨਾ ਉਦੋਂ ਤੱਕ ਜਾਰੀ ਰਹੇਗਾ, ਜਦੋਂ ਤੱਕ ਖਰੀਦ ਸਬੰਧੀ ਕੋਈ ਫੈਸਲਾ ਨਹੀਂ ਆ ਜਾਂਦਾ। ਦੂਜੇ ਪਾਸੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਪੰਜਾਬ ਸਰਕਾਰ ਵੱਲੋਂ ਕਿਸਾਨ ਜਥੇਬੰਦੀਆਂ ਨਾਲ ਸਮੇਂ-ਸਮੇਂ ਸਿਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਹੈ, ਪ੍ਰੰਤੂ ਝੋਨੇ ਦੀ ਫਸਲ ਦੀ ਸੰਭਾਲ ਲਈ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਹੁੰਦੀ ਪਤਾ ਨਹੀਂ ਕਿਉਂ ਕੇਂਦਰ ਪੰਜਾਬ ਦੇ ਲੋਕਾਂ ਨੂੰ ਖਰਾਬ ਕਰ ਰਹੀ ਹੈ ਤੇ ਕੇਂਦਰ ਨੇ ਹਮੇਸ਼ਾ ਪੰਜਾਬ ਨਾਲ ਧੱਕਾ ਕੀਤਾ ਹੈ। ਉਨ੍ਹਾ ਕਿਹਾ ਕਿ ਜਲਦ ਹੀ ਕੋਈ ਇਸ ਮਸਲੇ ਦਾ ਹੱਲ ਕੱਢ ਲਿਆ ਜਾਵੇਗਾ।

## ਕਾਤਰਾਂ

### ਸੀ ਪੀ ਐੱਮ ਦੀ ਜਥੇਬੰਦਕ ਕਾਨਫਰੰਸ ਭਲਕੇ

**ਮਾਨਸਾ (ਆਤਮਾ ਸਿੰਘ ਪਮਾਰ)**-ਸੀ ਪੀ ਆਈ (ਐੱਮ) ਤਹਿਸੀਲ ਮਾਨਸਾ ਦੀ ਜਥੇਬੰਦਕ ਕਾਨਫਰੰਸ 20 ਅਕਤੂਬਰ ਨੂੰ ਸਵੇਰੇ 10 ਵਜੇ ਪਾਰਟੀ ਦਫ਼ਤਰ ਮਾਨਸਾ ਟਾਂਡੀਆਂ ਭਵਨ ਵਿਖੇ ਹੋਵੇਗੀ, ਜਿਸ ਵਿੱਚ ਤਹਿਸੀਲ ਦੀਆਂ ਵੱਖ-ਵੱਖ ਬਰਾਂਚਾਂ ਵਿੱਚੋਂ ਡੈਲੀਗੇਟ ਹਿੱਸਾ ਲੈਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪਾਰਟੀ ਦੇ ਤਹਿਸੀਲ ਸਕੱਤਰ ਕਾਮਰੇਡ ਨਛੱਤਰ ਸਿੰਘ ਢੈਪਈ ਨੇ ਦੱਸਿਆ ਕਿ ਇਸ ਕਾਨਫਰੰਸ ਵਿੱਚ ਕਿਰਤੀਆਂ-ਕਿਸਾਨਾਂ ਤੇ ਸਮਾਜ ਦੇ ਸਾਰੇ ਵਰਗਾਂ ਦੇ ਮੰਗਾਂ ਮਸਲਿਆਂ 'ਤੇ ਚਰਚਾ ਕੀਤੀ ਜਾਵੇਗੀ ਅਤੇ ਪਿਛਲੇ ਤਿੰਨ ਸਾਲਾਂ ਦੀਆਂ ਸਰਗਰਮੀਆਂ ਦਾ ਲੇਖਾ ਜੋਖਾ ਵੀ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਕਾਨਫਰੰਸ ਵਿੱਚ ਕੌਮਾਂਤਰੀ, ਦੇਸ਼ ਤੇ ਪੰਜਾਬ ਦੀ ਸਿਆਸੀ ਸਥਿਤੀ 'ਤੇ ਚਰਚਾ ਕੀਤੀ ਜਾਵੇਗੀ ਅਤੇ ਨਵੀਂ ਤਹਿਸੀਲ ਕਮੇਟੀ ਦੀ ਚੋਣ ਵੀ ਹੋਵੇਗੀ।3 ਨਵੰਬਰ ਨੂੰ ਹੋਣ ਵਾਲੀ ਜ਼ਿਲ੍ਹਾ ਕਾਨਫਰੰਸ ਲਈ ਡੈਲੀਗੇਟਾਂ ਦੀ ਚੋਣ ਵੀ ਕੀਤੀ ਜਾਵੇਗੀ।

### ਪੀ ਜੀ ਆਈ 'ਚ ਛਾਤੀ ਦੇ ਕੈਂਸਰ ਬਾਰੇ ਜਾਗਰੂਕਤਾ ਸੈਮੀਨਾਰ ਅੱਜ

**ਸਮਰਾਲਾ (ਸੁਰਜੀਤ ਸਿੰਘ)**-ਪ੍ਰਾਪਤ ਜਾਣਕਾਰੀ ਅਨੁਸਾਰ ਪੀ ਜੀ ਆਈ ਚੰਡੀਗੜ੍ਹ ਵਿਖੇ ਛਾਤੀ ਦੇ ਕੈਂਸਰ ਸਬੰਧੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਅੱਜ ਨਵੇਂ ਓ ਪੀ ਡੀ ਕੰਪਲੈਕਸ ਦੀ 5ਵੀਂ ਮੰਜ਼ਲ 'ਤੇ ਸਵੇਰੇ 10:00 ਵਜੇ ਸਵੇਰੇ ਤੋਂ 2:00 ਵਜੇ ਤੱਕ ਕੀਤਾ ਜਾਵੇਗਾ।ਪ੍ਰਸ਼ਾਸਨ ਵੱਲੋਂ ਜਾਰੀ ਪ੍ਰੈੱਸ ਨੋਟ ਵਿੱਚ ਦੱਸਿਆ ਗਿਆ ਹੈ ਕਿ ਇਸ ਸਮਾਗਮ ਦਾ ਮਕਸਦ ਛਾਤੀ ਦੇ ਕੈਂਸਰ ਬਾਰੇ ਜਾਗਰੂਕਤਾ ਵਧਾਉਣਾ ਹੈ, ਜਿਸ ਵਿੱਚ ਇਸ ਬਿਮਾਰੀ ਤੋਂ ਬੱਚੇ ਮਰੀਜ਼ਾਂ ਦੀਆਂ ਆਪ ਬੀਤੀ ਕਹਾਣੀਆਂ, 'ਨਾਇਨ' ਵੱਲੋਂ ਇਕ ਨਾਟਕ ਤੇ ਵਿਸ਼ੇਸ਼ ਜਗ੍ਹਾ ਦੀ ਗੱਲਬਾਤ ਸਮੇਤ ਬਹੁਤ ਕੁਝ ਹੋਵੇਗਾ।ਉਨ੍ਹਾਂ ਕਿਹਾ ਕਿ ਉਹ ਇਹ ਕੋਸ਼ਿਸ਼ ਕਰ ਰਹੇ ਹਨ ਕਿ ਛਾਤੀ ਦੇ ਕੈਂਸਰ ਦੀ ਸ਼ੁਰੂਆਤੀ ਪਛਾਣ, ਇਲਾਜ ਤੇ ਮਰੀਜ਼ਾਂ ਲਈ ਸਮਰਥਨ ਦੀ ਮਹੱਤਤਾ ਬਾਰੇ ਲੋਕਾਂ ਵਿੱਚ ਜਾਗਰੂਕਤਾ ਫੈਲਾਈ ਜਾਵੇ।

### 21 ਗ੍ਰਾਮ ਹੈਰੋਇਨ ਸਮੇਤ ਦੋ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਸੀਆਈਏ ਸਟਾਫ ਨੇ 21 ਗ੍ਰਾਮ ਹੈਰੋਇਨ ਤੇ ਆਲਟੋ ਕਾਰ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ।ਇਹ ਗ੍ਰਿਫਤਾਰੀ ਗਸ਼ਤ ਤੇ ਚੈਕਿੰਗ ਦੌਰਾਨ ਤਲਵੰਡੀ ਭਾਈ ਦੇ ਫਲਾਈਓਵਰ ਪਾਸ ਹੋਈ।ਸਬ ਇੰਸਪੈਕਟਰ ਸੁਖਬੀਰ ਸਿੰਘ ਨੇ ਦੱਸਿਆ ਕਿ ਗੁਰਕਰਨਦੀਪ ਸਿੰਘ ਪੁੱਤਰ ਸਾਰਜ ਸਿੰਘ ਵਾਸੀ ਰੁਕਨਸ਼ਾਹ ਵਾਲਾ ਤੇ ਪਰਕਰਨ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਭਿੱਖੀ ਮਾਨਸਾ ਆਲਟੋ ਕਾਰ ਨੰਬਰ ਪੀਬੀ 1 ਬੀ 7851 ਵਿਚ ਸਵਾਰ ਸਨ। ਪੁਲਸ ਨੂੰ ਵੇਖ ਕੇ ਉਹ ਘਬਰਾ ਕੇ ਭੱਜਣ ਦੀ ਕੋਸ਼ਿਸ਼ ਕਰਨ ਲੱਗੇ, ਪਰ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਉਨ੍ਹਾਂ ਨੂੰ ਰੋਕ ਕੇ ਤਲਾਸ਼ੀ ਲਈ।ਇਸ ਦੌਰਾਨ ਉਨ੍ਹਾਂ ਕੋਲੋਂ 21 ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਦੋਸ਼ੀਆਨ ਖਿਲਾਫ ਥਾਣਾ ਤਲਵੰਡੀ ਭਾਈ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।

# ਚੰਡੀਗੜ੍ਹ ਪੁਲਸ ਵੱਲੋਂ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ ਸਮੇਤ ਹੋਰ ਆਗੂ ਗ੍ਰਿਫਤਾਰ

- ਐਡਵੋਕੇਟ ਬਲਕਰਨ ਬੱਲੀ ਵੱਲੋਂ ਗ੍ਰਿਫਤਾਰੀਆਂ ਦੀ ਨਿੰਦਾ, ਮੰਗੀ ਰਿਹਾਈ



**ਮਾਨਸਾ (ਆਤਮਾ ਸਿੰਘ ਪਮਾਰ)**

ਝੋਨੇ ਦੀ ਖਰੀਦ, ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਤੇ ਸ਼ੈਲਰ ਮਾਲਕਾਂ ਦੀਆਂ ਜਾਇਜ਼ ਮੰਗਾਂ ਨੂੰ ਲੈ ਕੇ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਅੱਗੇ ਲਗਾਏ ਜਾ ਰਹੇ ਧਰਨੇ ਵਿੱਚ ਪਹੁੰਚੇ ਪੰਜਾਬ ਕਿਸਾਨ ਯੂਨੀਅਨ ਦੇ ਆਗੂਆਂ ਨੂੰ ਚੰਡੀਗੜ੍ਹ ਪੁਲਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਜਾਣਕਾਰੀ ਦਿੰਦਿਆਂ ਪੰਜਾਬ ਕਿਸਾਨ ਯੂਨੀਅਨ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਬਲਕਰਨ ਸਿੰਘ ਬੱਲੀ ਨੇ ਦੱਸਿਆ ਕਿ ਸ਼ੁੱਕਰਵਾਰ ਸਵੇਰੇ ਕਿਸਾਨ ਆਗੂਆਂ ਦੇ ਜੱਥੇ ਚੰਡੀਗੜ੍ਹ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ ਦੇਣ ਜਾ ਰਹੇ ਸਨ, ਜਿਨ੍ਹਾਂ ਵਿੱਚ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ, ਭਾਰਤੀ ਕਿਸਾਨ ਯੂਨੀਅਨ ਦੇ ਬੋਘ ਸਿੰਘ ਮਾਨਸਾ, ਮੈਡੀਕਲ ਪ੍ਰੈਕਟੀਸ਼ਨਰਜ਼ ਦੇ ਧੰਨਾ ਮੱਲ ਗੋਇਲ, ਕਿਸਾਨ ਆਗੂ ਕਰਨੈਲ ਸਿੰਘ ਮਾਨਸਾ, ਸੁਖਚਰਨ ਸਿੰਘ ਦਾਨੇਵਾਲੀਆ ਆਦਿ ਸ਼ਾਮਲ ਸਨ, ਨੂੰ ਸਮੇਤ ਸੈਂਕੜੇ ਕਿਸਾਨ ਆਗੂਆਂ ਦੇ ਚੰਡੀਗੜ੍ਹ ਪੁਲਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਹੈ।ਐਡਵੋਕੇਟ ਬੱਲੀ ਨੇ ਕਿਸਾਨਾਂ ਦੀ ਗ੍ਰਿਫਤਾਰੀ ਦੀ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਝੋਨੇ ਦੇ ਮਸਲੇ ਨੂੰ ਹੱਲ ਕਰਨ ਦੀ ਬਜਾਏ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਵਾਉਣ ਦੇ ਰਾਹ ਤੁਰ ਪਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਕਿਸਾਨਾਂ, ਮਜ਼ਦੂਰਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਦੀਆਂ ਅਸਲ ਸਮੱਸਿਆਵਾਂ ਵੱਲ ਧਿਆਨ ਦੇਵੇ ਅਤੇ ਉਨ੍ਹਾਂ ਦਾ ਪੁਖਤਾ ਹੱਲ ਕਰੇ।

ਉਨ੍ਹਾਂ ਕਿਹਾ ਕਿ ਜੇਕਰ ਕਿਸਾਨਾਂ ਨੂੰ ਇਸੇ ਤਰ੍ਹਾਂ ਗ੍ਰਿਫਤਾਰ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ 'ਚ ਕਿਸਾਨਾਂ ਦੀਆਂ ਗ੍ਰਿਫਤਾਰੀਆਂ ਖਿਲਾਫ ਪੰਜਾਬ 'ਚ ਕਿਸਾਨੀ ਅੰਦੋਲਨ ਹੋਰ ਤਿੱਖਾ ਹੋਵੇਗਾ।ਐਡਵੋਕੇਟ ਬੱਲੀ ਨੇ ਕਿਸਾਨ ਆਗੂਆਂ ਨੂੰ ਤੁਰੰਤ ਰਿਹਾਈ ਦੀ ਮੰਗ ਕਰਦਿਆਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਝੋਨੇ ਦੀ ਖਰੀਦ ਨੂੰ ਸੁਚੱਜੇ ਢੰਗ ਨਾਲ ਪੂਰੇ ਪੰਜਾਬ ਵਿੱਚ ਚਾਲੂ ਕੀਤਾ ਜਾਵੇ।

# ਸੀਵਰੇਜ ਬੋਰਡ ਦੇ ਕੱਚੇ ਕਾਮਿਆਂ ਦੀ ਹੜਤਾਲ ਤੀਜੇ ਦਿਨ 'ਚ ਦਾਖਲ



**ਸੰਗਰੂਰ/ਲੌਂਗੋਵਾਲ (ਪ੍ਰਵੀਨ ਸਿੰਘ, ਪ੍ਰਦੀਪ ਸੱਪਲ)**-ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਠੇਕਾ ਅਧਾਰਤ ਕਾਮਿਆਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦਾ ਨਿਪਟਾਰਾ ਨਾ ਹੋਣ ਦੇ ਕਾਰਨ ਕੱਚੇ ਕਾਮਿਆਂ ਦਾ ਸੰਘਰਸ਼ ਤੀਜੇ ਦਿਨ ਵਿੱਚ ਵੀ ਜਾਰੀ ਹੈ।

ਇਸ ਮੌਕੇ ਚਮਕੌਰ ਸਿੰਘ ਮਹਿਲਾਂ, ਸ਼ੇਰ ਸਿੰਘ ਖੰਨਾ ਤੇ ਸੀਤਾ ਰਾਮ ਬਾਲਦ ਕਲਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ 19 ਸਤੰਬਰ 2024 ਨੂੰ ਮੁੱਖ ਇੰਜਨੀਅਰ (ਪੂਰਬ) ਪਟਿਆਲਾ ਨਾਲ ਹੋਈ ਮੀਟਿੰਗ ਵਿੱਚ ਪ੍ਰਵਾਨ ਕੀਤੀਆਂ ਮੰਗਾਂ ਨੂੰ ਜਾਣ-ਬੁੱਝ ਕੇ ਲਾਗੂ ਨਹੀਂ ਕੀਤਾ ਗਿਆ, ਜਦਕਿ ਹੋਏ ਫੈਸਲੇ ਨੂੰ ਸਮਾਂਬੱਧ ਕੀਤਾ ਗਿਆ ਸੀ, ਜਿਸ ਕਾਰਨ ਕੱਚੇ ਕਾਮਿਆਂ ਵਿੱਚ ਸਖਤ ਰੋਸ ਪਾਇਆ ਜਾ ਰਿਹਾ ਹੈ।ਕਾਰਜਕਾਰੀ ਇੰਜੀਨੀਅਰ ਸੰਗਰੂਰ ਕਰਮਚਾਰੀਆਂ ਨੂੰ ਮਾਨਸਿਕ ਤੌਰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਕਰਕੇ ਸੰਘਰਸ਼ ਕਰਨ ਲਈ ਮਜਬੂਰ ਹੋ ਰਹੇ ਹਾਂ। ਸੰਗਰੂਰ, ਧੂਰੀ, ਚੀਮਾ, ਲੌਂਗੋਵਾਲ ਦੇ ਡਿਸਪੋਜਲ ਬੰਦ ਕੀਤੇ ਹੋਏ ਹਨ, ਇਸੇ ਤਰ੍ਹਾਂ ਲਹਿਰਾ, ਮੂਨਕ, ਖਨੌਰੀ ਤੇ ਪਾਤੜਾਂ ਦੇ ਸੀਵਰੇਜ ਟਰੀਟਮੈਂਟ ਪਲਾਂਟ ਬੰਦ ਕਰਕੇ ਰੋਸ ਧਰਨੇ ਜਾਰੀ ਹਨ।ਸੰਘਰਸ਼ ਕਮੇਟੀ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਠੇਕਾ ਅਧਾਰਤ ਕਾਮਿਆਂ ਦੀਆਂ ਮੰਗਾਂ ਜਿਵੇਂ ਕਿ ਤਨਖਾਹ ਦੀ ਅਦਾਇਗੀ ਨਾ ਕਰਨਾ, ਸਕੀਮਾਂ ਤੇ ਗਿਣਤੀ ਪੂਰੀ ਨਾ ਹੋਣਾ, ਕੱਚੇ ਕਾਮਿਆਂ ਦੇ ਰਹਿੰਦੇ ਬਕਾਏ ਨਾ ਪਾਉਣਾ, ਕਾਮਿਆਂ ਨੂੰ ਈ ਪੀ ਐੱਫ ਖਾਤੇ ਦੀਆਂ ਸਟੇਟਮੈਂਟਾਂ ਜਾਰੀ ਨਾ ਕਰਨਾ ਆਦਿ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਇਸ ਰੋਸ ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਸ੍ਰੀ ਨਿਵਾਸ ਸ਼ਰਮਾ, ਹਰਦੀਪ ਕੁਮਾਰ, ਸਰਬਜੀਤ ਸਿੰਘ ਸੁਨਾਮ, ਹਰਪਾਲ ਸਿੰਘ ਝਨੇੜੀ, ਰਾਮ ਮੇਹਰ, ਜਸਵੀਰ ਸਿੰਘ, ਸੋਨੂ, ਜਗਸੀਰ ਸਿੰਘ ਤੇ ਕਰਮਜੀਤ ਸਿੰਘ ਆਦਿ ਹਾਜ਼ਰ ਸਨ।

# ਸਰਕਾਰ ਅਵਾਰਾ ਪਸ਼ੂਆਂ ਕਾਰਨ ਹੁੰਦੇ ਸੜਕੀ ਹਾਦਸਿਆਂ ਨੂੰ ਰੋਕਣ ਲਈ ਤੁਰੰਤ ਢੁਕਵੇਂ ਕਦਮ ਚੁੱਕੇ : ਚੌਹਾਨ/ਸਿੰਗਲਾ

### ਨੌਜਵਾਨ ਵਿੱਕੀ ਟੇਲਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਪਿਛਲੀ 6 ਅਕਤੂਬਰ ਦੀ ਰਾਤ ਨੂੰ ਵਿੱਕੀ ਟੇਲਰ (34) ਆਪਣੇ ਛੋਟੇ ਭਰਾ ਸੋਨੂੰ ਨਾਲ ਵਿਆਹ ਤੋਂ ਵਾਪਸੀ ਸਮੇਂ ਅਵਾਰਾ ਪਸ਼ੂਆਂ ਦੀ ਲਪੇਟ 'ਚ ਆਉਣ ਕਾਰਨ ਦਰਦਨਾਕ ਹਾਦਸੇ 'ਚ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਸੀ। ਇਲਾਜ ਦੌਰਾਨ ਪਟਿਆਲਾ ਦੇ ਹਸਪਤਾਲ ਵਿਖੇ ਦਮ ਤੋੜ ਗਿਆ ਸੀ। ਵਿੱਕੀ ਟੇਲਰ ਨਮਿੱਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ, ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਸਮੇਂ, ਸਥਨਕ ਸ਼ਾਂਤੀ ਭਵਨ ਵਿਖੇ ਮਿੱਤਰਾਂ ਦੋਸਤਾਂ ਰਿਸ਼ਤੇਦਾਰਾਂ ਤੇ ਸ਼ਹਿਰ ਦੀਆਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖਸੀਅਤਾਂ ਵੱਲੋਂ ਵਿੱਕੀ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਸਮੇਂ ਸੀ ਪੀ ਆਈ ਦੇ ਸੂਬਾ ਕਾਰਜਕਾਰਨੀ ਮੈਂਬਰ ਤੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਉਘੇ ਸਮਾਜ ਸੇਵੀ ਡਾ. ਜਨਕ ਰਾਜ ਸਿੰਗਲਾ ਨੇ ਭਾਵਕ ਸ਼ਬਦਾਂ ਵਿੱਚ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਅਵਾਰਾ ਪਸ਼ੂਆਂ ਤੇ ਸੜਕੀ ਹਾਦਸਿਆਂ ਕਾਰਨ ਦਿਨੋਂ ਦਿਨ ਵਧ ਰਹੀਆਂ ਸਮੱਸਿਆ ਕਾਰਨ ਕੀਮਤੀ ਜਾਨਾਂ ਅਜਾਈਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਰੋਕਣ ਸਬੰਧੀ ਸਰਕਾਰ ਫੌਰੀ ਕਦਮ ਚੁੱਕੇ ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਕਾਰਨ ਕੀਮਤੀ ਮਨੁੱਖੀ ਜਾਨਾਂ ਨਾ ਜਾ ਸਕਣ। ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਸਰਕਾਰ ਤੋਂ ਪਰਿਵਾਰ ਲਈ ਸਰਕਾਰੀ ਨੌਕਰੀ ਤੇ ਯੋਗ ਮੁਆਵਜ਼ੇ ਦੀ ਮੰਗ ਵੀ ਕੀਤੀ।

ਹਲਕਾ ਵਿਧਾਇਕ ਵਿਜੇ ਸਿੰਗਲਾ, ਗੁਰਪ੍ਰੀਤ ਭੁੱਚਰ ਚੇਅਰਮੈਨ ਮਾਰਕਿਟ ਕਮੇਟੀ, ਜਤਿੰਦਰ ਆਗਰਾ ਸਾਬਕਾ ਵਾਈਸ ਪ੍ਰਧਾਨ ਨਗਰ ਕੌਂਸਲ, ਸਾਬਕਾ ਐੱਮ ਸੀ ਗੁਰਪ੍ਰੀਤ ਸਿੰਘ ਸਿੱਧੂ, ਭਗਵਾਨ ਸਿੰਘ ਕਾਲਾ ਸਾਬਕਾ ਐੱਮ ਸੀ, ਕਿਰਨਾ ਰਾਣੀ ਸਾਬਕਾ ਐੱਮ ਸੀ, ਐਡਵੋਕੇਟ ਅਮਨ ਮਿੱਤਲ, ਕ੍ਰਿਸਨ ਸਿੰਘ ਐੱਮ ਸੀ, ਐਡਵੋਕੇਟ ਬਲਵੰਤ ਭਾਟੀਆ, ਸਮਾਜ ਸੇਵੀ ਰਾਮ ਕ੍ਰਿਸ਼ਨ ਚੁੱਘ ਆਦਿ ਆਗੂ ਇਸ ਦੁੱਖ ਦੀ ਘੜੀ ਸਮੇਂ ਸ਼ਰਧਾਂਜਲੀ ਸਮਾਗਮ 'ਚ ਹਾਜ਼ਰ ਸਨ।

# ਐੱਸ ਡੀ ਐੱਮ ਤੇ ਡੀ ਐੱਸ ਪੀ ਨੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਉਤਸ਼ਾਹਤ ਕੀਤਾ

### ਫ਼ਸਲਾਂ ਦੀ ਰਹਿੰਦ-ਖੂੰਹਦ ਸਾੜੇ ਜਾਣ 'ਤੇ ਫੌਰੀ ਬੁਝਾਈ ਅੱਗ



**ਮੂਨਕ (ਰਾਜਪਾਲ ਸਿੰਗਲਾ)**

ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਤੇ ਐੱਸ.ਐੱਸ.ਪੀ. ਸਰਤਾਜ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਬ ਡਵੀਜ਼ਨ ਮੂਨਕ ਦੇ ਪਿੰਡਾਂ ਵਿੱਚ ਉੱਪ-ਮੰਡਲ ਮੈਜਿਸਟਰੇਟ ਸੂਬਾ ਸਿੰਘ ਤੇ ਡੀ.ਐੱਸ.ਪੀ. ਪਰਮਿੰਦਰ ਸਿੰਘ ਦੀ ਅਗਵਾਈ ਹੇਠ ਚੌਕਸੀ ਟੀਮਾਂ ਕਾਫ਼ੀ ਮੁਸਤੈਦ ਰਹੀਆਂ ਤੇ ਖੇਤਾਂ ਵਿੱਚ ਝੋਨੇ ਦੀ ਨਾੜ ਤੇ ਪਰਾਲੀ ਨੂੰ ਸਾੜਨ ਜਿਹੀਆਂ ਮਾੜੀਆਂ ਕਾਰਵਾਈਆਂ ਨੂੰ ਫੌਰੀ ਠੱਲ੍ਹ ਪਾਉਣ ਲਈ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਦੀ ਸਹਾਇਤਾ ਲਈ ਗਈ।ਇਸ ਬਾਰੇ ਜਾਣਕਾਰੀ ਦਿੰਦਿਆਂ ਐੱਸ.ਡੀ.ਐੱਮ. ਸੂਬਾ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਤੇ ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਵੱਲੋਂ ਸਮੇਂ ਸਮੇਂ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਉਹ ਪਿਛਲੇ ਕਈ ਦਿਨਾਂ ਤੋਂ ਸਬ ਡਵੀਜ਼ਨ ਦੇ ਪਿੰਡਾਂ ਵਿੱਚ ਕਿਸਾਨਾਂ ਨਾਲ ਤਾਲਮੇਲ ਕਰਦੇ ਹੋਏ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਸੁਚੇਤ ਕਰ ਰਹੇ ਹਨ।

ਐੱਸ.ਡੀ.ਐੱਮ. ਸੂਬਾ ਸਿੰਘ ਨੇ ਦੱਸਿਆ ਕਿ ਅੱਜ ਡੀ ਐੱਸ ਪੀ ਪਰਮਿੰਦਰ ਸਿੰਘ ਤੇ ਸਬੰਧਤ ਥਾਣਾ ਮੁਖੀ ਸਮੇਤ ਉਨ੍ਹਾਂ ਵੱਲੋਂ ਮੂਨਕ ਦੇ ਕਈ ਪਿੰਡਾਂ ਵਿੱਚ ਜਾਗਰੂਕਤਾ ਅਭਿਆਨ ਨੂੰ ਜਾਰੀ ਰੱਖਿਆ ਗਿਆ ਤੇ ਇਸ ਦੌਰਾਨ ਪਿੰਡ ਨਵਾਂ ਗਾਓਂ ਤੇ ਅੰਨ ਦਾਨਾ ਵਿਖੇ ਕਿਸੇ ਖੇਤ ਵਿੱਚ ਨਾੜ ਨੂੰ ਸਾੜੇ ਜਾਣ ਦੀ ਕਾਰਵਾਈ ਸਾਹਮਣੇ ਆਈ ਤਾਂ ਫੌਰੀ ਫਾਇਰ ਬ੍ਰਿਗੇਡ ਅਮਲੇ ਰਾਹੀਂ ਮੌਕੇ 'ਤੇ ਹੀ ਅੱਗ ਬੁਝਾਉਣ ਦੀ ਪ੍ਰਕਿਰਿਆ ਅਮਲ ਵਿੱਚ ਲਿਆਂਦੀ ਗਈ।ਉਨ੍ਹਾਂ ਨੇ ਪਿੰਡ ਬੰਗਾ, ਬੁਸ਼ਹਰਾ, ਨਵਾਂ ਗਾਓਂ, ਅੰਨ ਦਾਣਾ, ਚਾਂਦੂ, ਮੰਡਵੀ, ਮਕਰੋੜ ਸਾਹਿਬ ਆਦਿ ਪਿੰਡਾਂ ਵਿੱਚ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਪਰਾਲੀ ਪ੍ਰਬੰਧਨ ਲਈ ਪ੍ਰੇਰਿਆ।ਇਸ ਸਮੇਂ ਨਾਇਬ ਤਹਿਸੀਲਦਾਰ ਖਨੌਰੀ ਰਾਜੇਸ਼ ਕੁਮਾਰ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

# ਚੋਣ ਅਮਲੇ ਦੀ ਕੁੱਟਮਾਰ ਸਰਕਾਰ ਦੇ ਅਮਨ-ਕਾਨੂੰਨ ਦਾ ਦੀਵਾਲਾ : ਡੀ ਟੀ ਐੱਫ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਾਂਝੇ ਅਧਿਆਪਕ ਮੋਰਚੇ ਵੱਲੋਂ ਮੁੱਖ ਚੋਣ ਅਧਿਕਾਰੀ ਪੰਜਾਬ ਕੋਲ ਚੋਣ ਅਮਲੇ ਦੀ ਸੁਰੱਖਿਆ ਦੀ ਕੀਤੀ ਮੰਗ ਤੇ ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਇਸੇ ਸੰਦਰਭ ਵਿੱਚ ਵੱਖ ਵੱਖ ਜ਼ਿਲ੍ਹਿਆਂ ਵਿੱਚੋਂ ਡਿਪਟੀ ਕਮਿਸ਼ਨਰਾਂ ਰਾਹੀਂ ਭੇਜੇ ਗਏ ਮੰਗ ਪੱਤਰਾਂ ਦੇ ਕੋਈ ਸਾਰਥਿਕ ਨਤੀਜੇ ਨਹੀਂ ਨਿੱਕਲੇ, ਸਗੋਂ ਇਸ ਦੇ ਉਲਟ ਪੰਜਾਬ ਦੇ ਕਈ ਪਿੰਡਾਂ ਵਿੱਚ ਪੋਲਿੰਗ ਬੂਥਾਂ 'ਤੇ ਚੋਣ ਅਮਲੇ ਨੂੰ ਕੁੱਟਮਾਰ ਤੇ ਹਿੰਸਾ ਦਾ ਸ਼ਿਕਾਰ ਹੋਣਾ ਪਿਆ। ਜਥੇਬੰਦੀ ਦੇ ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਜ਼ਿਲ੍ਹਾ ਇਕਾਈ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ, ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਨੇ ਵੱਖ ਵੱਖ ਥਾਵਾਂ 'ਤੇ ਹੋਈ ਹਿੰਸਾ ਨੂੰ ਪੰਜਾਬ ਸਰਕਾਰ ਦੀ ਘੋਰ ਨਲਾਇਕੀ ਕਰਾਰ ਦਿੰਦਿਆਂ ਇਸ ਵਰਤਾਰੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਅਜਿਹਾ ਜਾਪਦਾ ਹੈ ਜਿਵੇਂ ਹਾਕਮ ਧਿਰ ਵੱਲੋਂ ਚੋਣਾਂ ਨੂੰ ਲੁੱਟਣ ਲਈ ਹਰ ਹੀਲਾ ਵਰਤਿਆ ਗਿਆ ਹੋਵੇ। ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ ਮੀਤ ਪ੍ਰਧਾਨ ਸਵਰਨਦਾਸ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਹਰੀਕੇ ਨੇ ਸਮੁੱਚੇ ਬਿਰਤਾਂਤ ਨੂੰ ਪੰਜਾਬ ਸਰਕਾਰ ਦੀ ਗੈਰ-ਜ਼ਿੰਮੇਵਾਰਾਨਾ ਪਹੁੰਚ ਕਰਾਰ ਦਿੰਦਿਆਂ ਕਿਹਾ ਕਿ ਜਥੇਬੰਦੀ ਵੱਲੋਂ ਵਾਰ ਵਾਰ ਸੁਰੱਖਿਆ ਦੀ ਮੰਗ ਤੇ ਵੋਟਾਂ ਦੀ ਗਿਣਤੀ ਚੋਣਾਂ ਤੋਂ ਅਗਲੇ ਦਿਨ ਤਹਿਸੀਲ ਪੱਧਰ 'ਤੇ ਕਰਨ ਨੂੰ ਦਰ-ਕਿਨਾਰ ਕੀਤਾ ਗਿਆ। ਚੋਣ ਅਮਲੇ ਲਈ ਪ੍ਰਸ਼ਾਸਨ ਵੱਲੋਂ ਨਾ ਤਾਂ ਖਾਣੇ ਦਾ ਕੋਈ ਇੰਤਜ਼ਾਮ ਕੀਤਾ ਗਿਆ ਤੇ ਨਾ ਹੀ ਰਾਤ ਸਮੇਂ ਬਿਸਤਰਿਆਂ ਦਾ ਕੋਈ ਪ੍ਰਬੰਧ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਪੰਜਾਬ ਭਰ ਵਿੱਚੋਂ ਪ੍ਰਾਪਤ ਸੂਚਨਾਵਾਂ ਅਨੁਸਾਰ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਦਾਖਾ ਵਿੱਚ ਇੱਟਾਂ-ਰੋੜੇ ਚੱਲੇ। ਇਸੇ ਤਰ੍ਹਾਂ ਮੁਕਤਸਰ ਜ਼ਿਲ੍ਹੇ ਦੇ ਪਿੰਡ ਨਵਾਂ ਰੁਪਾਣਾ ਵਿੱਚ ਵੀ ਚੋਣ ਅਮਲੇ ਨੂੰ ਬੜੀ ਮੁਸ਼ੱਕਤ ਤੋਂ ਬਾਅਦ ਬਾਹਰ ਲਿਆਂਦਾ ਗਿਆ। ਮਾਝੇ ਵਿੱਚ ਵੱਡੇ ਪੱਧਰ 'ਤੇ ਹਿੰਸਾ ਹੋਈ। ਉਨ੍ਹਾਂ ਸਾਰੇ ਵਰਤਾਰੇ ਨੂੰ ਪੰਜਾਬ ਸਰਕਾਰ ਦੀ ਨਲਾਇਕੀ ਕਰਾਰ ਦਿੱਤਾ। ਜ਼ਿਲ੍ਹਾ ਵਿੱਤ ਸਕੱਤਰ ਗੁਰਸ਼ਰਨ ਸਿੰਘ ਤੇ ਜਥੇਬੰਦਕ ਸਕੱਤਰ ਅਮਨਦੀਪ ਮਾਛੀਕੇ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹਰ ਹਾਲਤ ਵਿੱਚ ਪੰਚਾਇਤੀ ਚੋਣਾਂ ਦੇ ਨਤੀਜੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਅਗਲੇ ਦਿਨ ਤਹਿਸੀਲ ਪੱਧਰ 'ਤੇ ਐਲਾਨੇ ਜਾਣ ਤੇ ਜ਼ਿਮਨੀ ਚੋਣਾਂ ਦੌਰਾਨ ਚੋਣ ਅਮਲੇ ਦੀ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਜਾਣ। ਇਸ ਸਮੇਂ ਅਮਰਦੀਪ ਬੁੱਟਰ, ਜਗਜੀਤ ਸਿੰਘ ਰਣੀਆਂ, ਸਵਰਨਜੀਤ ਭਗਤਾ, ਨਰਿੰਦਰ ਸਿੰਘ, ਜਸਵਿੰਦਰ ਸਿੰਘ, ਪ੍ਰੇਮ ਸਿੰਘ ਮਧੂ ਬਾਲਾ, ਮਮਤਾ, ਕੌਸ਼ਲ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।

# ਪਤੀ-ਪਤਨੀ ਦੀ ਕੁੱਟਮਾਰ ਕਰਨ ਵਾਲਿਆਂ ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਜ਼ਦੀਕੀ ਪਿੰਡ ਕਮੱਗਰ ਵਿੱਚ ਇਕ ਔਰਤ ਤੇ ਉਸ ਦੇ ਪਤੀ ਦੀ ਕੁੱਟਮਾਰ ਦੇ ਮਾਮਲੇ ਵਿੱਚ, ਕੁੱਲਗੜ੍ਹੀ ਥਾਣੇ ਦੀ ਪੁਲਸ ਨੇ 6 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਕ੍ਰਿਸ਼ਨਾ ਪਤਨੀ ਹਰਜਿੰਦਰ ਸਿੰਘ ਵਾਸੀ ਪਿੰਡ ਮਾਛੀਵਾਰਾ ਉਰਫ ਕਮੱਗਰ ਨੇ ਪੁਲਸ ਨੂੰ ਦੱਸਿਆ ਕਿ ਦੋਸ਼ੀ ਵਿਅਕਤੀਆਂ ਪ੍ਰੀਤਮ ਸਿੰਘ, ਮਨਜੀਤ ਸਿੰਘ (ਕਾਲਾ) ਤੇ ਜਸਵੀਰ ਸਿੰਘ (ਗੋਗ)—ਰੋਜ਼ਾਨਾ ਸ਼ਰਾਬ ਪੀ ਕੇ ਗੁਆਂਢੀ ਲੋਕਾਂ ਨਾਲ ਗਾਲੀ-ਗਲੋਚ ਕਰਦੇ ਸਨ।ਕ੍ਰਿਸ਼ਨਾ ਨੇ ਪੰਚਾਇਤ ਨੂੰ ਇਸ ਬਾਰੇ ਸੂਚਿਤ ਕੀਤਾ ਸੀ, ਜਿਸ ਕਾਰਨ ਪੰਚਾਇਤ ਨੇ ਉਨ੍ਹਾਂ ਦੀ ਝਾੜ ਝੰਬ ਕੀਤੀ।ਇਸ ਗੱਲ ਦਾ ਬੁਰਾ ਮਨਾਉਂਦੇ ਹੋਏ, ਦੋਸ਼ੀ ਪ੍ਰੀਤਮ ਸਿੰਘ, ਮਨਜੀਤ ਸਿੰਘ, ਜਸਵੀਰ ਸਿੰਘ, ਪਰਮਿੰਦਰ ਕੌਰ, ਰਮਨ ਤੇ ਕੋਮਲ ਨੇ ਮਿਲ ਕੇ 15 ਅਕਤੂਬਰ 2024 ਨੂੰ ਕ੍ਰਿਸ਼ਨਾ ਤੇ ਉਸ ਦੇ ਪਤੀ 'ਤੇ ਹਮਲਾ ਕੀਤਾ।ਉਨ੍ਹਾਂ ਨੂੰ ਬੁਰੀ ਤਰ੍ਹਾਂ ਸੱਟਾਂ ਮਾਰੀ ਗਈਆਂ।ਕ੍ਰਿਸ਼ਨਾ ਨੇ ਦੱਸਿਆ ਕਿ ਉਸ ਤੇ ਉਸ ਦੇ ਪਤੀ ਦਾ ਇਲਾਜ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਫਰੀਦਕੋਟ ਵਿੱਚ ਚੱਲ ਰਿਹਾ ਹੈ।ਸਬ ਇੰਸਪੈਕਟਰ ਦਵਿੰਦਰ ਸਿੰਘ ਨੇ ਪੁਸ਼ਟੀ ਕੀਤੀ ਹੈ ਕਿ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਦੋਸ਼ੀਆਨ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਅਗਲੀ ਜਾਂਚ ਚਲ ਰਹੀ ਹੈ।

### ਜਿੱਤੇ ਸਰਪੰਚ ਦੀ ਹਾਰੇ ਉਮੀਦਵਾਰ ਵੱਲੋਂ ਕੁੱਟਮਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਪਿੰਡ ਖਲਚੀਆਂ ਜਦੀਦ ਵਿੱਚ ਸਰਪੰਚ ਦੀ ਚੋਣ ਨੂੰ ਲੈ ਕੇ ਰੰਜਿਸ਼ ਵਿੱਚ ਹੋਈ ਕੁੱਟਮਾਰ ਦੀ ਘਟਨਾ 'ਚ ਫਿਰੋਜ਼ਪੁਰ ਪੁਲਸ ਨੇ 6 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।ਜਿੰਦਰ ਕੁਮਾਰ ਜੋ ਕਿ ਚੋਣ ਜਿੱਤਣ ਵਾਲੇ ਸਰਪੰਚ ਹਨ, ਨੇ ਦੱਸਿਆ ਕਿ ਹਾਰੇ ਹੋਏ ਉਮੀਦਵਾਰ ਕਰਮਜੀਤ ਕੁਮਾਰ ਤੇ ਉਸ ਦੇ ਸਾਥੀਆਂ ਨੇ ਉਸ ਦੀ ਕੁੱਟਮਾਰ ਕੀਤੀ, ਸੱਟਾਂ ਮਾਰੀਆਂ ਅਤੇ ਮੋਟਰਸਾਈਕਲ ਨੂੰ ਨੁਕਸਾਨ ਪਹੁੰਚਾਇਆ।ਜਿੰਦਰ ਕੁਮਾਰ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਪੁਰ ਵਿੱਚ ਚੱਲ ਰਿਹਾ ਹੈ।ਪੁਲਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਢਾਬਾਂ ਦੀ ਬਣੀ ਸਰਪੰਚ ਪੂਨਾ ਰਾਣੀ ਤੇ ਉਸ ਦੀ ਟੀਮ ਨੇ ਕੀਤਾ ਵੱਡਾ ਐਲਾਨ

- ਲਾਇਬ੍ਰੇਰੀ ਤੇ ਖੇਡ ਸਟੇਡੀਅਮ ਬਣਾਉਣ ਲਈ ਹੋਵੇਗੀ ਪਹਿਲਕਦਮੀ
- ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੀ ਨੁਹਾਰ ਬਦਲਣ ਦਾ ਹੋਕਾ



**ਜਲਾਲਾਬਾਦ (ਰਣਬੀਰ ਕੌਰ ਢਾਬਾਂ)**

ਹਾਲ ਹੀ ਵਿੱਚ ਹੋਈਆਂ ਪੰਚਾਇਤੀ ਚੋਣਾਂ ਵਿੱਚ ਚੋਣ ਜਿੱਤਣ ਵਿੱਚ ਇਸ ਵਾਰ ਜਵਾਨੀ ਨੇ ਵੱਡੀ ਬਾਜ਼ੀ ਮਾਰੀ ਹੈ।ਵੱਡੀ ਗਿਣਤੀ ਵਿੱਚ ਨੌਜਵਾਨ ਲੜਕੇ/ਲੜਕੀਆਂ ਸਰਪੰਚ ਤੇ ਪੰਚ ਬਣਨ ਵਿੱਚ ਕਾਮਯਾਬ ਹੋਏ ਹਨ।ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਜਲਾਲਾਬਾਦ ਅਧੀਨ ਆਉਂਦੇ ਪਿੰਡ ਖੁਸ਼ਹਾਲ ਜੋਈਆ (ਢਾਬਾਂ) ਵਿਖੇ ਵੀ ਪਿੰਡ ਦੀ ਚੁਣੀ ਗਈ ਨਵੀਂ ਗ੍ਰਾਮ ਪੰਚਾਇਤ ਵਿੱਚ ਨੌਜਵਾਨ ਸਰਪੰਚ ਤੇ ਪੰਚ ਬਣਨ 'ਚ ਕਾਮਯਾਬ ਹੋਏ ਹਨ।ਪਿੰਡ ਢਾਬ ਖੁਸ਼ਹਾਲ ਜੋਈਆ ਦੀ ਪੰਚਾਇਤ ਲਈ ਪਿੰਡ ਵਾਸੀਆਂ ਵੱਲੋਂ ਪੂਨਾ ਰਾਣੀ ਨੂੰ ਸਰਪੰਚ, ਕ੍ਰਮਵਾਰ ਕਿੱਕਰ ਸਿੰਘ, ਸ਼ੰਕਰ ਦਾਸ, ਅਮਰਜੀਤ ਸਿੰਘ, ਰਾਜ ਰਾਣੀ, ਮਹਿੰਦਰ ਕੌਰ, ਸੀਮਾ ਰਾਣੀ, ਅਮਨ ਕੁਮਾਰ ਸੱਤ ਪੰਚ ਚੁਣੇ ਗਏ।ਨਵੀਂ ਸਰਪੰਚ ਚੁਣੇ ਜਾਣ ਤੋਂ ਬਾਅਦ ਸ੍ਰੀਮਤੀ ਪੂਨਾ ਰਾਣੀ ਨੇ ਦੱਸਿਆ ਕਿ ਇਹ ਜਿੱਤ ਉਨ੍ਹਾਂ ਦੀ ਇਕੱਲਿਆਂ ਦੀ ਜਿੱਤ ਨਹੀਂ, ਸਗੋਂ ਸਮੁੱਚੇ ਪਿੰਡ ਦੀ ਜਿੱਤ ਹੈ ਤੇ ਸਾਰਿਆਂ ਦੇ ਸਹਿਯੋਗ ਨਾਲ ਉਹ ਸਰਪੰਚ ਬਣਨ ਵਿੱਚ ਕਾਮਯਾਬ ਹੋਈ ਹੈ।ਉਸ ਨੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਤੇ ਉਨ੍ਹਾਂ ਦੀ ਟੀਮ ਦਾ ਪਿੰਡ ਦੇ ਵਿਕਾਸ ਲਈ ਪਹਿਲਾ ਕੰਮ ਪਿੰਡ ਵਿੱਚ ਲਾਇਬਰੇਰੀ ਤੇ ਸਟੇਡੀਅਮ ਬਣਾਉਣਾ ਹੋਵੇਗਾ।ਇਸ ਮੌਕੇ ਗ੍ਰਾਮ ਪੰਚਾਇਤ ਦੀ ਚੋਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਪਿੰਡ ਦੇ ਨੌਜਵਾਨਾਂ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਵਾਰ ਗਰਾਮ ਪੰਚਾਇਤ ਦੀ ਚੋਣ ਇਸ ਸੋਚ ਨਾਲ ਲੜੀ ਹੈ ਕਿ ਉਹ ਭਵਿੱਖ ਵਿੱਚ ਨਵੀਆਂ ਪੈੜਾਂ ਪਾਉਣਗੇ।ਪਿੰਡ ਵਿੱਚ ਸਭ ਤੋਂ ਪਹਿਲੀ ਸ਼ੁਰੂਆਤ ਗਿਆਨ ਵੰਡਣ ਦੀ ਭਾਵ ਲਾਇਬਰੇਰੀ ਖੋਲ੍ਹ ਕੇ ਕੀਤੀ ਜਾਵੇਗੀ ਤੇ ਦੂਸਰਾ ਕੰਮ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡ ਸਟੇਡੀਅਮ ਦੀ ਉਸਾਰੀ ਦਾ ਹੋਵੇਗਾ।ਸ਼ਾਂਤੀਪੂਰਵਕ ਢੰਗ ਨਾਲ ਚੋਣਾਂ ਨੇਪਰੇ ਚੜ੍ਹਨ ਲਈ ਖੁਸ਼ੀ ਜ਼ਾਹਰ ਕਰਦਿਆਂ ਨੌਜਵਾਨਾਂ ਨੇ ਕਿਹਾ ਕਿ ਦੋਨੋਂ ਧਿਰਾਂ ਨੇ ਆਪਸੀ ਸਹਿਯੋਗ ਬਣਾ ਕੇ ਇਸ ਨਵੀਂ ਗ੍ਰਾਮ ਪੰਚਾਇਤ ਨੂੰ ਚੁਣਿਆ ਹੈ।ਨਵੀਂ ਪੰਚਾਇਤ ਨੇ ਅਹਿਦ ਲੈਂਦਿਆਂ ਕਿਹਾ ਕਿ ਨਰੇਗਾ ਕਾਮਿਆਂ ਨੂੰ ਬਿਨਾਂ ਪੱਖਪਾਤ ਕੰਮ ਦਿਵਾਇਆ ਜਾਵੇਗਾ।ਹਰ ਚਾਹੁਣ ਵਾਲੇ ਤੇ ਲੋੜਵੰਦ ਪਰਵਾਰ ਦੇ ਜੌਬ ਕਾਰਡ ਬਣਾਏ ਜਾਣਗੇ। ਪਿੰਡ ਢਾਬ ਖੁਸ਼ਹਾਲ ਜੋਈਆ ਦੀ ਨਵੀਂ ਚੁਣੀ ਗਈ ਸਰਪੰਚ ਪੂਨਾ ਰਾਣੀ ਤੇ ਉਸ ਦੀ ਟੀਮ ਵੱਲੋਂ ਕੀਤੇ ਐਲਾਨ ਕਿੰਨੇ ਸਹੀ ਸਾਬਿਤ ਹੋਣਗੇ, ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ, ਪ੍ਰੰਤੂ ਲੋਕਾਂ ਨੂੰ ਇਹ ਆਸ ਜ਼ਰੂਰ ਬੱਝੀ ਹੈ ਕਿ ਇਹ ਨਵੀਂ ਟੀਮ ਇੱਕ ਨਿਵੇਕਲੇ ਅੰਦਾਜ਼ ਵਿੱਚ ਨਵੇਂ ਕਾਰਜ ਕਰੇਗੀ।

# ਆਪਣੇ ਰੱਬ ਦੀ ਬੇਅਦਬੀ ਕਰਨ ਲਈ ਸਨਾਤਨੀ ਖੁਦ ਹੀ ਜ਼ਿੰਮੇਵਾਰ : ਐਡਵੋਕੇਟ ਅਮਿਤ ਗੋਇਲ

**ਬਾਘਾ ਪੁਰਾਣਾ (ਮਨੀ ਸਿੰਗਲਾ)**



'ਅਸੀਂ ਮਰਿਆਦਾ ਦੀ ਪਾਲਣਾ ਕਿਉਂ ਨਹੀਂ ਕਰਦੇ? ਕੀ ਸਾਡਾ ਰੱਬ ਮਨੋਰੰਜਨ ਦਾ ਸਾਧਨ ਬਣ ਗਿਆ ਹੈ? ਸਾਡੇ ਸਨਾਤਨ ਧਰਮ ਨੂੰ ਨੀਵਾਂ ਕਰਨ ਲਈ ਅਸੀਂ ਸਾਰੇ ਜ਼ਿੰਮੇਵਾਰ ਹਾਂ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੱਤਰਕਾਰ ਨਾਲ ਇੱਕ ਵਾਰਤਾ ਦੌਰਾਨ ਐਡਵੋਕੇਟ ਅਮਿਤ ਗੋਇਲ ਨੇ ਕੀਤਾ।ਉਨ੍ਹਾ ਕਿਹਾ ਕਿ ਅਸੀਂ ਸੀਮਾਵਾਂ ਵਿੱਚ ਰਹਿ ਕੇ ਆਪਣੇ ਧਰਮ ਦਾ ਪ੍ਰਚਾਰ ਕਿਉਂ ਨਹੀਂ ਕਰਦੇ? ਅਸੀਂ ਹਰ ਜਗ੍ਹਾ ਉਸ ਦੀ ਫੋਟੋ ਲਗਾ ਕੇ ਰੱਬ ਦਾ ਅਪਮਾਨ ਕਿਉਂ ਕਰਦੇ ਹਾਂ? ਅਸੀਂ ਸੱਦਾ ਪੱਤਰ ਜਾਂ ਕਿਸੇ ਹੋਰ ਚਿੱਠੀ 'ਤੇ ਰੱਬ ਦੀ ਤਸਵੀਰ ਲਗਾਉਣ ਤੋਂ ਕਿਉਂ ਨਹੀਂ ਰੁਕਦੇ? ਰੱਬ ਨੂੰ ਕੀਰਤਨ ਵਿੱਚ ਮਨੋਰੰਜਨ ਵਾਸਤੇ ਨੱਚਣ ਲਈ ਕਿਉਂ ਬਣਾਇਆ ਜਾ ਰਿਹਾ ਹੈ? ਅਸੀਂ ਸੀਮਾ ਦੇ ਅੰਦਰ ਕੀਰਤਨ ਕਿਉਂ ਨਹੀਂ ਕਰਦੇ? ਕੀ ਅਸੀਂ ਕਾਵਡ ਨੂੰ ਮਾਣ ਨਾਲ ਨਹੀਂ ਲਿਆ ਸਕਦੇ?

ਗੋਇਲ ਨੇ ਕਿਹਾ ਕਿ ਸਾਰੇ ਸਨਾਤਨੀ ਵੀਰਾਂ ਤੇ ਭੈਣਾਂ ਨੂੰ ਬੇਨਤੀ ਹੈ ਕਿ ਪ੍ਰਮਾਤਮਾ ਦਾ ਨਿਰਾਦਰ ਕਰਨਾ ਬੰਦ ਕਰੋ ਤੇ ਮਰਿਆਦਾ ਦੀ ਪਾਲਣਾ ਕਰੋ।ਕਿਸੇ ਵੀ ਤਰ੍ਹਾਂ ਦੇ ਧਾਰਮਿਕ ਜਾਂ ਸਮਾਜਿਕ ਸਮਾਗਮ ਜਾਂ ਕਿਸੇ ਜਾਗਰਣ ਵਿੱਚ ਭਗਵਾਨ ਦੇ ਰੂਪ ਵਿੱਚ ਨੱਚਣਾ ਬੰਦ ਕਰੋ ਅਤੇ ਇਸ ਦਾ ਵਿਰੋਧ ਕਰੋ।ਕਿਸੇ ਵੀ ਤਰ੍ਹਾਂ ਦੇ ਸੱਦਾ ਪੱਤਰ 'ਤੇ ਭਗਵਾਨ ਦੀ ਤਸਵੀਰ ਛਾਪਣ 'ਤੇ ਰੋਕ ਲਗਾਈ ਜਾਵੇ।ਕਾਵੜ ਯਾਤਰਾ ਵਿੱਚ ਮਰਿਆਦਾ ਦਾ ਪਾਲਣ ਕਰੋ।ਜੇ ਅਸੀਂ ਸਨਾਤਨੀ ਆਪਣੇ ਰੱਬ ਦਾ ਅਪਮਾਨ ਕਰਨਾ ਬੰਦ ਨਾ ਕਰੀਏ ਤਾਂ ਅਸੀਂ ਕਿਸੇ ਹੋਰ ਨੂੰ ਕੀ ਕਹਾਂਗੇ? ਕਿਸੇ ਜਾਗਰਣ ਜਾਂ ਜਲੂਸ ਜਾਂ ਧਾਰਮਿਕ ਸਮਾਗਮ ਵਿੱਚ ਕਲਾਕਾਰਾਂ ਨੂੰ ਰੱਬ ਦੇ ਰੂਪ ਵਿੱਚ ਨਚਾਉਣਾ ਬੰਦ ਕਰੋ।

ਉਨ੍ਹਾ ਕਿਹਾ ਕਿ ਕਿਸੇ ਵੀ ਬਾਜ਼ਾਰ ਵਿੱਚ ਵਿਕਣ ਵਾਲੀ ਵਸਤੂ ਦੇ ਡੱਬੇ 'ਤੇ ਕਿਸੇ ਵੀ ਦੇਵੀ ਜਾਂ ਦੇਵਤੇ ਦੀ ਫੋਟੋ ਲਗਾਉਣੀ ਬੰਦ ਕਰੋ।ਪ੍ਰਮਾਤਮਾ ਦੇ ਰੂਪ ਵਿੱਚ ਭੀਖ ਮੰਗਣ ਵਾਲਿਆਂ ਦਾ ਸਖਤ ਬਾਈਕਾਟ ਤੇ ਵਿਰੋਧ ਕਰੋ।ਪ੍ਰਮਾਤਮਾ ਦੀ ਤਸਵੀਰ ਲੈ ਕੇ ਸੜਕਾਂ 'ਤੇ ਭੀਖ ਮੰਗਣ ਵਾਲਿਆਂ ਦਾ ਵਿਰੋਧ ਕਰੋ।ਸੱਚੇ ਹਿੰਦੂ ਜਾਂ ਸਨਾਤਨੀ ਬਣੋ ਤੇ ਆਪਣੇ ਧਰਮ ਦਾ ਅਪਮਾਨ ਕਰਨਾ ਬੰਦ ਕਰੋ ਅਤੇ ਮਰਿਆਦਾ ਦੀ ਪਾਲਣਾ ਕਰੋ।

# ਖੇਤਰੀ ਯੁਵਕ ਮੇਲੇ 'ਚ ਫਤਿਹ ਗਰੁੱਪ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**



ਪੰਜਾਬੀ ਯੂਨੀਵਰਸਿਟੀ ਵੱਲੋਂ ਬਠਿੰਡਾ-ਫਰੀਦਕੋਟ ਜ਼ੋਨ ਦੇ ਡੀਏਵੀ ਕਾਲਜ ਬਠਿੰਡਾ ਵਿਖੇ ਕਰਵਾਏ ਗਏ ਖੇਤਰੀ ਯੁਵਕ ਮੇਲੇ ਵਿੱਚ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ (ਬਠਿੰਡਾ) ਦੇ ਪ੍ਰਤਿਭਾਵਾਨ ਵਿਦਿਆਰਥੀਆਂ ਨੇ ਆਪਣੇ ਕਲਾ ਦੇ ਜੌਹਰ ਦਿਖਾਉਂਦਿਆਂ ਪਹਿਲੇ ਦਿਨ ਲੋਕ ਗੀਤ ਵਿੱਚੋਂ ਪਹਿਲੀ ਅਤੇ ਗੀਤ ਗਜ਼ਲ ਤੇ ਫੋਕ ਆਰਕੈਸਟਾ ਵਿੱਚੋਂ ਦੂਜੀ ਪੁਜ਼ੀਸ਼ਨ ਹਾਸਲ ਕਰਕੇ ਇਹ ਦਿਨ ਆਪਣੇ ਨਾਮ ਕਰ ਲਿਆ।ਜਾਣਕਾਰੀ ਦਿੰਦੇ ਹੋਏ ਸਹਾਇਕ ਡਾਇਰੈਕਟਰ ਪਬਲਿਕ ਰਿਲੇਸ਼ਨ ਤੇ ਡਿਵੈਲਪਮੈਂਟ ਹਰਪ੍ਰੀਤ ਸ਼ਰਮਾ ਯੂਥ ਕੋਆਰਡੀਨੇਟਰ ਰਮਨਪ੍ਰੀਤ ਕੌਰ ਨੇ ਦੱਸਿਆ ਕਿ ਸੰਸਥਾ ਦੇ ਫਨਕਾਰ ਸਲੀਮ ਖਾਨ ਨੇ ਲੋਕ ਗੀਤ ਵਿੱਚੋਂ ਪਹਿਲਾ ਤੇ ਗੀਤ ਗਜ਼ਲ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਫੋਕ ਆਰਕੈਸਟਰਾ ਵਿੱਚੋਂ ਵੀ ਦੂਜਾ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਚਮਕਾਇਆ।ਹੁਣ ਇਹ ਟੀਮਾਂ ਆਪਣੀ ਅਗਲੀ ਪੇਸ਼ਕਾਰੀ ਪੰਜਾਬੀ ਯੂਨੀਵਰਸਿਟੀ ਕੈਂਪਸ ਪਟਿਆਲਾ ਵਿਖੇ ਦੇਣਗੀਆਂ।ਉਨ੍ਹਾਂ ਕੋਚ ਸਾਹਿਬਾਨਾਂ ਪਰਮ ਸਿੱਧੂ ਗਿੰਨੀ, ਸੌਰਵ ਕੁਮਾਰ, ਜਗਦੀਸ਼ ਸਿੰਘ ਤੂਫਾਨ, ਦੀਪ ਖਾਨ ਦੀ ਅਣਥੱਕ ਮਿਹਨਤ ਨੂੰ ਵੀ ਸਿਜਦਾ ਕੀਤਾ।

ਕਾਲਜ ਚੇਅਰਮੈਨ ਐੱਸ ਐੱਸ ਚੱਠਾ ਨੇ ਕਿਹਾ ਕਿ ਵਿਦਿਆਰਥੀਆਂ ਦੀ ਸ਼ਖ਼ਸੀਅਤ ਨਿਖਾਰਨ ਲਈ ਅਜਿਹੇ ਯੁਵਕ ਮੇਲੇ ਅਤਿ ਜ਼ਰੂਰੀ ਹਨ।ਉਨ੍ਹਾਂ ਵਿਦਿਆਰਥੀਆਂ ਦੀ ਸਖਸ਼ੀਅਤ ਦੇ ਵਿਕਾਸ ਲਈ ਲੋਕ ਮੇਲਿਆਂ ਨੂੰ ਮਹੱਤਵਪੂਰਨ ਕਿਹਾ ਤੇ ਜੇਤੂ ਵਿਦਿਆਰਥੀਆਂ, ਕੋਚ ਤੇ ਸਟਾਫ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ।ਕੋ ਕੋਆਰਡੀਨੇਟਰ ਸੰਦੀਪ ਕੌਰ ਚਰਨਜੀਤ ਕੌਰ, ਕ੍ਰਿਸ਼ਨ ਸਿੰਘ, ਸੰਗੀਤ ਆਈਟਮ ਇੰਚਾਰਜ ਰੋਬਿਨ ਮੰਗਲਾ ਨੇ ਦੱਸਿਆ ਕਿ ਉਕਤ ਪ੍ਰਾਪਤੀਆਂ ਦਾ ਸਿਹਰਾ ਸਮੂਹ ਸਟਾਫ ਤੇ ਵਿਦਿਆਰਥੀਆਂ ਤੇ ਕੋਚ ਸਾਹਿਬਾਨਾਂ ਦੀ ਅਣਥੱਕ ਮਿਹਨਤ ਨੂੰ ਜਾਂਦਾ ਹੈ।ਇਸ ਮੌਕੇ ਐੱਮ ਡੀ ਮਨਜੀਤ ਕੌਰ ਚੱਠਾ, ਪ੍ਰਿੰਸੀਪਲ ਡਾ. ਜਗਵਿੰਦਰ ਸਿੰਘ, ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ, ਰਜਿਸਟਰਾਰ ਰਜਿੰਦਰ ਤ੍ਰਿਪਾਠੀ, ਪ੍ਰੋ. ਸੁਖਪ੍ਰੀਤ ਕੌਰ, ਪ੍ਰੋ. ਮਨਦੀਪ ਕੌਰ, ਜਸਪ੍ਰੀਤ ਕੌਰ, ਜੋਨੀ ਰਾਣੀ, ਵਰਿੰਦਰ ਕੌਰ, ਹਰਜੀਤ ਕੌਰ, ਕੁਲਦੀਪ ਸਿੰਘ, ਸੁਖਬੀਰ ਸਿੰਘ, ਰਣਜੀਤ ਸਿੰਘ, ਪੂਜਾ ਰਾਣੀ, ਕੁਲਦੀਪ ਸਿੰਘ, ਵਰਿੰਦਰ ਕੌਰ ਸਮੇਤ ਸਮੂਹ ਸਟਾਫ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

19-OCT-PAGE-7.qxd 10/18/2024 10:08 PM Page 1



## ਧਨੂੰਰ ਦੇ ਨੌਜਵਾਨ ਗੁਲਜ਼ਾਰ ਸਿੰਘ ਸਰਪੰਚ ਬਣੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਲਾਕ ਅਧੀਨ ਪੈਂਦੇ ਪਿੰਡ ਧਨੂੰਰ ਵਿਖੇ ਵੀ ਸਰਪੰਚ ਦੀ ਚੋਣ ਨੂੰ ਲੈ ਕੇ ਸਖਤ ਮੁਕਾਬਲਾ ਦੇਖਣ ਨੂੰ ਮਿਲਿਆ। ਇਸ ਚੋਣ ਮੁਕਾਬਲੇ ਵਿੱਚ ਨੌਜਵਾਨ ਗੁਲਜ਼ਾਰ ਸਿੰਘ ਨੇ ਆਪਣੇ ਵਿਰੋਧੀ ਉਮੀਦਵਾਰ ਨੂੰ 101 ਵੋਟਾਂ ਨਾਲ ਮਾਤ ਦਿੱਤੀ। ਇਸ ਤੋਂ ਇਲਾਵਾ ਕੁਲਦੀਪ ਕੌਰ, ਸ਼ੀਲਾ ਰਾਣੀ, ਜੋਧ ਸਿੰਘ, ਪ੍ਰੀਤਮ ਸਿੰਘ ਪੰਚਾਇਤ ਮੈਂਬਰ ਚੁਣੇ ਗਏ। ਨਵੇਂ ਚੁਣੇ ਸਰਪੰਚ ਗੁਲਜ਼ਾਰ ਸਿੰਘ ਨੇ ਪਿੰਡ ਵਾਸੀਆਂ ਦਾ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਕਿ ਉਹ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਇਸ ਮੌਕੇ ਸਾਬਕਾ ਸਰਪੰਚ ਗੁਰਦੇਵ ਸਿੰਘ, ਸੁਰਜੀਤ ਸਿੰਘ, ਜਰਨੈਲ ਸਿੰਘ, ਗੁਰਮੇਲ ਸਿੰਘ, ਰਮਨਦੀਪ ਸਿੰਘ, ਨਿਸ਼ਾਨ ਸਿੰਘ, ਪਰਮਜੀਤ ਸਿੰਘ, ਗਗਨਦੀਪ ਸਿੰਘ, ਸਤਨਾਮ ਸਿੰਘ ਗੰਭੀਰ, ਬਲਕਾਰ ਸਿੰਘ, ਬਲਦੇਵ ਰਾਜ, ਮਨਜੀਤ ਸਿੰਘ, ਅਮਨਦੀਪ ਸਿੰਘ, ਰਣਜੀਤ ਸਿੰਘ, ਸੁੱਚਾ ਸਿੰਘ, ਦਲੇਰ ਸਿੰਘ, ਲਖਵਿੰਦਰ ਸਿੰਘ, ਅਜਮੇਰ ਸਿੰਘ, ਬੂਟਾ ਸਿੰਘ, ਕੁਲਵਿੰਦਰ ਸਿੰਘ, ਬਚਿੱਤਰ ਸਿੰਘ, ਬਲਵੀਰ ਸਿੰਘ, ਦਵਿੰਦਰ ਸਿੰਘ, ਰਾਮ ਸਿੰਘ, ਜੀਤ ਰਾਮ, ਬੁੱਧ ਸਿੰਘ, ਬਿਧੀ ਸਿੰਘ ਮੌਜੂਦ ਸਨ।

## ਜਸਬੀਰ ਕੌਰ ਨੇ ਚੱਕ ਅੰਮ੍ਰਿਤਸਰੀਆ ਦੇ ਸਰਪੰਚ ਦੀ ਚੋਣ ਜਿੱਤੀ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਬਲਾਕ ਦੇ ਪਿੰਡ ਚੱਕ ਅੰਮ੍ਰਿਤਸਰੀਆ ਦੀ ਜਸਵੀਰ ਕੌਰ ਪਤਨੀ ਗੁਰਨਾਮ ਸਿੰਘ ਗਿੱਲ ਪੈਲਸ ਵਾਲੇ ਸਰਪੰਚ ਦੀ ਚੋਣ ਜਿੱਤ ਗਏ, ਜਿਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰ ਨੂੰ ਵੱਡੇ ਫਰਕ ਨਾਲ ਹਰਾਇਆ ਹੈ।ਜਸਬੀਰ ਕੌਰ ਦੇ ਸਰਪੰਚ ਬਣਨ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਨਵੇਂ ਬਣੇ ਸਰਪੰਚ ਜਸਬੀਰ ਕੌਰ ਨੇ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਸਿਰ ਤੋੜ ਯਤਨ ਕਰਨਗੇ ਤੇ ਬਿਨਾਂ ਕਿਸੇ ਭਿੰਨ ਭੇਦ ਦੇ ਪਿੰਡ ਤੇ ਹਰੇਕ ਵਰਗ ਦੇ ਲੋਕਾਂ ਦੇ ਕੰਮ ਕਰਨਗੇ।

## ਹੋਲੀ ਹਾਰਟ ਸਕੂਲ 'ਚ ਵਾਲਮੀਕ ਜੈਅੰਤੀ ਬਾਰੇ ਜਾਣੂ ਕਰਾਇਆ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਬਾਲਮੀਕ ਜਯੰਤੀ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ ਗਿਆ। ਵਾਲਮੀਕ ਜਯੰਤੀ ਹਿੰਦੂ ਭਾਈਚਾਰੇ ਦਾ ਤਿਉਹਾਰ ਹੈ, ਜੋ ਕਿ ਮਹਾਂਰਿਸ਼ੀ ਵਾਲਮੀਕ ਜੀ ਦੇ ਜਨਮ ਦਿਨ ਮੌਕੇ ਮਨਾਇਆ ਜਾਂਦਾ ਹੈ।ਅਧਿਆਪਕ ਨੇ ਬੱਚਿਆਂ ਨੂੰ ਦੱਸਦੇ ਹੋਏ ਕਿਹਾ ਕਿ ਭਾਰਤ ਇੱਕ ਅਜਿਹਾ ਦੇਸ਼ ਹੈ, ਜਿੱਥੇ ਮਨੁੱਖਤਾ ਦੀ ਭਲਾਈ ਲਈ ਸਮੇਂ ਸਮੇਂ ਅਧਿਆਤਮਕਵਾਦੀ ਮਹਾਂਪੁਰਸ਼ਾਂ ਨੇ ਪ੍ਰਗਟ ਹੋ ਕੇ ਪੂਰੇ ਵਿਸ਼ਵ ਵਿੱਚ ਆਪਣੀ ਵਿਚਾਰਧਾਰਾ ਨੂੰ ਪ੍ਰਗਟ ਕੀਤਾ ਹੈ।ਇਨ੍ਹਾਂ ਮਹਾਨ ਆਤਮਾਵਾਂ ਦੀ ਕਤਾਰ ਵਿੱਚ ਪਰਉਪਕਾਰੀ ਭਗਵਾਨ ਵਾਲਮੀਕ ਜੀ ਦਾ ਨਾਂ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਸਾਰਿਆਂ ਲਈ ਪ੍ਰੇਰਨਾ ਦਾ ਸਰੋਤ ਹਨ।ਭਗਵਾਨ ਵਾਲਮੀਕ ਨੇ ਪ੍ਰਸਿੱਧ ਹਿੰਦੂ ਮਹਾਂਕਾਵਿ ਰਮਾਇਣ ਦੀ ਰਚਨਾ ਕੀਤੀ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਬੱਚਿਆਂ ਨੂੰ ਸਾਰੇ ਧਰਮਾਂ ਦੀ ਜਾਣਕਾਰੀ ਹੋਣੀ ਲਾਜ਼ਮੀ ਹੈ।ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਂਦੇ ਰਹਿਣ ਦੀ ਹਮੇਸ਼ਾ ਸਕੂਲ ਵੱਲੋਂ ਕੋਸ਼ਿਸ਼ ਰਹੇਗੀ। ਇਸ ਮੌਕੇ ਸਕੂਲ ਸਟਾਫ ਹਾਜ਼ਰ ਸੀ।

## ਵਰਲਡ ਯੂਨੀਵਰਸਿਟੀ 'ਚ ਅੰਤਰਰਾਸ਼ਟਰੀ ਬਾਲੜੀ ਦਿਵਸ ਮਨਾਇਆ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੇ ਬਾਇਓਟੈਕਨਾਲੋਜੀ ਵਿਭਾਗ ਨੇ ਮਹਿਲਾ ਸ਼ਿਕਾਇਤ ਨਿਵਾਰਨ ਸੈੱਲ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਬਾਲੜੀ ਦਿਵਸ ਮੌਕੇ ਜਾਗਰੂਕਤਾ ਪੈਦਾ ਕਰਨ ਲਈ 'ਸਲੋਗਨ ਮੇਕਿੰਗ ਈਵੈਂਟ' ਦਾ ਆਯੋਜਨ ਕੀਤਾ।ਇਹ ਈਵੈਂਟ ਸੰਯੁਕਤ ਰਾਸ਼ਟਰ ਦੇ 2024 ਦੇ ਥੀਮ 'ਭਵਿੱਖ ਲਈ ਕੁੜੀਆਂ ਦਾ ਦ੍ਰਿਸ਼ਟੀਕੋਣ' 'ਤੇ ਅਧਾਰਤ ਸੀ।ਸਮਾਗਮ ਦਾ ਉਦੇਸ਼ ਸਮਾਜ ਦੇ ਭਵਿੱਖ ਵਜੋਂ ਕੁੜੀਆਂ ਦੀ ਸਮਰੱਥਾ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਕੁੜੀਆਂ ਨੂੰ ਉਨ੍ਹਾਂ ਦੇ ਸਸ਼ਕਤੀਕਰਨ ਲਈ ਉਤਸ਼ਾਹਤ ਕਰਨਾ ਸੀ।ਇਸ ਮੌਕੇ ਵਿਸ਼ਵ ਪੱਧਰ 'ਤੇ ਔਰਤਾਂ ਦਾ ਸਾਹਮਣਾ ਕਰਨ ਵਾਲੇ ਮੁੱਦਿਆਂ ਨੂੰ ਉਜਾਗਰ ਕੀਤਾ ਗਿਆ। ਇਸ ਸਮਾਗਮ ਦਾ ਆਯੋਜਨ ਸਹਾਇਕ ਪ੍ਰੋਫੈਸਰ ਮਿਸ ਜਸਮੀਨ ਕੌਰ ਵੱਲੋਂ ਕੀਤਾ ਗਿਆ।ਡਾ. ਰੁਪਿੰਦਰ ਕੌਰ, ਮੁਖੀ ਬਾਇਓਟੈਕਨਾਲੋਜੀ ਵਿਭਾਗ ਤੇ ਕਨਵੀਨਰ ਮਹਿਲਾ ਸ਼ਿਕਾਇਤ ਨਿਵਾਰਨ ਸੈੱਲ ਨੇ ਅਪਣੇ ਭਾਸ਼ਣ ਵਿੱਚ ਸਮਾਵੇਸ਼ੀ ਸਮਾਜ ਦੀ ਸਿਰਜਣਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾ ਵਿਗਿਆਨ ਤੇ ਤਕਨਾਲੋਜੀ ਨੂੰ ਅੱਗੇ ਵਧਾਉਣ ਵਿੱਚ ਔਰਤਾਂ ਦੀ ਅਹਿਮ ਭੂਮਿਕਾ ਨੂੰ ਵੀ ਉਜਾਗਰ ਕੀਤਾ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ: (ਡਾ.) ਪ੍ਰਿਤਪਾਲ ਸਿੰਘ ਨੇ ਅਜਿਹੇ ਜਾਗਰੂਕਤਾ ਸਮਾਗਮਾਂ ਨੂੰ ਨਿਯਮਤ ਤੌਰ 'ਤੇ ਕਰਵਾਉਣ ਲਈ ਸੈੱਲ ਦੀ ਪ੍ਰਸ਼ੰਸਾ ਕੀਤੀ। ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲਿਆਂ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਸਮਾਗਮ ਦੇ ਸਫਲਤਾਪੂਰਵਕ ਆਯੋਜਨ ਲਈ ਵਿਭਾਗ ਨੂੰ ਵਧਾਈ ਦਿੱਤੀ।

## ਕ੍ਰਿਸ਼ਨਾ ਕਾਲਜ ਰੱਲੀ ਵਿਖੇ ਦੋ ਰੋਜ਼ਾ ਮੈਡੀਕਲ ਕੈਂਪ



**ਬਰੇਟਾ (ਗੋਬਿੰਦ ਸ਼ਰਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਤ ਕ੍ਰਿਸ਼ਨਾ ਕਾਲਜ ਆਫ ਹਾਇਰ ਐਜੂਕੇਸ਼ਨ ਰੱਲੀ (ਬੁਢਲਾਡਾ) ਵਿਖੇ ਨੇਕੀ ਫਾਊਂਡੇਸ਼ਨ ਬੁਢਲਾਡਾ ਦੇ ਸਹਿਯੋਗ ਨਾਲ ਦੋ ਰੋਜ਼ਾ ਮੈਡੀਕਲ ਕੈਂਪ ਲਾਇਆ ਗਿਆ।ਇਸ ਕੈਂਪ ਵਿੱਚ ਔਰਤ ਰੋਗਾਂ ਦੇ ਮਾਹਰ ਡਾ. ਨੀਸ਼ਾ ਸਿੰਗਲਾ ਅਤੇ ਡਾ. ਕੀਰਤੀ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਸਰਜਨ ਡਾ. ਕੁਲਦੀਪ ਕੌਰ ਨੇ ਵੀ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ।ਕੈਂਪ ਦੇ ਦੂਸਰੇ ਦਿਨ ਹੱਡੀਆਂ ਤੇ ਜੋੜਾਂ ਦੇ ਮਾਹਰ ਡਾ. ਦੀਪਕ ਗਰਗ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਸਿਹਤ ਸੰਭਾਲ ਸੰਬੰਧੀ ਸਲਾਹ ਮਸ਼ਵਰਾ ਅਤੇ ਸਹੀ ਕਸਰਤ ਬਾਰੇ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਦੰਦਾਂ ਦੇ ਮਾਹਰ ਡਾਕਟਰ ਨਿਰਮਲ ਸਿੰਘ ਨੇ ਵੀ ਮਰੀਜ਼ਾਂ ਦਾ ਚੈੱਕਅਪ ਕੀਤਾ।ਇਸ ਕੈਂਪ ਵਿੱਚ ਇਲਾਕੇ ਦੇ ਲੋੜਵੰਦ ਮਰੀਜ਼ਾਂ ਨੇ ਇਸ ਕੈਂਪ ਦਾ ਲਾਭ ਉਠਾਇਆ। ਪ੍ਰੋਗਰਾਮ ਦੇ ਅਖੀਰ ਵਿੱਚ ਨੇਕੀ ਟੀਮ ਤੇ ਸਮੂਹ ਡਾਕਟਰ ਸਾਹਿਬਾਨ ਦਾ ਕਾਲਜ ਦੇ ਮੈਨਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਪਰਸਨ ਸੁਖਵਿੰਦਰ ਸਿੰਘ ਚਹਿਲ, ਸਕੱਤਰ ਸੱਤਪਾਲ ਸਿੰਘ ਚਹਿਲ ਤੇ ਪ੍ਰਧਾਨ ਡਾਕਟਰ ਵਿਜੈ ਸਿੰਗਲਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰ: ਡਾ. ਗੁਰਪ੍ਰੀਤ ਸਿੰਘ ਮੱਲ੍ਹੀ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਕਾਲਜ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਦੋ ਰੋਜ਼ਾ ਕੈਂਪ ਵਿੱਚ ਪਹੁੰਚੇ ਸਾਰੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਪ੍ਰਦਾਨ ਕੀਤੀਆਂ ਗਈਆਂ।

## ਚੱਕ ਦੂਹੇਵਾਲਾ ਦੀ ਜੇਤੂ ਪੰਚਾਇਤ ਨੂੰ ਸਰਟੀਫਿਕੇਟ ਵੰਡੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਚਾਇਤੀ ਚੋਣਾਂ 2024 ਵਿੱਚ ਜੇਤੂ ਪੰਚਾਂ-ਸਰਪੰਚਾਂ ਨੂੰ ਸਰਟੀਫਿਕੇਟ ਦੇਣ ਦਾ ਸਿਲਸਿਲਾ ਜਾਰੀ ਹੈ।ਇਸੇ ਲੜੀ ਤਹਿਤ ਚੱਕ ਦੂਹੇਵਾਲਾ ਦੀ ਜੇਤੂ ਪੰਚਾਇਤ ਨੂੰ ਪ੍ਰਜ਼ਾਇਡਿੰਗ ਅਫ਼ਸਰ-ਕਮ-ਸਹਾਇਕ ਰਿਟਰਨਿੰਗ ਅਫ਼ਸਰ ਸ੍ਰੀ ਪ੍ਰਗਟ ਸਿੰਘ ਜੰਬਰ ਵੱਲੋਂ ਸਰਟੀਫਿਕੇਟ ਵੰਡੇ ਗਏ, ਜਿਸ ਵਿੱਚ ਸਰਪੰਚ ਰਜਨੀਸ਼ ਕੁਮਾਰ, ਪੰਚਾਇਤ ਮੈਂਬਰ ਵਿੱਚ ਸਰਵਸ੍ਰੀ ਗੁਰਜੰਟ ਸਿੰਘ, ਜਗਜੀਤ ਸਿੰਘ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਸ਼ਾਮ ਸਿੰਘ, ਸੰਦੀਪ ਸਿੰਘ ਆਦਿ ਨੂੰ ਜੇਤੂ ਸਰਟੀਫਿਕੇਟ ਵੰਡੇ ਗਏ।ਇਸ ਮੌਕੇ ਗਗਨਦੀਪ ਸਿੰਘ ਬਰਾੜ ਪ੍ਰਜ਼ਾਇਡਿੰਗ ਅਫ਼ਸਰ ਵੀ ਹਾਜ਼ਰ ਸਨ।

# ਪਾਵਰਕਾਮ ਠੇਕਾ ਕਾਮਿਆਂ ਵੱਲੋਂ 23 ਨੂੰ ਮੋਹਾਲੀ 'ਚ ਸੂਬਾ ਪੱਧਰੀ ਧਰਨੇ ਦਾ ਐਲਾਨ

### ਵਿੱਤ ਮੰਤਰੀ, ਬਿਜਲੀ ਮੰਤਰੀ ਤੇ ਕਿਰਤ ਮੰਤਰੀ ਸਮੇਤ ਉੱਚ ਅਧਿਕਾਰੀਆਂ ਨਾਲ ਮੰਗਾਂ ਨੂੰ ਲੈ ਕੇ 21 ਨੂੰ ਹੋਵੇਗੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**



ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵਿਰੁੱਧ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਬਲਿਹਾਰ ਸਿੰਘ ਸਰਕਲ ਪ੍ਰਧਾਨ ਕੇਸਰ ਸਿੰਘ, ਜਨਰਲ ਸਕੱਤਰ ਮਨਜਿੰਦਰ ਸਿੰਘ, ਵਿੱਤ ਸਕੱਤਰ ਸੁਖਰਾਜ ਸਿੰਘ, ਸੀਨੀਅਰ ਮੀਤ ਪ੍ਰਧਾਨ ਜੀਤ ਸਿੰਘ, ਗੁਰਪਿਆਰ ਸਿੰਘ ਤੇ ਡਵੀਜ਼ਨ ਪ੍ਰਧਾਨ ਬਲਰਾਜ ਸਿੰਘ ਨੇ ਦੱਸਿਆ ਕਿ 16 ਅਗਸਤ 2024 ਨੂੰ ਪਰਵਾਰਾਂ ਸਮੇਤ ਖਰੜ ਵਿਖੇ ਲਗਾਤਾਰ ਰੋਸ ਧਰਨਾ ਪ੍ਰਦਰਸ਼ਨ ਕੀਤਾ ਗਿਆ ਸੀ। ਧਰਨੇ ਪ੍ਰਦਰਸ਼ਨ ਦੇ ਦਵਾਬ ਹੇਠ ਆਊਟ-ਸੋਰਸਿੰਗ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕਰਨ, ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ ਨਿਸ਼ਚਤ ਕਰਨ, ਬਿਜਲੀ ਦਾ ਕਰੰਟ ਲੱਗਣ ਕਾਰਨ ਮੌਤ ਦੇ ਮੂੰਹ ਪਏ ਕਾਮਿਆਂ ਦੇ ਵਾਰਸਾਂ ਨੂੰ ਇੱਕ ਕਰੋੜ ਰੁਪਿਆ ਰਾਸ਼ੀ ਜਾਰੀ ਕਰਨ ਤੇ ਪਰਿਵਾਰਕ ਮੈਂਬਰ ਨੂੰ ਪੱਕੀ ਨੌਕਰੀ ਦਾ ਪ੍ਰਬੰਧ ਕਰਨ ਸਮੇਤ ਤਮਾਮ ਮੰਗ ਪੱਤਰ ਵਿੱਚ ਦਰਜ ਮੰਗਾਂ ਦੇ ਹੱਲ ਲਈ ਪ੍ਰਸ਼ਾਸਨ ਵੱਲੋਂ ਲਿਖਤੀ ਮੀਟਿੰਗ ਦਾ ਸਮਾਂ 28 ਅਗਸਤ ਦਾ ਦਿੱਤਾ ਗਿਆ ਸੀ, ਪਰ ਉਸ ਮੀਟਿੰਗ ਵਿੱਚ ਬਿਜਲੀ ਮੰਤਰੀ ਗੈਰ-ਹਾਜ਼ਰ ਹੋਣ ਕਾਰਨ ਕੋਈ ਵੀ ਮੰਗ 'ਤੇ ਠੋਸ ਗੱਲਬਾਤ ਨਾ ਹੋ ਸਕੀ, ਜਿਸ ਵਜੋਂ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਵੱਲੋਂ 6 ਸਤੰਬਰ 2024 ਦਾ ਲਿਖਤੀ ਸਮਾਂ ਤੈਅ ਕੀਤਾ, ਪਰ 6 ਸਤੰਬਰ 2024 ਨੂੰ ਹੋਣ ਵਾਲੀ ਮੀਟਿੰਗ ਵੀ 16 ਸਤੰਬਰ 2024 ਨੂੰ ਦੁਪਹਿਰ 2 ਵਜੇ ਨਿਸ਼ਚਤ ਕਰ ਦਿੱਤੀ ਗਈ, ਪਰ ਫਿਰ ਟਾਲ ਮਟੋਲ ਦੀ ਨੀਤੀ ਦੇ ਚੱਲਦਿਆਂ 15 ਸਤੰਬਰ ਨੂੰ ਮੀਟਿੰਗ ਮੁਲਤਵੀ ਕਰਨ ਦਾ ਪੱਤਰ ਜਾਰੀ ਕਰ ਦਿੱਤਾ ਗਿਆ, ਜਿਸ ਕਾਰਨ ਠੇਕਾ ਕਾਮਿਆਂ 'ਚ ਭਾਰੀ ਰੋਸ ਪਾਇਆ ਗਿਆ ਅਤੇ 16 ਸਤੰਬਰ 2024 ਤੋਂ ਮੁਕੰਮਲ ਕੰਮ ਜਾਮ ਕਰਕੇ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਤੇ ਬਿਜਲੀ ਮੰਤਰੀ ਸ੍ਰੀ ਹਰਭਜਨ ਸਿੰਘ ਈਟੀਓ ਅਤੇ ਕਿਰਤ ਮੰਤਰੀ ਅਨਮੋਲ ਗਗਨ ਮਾਨ ਪੰਜਾਬ ਸਰਕਾਰ ਖਿਲਾਫ 17 ਸਤੰਬਰ 2024 ਨੂੰ ਖਰੜ ਵਿਖੇ ਪਰਵਾਰਾਂ ਤੇ ਬੱਚਿਆਂ ਸਮੇਤ ਰੋਸ ਧਰਨਾ ਦਿੱਤਾ ਗਿਆ। ਇਸ ਦੌਰਾਨ ਪੰਜਾਬ ਸਰਕਾਰ ਦੇ ਨੁਮਾਇੰਦੇ ਡਿਪਟੀ ਸਕੱਤਰ ਨਵਰਾਜ ਸਿੰਘ ਬਰਾੜ ਪੰਜਾਬ ਸਰਕਾਰ ਤੇ ਪਾਵਰਕਾਮ ਦੇ ਨੁਮਾਇੰਦਿਆਂ ਨਾਲ ਬੈਠਕ ਹੋਈ, ਜਿਸ ਵਿੱਚ 27 ਸਤੰਬਰ 2024 ਨੂੰ ਸਰਕਾਰ ਦੇ ਵਿੱਤ ਮੰਤਰੀ ਤੇ ਕਿਰਤ ਮੰਤਰੀ ਅਤੇ ਬਿਜਲੀ ਮੰਤਰੀ ਸਮੇਤ ਅਧਿਕਾਰੀਆਂ ਨਾਲ ਜਥੇਬੰਦੀ ਆਗੂਆਂ ਦੀ ਮੀਟਿੰਗ ਫਿਕਸ ਕਰਵਾਈ ਗਈ ਸੀ, ਪਰ ਸਰਕਾਰ ਵੱਲੋਂ ਪੰਜਾਬ ਰਾਜ ਅੰਦਰ ਪੰਚਾਇਤੀ ਚੋਣਾਂ ਦਾ ਬਹਾਨਾ ਬਣਾ ਕੇ 27 ਸਤੰਬਰ 2024 ਨੂੰ ਹੋਣ ਵਾਲੀ ਮੀਟਿੰਗ 21 ਅਕਤੂਬਰ 2024 ਨੂੰ ਕਰ ਦਿੱਤੀ ਗਈ ਹੈ, ਜਿਸ ਦਾ ਪੱਤਰ ਚੰਡੀਗੜ੍ਹ ਵਿੱਤ ਮੰਤਰੀ ਦੇ ਦਫਤਰ ਵੱਲੋਂ ਪ੍ਰਾਪਤ ਹੋਇਆ ਹੈ।ਆਗੂਆਂ ਨੇ ਕਿਹਾ ਕਿ ਮੰਗਾਂ ਦਾ ਹੱਲ ਨਾ ਹੋਣ ਦੀ ਸੂਰਤ 'ਚ 21 ਅਕਤੂਬਰ ਨੂੰ ਹੋਣ ਵਾਲੀ ਮੀਟਿੰਗ ਵਿੱਚ ਠੇਕਾ ਕਾਮਿਆਂ ਦੀਆਂ ਮੰਗਾਂ ਦਾ ਹੱਲ ਨਹੀਂ ਹੁੰਦਾ ਤਾਂ 23 ਅਕਤੂਬਰ 2024 ਨੂੰ ਪਰਵਾਰਾਂ ਤੇ ਬੱਚਿਆਂ ਸਮੇਤ ਮੋਹਾਲੀ/ਚੰਡੀਗੜ੍ਹ ਵਿਖੇ ਲਗਾਤਾਰ ਰੋਸ ਧਰਨਾ ਦੇਣ ਦਾ ਫੈਸਲਾ ਕੀਤਾ ਗਿਆ ਅਤੇ ਫੀਲਡ ਵਿੱਚ ਆਉਣ 'ਤੇ ਮੁੱਖ ਮੰਤਰੀ ਸਮੇਤ ਬਿਜਲੀ ਮੰਤਰੀ ਤੇ ਵਿੱਤ ਮੰਤਰੀ ਅਤੇ ਕਿਰਤ ਮੰਤਰੀ ਸਮੇਤ ਬਿਜਲੀ ਬੋਰਡ ਦੇ ਚੇਅਰਮੈਨ ਸਮੇਤ ਡਾਇਰੈਕਟਰ ਦਾ ਕਾਲਿਆਂ ਝੰਡਿਆਂ ਨਾਲ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ।

## ਡਾ. ਜਤਿੰਦਰ ਚਹਿਲ ਨੇ 549 ਵੋਟਾਂ ਦੇ ਫਰਕ ਨਾਲ ਸਮਾਉਂ ਦੀ ਸਰਪੰਚੀ ਜਿੱਤੀ



**ਭੀਖੀ (ਧਰਮਵੀਰ ਸ਼ਰਮਾ)**-ਨੇੜਲੇ ਪਿੰਡ ਸਮਾਉਂ ਵਿਖੇ ਸਰਪੰਚੀ ਲਈ ਡਾ. ਜਤਿੰਦਰ ਸਿੰਘ ਨੇ ਬਲਜਿੰਦਰ ਸਿੰਘ ਬੱਗੜ ਨੂੰ 549 ਵੋਟਾਂ ਦੇ ਫਰਕ ਨਾਲ ਹਰਾ ਕੇ ਸਰਪੰਚੀ 'ਤੇ ਕਬਜ਼ਾ ਕੀਤਾ। ਇਸ ਦੌਰਾਨ ਡਾ. ਚਹਿਲ ਦੇ ਘਰ ਵਧਾਈ ਦੇਣ ਵਾਲੇ ਲੋਕਾਂ ਦਾ ਤਾਂਤਾ ਲੱਗਿਆ ਰਿਹਾ। ਡਾ. ਚਹਿਲ ਨੇ ਸਰਪੰਚ ਬਣਨ ਤੋਂ ਬਾਅਦ ਬਾਬਾ ਜੋਗੀ ਪੀਰ ਦੇ ਅਸਥਾਨ ਭੁਪਾਲ ਖੁਰਦ ਸਮੇਤ ਵੱਖ ਵੱਖ ਧਾਰਮਿਕ ਸਥਾਨਾਂ 'ਤੇ ਮੱਥਾ ਟੇਕ ਕੇ ਆਸ਼ੀਰਵਾਦ ਲਿਆ। ਇਸ ਮੌਕੇ ਪਿੰਡ ਸਮਾਉਂ ਵਿਖੇ ਲੋਕਾਂ ਦਾ ਧੰਨਵਾਦ ਕਰਦਿਆਂ ਡਾ. ਜਤਿੰਦਰ ਸਿੰਘ ਚਹਿਲ ਨੇ ਕਿਹਾ ਕਿ ਉਹ ਲੋਕਾਂ ਦੀਆਂ ਭਾਵਨਾਵਾਂ 'ਤੇ ਖਰੇ ਉਤਰਨਗੇ। ਉਨ੍ਹਾ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਹਮੇਸ਼ਾ ਤਤਪਰ ਰਹਿਣਗੇ ਤੇ ਪਿੰਡ ਦੀਆਂ ਸਾਂਝੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਉਨ੍ਹਾਂ ਦਾ ਮੁੱਖ ਟੀਚਾ ਹੋਵੇਗਾ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਭੇਦਭਾਵ ਦੇ ਪਿੰਡ ਦਾ ਵਿਕਾਸ ਉਨ੍ਹਾਂ ਦਾ ਸੁਪਨਾ ਹੈ, ਜਿਸ ਨੂੰ ਸਾਕਾਰ ਕਰਨ ਲਈ ਉਹ ਸਦਾ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਲੋਕਾਂ ਦੇ ਕੰਮਾਂ ਲਈ ਉਨ੍ਹਾਂ ਦੇ ਘਰ ਦੇ ਦਰਵਾਜ਼ੇ 24 ਘੰਟੇ ਖੁੱਲ੍ਹੇ ਹਨ, ਕਿਸੇ ਵੀ ਕੰਮਕਾਰ ਲਈ ਉਨ੍ਹਾਂ ਨੂੰ ਮਿਲਿਆ ਜਾ ਸਕਦਾ ਹੈ।

ਇਸ ਤੋਂ ਇਲਾਵਾ ਪਿੰਡ ਹਮੀਰਗੜ੍ਹ ਢੈਪਈ ਵਿਖੇ ਰਣਜੀਤ ਕੌਰ, ਮੌਜੋ ਕਲਾਂ ਵਿਖੇ ਚਰਨਜੀਤ ਸਿੰਘ ਢਿੱਲੋਂ, ਮੌਜੋ ਖੁਰਦ ਵਿਖੇ ਪ੍ਰਮਿੰਦਰ ਕੌਰ, ਮੋਹਰ ਸਿੰਘ ਵਾਲਾ ਵਿਖੇ ਬਲਜਿੰਦਰ ਸਿੰਘ, ਜੱਸੜਵਾਲਾ ਵਿਖੇ ਬੇਅੰਤ ਕੌਰ, ਕਿਸ਼ਨਗੜ੍ਹ ਫਰਮਾਹੀ ਵਿਖੇ ਮਿਲਖਾ ਸਿੰਘ, ਅਤਲਾ ਕਲਾਂ ਤੋਂ ਕੁਲਵਿੰਦਰ ਸਿੰਘ, ਕੋਟੜਾ ਕਲਾਂ ਤੋਂ ਕਿਰਨਦੀਪ ਕੌਰ, ਖੀਵਾ ਕਲਾਂ ਤੋਂ ਰਾਜਵਿੰਦਰ ਸਿੰਘ ਰਾਜੀ ਨੇ ਆਪਣਾ ਵਿਰੋਧੀਆਂ ਨੂੰ ਪਛਾੜਦੇ ਹੋਏ ਸਰਪੰਚੀ 'ਤੇ ਕਬਜ਼ਾ ਕੀਤਾ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦ ਨੂੰ ਘਰ ਬਣਾਉਣ ਲਈ ਵਿੱਤੀ ਮਦਦ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਬਿਨਾਂ ਕਿਸੇ ਵੀ ਤਰ੍ਹਾਂ ਦੇ ਭੇਦ ਭਾਵ ਤੋਂ ਕਾਰਜ ਜਾਰੀ ਹਨ। ਇਸੇ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਡਾਕਟਰ ਰਜਿੰਦਰ ਸਿੰਘ ਅਟਵਾਲ ਦੀ ਰਹਿਨੁਮਾਈ ਹੇਠ ਪਿੰਡ ਔਲਖ (ਮਲੋਟ) ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਲੋੜਵੰਦ ਪਰਵਾਰ ਨੂੰ ਮਕਾਨ ਬਣਾਉਣ ਲਈ ਵਿੱਤੀ ਸਹਾਇਤਾ ਰਾਸ਼ੀ ਦਿੱਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਤੇ ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਦੱਸਿਆ ਕਿ ਪਿਛਲੇ ਸਾਲ ਬਾਰਸ਼ਾਂ ਦਰਮਿਆਨ ਪਿੰਡ ਔਲਖ ਦੇ ਇੱਕ ਪਰਿਵਾਰ ਦਾ ਮਕਾਨ ਨਸ਼ਟ ਹੋ ਗਿਆ ਸੀ ਤੇ ਪਰਵਾਰ ਨੀਲੀ ਛੱਤ ਹੇਠਾਂ ਦਿਨ ਕੱਟਣ ਲਈ ਮਜਬੂਰ ਸੀ ਤਾਂ ਪਿੰਡ ਵਾਸੀਆਂ ਵੱਲੋਂ ਇੱਕ ਦਰਖਾਸਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਐੱਸ ਪੀ ਸਿੰਘ ਓਬਰਾਏ ਨੂੰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਰਾਹੀਂ ਮਕਾਨ ਬਣਾਉਣ ਲਈ ਬੇਨਤੀ ਪੱਤਰ ਲਿਖਿਆ ਗਿਆ, ਇਸ ਤੋਂ ਬੁਆਦ ਲੋੜੀਂਦੀ ਕਾਰਵਾਈ ਤੋਂ ਬਾਅਦ ਡਾਕਟਰ ਓਬਰਾਏ ਨੇ ਤੁਰੰਤ ਪਰਵਾਰ ਨੂੰ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਪਰਵਾਰ ਨੂੰ ਸਹਾਇਤਾ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ।ਇਸ ਉਪਰੰਤ ਪਰਵਾਰ ਤੇ ਔਲਖ ਵੈੱਲਫੇਅਰ ਸੁਸਾਇਟੀ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ।

## ਚੋਣ ਅਮਲੇ ਦੀ ਕੁੱਟਮਾਰ ਨੇ ਸਰਕਾਰ ਦੇ ਅਮਨ-ਕਾਨੂੰਨ ਸੰਬੰਧੀ ਦਾਅਵਿਆਂ ਦਾ ਕੱਢਿਆ ਦੀਵਾਲਾ : ਡੀ ਟੀ ਐੱਫ

**ਮਾਨਸਾ (ਆਤਮਾ ਸਿੰਘ ਪਮਾਰ)**-ਸਾਂਝੇ ਅਧਿਆਪਕ ਮੋਰਚੇ ਵੱਲੋਂ ਮੁੱਖ ਚੋਣ ਅਧਿਕਾਰੀ ਪੰਜਾਬ ਕੋਲ ਚੋਣ ਅਮਲੇ ਦੀ ਸੁਰੱਖਿਆ ਦੀ ਕੀਤੀ ਮੰਗ ਤੇ ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਇਸੇ ਸੰਦਰਭ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਡਿਪਟੀ ਕਮਿਸ਼ਨਰਾਂ ਰਾਹੀਂ ਭੇਜੇ ਗਏ ਮੰਗ ਪੱਤਰਾਂ ਦੇ ਕੋਈ ਸਾਰਥਿਕ ਨਤੀਜੇ ਨਹੀਂ ਨਿੱਕਲੇ, ਸਗੋਂ ਇਸ ਦੇ ਉਲਟ ਪੰਜਾਬ ਦੇ ਕਈ ਪਿੰਡਾਂ ਵਿੱਚ ਪੋਲਿੰਗ ਬੂਥਾਂ 'ਤੇ ਚੋਣ ਅਮਲੇ ਨੂੰ ਕੁੱਟਮਾਰ ਤੇ ਹਿੰਸਾ ਦਾ ਸ਼ਿਕਾਰ ਹੋਣਾ ਪਿਆ। ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ ਟੀ ਐੱਫ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਵੱਖ ਵੱਖ ਥਾਵਾਂ 'ਤੇ ਹੋਈ ਹਿੰਸਾ ਨੂੰ ਪੰਜਾਬ ਸਰਕਾਰ ਦੀ ਘੋਰ ਨਲਾਇਕੀ ਕਰਾਰ ਦਿੰਦਿਆਂ ਇਸ ਵਰਤਾਰੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਅਜਿਹਾ ਜਾਪਦਾ ਹੈ ਜਿਵੇਂ ਹਾਕਮ ਧਿਰ ਵੱਲੋਂ ਚੋਣਾਂ ਨੂੰ ਲੁੱਟਣ ਲਈ ਹਰ ਹੀਲਾ ਵਰਤਿਆ ਗਿਆ ਹੋਵੇ।ਆਗੂਆਂ ਨੇ ਸਮੁੱਚੇ ਬਿਰਤਾਂਤ ਨੂੰ ਪੰਜਾਬ ਸਰਕਾਰ ਦੀ ਗੈਰ-ਜ਼ਿੰਮੇਵਾਰਾਨਾ ਪਹੁੰਚ ਕਰਾਰ ਦਿੰਦਿਆਂ ਕਿਹਾ ਕਿ ਜਥੇਬੰਦੀ ਵੱਲੋਂ ਵਾਰ ਵਾਰ ਸੁਰੱਖਿਆ ਦੀ ਮੰਗ ਤੇ ਵੋਟਾਂ ਦੀ ਗਿਣਤੀ ਚੋਣਾਂ ਤੋਂ ਅਗਲੇ ਦਿਨ ਤਹਿਸੀਲ ਪੱਧਰ 'ਤੇ ਕਰਵਉਣ ਨੂੰ ਦਰ-ਕਿਨਾਰ ਕੀਤਾ ਗਿਆ।ਚੋਣ ਅਮਲੇ ਲਈ ਪ੍ਰਸ਼ਾਸਨ ਵੱਲੋਂ ਨਾ ਤਾਂ ਖਾਣੇ ਦਾ ਕੋਈ ਇੰਤਜ਼ਾਮ ਕੀਤਾ ਗਿਆ ਤੇ ਨਾ ਹੀ ਰਾਤ ਸਮੇਂ ਬਿਸਤਰਿਆਂ ਦਾ ਕੋਈ ਪ੍ਰਬੰਧ ਕੀਤਾ ਗਿਆ।ਡੀ ਟੀ ਐੱਫ ਦੇ ਸੀਨੀਅਰ ਆਗੂਆਂ ਗੁਰਤੇਜ ਉੱਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਦੱਸਿਆ ਕਿ ਪੰਜਾਬ ਭਰ ਵਿੱਚੋਂ ਪ੍ਰਾਪਤ ਹੋਈਆਂ ਸੂਚਨਾਵਾਂ ਅਨੁਸਾਰ ਮਾਨਸਾ ਦੇ ਭੀਖੀ ਕਸਬਾ ਵਿੱਚ ਇੱਕ ਅਧਿਆਪਕਾ ਨੂੰ ਦੇਰ ਰਾਤ ਡਿਊਟੀ ਤੋਂ ਲੈਣ ਗਏ ਹਾਦਸੇ ਵਿੱਚ ਉਸ ਦੇ ਭਰਾ ਦੀ ਮੌਤ ਹੋ ਗਈ ਅਤੇ ਅਧਿਆਪਕਾ ਜ਼ਖਮੀ ਹੋ ਗਈ। ਇਸੇ ਤਰ੍ਹਾਂ ਮਾਨਸਾ ਦੇ ਪਿੰਡ ਫਤਿਹਪੁਰ ਵਿੱਚ ਪੋਲਿੰਗ ਪਾਰਟੀ 'ਤੇ ਪੱਥਰਬਾਜ਼ੀ ਦੌਰਾਨ ਇਕ ਅਧਿਆਪਕ ਸ਼ੁਭਮ ਦੇ ਸਿਰ 'ਚ ਗੰਭੀਰ ਸੱਟ ਲੱਗੀ, ਲੁਧਿਆਣਾ ਜ਼ਿਲ੍ਹੇ ਦੇ ਪਿੰਡ ਦਾਖਾ ਵਿੱਚ ਇੱਟਾਂ-ਰੋੜੇ ਚੱਲੇ। ਇਸੇ ਤਰ੍ਹਾਂ ਮੁਕਤਸਰ ਜ਼ਿਲ੍ਹੇ ਦੇ ਪਿੰਡ ਨਵਾਂ ਰੁਪਾਣਾ ਵਿੱਚ ਵੀ ਚੋਣ ਅਮਲੇ ਨੂੰ ਬੜੀ ਮੁਸ਼ੱਕਤ ਤੋਂ ਬਾਅਦ ਬਾਹਰ ਲਿਆਂਦਾ ਗਿਆ।ਮਾਝੇ ਵਿੱਚ ਵੱਡੇ ਪੱਧਰ 'ਤੇ ਹਿੰਸਾ ਹੋਈ।ਉਨ੍ਹਾਂ ਸਾਰੇ ਵਰਤਾਰੇ ਨੂੰ ਪੰਜਾਬ ਸਰਕਾਰ ਦੀ ਨਲਾਇਕੀ ਕਰਾਰ ਦਿੱਤਾ। ਆਗੂਆਂ ਨੇ ਮੰਗ ਕੀਤੀ ਕਿ ਜਾਨ ਗਵਾਉਣ ਵਾਲੇ ਨੌਜਵਾਨ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ ਤੇ ਜ਼ਖ਼ਮੀ ਅਧਿਆਪਕਾ ਦਾ ਸਾਰਾ ਇਲਾਜ ਸਰਕਾਰ ਕਰਵਾਏ ਤੇ ਉਨ੍ਹਾ ਨੂੰ ਵੀ ਮੁਆਵਜ਼ਾ ਮਿਲੇ। ਇਸ ਮੌਕੇ ਨਵਜੋਸ਼ ਸਪੋਲੀਆ, ਗੁਰਦੀਪ ਬਰਨਾਲਾ , ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਸੁਖਚੈਨ ਸੇਖੋਂ, ਜਗਦੇਵ ਸਿੰਘ, ਮੱਘਰ ਸਿੰਘ, ਜਗਪਾਲ ਸਿੰਘ, ਅਮ੍ਰਿਤਪਾਲ ਸਿੰਘ, ਕੁਲਵਿੰਦਰ ਜੋਗਾ, ਅਮਨਦੀਪ ਕੌਰ, ਬੇਅੰਤ ਕੌਰ, ਰੇਨੂੰ ਬਾਲਾ, ਅਮਰਪ੍ਰੀਤ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓਂ, ਮਨਦੀਪ ਕੁਮਾਰ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਰਾਇਟਵੇ ਏਅਰਲਿੰਕਸ ਨੇ ਲਵਾਇਆ ਅਮ੍ਰਿਤਪਾਲ ਦਾ ਕੈਨੇਡਾ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇੰਮੀਗ੍ਰੇਸ਼ਨ ਤੇ ਆਈਲਟਸ ਸੰਸਥਾ ਨੇ ਅਮ੍ਰਿਤਪਾਲ ਸਿੰਘ ਸੱਗੂ ਪੁੱਤਰ ਅਵਤਾਰ ਸਿੰਘ ਵਾਸੀ ਕਬੀਰ ਨਗਰ, ਮੋਗਾ ਦਾ ਕੈਨੇਡਾ ਓਪਨ ਵਰਕਪਰਮਿਟ ਵੀਜ਼ਾ ਲਗਵਾ ਕੇ ਦਿੱਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਕਿਹਾ ਕਿ ਅਫਵਾਹਾਂ 'ਤੇ ਧਿਆਨ ਨਾ ਦਿਉ। ਉਨ੍ਹਾ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਆਸਟ੍ਰੇਲੀਆ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹਨ, ਉਹ ਕੈਨੇਡਾ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂ ਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਅਮ੍ਰਿਤਪਾਲ ਸਿੰਘ ਨੂੰ ਵਧਾਈ ਦਿੱਤੀ।

## ਲਖਬੀਰ ਲੱਖੀ ਦੇ ਮਾਤਾ ਜਸਵੰਤ ਕੌਰ ਬਣੇ ਸ਼ਾਹਪੁਰ ਕਲਾਂ ਦੇ ਸਰਪੰਚ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**



ਪਿਛਲੇ ਦਿਨੀਂ ਹੋਈਆਂ ਪੰਚਾਇਤੀ ਚੋਣਾਂ ਵਿੱਚ ਲਖਬੀਰ ਸਿੰਘ ਲੱਖੀ ਦੇ ਮਾਤਾ ਜਸਵੰਤ ਕੌਰ ਪਿੰਡ ਸ਼ਾਹਪੁਰ ਕਲਾਂ ਦੇ ਸਰਪੰਚ ਬਣੇ ਹਨ।ਗੱਲਬਾਤ ਕਰਦਿਆਂ ਲੱਖੀ ਨੰਬਰਦਾਰ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਗਏ ਪਿਆਰ ਨੂੰ ਦੂਣਾ-ਚੌਣਾ ਕਰਕੇ ਮੋੜਾਂਗਾ।ਉਨ੍ਹਾ ਦੱਸਿਆ ਕਿ ਪਿੰਡ ਵਿੱਚ ਪੜ੍ਹਾਈ, ਮਨਰੇਗਾ, ਵਾਤਾਵਰਨ ਨਾਲ ਸਬੰਧਤ ਰੁੱਖ ਲਗਾਉਣਾ, ਲੋੜਵੰਦ ਦੀ ਹਰ ਸੰਭਵ ਮਦਦ ਕਰਨਾ, ਸਰਕਾਰ ਵੱਲੋਂ ਮਿਲਦੀਆਂ ਸਹੂਲਤਾਂ ਪਿੰਡ ਦੇ ਵਿਕਾਸ ਲਈ ਤੇ ਲੋੜਵੰਦਾਂ ਦੇ ਲਈ ਪੂਰਨ ਤੌਰ 'ਤੇ ਲਾਗੂ ਕਰਨਾ ਅਤੇ ਪਿੰਡ ਵਿੱਚ ਭਾਈਚਾਰਕ ਸਾਂਝ ਬਣਾ ਕੇ ਰੱਖਣ ਵਿੱਚ ਅਹਿਮ ਰੋਲ ਨਿਭਾਵਾਂਗਾ।ਲਖਬੀਰ ਸਿੰਘ ਲੱਖੀ ਨੰਬਰਦਾਰ ਸਮੇਤ ਸਮੂਹ ਪੰਚਾਇਤ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਤਸ਼ਾਹੀ ਨੌਵੀਂ ਸ਼ਾਹਪੁਰ ਕਲਾਂ ਵੱਲੋਂ ਤੇ ਸ਼ਿਵ ਸ਼ਕਤੀ ਬ੍ਰਾਹਮਣ ਸਭਾ ਸ਼ਾਹਪੁਰ ਕਲਾਂ, ਡੇਰਾ ਬਾਬਾ ਮਨੋਹਰ ਗਿਰ ਜੀ ਦੇ ਮਹੰਤ ਬਾਬਾ ਉੱਤਮ ਦਾਸ ਜੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਸਮੇਂ ਸਮੂਹ ਨਗਰ ਨਿਵਾਸੀ, ਸਪੋਰਟਸ ਤੇ ਯੂਥ ਕਲੱਬ, ਰਾਜਨੀਤਕ, ਧਾਰਮਿਕ, ਸਮਾਜਿਕ ਸ਼ਖਸੀਅਤਾਂ ਹਾਜ਼ਰ ਸਨ।ਇਸ ਸਮੇਂ ਹਰਪ੍ਰੀਤ ਸਿੰਘ ਹੈਪੀ, ਜੋਕਿ ਪੰਚਾਇਤ ਮੈਂਬਰ ਬਣੇ ਹਨ, ਨੇ ਕਿਹਾ ਕਿ ਉਹ ਸਮੂਹ ਮੈਂਬਰ ਸਰਪੰਚ ਲਖਵੀਰ ਸਿੰਘ ਲੱਖੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਪਿੰਡ ਦੇ ਵਿਕਾਸ ਲਈ ਹਰ ਸਮੇਂ ਯਤਨਸ਼ੀਲ ਰਹਿਣਗੇ।

ਇਸ ਸਮੇਂ ਸਮੂਹ ਪੰਚਾਇਤ ਮੈਂਬਰ ਹਰਦੀਪ ਸਿੰਘ ਕਰਤਾਰੀ ਮਾਈਕਾ, ਸ਼ਿੰਦਾ ਮੈਂਬਰ, ਬੀਰਬਲ ਸਿੰਘ ਯੂ ਐੱਸ ਏ ਪੈਲਸ ਵਾਲੇ, ਗੁਰਭੇਜ ਸਿੰਘ ਭੇਜ, ਰੋਹੀ ਸਿੰਘ, ਨਿਰਮਲ ਸਿੰਘ, ਬੂਟਾ ਦਾਸ, ਸ਼ੇਰ ਸਿੰਘ, ਕੋਆਪ੍ਰੇਟਿਵ ਸੋਸਾਇਟੀ ਪ੍ਰਧਾਨ ਗੁਰਜੰਟ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਪ੍ਰਮਾਤਮਾ ਸਿੰਘ, ਮੱਖਣ ਸਿੰਘ ਢੀਂਡਸਾ, ਨਾਥ ਸਿੰਘ ਨੰਬਰਦਾਰ, ਲੈਕਚਰਰ ਮਲਕੀਤ ਸਿੰਘ ਗਾਂਧੀ, ਜਨਾਬ ਮੁਖਤਿਆਰ ਅਲੀ, ਆਦਿ ਮੌਜੂਦ ਸਨ।

## ਪੰਜਾਬੀ ਐਡਵੈਂਚਰਜ਼ ਵੱਲੋਂ ਤੀਸਰੀ ਪੀ ਐੱਚ ਆਰ ਐੱਮ 13 ਤੋਂ : ਚੇਅਰਮੈਨ ਚੱਠਾ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬੀ ਐਡਵੈਂਚਰਜ਼ ਵੱਲੋਂ 13 ਤੋਂ 15 ਦਸੰਬਰ ਤੱਕ ਤੀਸਰੀ ਪੰਜਾਬ ਹੈਰੀਟੇਜ ਰਾਈਡਰਜ਼ ਮੀਟ (ਪੀ ਐੱਚ ਆਰ ਐੱਮ-2024) ਜ਼ਿਲ੍ਹਾ ਬਠਿੰਡਾ ਦੇ ਪਿੰਡ ਕੋਟਸ਼ਮੀਰ ਨੇੜੇ ਟਿੱਬੇ ਵਿੱਚ ਕਰਵਾਈ ਜਾਵੇਗੀ, ਜਿਸ ਵਿੱਚ ਦੇਸ਼-ਵਿਦੇਸ਼ ਤੋਂ 500 ਤੋਂ ਵੱਧ ਬਾਈਕ ਸਵਾਰ ਹਿੱਸਾ ਲੈਣਗੇ।ਇਹ ਗੱਲ ਪੰਜਾਬੀ ਐਡਵੈਂਚਰਜ਼ ਦੇ ਚੇਅਰਮੈਨ ਸੁਖਮੰਦਰ ਸਿੰਘ ਚੱਠਾ ਨੇ ਫਤਿਹ ਗਰੁੱਪ, ਰਾਮਪੁਰਾ ਫੂਲ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਕਹੀ।ਚੱਠਾ ਨੇ ਦੱਸਿਆ ਕਿ ਇਸ ਤਿੰਨ ਰੋਜ਼ਾ ਰਾਈਡਰਜ਼ ਮੀਟ ਵਿੱਚ ਨਾ ਸਿਰਫ਼ ਭਾਰਤ ਤੋਂ ਬਲਕਿ ਦੁਨੀਆ ਦੇ ਵੱਖ-ਵੱਖ ਹਿੱਸਿਆਂ ਤੋਂ ਬਾਈਕ ਰਾਈਡਰ ਹਿੱਸਾ ਲੈਣਗੇ ਤੇ ਬਾਈਕ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਮੋਟਰਸਾਈਕਲ ਸਟੰਟ, ਗੇਮਾਂ ਆਦਿ ਵਿੱਚ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨਗੇ। ਚੱਠਾ ਨੇ ਕਿਹਾ ਕਿ ਪੀ ਐੱਚ ਆਰ ਐੱਮ-2024 ਜਿੱਥੇ ਬਾਈਕ ਸਵਾਰਾਂ ਤੇ ਦਰਸ਼ਕਾਂ ਲਈ ਮਨੋਰੰਜਨ ਦਾ ਸਾਧਨ ਬਣੇਗਾ, ਉੱਥੇ ਹੀ ਇਹ ਆਪਸੀ ਭਾਈਚਾਰੇ, ਅਨੁਸ਼ਾਸਨ, ਏਕਤਾ ਆਦਿ ਦਾ ਸੰਦੇਸ਼ ਵੀ ਦੇਵੇਗਾ।

ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਅਕਤੀਆਂ ਨੂੰ ਆਮ ਲੋਕਾਂ ਨਾਲ ਜਾਣੂ ਕਰਵਾਉਣ ਤੋਂ ਇਲਾਵਾ ਸਨਮਾਨਤ ਵੀ ਕੀਤਾ ਜਾਵੇਗਾ।ਪੰਜਾਬੀ ਰਾਈਡਰਜ਼ ਦੇ ਜਨਰਲ ਸਕੱਤਰ ਭਿੰਦਰ ਸਿੰਘ ਮਾਨ ਨੇ ਦੱਸਿਆ ਕਿ ਕਰੀਬ ਪੰਜ ਸਾਲ ਪਹਿਲਾਂ ਸੱਤ ਦੋਸਤਾਂ ਵੱਲੋਂ ਬਣਾਇਆ ਗਿਆ ਪੰਜਾਬੀ ਐਡਵੈਂਚਰ ਗਰੁੱਪ ਇਸ ਵੇਲੇ ਚਾਰ ਸੌ ਦੇ ਕਰੀਬ ਮੈਂਬਰਾਂ ਨਾਲ ਬੱਟ ਟ੍ਰੀ ਦਾ ਰੂਪ ਧਾਰਨ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਯਾਤਰਾਵਾਂ ਦੌਰਾਨ ਉਹ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸਾਈਕਲ, ਮੋਟਰਸਾਈਕਲ ਯਾਤਰਾਵਾਂ ਤੇ ਵਿਦੇਸ਼ੀ ਸੈਲਾਨੀਆਂ ਨੂੰ ਮਿਲਦੇ ਹਨ ਅਤੇ ਉਨ੍ਹਾਂ ਦੇ ਸੱਭਿਆਚਾਰ ਨਾਲ ਸਬੰਧਤ ਵਿਚਾਰ ਸਾਂਝੇ ਕਰਦੇ ਹਨ।ਇਸ ਤੋਂ ਇਲਾਵਾ ਵੱਖ-ਵੱਖ ਸਮਾਜਿਕ ਬੁਰਾਈਆਂ ਵਿਰੁੱਧ ਸੰਦੇਸ਼ ਦੇਣ ਲਈ ਸਥਾਨਕ ਪੱਧਰ 'ਤੇ ਹਰ ਮਹੀਨੇ ਰਾਈਡਾਂ ਦਾ ਆਯੋਜਨ ਕੀਤਾ ਜਾਂਦਾ ਹੈ।

## ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਵਿਖੇ ਪੂਰਨਮਾਸੀ ਤੇ ਭਗਵਾਨ ਬਾਲਮੀਕਿ ਜੀ ਦਾ ਪ੍ਰਗਟ ਦਿਵਸ ਮਨਾਇਆ



**ਨਾਭਾ (ਵਰਿੰਦਰ ਵਰਮਾ)**-ਪਿਛਲੇ ਦਿਨੀਂ ਡੇਰਾ ਸ੍ਰੀ ਗੁਰੂ ਰਵਿਦਾਸ ਜੀ ਬੌੜਾਂ ਗੇਟ ਨਾਭਾ ਵਿਖੇ ਪੂਰਨਮਾਸੀ ਤੇ ਭਗਵਾਨ ਬਾਲਮੀਕਿ ਜੀ ਦਾ ਪ੍ਰਗਟ ਦਿਵਸ ਸ਼ਾਮ 4 ਵਜੇ ਤੋਂ 6:30 ਵਜੇ ਤੱਕ ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ (ਰਜਿ.) ਨਾਭਾ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਭਾਈ ਜਤਿੰਦਰ ਸਿੰਘ ਵੱਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨਿਹਾਲ ਕਰਕੇ ਮਨਾਇਆ ਗਿਆ।ਇਸ ਸ਼ੁਭ ਮੌਕੇ ਇੰਜ: ਰਾਮਸਰਨ ਬੰਗੜ ਰਿਟਾ: ਡਿਪਟੀ ਚੀਫ ਇੰਜੀਨੀਅਰ ਵਾਸੀ ਸਿੱਧੂ ਕਲੌਨੀ ਪਟਿਆਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ, ਕਿਉਂਕਿ ਉਨ੍ਹਾਂ ਨੇ ਆਪਣੀ ਨੇਕ ਕਮਾਈ ਵਿੱਚੋਂ ਡਾ: ਅੰਬੇਡਕਰ ਕਮਿਊਨਿਟੀ ਹਾਲ ਤੇ ਲਾਇਬਰੇਰੀ ਲਈ 150 ਕੁਰਸੀਆਂ, ਅਲਮਾਰੀ, 100 ਕਿਤਾਬਾਂ ਦਾ ਯੋਗਦਾਨ ਪਾਇਆ, ਜਿਸ ਦੀ ਕੀਮਤ 75000/- ਰੁਪਏ ਹੈ।ਉਨ੍ਹਾਂ ਦੇ ਨਾਮ ਦੀ ਪਲੇਟ ਤੋਂ ਪਰਦਾ ਹਟਾਇਆ ਗਿਆ।ਇਸ ਮੌਕੇ ਇੰਜ: ਰਾਮਸਰਨ ਬੰਗੜ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਸ੍ਰੀ ਗਿਆਨ ਚੰਦ ਰੱਤੂ, ਗੁਰਮੁੱਖ ਸਿੰਘ ਪਟਿਆਲਾ ਬਾਮਸੇਫ ਇੰਚਾਰਜ ਨੂੰ ਵੀ ਸਨਮਾਨਤ ਕੀਤਾ ਗਿਆ।ਉਪਰੰਤ ਸੋਸਾਇਟੀ ਵੱਲੋਂ ਕੁੱਝ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਕੁੱਝ ਮੁਲਾਜ਼ਮਾਂ ਨੂੰ ਸੇਵਾ ਮੁਕਤ ਤੇ ਪਦ-ਉੱਨਤ ਹੋਣ 'ਤੇ ਸਨਮਾਨਤ ਕੀਤਾ ਗਿਆ।

ਸ੍ਰੀ ਮੇਜਰ ਸਿੰਘ ਟਿੱਬੀ ਵਾਸੀ ਆਨੰਦ ਨਗਰ ਪਟਿਆਲਾ ਨੂੰ ਸੇਵਾ ਮੁਕਤ ਤੇ ਬਸਪਾ ਪਟਿਆਲਾ ਦਾ ਪ੍ਰਧਾਨ ਬਣਨ, ਬਲਜਿੰਦਰ ਸਿੰਘ ਹਰੀਦਾਸ ਕਲੋਨੀ ਨਾਭਾ ਨੂੰ ਬਤੌਰ ਐੱਸ.ਡੀ.ਓ. ਪਦ-ਉਨਤ, ਅਵਤਾਰ ਸਿੰਘ ਵਾਸੀ ਗੁਣੀਕੇ, ਸੁਖਵਿੰਦਰ ਸਿੰਘ ਵਾਸੀ ਆਦਰਸ਼ ਕਲੋਨੀ ਨਾਭਾ, ਅਵਤਾਰ ਸਿੰਘ ਫਤਿਹਗੜ੍ਹ ਸਾਹਿਬ ਨੂੰ ਬਤੌਰ ਜੇ. ਈ. ਪਦ-ਉਨਤ ਹੋਣ ਦੀ ਖੁਸ਼ੀ ਵਿੱਚ ਸੋਸਾਇਟੀ ਵੱਲੋਂ ਸਨਮਾਨਤ ਕੀਤਾ ਗਿਆ।ਇਸ ਸ਼ੁਭ ਮੌਕੇ ਸਮੂਹ ਸੋਸਾਇਟੀ ਅਹੁਦੇਦਾਰ ਰਾਮ ਸਿੰਘ ਮਹਿਮੀ ਪ੍ਰਧਾਨ, ਅਮਰ ਸਿੰਘ ਟੋਡਰਵਾਲ ਜਨ: ਸਕੱਤਰ, ਗੁਰਮੁੱਖ ਸਿੰਘ ਤੂੰਗਾਂ, ਰਵਿੰਦਰ ਸਿੰਘ, ਰਾਮਧਨ ਸਿੰਘ ਰਾਮਗੜ੍ਹ, ਦਲਵੀਰ ਸਿੰਘ ਛੀਟਾਂਵਾਲਾ, ਰਣਜੀਤ ਸਿੰਘ ਟਿੱਬੀ, ਹੰਸ ਰਾਜ ਮਹਿਮੀ ਸਾਬਕਾ ਪ੍ਰਧਾਨ, ਸੋਹਣ ਸਿੰਘ ਪਲੰਬਰ, ਹਰਨੇਕ ਸਿੰਘ ਗੁਰਦੇਵ ਕਲੋਨੀ, ਦਰਸ਼ਨ ਸਿੰਘ ਤੇ ਹਰਜਿੰਦਰ ਸਿੰਘ ਬਲਦੇਵ ਕਲੋਨੀ, ਆਤਮਾ ਸਿੰਘ ਰਾਣੀ ਬਾਗ, ਜਗਮੇਲ ਸਿੰਘ ਜਸਪਾਲ ਕਲੋਨੀ, ਹਰਜੰਟ ਸਿੰਘ ਲੁਬਾਣਾ ਆਦਿ ਹਾਜ਼ਰ ਸਨ।

## ਦੀਵਾਲੀ ਦੇ ਚਲਦਿਆਂ ਦਿਖਣ ਲੱਗੀਆਂ ਰੰਗ ਵਾਲੀਆਂ ਮਠਿਆਈਆਂ!

### ਲੋਕਾਂ ਦੀ ਸਿਹਤ ਨਾਲ ਖਿਲਵਾੜ ਹੋਣ ਦਾ ਖਦਸ਼ਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਖੁਸ਼ੀਆਂ ਦਾ ਤਿਉਹਾਰ ਦਿਵਾਲੀ ਨੇੜੇ ਆਉਂਦਿਆਂ ਹੀ ਹਲਵਾਈਆਂ ਵੱਲੋਂ ਹੁਣੇ ਤੋਂ ਹੀ ਮਠਿਆਈ ਬਣਾਉਣ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ, ਜਿਸ ਦੇ ਚਲਦਿਆਂ ਸ਼ਹਿਰ ਵਿੱਚ ਕੁਝ ਦੁਕਾਨਾਂ 'ਤੇ ਰੰਗ ਵਾਲੀਆਂ ਮਿਠਿਆਈਆਂ ਵੀ ਨਜ਼ਰ ਆਉਣ ਲੱਗੀਆਂ ਨੇ, ਸਿਹਤ ਵਾਸਤੇ ਹਾਨੀਕਾਰਕ ਨੇ, ਪਰ ਇਸ ਸਬੰਧੀ ਸਿਹਤ ਵਿਭਾਗ ਦੀ ਕਾਰਵਾਈ ਵੀ ਸ਼ੰਕਾ ਦੇ ਘੇਰੇ ਵਿੱਚ ਨਜ਼ਰ ਆਉਂਦੀ ਹੈ, ਜ਼ਾਹਰ ਜਿਹੀ ਗੱਲ ਹੈ ਕਿ ਦਿਵਾਲੀ ਸੀਜ਼ਨ 'ਤੇ ਵੱਡੀ ਸੰਖਿਆ ਵਿੱਚ ਲੋਕਾਂ ਵੱਲੋਂ ਮਠਿਆਈ ਦੀ ਖਰੀਦੋ ਫਰੋਖਤ ਕੀਤੀ ਜਾਂਦੀ ਹੈ। ਇਹ ਵੀ ਸੱਚਾਈ ਹੈ ਕਿ ਦਿਵਾਲੀ ਮਠਿਆਈ ਦੀ ਵੱਡੀ ਖੇਪ ਇੱਕ ਦਿਨ ਵਿੱਚ ਹੀ ਤਿਆਰ ਨਹੀਂ ਹੁੰਦੀ ਹੈ, ਬਲਕਿ ਇਸ ਖੇਪ ਨੂੰ ਤਿਆਰ ਕਰਨ ਲਈ ਹਲਵਾਈ ਦੀਵਾਲੀ ਤੋਂ ਪਹਿਲਾਂ ਹੀ ਤਿਆਰੀਆਂ ਸ਼ੁਰੂ ਕਰ ਦਿੰਦੇ ਨੇ।ਸਿਹਤ ਵਿਭਾਗ ਦੀ ਕਾਰਵਾਈ ਦੀ ਇਸ ਕਾਰਨ ਸ਼ੰਕਾ ਦੇ ਘੇਰੇ ਵਿੱਚ ਹੈ ਕਿ ਸਮੇਂ 'ਤੇ ਕਾਰਵਾਈ ਕਰਨ ਦੀ ਜਗ੍ਹਾ ਦਿਵਾਲੀ ਤੋਂ ਕੁਝ ਦਿਨ ਪਹਿਲਾਂ ਹੀ ਸੈਂਪਲ ਭਰਨ ਦੀ ਪ੍ਰਕਿਰਿਆ ਸ਼ੁਰੂ ਕਰਦਾ ਤੇ ਇਹ ਸੈਂਪਲ ਭਰਨ ਦੀ ਪ੍ਰਕਿਰਿਆ ਵੀ ਮਹਿਜ ਪੰਜ ਸੈਂਪਲਾਂ ਤੱਕ ਸਿਮਟ ਕੇ ਰਹਿ ਜਾਂਦੀ ਹੈ।

ਦਿਵਾਲੀ ਵੇਲੇ ਉਮੜਨ ਵਾਲੀ ਖਰੀਦਦਾਰਾਂ ਦੀ ਭੀੜ ਤੋਂ ਬਚਣ ਲਈ ਕੁਝ ਲੋਕ ਦਿਵਾਲੀ ਤੋਂ ਪਹਿਲਾਂ ਹੀ ਮਠਿਆਈ ਖਰੀਦ ਕੇ ਰਿਸ਼ਤੇਦਾਰਾਂ ਨੂੰ ਭੇਜਦੇ ਨੇ।ਅਜਿਹੇ ਵਿੱਚ ਰੰਗ ਤੇ ਕੈਮੀਕਲ ਯੁਕਤ ਬਣਾਈ ਗਈ ਮਠਿਆਈ ਲੋਕਾਂ ਦੀ ਸਿਹਤ ਲਈ ਖਿਲਵਾੜ ਬਣ ਸਕਦੀ ਹੈ।

ਉਧਰ, ਜਦੋਂ ਇਸ ਸਬੰਧੀ ਅੱਜ ਜਿਲ੍ਹਾ ਸਿਹਤ ਅਫਸਰ ਡਾਕਟਰ ਦਪਿੰਦਰ ਕੁਮਾਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਅੱਜ ਹੀ ਮੁਕਤਸਰ ਦੇ ਵਿੱਚ ਮਠਿਆਈਆਂ ਦੇ ਪੰਜ ਸੈਂਪਲ ਭਰੇ ਗਏ ਨੇ, ਪਰ ਜਦੋਂ ਦੀਵਾਲੀ ਤੋਂ ਕੁਝ ਦਿਨ ਪਹਿਲਾਂ ਸੈਂਪਲਿੰਗ ਦੀ ਪ੍ਰਕਿਰਿਆ ਸ਼ੁਰੂ ਕਰਨ ਤੇ ਸਿਰਫ ਪੰਜ ਸੈਂਪਲ ਹੀ ਭਰੇ ਜਾਣ ਦੀ ਗੱਲ ਕਹੀ ਗਈ ਤਾਂ ਉਨ੍ਹਾਂ ਕਿਹਾ ਕਿ ਪੰਜਾਬ ਸਿਹਤ ਵਿਭਾਗ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਹੀ ਸੈਂਪਲਿੰਗ ਕੀਤੀ ਜਾਂਦੀ ਹੈ, ਨਾਲ ਹੀ ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਤੇ ਰੰਗ ਕੈਮੀਕਲ ਯੁਕਤ ਮਿਠਾਈਆਂ ਬਣਾਉਣ ਵਾਲਿਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

## ਹਰਸ਼ਦੀਪ ਕੌਰ ਨੂੰ ਯੂ ਕੇ ਦਾ ਸਟੱਡੀ ਵੀਜ਼ਾ ਮਿਲਿਆ : ਚੇਅਰਮੈਨ ਰਾਘਵ




**ਮੋਗਾ (ਇਕਬਾਲ ਸਿੰਘ ਖਹਿਰਾ)**-ਚੱਕੀ ਵਾਲੀ ਗਲੀ ਮੋਗਾ ਸਥਿਤ ਚੰਡੀਗੜ੍ਹ ਆਈਲੈਟਸ ਤੇ ਇਮੀਗ੍ਰੇਸ਼ਨ ਸੰਸਥਾ (ਸੀ.ਆਈ.ਸੀ.) ਵੱਲੋਂ ਮੋਗਾ ਦੀ ਰਹਿਣ ਵਾਲੀ ਹਰਸ਼ਦੀਪ ਕੌਰ ਨੂੰ ਯੂ. ਕੇ. ਦਾ ਸਟੱਡੀ ਵੀਜ਼ਾ ਮਿਲਿਆ ਹੈ। ਸਟੱਡੀ ਵੀਜ਼ਾ ਮਿਲਣ ਨਾਲ ਉਸ ਦਾ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਹੋ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਚੇਅਰਮੈਨ ਰਾਘਵ ਸ਼ਰਮਾ ਨੇ ਦੱਸਿਆ ਕਿ ਹਰਸ਼ਦੀਪ ਕੌਰ ਵਾਸੀ ਮੋਗਾ ਦੇ ਪੀ.ਟੀ.ਈ. ਅਕਾਦਮਿਕ ਵਿੱਚ ਕੁੱਲ ਸਕੋਰ 54 ਸੀ, ਜਿਸ ਦੀ ਫਾਈਲ ਪ੍ਰਕਿਰਿਆ ਪੂਰੀ ਕਰ ਲਈ ਗਈ ਸੀ, ਜਿਸ ਤੋਂ ਬਾਅਦ ਅੰਬੈਸੀ ਵੱਲੋਂ ਹਰਸ਼ਦੀਪ ਕੌਰ ਦਾ ਯੂ. ਕੇ. ਸਟੱਡੀ ਵੀਜ਼ਾ ਲਗਾਇਆ ਗਿਆ ਹੈ। ਉਨ੍ਹਾਂ ਸੰਸਥਾ ਦੇ ਮੁਖੀ ਰਾਘਵ ਸ਼ਰਮਾ ਤੇ ਸਮੂਹ ਸਟਾਫ਼ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਸੰਸਥਾ ਦਾ ਸਟਾਫ਼ ਹਾਜ਼ਰ ਸੀ।

## ਡੀ ਐੱਮ ਕਾਲਜੀਏਟ ਸਕੂਲ ਦੇ ਖਿਡਾਰੀਆਂ ਜਿੱਤੇ ਗੋਲਡ ਮੈਡਲ

### ਪ੍ਰਿੰਸੀਪਲ ਤੇ ਮੈਨੇਜਮੈਂਟ ਵੱਲੋਂ ਨਿੱਘਾ ਸਵਾਗਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਟੇਟ ਲੈਵਲ 'ਤੇ ਰੋਇੰਗ ਤੇ ਫੁੱਟਬਾਲ ਦੇ ਮੈਚ ਕਰਵਾਏ ਗਏ, ਜਿਸ ਵਿੱਚ ਮੋਗਾ ਦੇ ਵਿਦਿਆਰਥੀਆਂ ਵੱਲੋਂ ਚਾਰ ਗੋਲਡ ਮੈਡਲ ਜਿੱਤ ਕੇ ਮੋਗਾ ਤੇ ਆਪਣਾ ਨਾਮ ਰੋਸ਼ਨ ਕੀਤਾ। ਰੋਇੰਗ ਵਿੱਚ ਇੱਕ ਗੋਲਡ ਮੈਡਲ ਤੇ ਫੁੱਟਬਾਲ ਵਿੱਚ ਤਿੰਨ ਗੋਲਡ ਮੈਡਲ ਜਿੱਤ ਕੇ ਵਾਪਸ ਪਹੁੰਚੇ ਵਿਦਿਆਰਥੀਆਂ ਦਾ ਸਕੂਲ ਪ੍ਰਿੰਸੀਪਲ ਤੇ ਮੈਨੇਜਮੈਂਟ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ, ਉੱਥੇ ਹੀ ਜਾਣਕਾਰੀ ਦਿੰਦੇ ਹੋਏ ਰੋਇੰਗ ਦੇ ਖਿਡਾਰੀ ਗਗਨਦੀਪ ਸਿੰਘ ਨੇ ਕਿਹਾ ਕਿ ਉੱਤਰਾਖੰਡ ਦੇ ਵਿੱਚ ਸਟੇਟ ਲੈਵਲ ਤੇ ਰੋਇੰਗ ਦੇ ਮੁਕਾਬਲੇ ਕਰਵਾਏ ਗਏ ਸਨ, ਜਿਸ ਵਿੱਚ 250 ਤੋਂ 300 ਬੱਚਿਆਂ ਨੇ ਹਿੱਸਾ ਲਿਆ, ਜਿਸ 'ਚ ਮੇਰੇ ਵੱਲੋਂ ਵਧੀਆਂ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਪ੍ਰਾਪਤ ਕੀਤਾ। ਜੇਤੂ ਖਿਡਾਰੀਆਂ ਵੱਲੋਂ ਇਸ ਜਿੱਤ ਅਤੇ ਸਕੂਲ ਵੱਲੋਂ ਮਿਲੇ ਸਨਮਾਨ ਲਈ ਪ੍ਰਿੰਸੀਪਲ, ਮੈਨੇਜਮੈਂਟ ਤੇ ਕੋਚ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਵਿੱਚ ਹਿੱਸਾ ਲੈਣ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।

ਸਕੂਲ ਪ੍ਰਿੰਸੀਪਲ ਵਰਿੰਦਰ ਕੌਰ ਸੋਢੀ ਨੇ ਕਿਹਾ ਕਿ ਸਾਡੇ ਸਕੂਲ ਦੇ ਚਾਰ ਬੱਚਿਆਂ ਨੇ ਰੋਇੰਗ ਤੇ ਫੁੱਟਬਾਲ ਦੇ ਮੈਚ ਵਿੱਚ ਚਾਰ ਗੋਲਡ ਮੈਡਲ ਪ੍ਰਾਪਤ ਕੀਤੇ ਹਨ, ਜੋ ਸਾਡੇ ਵਾਸਤੇ ਬਹੁਤ ਮਾਣ ਵਾਲੀ ਗੱਲ ਹੈ।

## ਪਿੰਡ ਦਾ ਵਿਕਾਸ ਸਾਡੀ ਪ੍ਰਾਥਮਿਕਤਾ : ਰਣਜੀਤ ਸਿੰਘ

**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)**



ਕਾਲਾਂਵਾਲੀ ਖੇਤਰ ਦੇ ਪਿੰਡ ਜੋਗੇਵਾਲਾ ਵਿਖੇ ਸਰਪੰਚ ਦੀ ਚੋਣ ਜਿੱਤ ਚੁੱਕੇ ਨੌਜਵਾਨ ਰਣਜੀਤ ਸਿੰਘ ਦਾ ਕਹਿਣਾ ਹੈ ਕਿ ਪਿੰਡ ਜੋਗੇਵਾਲਾ ਦੀ ਖੁਸ਼ਹਾਲੀ ਤੇ ਵਿਕਾਸ ਲਈ ਉਨ੍ਹਾਂ ਦੀ ਸਰਪੰਚ ਵਜੋਂ ਚੋਣ ਕਰਨ ਤੇ ਉਹ ਸਾਰੇ ਨਗਰ ਦਾ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਉਹ ਰਾਜਨੀਤੀ ਤੋਂ ਉਪਰ ਉੱਠ ਕੇ ਭਾਈਚਾਰਕ ਸਾਂਝ ਕਾਇਮ ਕਰਨ ਤੇ ਪਿੰਡ ਦੇ ਸਰਬਪੱਖੀ ਵਿਕਾਸ ਲਈ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਆਟਾ ਦਾਲ ਸਕੀਮ, ਬੁਢਾਪਾ ਪੈਨਸ਼ਨ, ਮਨਰੇਗਾ ਸਕੀਮ ਅਧੀਨ ਰੁਜ਼ਗਾਰ, ਪਿੰਡ ਦੀਆਂ ਖਾਲੀ ਜਗ੍ਹਾ 'ਤੇ ਪਾਰਕ, ਨਿਗਰਾਨੀ ਲਈ ਸੀ ਸੀਟੀਵੀ ਕੈਮਰੇ, ਪਿੰਡ ਦੀਆਂ ਗਲੀਆਂ ਨਾਲੀਆਂ ਤੇ ਸੀਵਰੇਜ ਸਿਸਟਮ ਵਿੱਚ ਸੁਧਾਰ, ਕੰਪਿਊਟਰ ਲੈਬ, ਲਾਇਬਰੇਰੀ, ਵਾਟਰ ਵਰਕਸ ਦਾ ਸਾਫ ਸੁਥਰਾ ਪਾਣੀ, ਹਰ ਤਰ੍ਹਾਂ ਦੇ ਖੇਡ ਮੁਕਾਬਲੇ, ਵਾਤਾਵਰਨ ਨੂੰ ਸਾਫ ਰੱਖਣ ਲਈ ਪੇੜ ਪੌਦੇ, ਸਿਹਤ ਸੰਭਾਲ ਲਈ ਡਾਕਟਰਾਂ ਦੇ ਕੈਂਪ ਤੇ ਪਿੰਡ ਦੇ ਸਕੂਲ ਨੂੰ ਅੱਪਗਰੇਡ ਕਰਵਾਉਣਾ ਅਤੇ ਬਸ ਸਟੈਂਡ ਦੀ ਉਸਾਰੀ ਸਮੇਤ ਪੰਚਾਇਤ ਖਰਚਿਆਂ ਦੇ ਹਿਸਾਬ ਨੋਟਸ ਬੋਰਡਾਂ 'ਤੇ ਲਾਏ ਜਾਣਗੇ। ਪਿੰਡ ਜੋਗੇਵਾਲਾ ਦੇ ਪੰਚਾਇਤ ਮੈਂਬਰ ਕਰਮਜੀਤ ਕੌਰ, ਗੁਰਪ੍ਰੀਤ ਕੌਰ, ਅਮਨਦੀਪ ਕੌਰ, ਸਤਪਾਲ ਸਿੰਘ ਤੇ ਗੁਰਸੇਵਕ ਸਿੰਘ ਵੱਲੋਂ ਵੀ ਸਰਪੰਚ ਨਾਲ ਮਿਲ ਕੇ ਪਿੰਡ ਜੋਗੇਵਾਲਾ ਦੇ ਚੌ-ਮੁਖੀ ਵਿਕਾਸ ਦਾ ਵਿਸ਼ਵਾਸ ਦੁਆਇਆ ਗਿਆ। ਇਸ ਮੌਕੇ ਬਾਬਾ ਕ੍ਰਿਪਾਲ ਸਿੰਘ, ਦਾਰਾ ਸਿੰਘ, ਬੀਬਾ ਬਲਵੀਰ ਕੌਰ, ਸਾਬਕਾ ਸਰਪੰਚ ਸੁਖਜਿੰਦਰ ਸਿੰਘ, ਜਗਜੀਤ ਸਿੰਘ, ਮਨਜੀਤ ਸਿੰਘ, ਗੁਰਮੀਤ ਸਿੰਘ, ਮਨਪ੍ਰੀਤ ਸਿੰਘ ਤੇ ਮਾ: ਸੁਖਜੀਤ ਸਿੰਘ ਸਮੇਤ ਪਿੰਡ ਜੋਗੇਵਾਲਾ ਦੇ ਪੱਤਵੰਤੇ ਹਾਜ਼ਰ ਸਨ।

19-Oct-PAGE-8.qxd 10/18/2024 10:48 PM Page 1



# ਪੰਜਾਬ ਦੇ ਬੋਧੀਆਂ ਨੇ ਡਿਪਟੀ ਕਮਿਸ਼ਨਰ ਰਾਹੀਂ ਰਾਸ਼ਟਰਪਤੀ ਨੂੰ ਦਿੱਤਾ ਮੈਮੋਰੈਂਡਮ

**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਦੇ ਬੁੱਧਿਸ਼ਟ ਅਤੇ ਘੱਟ ਗਿਣਤੀ ਭਾਈਚਾਰੇ ਦੀਆਂ ਸੰਸਥਾਵਾਂ ਦੇ ਅਹੁਦੇਦਾਰਾਂ ਵੱਲੋਂ ਮਾਨਯੋਗ ਰਾਸ਼ਟਰਪਤੀ ਦੇ ਨਾਂਅ ਇੱਕ ਮੈਮੋਰੈਂਡਮ ਡਿਪਟੀ ਕਮਿਸ਼ਨਰ ਜਲੰਧਰ ਨੂੰ ਦਿੱਤਾ ਗਿਆ।ਜਿਸ ਵਿੱਚ ਮੰਗ ਕੀਤੀ ਗਈ ਹੈ ਕਿ ਮਹਾਂ ਬੋਧੀ ਮੰਦਰ (ਮਹਾਂ ਵਿਹਾਰ) ਬੁੱਧ ਗਯਾ ਦਾ ਐਕਟ 1949 ਖਤਮ ਕੀਤਾ ਜਾਵੇ ਅਤੇ ਮਹਾਂਬੁੱਧ ਵਿਹਾਰ ਬੁੱਧ ਗਯਾ ਦਾ ਕੰਟਰੋਲ ਨਿਰੋਲ ਬੋਧੀਆਂ ਨੂੰ ਸੌਂਪਿਆ ਜਾਵੇ।ਇਸ ਮੌਕੇ 'ਤੇ ਐਡਵੋਕੇਟ ਹਰਭਜਨ ਸਾਂਪਲਾ ਫਤਿਹ ਹਰਬੰਸ ਵਿਰਦੀ ਯੂ ਕੇ ਨੇ ਕਿਹਾ ਕਿ ਮਹਾਂਬੋਧੀ ਮਹਾਂ ਵਿਹਾਰ ਮੰਦਰ ਬੁੱਧ ਗਯਾ ਦੀ ਪ੍ਰਬੰਧਕੀ ਕਮੇਟੀ ਵਿੱਚ ਚਾਰ ਭਿਖ਼ਸ਼ੂ ਬੋਧੀ ਅਤੇ ਚਾਰ ਗੈਰਬੋਧੀ ਰੱਖੇ ਗਏ ਹਨ।ਜ਼ਿਲ੍ਹਾ ਗਯਾ ਦਾ ਡੀ ਐਮ ਜੋ ਹਿੰਦੂ ਹੋਵੇਗਾ, ਇਸ ਕਮੇਟੀ ਦਾ ਚੇਅਰਮੈਨ ਹੋਵੇਗਾ।ਜਿਸ ਨਾਲ ਗੈਰ ਬੁੱਧਿਸ਼ਟਾਂ ਦੀ ਗਿਣਤੀ ਪੰਜ ਹੋ ਜਾਂਦੀ ਹੈ ਅਤੇ ਇਹ ਪੰਜ ਮੈਂਬਰ ਆਪਣੀ ਮਨ ਮਰਜ਼ੀ ਕਰਦੇ ਹਨ ਅਤੇ ਬੁੱਧ ਧਰਮ ਦੇ ਹਿੱਤਾਂ ਵਿਰੁੱਧ ਕੰਮ ਕਰਦੇ ਹਨ।ਜਿਸ ਨਾਲ ਬੋਧੀਆਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਦੀ ਹੈ ਅਤੇ ਬੁੱਧ ਧਰਮ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ।ਇਸ ਲਈ ਬੁੱਧ ਗਯਾ ਟੈਂਪਲ ਐਕਟ 1949 ਨੂੰ ਖਤਮ ਕੀਤਾ ਜਾਵੇ ਅਤੇ ਮਹਾਂਬੋਧੀ ਮਹਾਂ ਵਿਹਾਰ ਬੁੱਧ ਗਯਾ ਦਾ ਕੰਟਰੋਲ ਨਿਰੋਲ ਬੁੱਧਿਸ਼ਟਾਂ ਨੂੰ ਸੌਂਪਿਆ ਜਾਵੇ।



ਡਾ. ਗਿਆਨ ਚੰਦਰ ਕੌਲ ਜਨਰਲ ਸਕੱਤਰ ਅੰਬੇਡਕਰ ਭਵਨ ਟਰੱਸਟ ਜਲੰਧਰ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ 'ਚ ਆਰਟੀਕਲ 25 ਅਤੇ 26 ਧਾਰਮਿਕ ਆਜ਼ਾਦੀ ਦਾ ਮੌਲਿਕ ਅਧਿਕਾਰ ਹੈ।ਜਿਸ ਦੇ ਤਹਿਤ ਹਰ ਵਿਅਕਤੀ ਨੂੰ ਆਪਣੇ- ਆਪਣੇ ਧਰਮ ਨੂੰ ਮੰਨਣ ਅਤੇ ਪ੍ਰਚਾਰ ਪ੍ਰਸਾਰ ਕਰਨ ਦਾ ਅਧਿਕਾਰ ਹੈ। ਅਸੀਂ ਆਪਣੇ ਧਾਰਮਿਕ ਸੰਸਥਾਵਾਂ ਦਾ ਸੰਚਾਲਨ ਆਪ ਕਰ ਸਕਦੇ ਹਾਂ ਤਾਂ ਫਿਰ ਬੁੱਧ ਧਰਮ ਦੇ ਕੰਮ ਵਿੱਚ ਗੈਰ ਬੋਧੀਆਂ ਵਲੋਂ ਦਖਲਅੰਦਾਜ਼ੀ ਕਰਨਾ ਠੀਕ ਨਹੀਂ ਹੈ ।ਇਸ ਨਾਲ ਧਰਮ ਨਿਰਪੱਖਤਾ ਕਮਜ਼ੋਰ ਹੁੰਦੀ ਹੈ ,ਇਸ ਲਈ ਮਹਾਂਬੋਧੀ ਮੰਦਰ ਬੁੱਧ ਗਯਾ ਨੂੰ ਆਜ਼ਾਦ ਕੀਤਾ ਜਾਵੇ ਅਤੇ ਇਸ ਦਾ ਕੰਟਰੋਲ ਨਿਰੋਲ ਬੋਧੀਆਂ ਨੂੰ ਸੌਂਪ ਦਿੱਤਾ ਜਾਵੇ।ਬੋਧੀ ਭਿਖ਼ਸ਼ੂ ਸ਼੍ਰੀ ਭੰਤੇ ਚੰਦਰ ਕੀਰਤੀ ਨੇ ਕਿਹਾ ਕਿ ਭਾਰਤ ਦੇ ਸਿੱਖ, ਮੁਸਲਮਾਨ, ਇਸਾਈ ਅਤੇ ਜੈਨ ਭਾਈਚਾਰੇ ਦੇ ਧਾਰਮਿਕ ਸੰਸਥਾਵਾਂ ਵਿੱਚ ਦੂਸਰੇ ਧਰਮਾਂ ਦੇ ਮੈਂਬਰ ਨਹੀਂ ਹਨ।ਇਸ ਲਈ ਬੁੱਧ ਧਰਮ ਦੇ ਧਾਰਮਿਕ ਅਸਥਾਨਾਂ ਦਾ ਪ੍ਰਬੰਧ ਵੀ ਬੁੱਧਿਸ਼ਟਾਂ ਰਾਹੀਂ ਕੀਤਾ ਜਾਵੇ।ਇਸ ਲਈ ਮਹਾਂਬੋਧੀ ਮੰਦਰ ਬੁੱਧ ਗਯਾ ਦੀ ਪ੍ਰਬੰਧਕੀ ਕਮੇਟੀ ਨਿਰੋਲ ਬੁੱਧਿਸ਼ਟਾਂ ਦੀ ਹੋਵੇ ਅਤੇ 1949 ਦੇ ਕਾਨੂੰਨ ਨੂੰ ਰੱਦ ਕੀਤਾ ਜਾਵੇ।ਇਹਨਾਂ ਤੋਂ ਇਲਾਵਾ ਹੋਰ ਬੁੱਧਿਸ਼ਟ, ਅੰਬੇਡਕਰੀ ਅਤੇ ਘੱਟ ਗਿਣਤੀ ਕੌਮਾਂ ਦੇ ਆਗੂਆਂ ਵਿੱਚ ਬਲਦੇਵ ਰਾਜ ਜੱਸਲ, ਜਸਵੰਤ ਰਾਏ, ਸ਼ਾਮ ਲਾਲ ਜੱਸਲ ਨਿਊਜ਼ੀਲੈਂਡ, ਚਮਨ ਲਾਲ, ਮੇਜਰ ਸਿੰਘ, ਅਸ਼ਵਨੀ ਕੁਮਾਰ, ਰਾਜ ਕੁਮਾਰ, ਚੰਚਲ ਬੋਧ, ਐਡਵੋਕੇਟ ਜਸਵਿੰਦਰ ਕੁਮਾਰ, ਰੂਪ ਲਾਲ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ ਜਲੰਧਰ ਛਾਉਣੀ, ਦੀਪਕ ਨਾਹਰ ਚੇਅਰਮੈਨ ਨੈਸ਼ਨਲ ਵਾਲਮੀਕ ਸਭਾ ਜਲੰਧਰ, ਆਈਜੈਕ ਮਸੀਹ, ਐਡਵੋਕੇਟ ਮੁਹੰਮਦ ਰਫੀਕ ਆਜ਼ਾਦ, ਐਡਵੋਕੇਟ ਕੁਲਦੀਪ ਰਾਮ ਭੱਟੀ ਫਗਵਾੜਾ, ਬਲਦੇਵ ਰਾਜ ਭਾਰਦਵਾਜ, ਜਨਰਲ ਸਕੱਤਰ ਡਾ. ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ) ਪੰਜਾਬ, ਸਤਵਿੰਦਰ ਮਡਾਰ ਏਕਤਾ ਸੰਸਥਾ ਅਤੇ ਪ੍ਰਿੰਸੀਪਲ ਪਰਮਜੀਤ ਜੱਸਲ, ਡਾਕਟਰ ਬੀ. ਆਰ. ਅੰਬੇਡਕਰ ਪਬਲਿਕ ਸਕੂਲ ਬੁਲੰਦਪੁਰ, ਕਰਨੈਲ ਸੰਤੋਖਪੁਰੀ, ਰਮੇਸ਼ ਬੰਗੜ ਸੋਹਣ ਲਾਲ ਨੇ ਵੀ ਮੰਗ ਕੀਤੀ ਕਿ ਬੋਧ ਗਯਾ ਟੈਂਪਲ ਐਕਟ 1949 ਨੂੰ ਰੱਦ ਕਰਕੇ ਮਹਾਂਬੁੱਧ ਵਿਹਾਰ ਬੁੱਧ ਗਯਾ ਦਾ ਕੰਟਰੋਲ ਬੁੱਧਿਸ਼ਟਾਂ ਨੂੰ ਦਿੱਤਾ ਜਾਵੇ।ਬੋਧੀ ਅਤੇ ਅੰਬੇਡਕਰੀ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ ਭਵਿੱਖ ਵਿੱਚ ਅੰਦੋਲਨ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਫਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸ਼ਹੀਦ ਭਗਤ ਸਿੰਘ ਵੈਲਫੇਅਰ ਸੁਸਾਇਟੀ ਕੀਰਤੀ ਨਗਰ ਨੇ ਪ੍ਰਧਾਨ ਕੁਲਦੀਪ ਧਾਮੀ ਦੀ ਅਗਵਾਈ ਵਿੱਚ ਲਿਵਾਸਾ ਹਸਪਤਾਲ ਦੇ ਸਹਿਯੋਗ ਨਾਲ ਫਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ।ਇਸ ਮੌਕੇ ਲਵਾਸਾ ਹਸਪਤਾਲ ਤੋਂ ਆਏ ਡਾ. ਸ਼ਵੇਤਾ ਅਤੇ ਡਾ. ਰਿਤਿਕਾ ਦੇ ਇਲਾਵਾ ਹੋਰ ਡਾਕਟਰਾਂ ਦੀ ਟੀਮ ਨੇ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਜ਼ਰੂਰਤਮੰਦਾਂ ਨੂੰ ਮੁਫਤ ਦਵਾਈ ਦਿੱਤੀ।ਇਸ ਮੌਕੇ ਈਸੀਜੀ ਵੀ ਸ਼ੂਗਰ ਆਦ ਦੇ ਟੈਸਟ ਵੀ ਕੀਤੇ ਗਏ।ਕੈਂਪ ਦਾ ਉਦਘਾਟਨ ਫੋਕਲ ਪੁਆਇੰਟ ਫਗਵਾੜਾ ਰੋਡ ਦੇ ਪ੍ਰਧਾਨ ਹਰਵਿੰਦਰ ਸਿੰਘ ਸੈਣੀ ਅਤੇ ਸਕੱਤਰ ਹਰੀ ਹਰ ਭਗਤ ਤੁਲੀ ਨੇ ਸਾਂਝੇ ਤੌਰ ਤੇ ਕੀਤਾ। ਇਸ ਮੌਕੇ ਸ੍ਰੀ ਸੈਣੀ ਅਤੇ ਪੁਰੀ ਨੇ ਸੁਸਾਇਟੀ ਦੇ ਯਤਨਾਂ ਦੀ ਸਰਾਨਾ ਕੀਤੀ ਅਤੇ ਕਿਹਾ ਕਿ ਸਮਾਜ ਵਿੱਚ ਅਜਿਹੀਆਂ ਸੰਸਥਾਵਾਂ ਦੀ ਬਹੁਤ ਜਰੂਰਤ ਹੈ ਜੋ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਵਾ ਸਕਣ।ਇਸ ਮੌਕੇ ਲਿਵਾਸਾ ਹਸਪਤਾਲ ਦੇ ਸਹਾਇਕ ਪ੍ਰਬੰਧਕ ਵਿਕਾਸ ਠਾਕੁਰ ਨੇ ਹਸਪਤਾਲ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸੀਨੀਅਰ ਸਿਟੀਜ਼ਨ ਦੇ ਕਾਰਡ ਬਣਾਏ ਜਾਂਦੇ ਹਨ ਜਿਸ ਨਾਲ ਕਰੀਬ 10 ਹਜਾਰ ਰੁਪਏ ਤੱਕ ਦਾ ਇਲਾਜ ਮੁਫਤ ਕੀਤਾ ਜਾਂਦਾ ਹੈ।ਇਸ ਮੌਕੇ ਕੁਲਦੀਪ ਧਾਮੀ ਨੇ ਲਿਬਾਸਾ ਪ੍ਰਬੰਧਕਾਂ ਵੱਲੋਂ ਕੈਂਪ ਲਗਾਉਣ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਸੁਸਾਇਟੀ ਦਾ ਉਦੇਸ਼ ਹੀ ਸਮਾਜ ਸੇਵਾ ਹੈ।ਉਹਨਾਂ ਨੇ ਕਿਹਾ ਕਿ ਸੁਸਾਇਟੀ ਹਰ ਸਾਲ ਕੈਂਪ ਲਾਉਂਦੀ ਹੈ ਤਾਂ ਕਿ ਲੋਕਾਂ ਤੱਕ ਇਸ ਦਾ ਲਾਭ ਪਹੁੰਚ ਸਕੇ। ਉਹਨਾਂ ਨੇ ਮਹਿਮਾਨਾਂ ਅਤੇ ਡਾਕਟਰਾਂ ਦਾ ਸਵਾਗਤ ਅਤੇ ਧੰਨਵਾਦ ਕਰਦੇ ਹੋਏ ਸੁਸਾਇਟੀ ਦੀ ਸਮੂਹ ਟੀਮ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਕੈਂਪ ਲਗਾਉਣ ਅਤੇ ਜਿਆਦਾ ਤੋਂ ਜਿਆਦਾ ਲੋਕਾਂ ਤੱਕ ਇਸ ਦਾ ਲਾਭ ਪਹੁੰਚਾਉਣ ਵਿੱਚ ਮਦਦ ਕੀਤੀ। ਇਸ ਮੌਕੇ ਤੇ ਕਾਂਗਰਸ ਦੀ ਸਕੱਤਰ ਸੰਤੋਸ਼ ਚੌਧਰੀ, ਕੰਚਨ ਸ਼ਰਮਾ, ਮੁਨੀਸ਼ ਪਾਲ, ਆਸ਼ੀਸ਼ ਸੌਰੀਆ, ਅਮਰਜੀਤ ਸਿੰਘ, ਸੁਖਜਿੰਦਰ ਸਿੰਘ, ਰਾਮ ਨਿਵਾਸ, ਜਤਿੰਦਰ ਕੁਮਾਰ, ਕੁਲਵਿੰਦਰ ਸਿੰਘ, ਗੁਰਵਿੰਦਰ ਸੈਣੀ, ਸ਼ਾਮ ਗੁਪਤਾ, ਸੁਸ਼ੀਲ ਪੰਡਿਤ, ਲਵਲੇਸ਼ ਕੁਮਾਰ, ਨਿਤਿਸ਼ ਕੁਮਾਰ, ਜੋਰਾ ਸਿੰਘ, ਜਸਪ੍ਰੀਤ ਸਿੰਘ, ਊਧਮ ਸਿੰਘ, ਉਮੇਸ਼ ਗੁਪਤਾ ਸਮੇਤ ਸੁਸਾਇਟੀ ਦੇ ਸਮੂਹ ਮੈਂਬਰ ਅਤੇ ਮੁਹੱਲਾ ਨਿਵਾਸੀ ਮੌਜੂਦ ਸਨ। ਕੈਂਪ ਕੈਂਪ ਵਿੱਚ 200 ਤੋਂ ਜਿਆਦਾ ਲੋਕਾਂ ਨੇ ਚੈੱਕ ਅਪ ਕਰਾ ਕੇ ਲਾਭ ਪ੍ਰਾਪਤ ਕੀਤਾ ਅਤੇ ਇਹ ਕੈਂਪ ਲਗਾਉਣ ਦੇ ਲਈ ਸੁਸਾਇਟੀ ਵੱਲੋਂ ਲਵਾਸਾ ਹਸਪਤਾਲ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਜੱਸਲ ਨੇ ਜਿੱਤੇ ਪੰਚਾਂ, ਸਰਪੰਚਾਂ ਨੂੰ ਘਰ ਜਾ ਕੇ ਦਿੱਤੀ ਵਧਾਈ

**ਆਦਮਪੁਰ (ਪਰਮਜੀਤ ਸਿੰਘ )** ਭਾਰਤੀ ਜਨਤਾ ਪਾਰਟੀ ਦੇ ਆਦਮਪੁਰ ਤੋਂ ਕਨਵੀਨਰ ਜਗਦੀਸ਼ ਜੱਸਲ ਨੇ ਆਦਮਪੁਰ ਦੇ ਹਲਕੇ ਤੋਂ ਜਿੱਤੇ ਪੰਚਾਂ, ਸਰਪੰਚਾਂ ਨੂੰ ਉਹਨਾਂ ਦੇ ਘਰ ਜਾ ਕੇ ਵਧਾਈ ਦਿੱਤੀ ਅਤੇ ਮਾਣ ਸਨਮਾਨ ਕੀਤਾ।ਜਗਦੀਸ਼ ਕੁਮਾਰ ਜੱਸਲ ਵੱਲੋਂ ਸੰਦੀਪ ਕੁਮਾਰ ਵਰਮਾ ਪ੍ਰਧਾਨ ਯੂਥ ਵਿੰਗ ਜਲੰਧਰ ਨੌਰਥ ਨੂੰ ਪਿੰਡ ਪਤਾਰਾ ਤੋਂ ਸਰਪੰਚ, ਜੋਗੀ ਤੱਲਣ ਮੰਡਲ ਪ੍ਰਧਾਨ ਪਤਾਰਾ ਨੂੰ ਪਿੰਡ ਤੱਲ੍ਹਣ ਤੋਂ ਪੰਚ ਤੇ ਕੋਟਲੀ ਥਾਨ ਸਿੰਘ ਤੋਂ ਜਿੱਤੇ ਪੰਚ ਡਾਕਟਰ ਜਸਵੀਰ ਪਾਲ ਪ੍ਰਧਾਨ ਐਸ ਸੀ ਮੋਰਚਾ ਪਤਾਰਾ ਨੂੰ ਵਧਾਈ ਦਿੱਤੀ। ਉਨ੍ਹਾ ਕਿਹਾ ਭਾਰਤੀ ਜਨਤਾ ਪਾਰਟੀ ਦੇ ਇਹਨਾਂ ਅਹੁਦੇਦਾਰਾਂ ਦੀ ਜਿੱਤ ਇਹ ਸਾਬਤ ਕਰਦੀ ਹੈ ਕਿ ਭਵਿੱਖ ਅੰਦਰ ਸ਼ਹਿਰਾਂ ਦੇ ਨਾਲ ਨਾਲ ਪਿੰਡਾਂ ਵਿੱਚ ਵੀ ਭਾਰਤੀ ਜਨਤਾ ਪਾਰਟੀ ਦਾ ਅਧਾਰ ਵੱਧ ਰਿਹਾ ਹੈ।ਇਸ ਤੋਂ ਇਹ ਸਾਬਤ ਹੋ ਰਿਹਾ ਹੁਣ ਪੰਜਾਬ ਵਾਸੀ ਵੀ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਤੇ ਵਿਸ਼ਵਾਸ਼ ਕਰ ਰਹੇ ਹਨ।ਜਿਸ ਕਰਕੇ ਪੰਜਾਬੀਆਂ ਦਾ ਝੁਕਾਅ ਭਾਰਤੀ ਜਨਤਾ ਪਾਰਟੀ ਵੱਲ ਬੜੀ ਤੇਜ਼ੀ ਨਾਲ ਵੱਧ ਰਿਹਾ ਹੈ।ਜਗਦੀਸ਼ ਜੱਸਲ ਨੇ ਕਿਹਾ ਭਵਿੱਖ ਵਿਚ ਭਾਰਤੀ ਜਨਤਾ ਪਾਰਟੀ ਆਉਂਦੀਆ ਨਗਰ ਕੌਂਸਲ 'ਤੇ ਨਗਰ ਨਿਗਮ ਚੋਣਾਂ ਪਿੰਡਾਂ ਵਿਚ ਪੰਚਾਇਤ ਸੰਮਤੀ ਚੋਣਾਂ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਜ਼ੋਰ-ਸ਼ੋਰ ਨਾਲ ਲੜੇਗੀ। ਜਗਦੀਸ਼ ਜੱਸਲ ਤੋਂ ਇਲਾਵਾ ਰਾਜੀਵ ਪਾਂਜਾ ਸੀਨੀਅਰ ਨੇਤਾ ਭਾਜਪਾ, ਵਿਜੈ ਕੁਮਾਰ ਰਾਣਾ ਮੰਡਲ ਪ੍ਰਧਾਨ ਅਲਾਵਲਪੁਰ, ਮਨਜੀਤ ਸਿੰਘ ਬਿੱਲਾ ਜਿਲਾ ਪ੍ਰਧਾਨ ਕਿਸਾਨ ਮੋਰਚਾ, ਪਲਵਿੰਦਰ ਸਿੰਘ ਮੱਖਣ, ਰਣਧੀਰ ਸਿੰਘ ਸੰਦਲ ਚੇਅਰਮੈਨ ਸਪੋਰਟਸ ਕਲੱਬ, ਗੁਰਪਾਲ ਸਿੰਘ ਪਾਲਾ ਅਤੇ ਰਹਿਮਤ ਅਲੀ ਹਾਜ਼ਰ ਸਨ।



# ਜਸਵੀਰ ਸਿੰਘ 'ਟੋਨੀ' ਮਨਸੂਰਪੁਰ ਦੇ ਬਣੇ ਨਵੇਂ ਸਰਪੰਚ



**ਆਦਮਪੁਰ (ਪਰਮਜੀਤ ਸਿੰਘ)**-ਪਿੰਡ ਮਨਸੂਰਪੁਰ ਆਦਮਪੁਰ ਜ਼ਿਲ੍ਹਾ ਜਲੰਧਰ ਦੇ ਪੜ੍ਹੇ ਲਿਖੇ ਸੂਝਵਾਨ ਛੋਟੀ ਉਮਰ ਦੇ ਨੌਜਵਾਨ ਸਰਪੰਚ ਬਣ ਗਏ।ਉਨ੍ਹਾਂ 290 ਵੋਟਾਂ ਲੈ ਕੇ ਜਿੱਤ ਹਾਸਲ ਕੀਤੀ।ਉਨ੍ਹਾਂ ਵੱਲੋਂ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿੱਤਾ ਗਿਆ ਕਿ ਉਹ ਬਿਨ੍ਹਾਂ ਭੇਦਭਾਵ ਅਤੇ ਵਧੀਆ ਢੰਗ ਨਾਲ ਪਿੰਡ ਦਾ ਵਿਕਾਸ ਕਰਨਗੇ।ਨਵੀਂ ਪੰਚਾਇਤ ਦੇ ਚੁਣੇ ਗਏ ਮੈਂਬਰ ਪੰਚ ਜਗਦੀਸ਼ ਕੌਰ ਸੰਘਾ, ਜਸਵੰਤ ਸਿੰਘ (ਮੰਗਾ) ਢਿੱਲੋਂ, ਪੰਚ ਜਸਪ੍ਰੀਤ ਸਿੰਘ 'ਜੱਸੀ', ਪੰਚ ਸਮਿਤਕੀ ਦੇਵੀ ਅਤੇ ਪੰਚ ਮਨਜੀਤ ਸਿੰਘ 'ਬਿੱਟਾ' ਚੁਣੇ ਗਏ।ਇਸ ਮੌਕੇ ਪਿੰਡ ਦੇ ਉਘੇ ਪਤਵੰਤੇ ਸੱਜਣ ਅਮਰਜੀਤ ਸਿੰਘ ਕਾਲਾ, ਵਿਪਨ ਕੁਮਾਰ, ਸਰਬਜੀਤ ਸਿੰਘ ਸੰਘਾ, ਮਹਿੰਦਰ ਸਿੰਘ ਢਿਲੋਂ, ਤਰਲੋਚਨ ਸਿੰਘ ਸੰਘਾ, ਅਮਰਜੋਤ ਸਿੰਘ ਢਿਲੋਂ, ਕਰਨਵੀਰ ਸਿੰਘ ਢਿਲੋਂ, ਰਵਿੰਦਰ ਸਿੰਘ ਢਿਲੋਂ, ਮਨਜੀਤ ਕੌਰ ਸਾਬਕਾ ਬਲਾਕ ਸੰਮਤੀ ਮੈਂਬਰ ਹਾਜ਼ਰ ਸਨ। ਸਰਪੰਚ ਸਾਹਿਬ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਦਾ ਵਿਸ਼ਵਾਸ ਦਿਵਾਇਆ।

## ਹਲਕਾ ਵਾਸੀਆਂ ਵੱਲੋਂ ਮਿਲ ਰਿਹਾ ਪਿਆਰ ਮੈਨੂੰ ਵਾਰ-ਵਾਰ ਚੱਬੇਵਾਲ 'ਚ ਖਿੱਚ ਲਿਆਂਦਾ : ਡਾ.ਇਸ਼ਾਂਕ ਚੱਬੇਵਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦੇ ਨਾਲ-ਨਾਲ ਉਨ੍ਹਾਂ ਦੇ ਸਪੁੱਤਰ ਡਾ. ਇਸ਼ਾਂਕ ਚੱਬੇਵਾਲ ਵੀ ਚੱਬੇਵਾਲ ਵਿਧਾਨ ਸਭਾ ਹਲਕੇ 'ਚ ਸਰਗਰਮ ਨਜ਼ਰ ਆ ਰਹੇ ਹਨ। ਆਪਣੇ ਪਿਤਾ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਡਾ. ਇਸ਼ਾਂਕ ਵੀ ਆਪਣੇ ਨਿਮਰ ਸੁਭਾਅ ਨਾਲ ਲੋਕਾਂ ਵਿਚ ਉਸਾਰੂ ਅਕਸ ਬਣਾਉਣ ਵਿਚ ਕਾਮਯਾਬ ਹੋ ਰਿਹਾ ਹੈ। ਡਾ. ਰਾਜ ਦੀ ਸੁਹਿਰਦਤਾ ਇੱਕ ਜਾਣਿਆ-ਪਛਾਣਿਆ ਤੱਥ ਹੈ ਜਿਸ ਤੋਂ ਕੋਈ ਵੀ ਇਨਕਾਰ ਨਹੀਂ ਕਰ ਸਕਦਾ। ਡਾ. ਰਾਜ ਦੇ ਗੁਣਾਂ ਦੀ ਝਲਕ ਡਾ. ਇਸ਼ਾਂਕ 'ਚ ਵੀ ਦੇਖਣ ਨੂੰ ਮਿਲਦੀ ਹੈ, ਜੋ ਚੱਬੇਵਾਲ ਵਾਸੀਆਂ 'ਚ ਉਨ੍ਹਾਂ ਦੀ ਪ੍ਰਸਿੱਧੀ ਦਾ ਕਾਰਨ ਬਣ ਰਿਹਾ ਹੈ। ਹਰ ਕਿਸੇ ਨਾਲ ਸਤਿਕਾਰ ਨਾਲ ਪੇਸ਼ ਆਉਣਾ, ਖਿੜੇ ਮੱਥੇ ਹਰ ਇੱਕ ਦਾ ਸੁਆਗਤ ਕਰਨਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਜਾਣਨ ਅਤੇ ਉਨ੍ਹਾਂ ਦੇ ਹੱਲ ਲਈ ਪਹਿਲਕਦਮੀ ਕਰਨਾ ਉਸ ਦੀ ਵਿਸ਼ੇਸ਼ਤਾ ਹੈ।ਹਾਲ ਹੀ ਵਿੱਚ ਚੱਬੇਵਾਲ ਦੀ ਫੇਰੀ ਦੌਰਾਨ ਡਾ. ਇਸ਼ਾਂਕ ਨੇ ਬਜ਼ੁਰਗਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਕਿਹਾ ਕਿ ਸਾਡੇ ਬਜ਼ੁਰਗਾਂ ਦਾ ਸਨੇਹ ਅਤੇ ਪਿਆਰ ਹੀ ਸਾਨੂੰ ਕੰਮ ਕਰਦੇ ਰਹਿਣ ਦੀ ਪ੍ਰੇਰਨਾ ਦਿੰਦਾ ਹੈ।ਮੀਟਿੰਗ ਦੌਰਾਨ ਡਾ. ਇਸ਼ਾਂਕ ਨੇ ਬਜ਼ੁਰਗਾਂ ਵੱਲੋਂ ਸਾਂਝੀਆਂ ਕੀਤੀਆਂ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਉਨ੍ਹਾਂ ਵੱਲੋਂ ਦਿੱਤੇ ਸੁਝਾਵਾਂ ਨੂੰ ਅਮਲੀ ਜਾਮਾ ਪਹਿਨਾਉਣ ਦਾ ਵਾਅਦਾ ਕਰਦਿਆਂ ਕਿਹਾ ਕਿ ਉਹ ਆਪਣੇ ਬਜ਼ੁਰਗਾਂ ਤੋਂ ਮਿਲੇ ਉਪਦੇਸ਼ਾਂ ਅਤੇ ਦੁਆਵਾਂ ਨੂੰ ਆਪਣੀ ਜ਼ਿੰਦਗੀ ਵਿੱਚ ਹਮੇਸ਼ਾ ਯਾਦ ਰੱਖਣਗੇ ਅਤੇ ਉਨ੍ਹਾਂ ਦੀ ਬਿਹਤਰੀ ਲਈ ਹਰ ਸੰਭਵ ਯਤਨ ਕਰਨਗੇ।

## ਭਗਵਾਨ ਵਾਲਮੀਕਿ ਦੇ ਪ੍ਰਗਟ ਦਿਵਸ ਦੀ ਵਧਾਈ : ਹਰਿੰਦਰ ਸਿੰਘ

**ਆਦਮਪੁਰ (ਪਰਮਜੀਤ ਸਿੰਘ)**-ਆਦਮਪੁਰ ਹਲਕੇ ਦੇ ਉਘੇ ਸਮਾਜ ਸੇਵੀ ਅਤੇ ਆਪ ਆਗੂ ਹਰਿੰਦਰ ਸਿੰਘ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਮਹਾਂਰਿਸ਼ੀ ਭਗਵਾਨ ਬਾਲਮੀਕ ਜੀ ਦੇ ਪ੍ਰਗਟ ਦਿਵਸ ਦੀ ਵਧਾਈ ਦਿੱਤੀ।ਇਸ ਮੌਕੇ ਉਹ ਆਦਮਪੁਰ ਦੇ ਨਜ਼ਦੀਕ ਪੈਂਦੇ ਪਿੰਡ ਚੋਮੋਂ ਵਿਖੇ ਭਗਵਾਨ ਬਾਲਮੀਕ ਦੇ ਮੰਦਰ ਪਹੁੰਚੇ ਅਤੇ ਸੰਗਤਾਂ ਨੂੰ ਵਧਾਈ ਦਿੱਤੀ।ਮੰਦਰ ਕਮੇਟੀ ਦੇ ਪ੍ਰਧਾਨ ਕੁਲਵਿੰਦਰ ਗਿੱਲ, ਕਮੇਟੀ ਮੈਂਬਰ ਅਤੇ ਪਿੰਡ ਦੇ ਨਵੇਂ ਚੁਣੇ ਸਰਪੰਚ ਰਾਮ ਲਾਲ (ਸੰਨੀ ਗਿੱਲ) ਅਤੇ ਪੰਚ ਵੀ ਹਾਜ਼ਰ ਸਨ।ਪਰਮਿੰਦਰ ਸਿੰਘ, ਅਗਨੀਦੇਵ ਰਾਜੂ ਵੀ ਹਾਜ਼ਰ ਹੋਏ।ਮੰਦਰ ਕਮੇਟੀ ਵੱਲੋਂ ਅਸ਼ੀਰਵਾਦ ਸਦਕਾ ਹਰਿੰਦਰ ਸਿੰਘ ਅਤੇ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੰਦਰ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਲੰਗਰ ਲਗਾਏ ਗਏ।ਬੀਤੇ ਦਿਨ ਸ਼ੋਭਾ ਯਾਤਰਾ ਵੀ ਕੱਢੀ ਗਈ।ਹਰਿੰਦਰ ਸਿੰਘ ਨੇ ਪਿੰਡ ਵਾਸੀਆਂ ਦਾ ਮੰਦਰ ਕਮੇਟੀ ਅਤੇ ਸਮੂਹ ਭਾਈਚਾਰੇ ਨੂੰ ਵਧਾਈ ਦਿੱਤੀ ਅਤੇ ਧੰਨਵਾਦ ਕੀਤਾ।

# ਪੰਡਤ ਜਗਤ ਰਾਮ ਸਰਕਾਰੀ ਬਹੁ-ਤਕਨੀਕੀ ਕਾਲਜ ਵਿਖੇ ਅਲੂਮਨੀ ਮੀਟ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ ਹੁਸ਼ਿਆਰਪੁਰ ਵਿਖੇ ਅਲੂਮਨੀ ਮੀਟ ਦਾ ਆਜੋਯਨ ਕੀਤਾ ਗਿਆ। ਇਸ ਮੀਟ ਦੌਰਾਨ ਸਾਲ 1978 -81 ਅਤੇ 1979 -82 ਬੈਚ ਦੇ ਮਕੈਨੀਕਲ , ਸਿਵਲ ਅਤੇ ਇਲੈਕਟ੍ਰਿਕਲ ਡਿਪਲੋਮਾ ਦੇ ਪਾਸ ਹੋਏ ਵਿਦਿਆਥੀਆਂ ਨੇ ਹਿੱਸਾ ਲਿਆ।ਇਸ ਮੌਕੇ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਇੰਜੀਂ. ਰਵਿੰਦਰ ਸਿੰਘ ਬੇਦੀ, ਇੰਜੀਂ.ਇਕਬਾਲ ਸਿੰਘ ਸੋਧ, ਇੰਜੀਂ. ਸੁਖਵਿੰਦਰ ਸਿੰਘ ਕਲਸੀ, ਇੰਜੀਂ. ਰਾਮ ਵਿਨੋਦ ਜਯੋਤੀ, ਇੰਜੀਂ. ਕੇ.ਐਸ.ਕੁੰਡਲ, ਇੰਜੀਂ.ਮਲਕੀਤ ਸਿੰਘ, ਇੰਜੀਂ. ਸੰਜੇ ਬਧਵਾਰ, ਇੰਜੀਂ. ਧਰਮ ਪਾਲ, ਇੰਜੀਂ. ਜੀ.ਐਸ.ਮੰਗੜ੍ਹ, ਇੰਜੀਂ. ਸ਼ਮਿੰਦਰ ਸਿੰਘ, ਇੰਜੀਂ. ਸ਼ਿਵ ਦੀਪ ਸਿੰਘ ਸਲਾਰੀਆ, ਇੰਜੀਂ. ਅਵਤਾਰ ਸਿੰਘ, ਇੰਜੀਂ. ਅਜੈ ਸ਼ਰਮਾ, ਇੰਜੀਂ. ਸੁਰਿੰਦਰ ਸਿੰਘ ਵਸਲ, ਇੰਜੀਂ. ਦੀਪਕ ਭੰਡਾਰੀ, ਇੰਜੀਂ. ਰਾਕੇਸ਼ ਸ਼ਰਮਾ, ਇੰਜੀਂ. ਮੁਕੇਸ਼ ਨਈਅਰ, ਇੰਜੀਂ. ਸੁਰੇਸ਼ ਨਾਰੰਗ, ਇੰਜੀਂ. ਕੁਲਵਿੰਦਰ ਸਿੰਘ ਅਤੇ ਇੰਜੀਂ. ਹਰਦੇਵ ਦੱਤ ਆਦਿ ਵਲੋਂ ਬੜੇ ਹੀ ਉਤਸ਼ਾਹ ਨਾਲ ਹਿੱਸਾ ਲਿਆ ਗਿਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ਼੍ਰੀ ਰਾਜੇਸ਼ ਕੁਮਾਰ ਧੁੰਨਾ ਅਤੇ ਸਟਾਫ ਵਲੋਂ ਇਨ੍ਹਾਂ ਸਾਬਕਾ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਸਮਾਰੋਹ ਵਿਚ ਸ਼ਾਮਿਲ ਹੋਏ ਇਨ੍ਹਾਂ ਸਾਬਕਾ ਵਿਦਿਆਰਥੀਆਂ ਨੇ ਸਿੱਖਿਆ ਪ੍ਰਾਪਤ ਕਰਨ ਸਮੇਂ ਇਸ ਕਾਲਜ ਵਿਚ ਬਿਤਾਏ ਦਿਨਾਂ ਨੂੰ ਆਪਣੀ ਜ਼ਿੰਦਗੀ ਦਾ ਯਾਦਗਾਰ ਸਮਾਂ ਦੱਸਿਆ ਅਤੇ ਆਪਣੇ ਅਧਿਆਪਕਾਂ ਨੂੰ ਯਾਦ ਕਰਦੇ ਹੋਏ ਕਿਹਾ ਕੇ ਇਸ ਕਾਲਜ ਅਤੇ ਉਨ੍ਹਾਂ ਦੇ ਅਧਿਆਪਕਾਂ ਵੱਲੋਂ ਉਨ੍ਹਾਂ ਦਾ ਹੁਨਰ ਨਿਖਾਰਨ ਅਤੇ ਜੀਵੀਕਾ ਪ੍ਰਾਪਤ ਕਰਨ ਵਿਚ ਵਡਮੁੱਲਾ ਯੋਗਦਾਨ ਰਿਹਾ ਹੈ, ਜਿਸ ਦੇ ਸਦਕਾ ਅੱਜ ਅਸੀਂ ਸਾਰੇ ਵਿਦਿਆਰਥੀ ਅੰਤਰ ਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਤੇ ਵੱਖ ਵੱਖ ਵਿਭਾਗਾਂ ਜਿਵੇ ਕਿ ਓ.ਐਨ.ਜੀ.ਸੀ., ਮਰਚੈਂਟ ਨੇਵੀ, ਇੰਡਿਯਨ ਨੇਵੀ, ਐਨ.ਐਚ.ਪੀ.ਸੀ., ਰੇਲ ਕੋਚ ਫੈਕਟਰੀ, ਪਬਲਿਕ ਵਰਕਸ, ਇਮਪਰੁਵਮੈਂਟ ਟਰੱਸਟ, ਮਾਈਨਿੰਗ, ਜਲ ਸਰੋਤ ਅਤੇ ਇਰੀਗੇਸ਼ਨ ਆਦਿ ਅਹਿਮ ਵਿਭਾਗਾਂ ਅਤੇ ਵਿਦਿਆ ਦੇ ਖੇਤਰ ਵਿੱਚ ਸੰਤੁਸ਼ਟੀ ਪੂਰਵਕ ਭੂਮਿਕਾ ਨਿਭਾ ਸਕੇ ਹਾਂ। ਉਨ੍ਹਾਂ ਦੱਸਿਆ ਕਿ ਕੁਝ ਵਿਦਿਆਰਥੀ ਅਮਰੀਕਾ, ਕੈਨੇਡਾ ਅਤੇ ਭਾਰਤ ਵਿੱਚ ਆਪਣਾ ਕਾਰੋਬਾਰ ਚਲਾ ਕੇ ਅੱਜ ਵੀ ਨੌਜਵਾਨਾਂ ਨੂੰ ਰੁਜਗਾਰ ਦੇ ਮੌਕੇ ਮੁੱਹਈਆ ਕਰਵਾ ਰਹੇ ਹਨ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਵਲੋਂ ਇਨ੍ਹਾਂ ਸਾਬਕਾ ਵਿਦਿਆਰਥੀਆਂ ਨੂੰ ਕਾਲਜ ਵਿੱਚ ਚੱਲ ਰਹੇ ਮੌਜੂਦਾ ਕੋਰਸਾਂ ਅਤੇ ਕਾਲਜ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਪੁਰਾਣੇ ਵਿਦਿਆਰਥੀ ਸੰਸਥਾ ਦਾ ਅਨਮੋਲ ਸਰਮਾਇਆ ਹੁੰਦੇ ਹਨ ਅਤੇ ਨਵੇਂ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਹੁੰਦੇ ਹਨ। ਇਸ ਕਾਲਜ ਨੂੰ ਆਪ ਸਭ ਤੇ ਬਹੁਤ ਮਾਣ ਹੈ.

# ਗੁਰਸਹਿਜਪ੍ਰੀਤ ਸਿੰਘ ਨੇ ਸੂਬਾ ਕੁਸ਼ਤੀ ਮੁਕਾਬਲੇ 'ਚੋਂ ਚਾਂਦੀ ਦਾ ਮੈਡਲ ਜਿੱਤਿਆ

**ਬੰਗਾ (ਅਵਤਾਰ ਕਲੇਰ)** ਸ੍ਰੀ ਗੁਰੂ ਹਰਗੋਬਿੰਦ ਸਪੋਰਟਸ ਕਲੱਬ ਬਾਹੜੋਵਾਲ ਵਿਖੇ ਕੁਸ਼ਤੀ ਟਰੇਨਿੰਗ ਕਰਦੇ ਪਿੰਡ ਕੰਗਰੋੜ ਦੇ ਵਾਸੀ ਨੌਜਵਾਨ ਪਹਿਲਵਾਨ ਗੁਰਸਹਿਜਪ੍ਰੀਤ ਸਿੰਘ ਨੇ ਪਟਿਆਲਾ ਵਿਖੇ ਹੋਈਆਂ 68ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਖੇਡਾਂ 2024-25 ਦੇ ਸੂਬਾ ਪੱਧਰੀ ਫਰੀ ਸਟਾਈਲ ਕੁਸ਼ਤੀ ਮੁਕਾਬਲੇ ਵਿਚ 19 ਸਾਲ ਉਮਰ ਵਰਗ, 125 ਕਿਲੋਗ੍ਰਾਮ ਭਾਰ ਵਰਗ 'ਚੋਂ ਦੂਜਾ ਸਥਾਨ ਪ੍ਰਾਪਤ ਕਰਦੇ ਹੋਏ ਚਾਂਦੀ ਦਾ ਮੈਡਲ ਜਿੱਤ ਕੇ ਆਪਣਾ, ਆਪਣੇ ਮਾਪਿਆਂ ਦਾ, ਕਲੱਬ ਦਾ ਅਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਨਾਮ ਰੌਸ਼ਨ ਕੀਤਾ ਹੈ ।ਇਸ ਖੁਸ਼ੀ ਭਰੇ ਮੌਕੇ ਕਲੱਬ ਦੇ ਚੇਅਰਮੈਨ ਮਲਕੀਅਤ ਸਿੰਘ ਬਾਹੜੋਵਾਲ ਨੇ ਚਾਂਦੀ ਦਾ ਮੈਡਲ ਜੇਤੂ ਪਹਿਲਵਾਨ ਗੁਰਸਹਿਜਪ੍ਰੀਤ ਸਿੰਘ ਦਾ ਸਨਮਾਨ ਕੀਤਾ ਅਤੇ ਉਸ ਦੇ ਸੁਨਿਹਰੀ ਭਵਿੱਖ ਲਈ ਕਾਮਨਾ ਕੀਤੀ।ਇਸ ਮੌਕੇ ਪਹਿਲਵਾਨ ਦੀ ਮਾਤਾ ਜੀ ਬੀਬੀ ਹਰਬਖਸ਼ ਕੌਰ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਜੋ ਪਿਛਲੇ ਅੱਠ ਸਾਲ ਤੋਂ ਆਪਣੇ ਬੱਚੇ ਗੁਰਸਹਿਜਪ੍ਰੀਤ ਸਿੰਘ ਨੂੰ ਕਲੱਬ ਦੇ ਕੁਸ਼ਤੀ ਅਖਾੜੇ ਬਾਹੜੋਵਾਲ ਵਿਚ ਟਰੇਨਿੰਗ ਦਿਵਾ ਰਹੀ ਹੈ।ਇਸ ਸਨਮਾਨ ਮੌਕੇ ਸਰਬਜੀਤ ਸਿੰਘ ਸਾਬਕਾ ਸਰਪੰਚ ਬਾਹੜੋਵਾਲ, ਕੁਸ਼ਤੀ ਕੋਚ ਬਲਬੀਰ ਬੀਰਾ ਸੌਂਧੀ, ਮਾਸਟਰ ਗੁਰਨਾਮ ਰਾਮ, ਮਾਸਟਰ ਸੁਖਵਿੰਦਰ ਸਿੰਘ, ਬਲਜੀਤ ਸਿੰਘ ਕੰਗ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਵਰਨਣਯੋਗ ਹੈ ਕਲੱਬ ਦੇ ਚੇਅਰਮੈਨ ਮਲਕੀਅਤ ਸਿੰਘ ਬਾਹੜੋਵਾਲ ਦੀ ਅਗਵਾਈ ਵਿਚ ਸਾਲ 2008 ਵਿਚ ਪਿੰਡ ਬਾਹੜੋਵਾਲ ਵਿਖੇ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਕੁਸ਼ਤੀ ਟਰੇਨਿੰਗ ਹਾਲ ਬਣਾਇਆ ਗਿਆ ਜਿੱਥੇ ਗੱਦੇ ਦੀ ਅਤੇ ਮਿੱਟੀ ਦੀ ਕੁਸ਼ਤੀ ਦੀ ਟਰੇਨਿੰਗ ਮੁਫਤ ਵਿਚ ਦਿੱਤੀ ਜਾਂਦੀ ਹੈ।



# 'ਐਮਰਜੈਂਸੀ' ਫਿਲਮ ਦਾ ਸਮੁੱਚਾ ਸਿੱਖ ਜਗਤ ਕਰੇ ਵਿਰੋਧ : ਸਿੰਘ ਸਾਹਿਬ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸਿੱਖਾਂ ਦਾ ਕਿਰਦਾਰ ਕੁਸ਼ੀ ਕਰਨ ਵਾਲੀ ਫਿਲਮ ਐਮਰਜੈਂਸੀ ਨੂੰ ਰਿਲੀਜ਼ ਕਰਨ ਲਈ ਸਰਕਾਰ ਦੇ ਹੁਕਮਾ ਨੇ ਸਮੁੱਚੇ ਸਿੱਖ ਜਗਤ ਦੇ ਹਿਰਦੇ ਵਲੂੰਦਰ ਕੇ ਰੱਖ ਦਿੱਤੇ ਹਨ।ਸਮੁੱਚੇ ਸਿੱਖ ਜਗਤ ਨੂੰ ਇਸ ਫਿਲਮ ਦਾ ਡੱਟ ਕੇ ਵਿਰੋਧ ਕਰਨਾ ਚਾਹੀਦਾ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਤਖਤ ਸ੍ਰੀ ਕੇਸਗੜ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਕੀਤਾ ਉਹਨਾਂ ਕਿਹਾ ਕਿ ਇਸ ਫਿਲਮ ਵਿੱਚ ਸਿੱਖਾਂ ਦੇ ਕਿਰਦਾਰ ਨੂੰ ਨੀਵਾਂ ਵਿਖਾਉਣ ਦੀ ਕੋਸ਼ਿਸ਼ ਕੀਤੀ ਗਈ ਹੈ।ਇਸ ਫ਼ਿਲਮ ਵਿੱਚ ਜਿਹੜੀ ਬੀਬੀ ਕੰਗਣਾ ਰਨੌਤ ਹਮੇਸ਼ਾ ਹੀ ਸਿੱਖਾਂ ਦੇ ਖਿਲਾਫ ਜਹਿਰ ਉਗਲਦੀ ਰਹੀ ਹੈ। ਉਹਦੇ ਅੰਦਰ ਸਿੱਖਾਂ ਦੇ ਖਿਲਾਫ ਜਹਿਰ ਭਰਿਆ ਹੋਇਆ ਹੈ। ਪਿਛਲੇ ਸਮੇਂ ਦੇ ਵਿੱਚ ਜਦੋਂ ਦਿੱਲੀ ਵਿਚ ਕਿਸਾਨੀ ਮੋਰਚਾ ਲੱਗਾ ਸੀ ਉਸ ਸਮੇਂ ਸਾਡੀਆਂ ਬੀਬੀਆਂ ਭੈਣਾਂ ਮਾਤਾਵਾਂ ਸੰਘਰਸ਼ ਕਰ ਰਹੀਆਂ ਸਨ ਉਸ ਮੋਰਚੇ ਦੇ ਵਿੱਚ ਡੱਟ ਕੇ ਬੈਠੀਆਂ ਸਨ ਉਹਨਾਂ ਬਾਰੇ ਬੀਬੀ ਕੰਗਨਾ ਰਨੌਤ ਵੱਲੋਂ ਭਦੀ ਸ਼ਬਦਾਵਲੀ ਵਰਤੀ ਗਈ ਸੀ।ਜਿਹੜੇ ਉੱਥੇ ਸਾਡੇ ਕਿਸਾਨ ਵੀਰ ਸੰਘਰਸ਼ ਕਰ ਰਹੇ ਸਨ ਉਹਨਾਂ ਬਾਰੇ ਵੀ ਭੱਦੀ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ।ਕੰਗਣਾ ਰਨੌਤ ਸਿੱਖਾਂ ਦੇ ਖਿਲਾਫ ਜਹਿਰ ਉਗਲਦੀ ਰਹਿੰਦੀ ਹੈ ਤੇ ਇਸ ਫਿਲਮ ਦੇ ਵਿੱਚ ਵੀ ਸਿੱਖਾਂ ਦੇ ਕਿਰਦਾਰ ਨੂੰ ਨੀਵਾਂ ਵਿਖਾਇਆ ਗਿਆ ਹੈ।ਸਿੰਘ ਸਾਹਿਬ ਨੇ ਕਿਹਾ ਕਿ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਸਾਹਿਬ ਭਾਈ ਜਸਵੰਤ ਸਿੰਘ ਜੀ ਖਾਲੜਾ ਦੇ ਜੀਵਨ ਤੇ ਅਧਾਰਤ ਜਿਹੜੀ ਫਿਲਮ ਬਣੀ ਸੀ ਉਸ ਨੂੰ ਅਜੇ ਤੱਕ ਸੈਂਸਰ ਬੋਰਡ ਵੱਲੋਂ ਰਿਲੀਜ਼ ਨਹੀਂ ਕੀਤਾ ਗਿਆ ਪਰ ਜਿਹੜੀ ਸਿੱਖਾਂ ਦੇ ਵਿਰੁੱਧ ਸਿੱਖਾਂ ਦੀ ਕਿਰਦਾਰ ਕੁਸ਼ੀ ਕਰਨ ਵਾਸਤੇ ਸਿੱਖਾਂ ਦੇ ਕਿਰਦਾਰ ਨੂੰ ਨੀਵਾਂ ਦਿਖਾਉਣ ਵਾਸਤੇ ਫਿਲਮ ਐਮਰਜੇਂਸੀ ਨੂੰ ਸਰਕਾਰ ਨੇ ਮਾਨਤਾ ਦੇ ਦਿੱਤੀ ਹੈ।ਇਸ ਫਿਲਮ ਦਾ ਸਾਨੂੰ ਸਾਰੇ ਸਮੁੱਚੇ ਸਿੱਖ ਪੰਥ ਨੂੰ ਇੱਕਜੁੱਟ ਹੋ ਕਰਕੇ ਵਿਰੋਧ ਕਰਨਾ ਚਾਹੀਦਾ ਹੈ ।

# ਪੂਰਨਮਾਸ਼ੀ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਗੁਰਦੁਆਰਾ ਸਾਹਿਬ ਸ੍ਰੀ ਗੁਰੂ ਰਵਿਦਾਸ ਪਿੰਡ ਮੂਨਕ ਖੁਰਦ ਵਿਖੇ ਕਤਿਕ ਮਹੀਨੇ ਦੀ ਪੂਰਨਮਾਸ਼ੀ ਨੂੰ ਸਮਰਪਿਤ ਮਹੀਨਾ ਵਾਰੀ ਧਾਰਮਿਕ ਸਮਾਗਮ ਸ਼ਰਧਾ, ਸਤਿਕਾਰ ਤੇ ਸੇਵਾ ਭਾਵਨਾ ਨਾਲ ਕਰਵਾਇਆ ਗਿਆ।ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਸ੍ਰੀ ਰਹਿਰਾਸ ਸਾਹਿਬ ਜੀ ਕੇ ਪਾਠ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਸਜਾਏ ਗਏ ਖੁੱਲ੍ਹੇ ਪੰਡਾਲ ਵਿੱਚ ਸਮੂਹ ਸੰਗਤ ਨੂੰ ਸੰਤ ਬਾਬਾ ਗੁਰਪ੍ਰੀਤ ਸਿੰਘ ਚੰਡੀਗੜ੍ਹ ਵਾਲਿਆਂ ਨੇ ਮਨੋਹਰ ਸ਼ਬਦ ਕੀਰਤਨ ਅਤੇ ਪ੍ਰਵਚਨਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ।

ਸਮਾਗਮ ਦੌਰਾਨ ਕਾਕਾ ਹਰਗੁਰ ਸਿਮਰਤ ਜੀਤ ਸਿੰਘ ਮੋਮੀ, ਭਾਈ ਸਤਵਿੰਦਰ ਸਿੰਘ ਬਾਗੀ ਨੇ ਵੀ ਮਨੋਹਰ ਸ਼ਬਦ ਕੀਰਤਨ ਦੁਆਰਾ ਨਿਹਾਲ ਕੀਤਾ।ਇਸ ਮੌਕੇ ਗੁਰਦੁਆਰਾ ਸਾਹਿਬ ਵਿੱਚ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਸਮਾਗਮ ਵਿੱਚ ਉਪ ਪ੍ਰਧਾਨ ਅਮਰਜੀਤ ਸਿੰਘ, ਖਜਾਨਚੀ ਪਰਮਜੀਤ ਸਿੰਘ ਪੰਮੀ, ਸੁਖਵਿੰਦਰ ਸਿੰਘ ਮੂਨਕਾਂ, ਪੰਚ ਸਰਬਜੀਤ ਸਿੰਘ ਮੋਮੀ, ਸਰਪੰਚ ਮਨਪ੍ਰੀਤ ਕੌਰ ਭਾਰਦਵਾਜ, ਸਾਬਕਾ ਸਰਪੰਚ ਸ਼ਾਮ ਸਿੰਘ ਮੂਨਕਾਂ, ਸਾਬਕਾ ਸਰਪੰਚ ਹਰਬੰਸ ਸਿੰਘ ਮੂਨਕਾਂ, ਦਵਿੰਦਰ ਸਿੰਘ ਲਾਡੀ,ਸੁਰਜੀਤ ਸਿੰਘ ਭਾਰਦਵਾਜ, ਨੰਦ ਸਿੰਘ ਤੋਂ ਇਲਾਵਾ ਸ਼ਿੰਗਾਰਾ ਸਿੰਘ, ਸੂਬੇਦਾਰ ਅਮਰਨਾਥ, ਪਰਮਜੀਤ ਸਿੰਘ ਬੱਬੀ, ਗੁਰਦੀਪ ਸਿੰਘ ਦੀਪਾ, ਭਜਨ ਸਿੰਘ, ਗੁਰਦੀਪ ਸਿੰਘ ਮਿਸਤਰੀ, ਥਾਣੇਦਾਰ ਧਰਮ ਸਿੰਘ, ਥਾਣੇਦਾਰ ਸੁਰਿੰਦਰ ਪਾਲ ਸਿੰਘ ਮੋਮੀ, ਮਾਸਟਰ ਚਮਨ ਲਾਲ, ਸਰਵਣ ਸਿੰਘ ਚੱਕੀ ਵਾਲੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਸੰਗਤ ਦੀ ਸੇਵਾ ਵਾਸਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਜ਼ਿਲ੍ਹੇ ਦੇ ਨਵੇਂ ਚੁਣੇ ਪੰਚਾਂ/ਸਰਪੰਚਾਂ ਨੂੰ ਮੁਬਾਰਕਬਾਦ : ਚੌਹਾਨ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਲੋਕਤੰਤਰ ਦੀ ਰੀੜ੍ਹ ਪੰਚਾਇਤ ਚੋਣਾਂ ਦਾ ਕੰਮ ਨਿਰਵਿਘਨ ਸਮਾਪਤ ਹੋਣ 'ਤੇ ਜਿਲ੍ਹਾ ਪ੍ਰਸ਼ਾਸ਼ਨ ਅਤੇ ਨਵ ਨਿਯੁਕਤ ਪੰਚਾਇਤ ਮੈਂਬਰਾਂ ਤੇ ਸਰਪੰਚਾਂ ਨੂੰ ਮੁਬਾਰਕਬਾਦ ਦਿੰਦਿਆਂ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕਿਹਾ ਕਿ ਨਵੇਂ ਚੁਣੇ ਗਏ ਨੁਮਾਇੰਦਿਆ ਨੂੰ ਮਿਲ ਕੇ ਆਪਣੇ-ਆਪਣੇ ਪਿੰਡ ਦਾ ਵਿਕਾਸ ਕਰਨਾ ਚਾਹੀਦਾ ਹੈ।ਉਨ੍ਹਾ ਅੱਗੇ ਕਿਹਾ ਕਿ ਵਿਕਾਸ ਦਾ ਕੰਮ ਮਿਲ ਕੇ ਹੀ ਸੰਭਵ ਹੋ ਸਕਦਾ ਹੈ।ਚੌਹਾਨ ਨੇ ਸਰਕਾਰ ਤੋਂ ਮੰਗ ਕੀਤੀ ਕਿ ਵਿਕਾਸ ਦੇ ਕੰਮਾਂ ਨੂੰ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਪਿੰਡਾਂ ਦੇ ਸਤਿਕਾਰਯੋਗ ਵੋਟਰਾਂ ਵੱਲੋਂ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਦਿਆਂ ਜਿਸ ਤਰ੍ਹਾਂ ਸ਼ਾਂਤਮਈ ਢੰਗ ਨਾਲ ਪੰਚਾਇਤੀ ਚੋਣਾਂ ਨੂੰ ਨੇਪਰੇ ਚੜਾਉਣ ਲਈ ਸਾਂਝੇ ਤੌਰ ਉੱਤੇ ਯਤਨ ਕੀਤੇ ਗਏ ਹਨ ਇਸ ਲਈ ਉਨ੍ਹਾਂ ਵੱਲੋਂ ਸਾਰੇ ਜਿਲਾ ਸ਼ਹੀਦ ਭਗਤ ਸਿੰਘ ਨਗਰ ਵਾਸੀਆਂ ਦਾ ਧੰਨਵਾਦ ਕੀਤਾ ਜਾਂਦਾ ਹੈ।ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਨਵੇਂ ਚੁਣੇ ਪੰਚਾਂ ਸਰਪੰਚਾਂ ਸਮੇਤ ਸਮੂਹ ਵੋਟਰਾਂ ਨੂੰ ਮੁਬਾਰਕਬਾਦ ਦਿੱਤੀ ਤੇ ਨਵੇਂ ਚੁਣੇ ਸਾਰੇ ਨੁਮਾਇੰਦਿਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਜਿਨ੍ਹਾਂ ਪਿੰਡਾਂ ਦੇ ਲੋਕਾਂ ਨੇ ਸਰਬਸੰਮਤੀ ਨਾਲ ਪੰਚਾਇਤਾਂ ਚੁਣੀਆਂ ਉਨ੍ਹਾਂ ਪੰਚਾਇਤਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵਿਸ਼ੇਸ਼ ਤੌਰ 'ਤੇ ਪਿੰਡ ਦੇ ਵਿਕਾਸ ਲਈ ਯੋਗ ਗ੍ਰਾਂਟਾਂ ਅਲਾਟ ਕਰਨ ਤਾਂਕਿ ਭਵਿੱਖ ਵਿੱਚ ਸਰਵਸੰਮਤੀ ਨੂੰ ਉਤਸ਼ਾਹਤ ਕੀਤਾ ਜਾਵੇ।

# ਕਾਮਰੇਡ ਕੁਲਦੀਪ ਸਿੰਘ ਹੁਸ਼ਿਆਰਪੁਰ ਨੂੰ 5ਵੀਂ ਬਰਸੀ ਮੌਕੇ ਸ਼ਰਧਾਂਜਲੀਆਂ

**ਜਲੰਧਰ, ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ, ਰਾਜੇਸ਼ ਥਾਪਾ)**- ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਸੰਬੰਧਿਤ ਏਟਕ ਦੇ ਕੌਮੀ ਅਤੇ ਸੂਬਾਈ ਆਗੂ, ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਬਾਨੀ ਕਾਮਰੇਡ ਕੁਲਦੀਪ ਸਿੰਘ ਹੁਸ਼ਿਆਰਪੁਰ ਦੀ ਪੰਜਵੀਂ ਬਰਸੀ ਨੂੰ ਸਮਰਪਿਤ ਪੰਜਾਬ ਪੈਨਸ਼ਨਰਜ਼ ਯੂਨੀਅਨ ( ਸਬੰਧਤ ਏਟਕ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ ,ਚੰਡੀਗੜ੍ਹ) ਦੀ ਸੂਬਾ ਕਾਰਜਕਾਰਨੀ ਕਮੇਟੀ ਦੀ ਇੱਕ ਮੀਟਿੰਗ ਇੱਥੇ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਕੁਲਦੀਪ ਸਿੰਘ ਹੁਸ਼ਿਆਰਪੁਰ ਦੀ ਫੋਟੋ ਅੱਗੇ ਫੁੱਲ ਮਾਲਾਵਾਂ ਅਰਪਣ ਕੀਤੀਆਂ ਗਈਆਂ ਅਤੇ ਉਹਨਾਂ ਵੱਲੋਂ ਜਥੇਬੰਦੀਆਂ ਪ੍ਰਤੀ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਨੂੰ ਯਾਦ ਕੀਤਾ ਗਿਆ।ਇਸ ਦੇ ਨਾਲ ਹੀ ਪਿਛਲੇ ਸਮੇਂ ਦੌਰਾਨ ਸਦੀਵੀ ਵਿਛੋੜਾ ਦੇ ਗਏ ਸਾਥੀਆਂ ਅਤੇ ਕਈ ਹੋਰ ਵਿਛੜੀਆਂ ਸ਼ਖਸੀਅਤਾਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਸਾਰੇ ਹਾਜ਼ਰੀਨ ਨਾਲ ਏਜੰਡਾ ਸਾਂਝਾ ਕੀਤਾ ਅਤੇ ਇਸ ਉਪਰੰਤ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਪਿਛਲੇ ਸਮੇਂ ਦੌਰਾਨ ਜਥੇਬੰਦੀ ਵੱਲੋਂ ਕੀਤੀਆਂ ਗਈਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਰਜਕਾਰੀ ਚੇਅਰਮੈਨ ਅਵਤਾਰ ਸਿੰਘ ਗਗੜਾ, ਐਡੀਸ਼ਨਲ ਜਨਰਲ ਸਕੱਤਰ ਸੱਤਿਆ ਪਾਲ ਗੁਪਤਾ, ਮੁੱਖ ਜੱਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਵਿੱਤ ਸਕੱਤਰ ਪ੍ਰਿਤਪਾਲ ਸਿੰਘ ਪੰਡੋਰੀ, ਪ੍ਰੈਸ ਸਕੱਤਰ ਕੁਲਵੰਤ ਸਿੰਘ ਚਾਨੀ, ਭੁਪਿੰਦਰ ਸਿੰਘ ਸੇਖੋਂ, ਸੂਬਾਈ ਆਗੂ ਨਸੀਬ ਸਿੰਘ ਜੜੌਤ, ਗੁਰਮੇਲ ਚੰਦ ਨਵਾਂ ਸ਼ਹਿਰ, ਹਰਜਿੰਦਰ ਸਿੰਘ ਸੁਧਾਰ ਲੁਧਿਆਣਾ, ਸੂਬਾਈ ਸਲਾਹਕਾਰ ਗੁਰਬਖਸ਼ ਸਿੰਘ ਢਿੱਲੋਂ, ਵੇਦ ਪ੍ਰਕਾਸ਼ ਬਟਾਲਾ, ਵਿਜੇ ਕੁਮਾਰ ਜਲੰਧਰ, ਬਲਵੰਤ ਸਿੰਘ ਸੰਧੂ ਫਿਰੋਜਪੁਰ, ਪਰਮਜੀਤ ਸਿੰਘ ਜਗਰਾਓ, ਸਵਰਨ ਸਿੰਘ ਤਰਨ ਤਾਰਨ, ਹਰਬੰਸ ਸਿੰਘ ਸੈਣੀ ਰੋਪੜ ਤੇ ਗੁਰਮੀਤ ਸਿੰਘ ਚੰਡੀਗੜ੍ਹ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਪੰਜਾਬ ਸਰਕਾਰ ਤੇ ਦੋਸ਼ ਲਾਇਆ ਹੈ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਗਿਣੀ ਮਿਥੀ ਸਾਜਿਸ਼ ਤਹਿਤ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ ਅਤੇ ਮੁੱਖ ਮੰਤਰੀ ਪੰਜਾਬ ਵੱਲੋਂ ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਨਾਲ ਗੱਲਬਾਤ ਕਰਨ ਤੋਂ ਲਗਾਤਾਰ ਭਗੌੜੇ ਹੋ ਗਏ ਹਨ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 21 ਅਕਤੂਬਰ ਨੂੰ ਬੱਸ ਸਟੈਂਡ ਮੋਗਾ ਵਿਖੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾਈ ਆਗੂ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਯਾਦ ਵਿੱਚ ਮਨਾਏ ਜਾ ਰਹੇ 36ਵੇਂ ਬਰਸੀ ਸਮਾਗਮ ਵਿੱਚ ਪੰਜਾਬ ਭਰ ਦੇ ਰੋਡਵੇਜ਼ ਕਾਮਿਆਂ ਤੋਂ ਇਲਾਵਾ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸਮੂਹ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਸ ਤੋਂ ਇਲਾਵਾ ਪੰਜਾਬ ਸਰਕਾਰ ਦੇ ਖਿਲਾਫ ਸੰਘਰਸ਼ ਦੀ ਅਗਲੀ ਕਾਰਜ ਯੋਜਨਾ ਉਲੀਕਣ ਲਈ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 20 ਅਕਤੂਬਰ ਨੂੰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋ ਰਹੀ ਸੂਬਾ ਪੱਧਰੀ ਮੀਟਿੰਗ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਸੂਬਾਈ ਲੀਡਰਸ਼ਿਪ ਸ਼ਾਮਿਲ ਹੋਵੇਗੀ।ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਇਹ ਨਿਰਣਾ ਲਿਆ ਗਿਆ ਕਿ ਜੇਕਰ ਪੰਜਾਬ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਵੱਖਰੇ ਤੌਰ ਤੇ ਕੋਈ ਐਕਸ਼ਨ ਕੀਤਾ ਜਾਂਦਾ ਹੈ ਤਾਂ ਪੰਜਾਬ ਪੈਨਸ਼ਨਰਜ਼ ਯੂਨੀਅਨ (ਸਬੰਧਤ ਏਟਕ) ਇਸ ਐਕਸ਼ਨ ਵਿੱਚ ਸ਼ਾਮਿਲ ਹੋਵੇਗੀ।ਆਗੂਆਂ ਨੇ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸਾਢੇ ਪੰਜ ਸਾਲਾਂ ਦਾ ਬਣਦਾ ਤਨਖਾਹਾਂ ,ਪੈਨਸ਼ਨਾਂ ਅਤੇ ਲੀਵ ਇਨਕੈਸ਼ਮੈਂਟ ਦਾ ਬਣਦਾ ਬਕਾਇਆ ਨਹੀਂ ਦਿੱਤਾ ਜਾ ਰਿਹਾ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਨਹੀਂ ਕੀਤਾ ਜਾ ਰਿਹਾ, ਮਹਿੰਗਾਈ ਭੱਤੇ ਦੀਆਂ ਪਹਿਲਾ 12 ਫੀਸਦੀ ਅਤੇ ਹੁਣ 15 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਚਾਰ ਕਿਸ਼ਤਾਂ ਨਹੀਂ ਦਿੱਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਬਹਾਲ ਨਹੀਂ ਕੀਤੀ ਜਾ ਰਹੀ , ਕੱਚੇ ਅਤੇ ਆਊਟਸੋਰਸ ਮੁਲਾਜ਼ਮਾਂ ਦੀ ਵੱਡੇ ਪੱਧਰ ਤੇ ਆਰਥਿਕ ਲੁੱਟ ਜਾਰੀ ਹੈ, ਮਾਨਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਬਹੁਤ ਸਾਰੇ ਫੈਸਲੇ ਲਾਗੂ ਨਹੀਂ ਕੀਤੇ ਜਾ ਰਹੇ ਅਤੇ ਮੁਲਾਜ਼ਮਾਂ ਤੇ ਪੈਨਸ਼ਨਾਂ ਨੂੰ ਮਾਣਯੋਗ ਅਦਾਲਤਾਂ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਅਦਾਲਤੀ ਮਾਣਹਾਨੀ ਦੇ ਕੇਸ ਦਾਇਰ ਕਰਨ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਅਜਮੇਰ ਸਿੰਘ ਮੋਗਾ, ਪੋਹਲਾ ਸਿੰਘ ਬਰਾੜ , ਦਵਿੰਦਰ ਪਾਲ ਸਿੰਘ ਜਲੰਧਰ, ਮਨਜੀਤ ਸਿੰਘ ਗਿੱਲ , ਇਕਬਾਲ ਸਿੰਘ ਮੰਘੇੜਾ, ਸੋਮ ਨਾਥ ਅਰੋੜਾ ਫਰੀਦਕੋਟ , ਗੁਰਮੁਖ ਸਿੰਘ, ਜੰਗੀਰ ਸਿੰਘ ਜਲੰਧਰ, ਸੰਤੋਖ ਸਿੰਘ ਜਲੰਧਰ, ਦਲਜੀਤ ਸਿੰਘ, ਜਗਤਾਰ ਸਿੰਘ ਨਵਾਂਸ਼ਹਿਰ, ਮਹਿੰਦਰ ਸਿੰਘ, ਕੀਰਤ ਸਿੰਘ ਚੰਡੀਗੜ੍ਹ, ਬਲਵਿੰਦਰ ਸਿੰਘ , ਰਾਜ ਪਾਲ ਫਿਰੋਜ਼ਪੁਰ, ਸੰਤੋਖ ਸਿੰਘ ਤੇ ਭਵਾਨੀ ਫੇਰ ਅੰਮ੍ਰਿਤਸਰ ਆਦਿ ਸ਼ਾਮਲ ਸਨ।



# ਭਗਵਾਨ ਵਾਲਮੀਕਿ ਦਾ ਪ੍ਰਗਟ ਦਿਵਸ ਮਨਾਇਆ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**-ਸ਼੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ ਨਗਰ ਟਾਂਡਾ ਵਿਖੇ ਪੂਰਨਮਾਸ਼ੀ ਦਿਹਾੜੇ ਮੌਕੇ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਮਹਾਰਿਸ਼ੀ ਭਗਵਾਨ ਵਾਲਮੀਕ ਜੀ ਦਾ ਪ੍ਰਗਟ ਦਿਵਸ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਵੱਲੋਂ ਮੀਰਾ ਬਾਈ ਸਭਾ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ਼ਾਮ ਦੇ ਸਮੇਂ ਸੋ ਦਰ ਰਹਿਰਾਸ ਸਾਹਿਬ ਜੀ ਦੇ ਪਾਠ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਭਾਈ ਜਸਵੀਰ ਸਿੰਘ, ਭਾਈ ਨਰਿੰਦਰ ਸਿੰਘ ਭਾਈ ਤੇ ਕੁਲਵਿਦਰ ਸਿੰਘ ਦਸ਼ਮੇਸ਼ ਨਗਰ ਟਾਂਡਾ ਤੋਂ ਇਲਾਵਾ ਭਾਈ ਉਂਕਾਰ ਸਿੰਘ, ਗੁੱਡੀ, ਸਿਮਰਨ, ਨਵਜੋਤ ,ਰੀਆ, ਦੀਆ ਤੇ ਹੋਰ ਛੋਟੇ ਛੋਟੇ ਬੱਚਿਆਂ ਵਲੋ ਮਨੋਹਰ ਸ਼ਬਦ ਕੀਰਤਨ ਕੀਤਾ ਗਿਆ।ਇਸ ਮੌਕੇ ਗੁਰੂ ਘਰ ਦੇ ਮੁੱਖ ਸੇਵਾਦਾਰ ਜਗਦੀਸ਼ ਕੁਮਾਰ ਰਿੰਕਾ ਨੇ ਜਿੱਥੇ ਮਹਾਂ ਰਿਸ਼ੀ ਭਗਵਾਨ ਵਾਲਮੀਕ ਜੀ ਦੇ ਪ੍ਰਗਟ ਦਿਵਸ ਦੇ ਸਮੂਹ ਸੰਗਤ ਨੂੰ ਮੁਬਾਰਕਬਾਦ ਦਿੱਤੀ ਉੱਥੇ ਹੀ ਉਹਨਾਂ ਨੇ ਕੀਰਤਨ 1 ਕਰੋੜ ਦੇ ਪਲਾਟ ਦੀ ਸੇਵਾ ਕਰਨ ਵਾਸਤੇ ਸਮੂਹ ਦੇਸ਼ ਵਿਦੇਸ਼ ਤੇ ਦਾਨੀ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਕੁਲਦੀਪ ਸਿੰਘ, ਮਨਦੀਪ ਸਿੰਘ ਦੀਪਾ, ਤਰਸੇਮ ਸਿੰਘ ਕੈਸ਼ੀਅਰ, ਸੁਰਜੀਤ ਸਿੰਘ ਬੈਂਕ ਵਾਲੇ, ਸੋਮ ਪ੍ਰਕਾਸ਼ ਬੈਂਕ ਵਾਲੇ, ਗਗਨਦੀਪ, ਨੀਰਜ ਕੁਮਾਰ, ਕਰਮਜੀਤ ਕਾਲੂ, ਰਾਹੁਲ, ਗੈਰੀ, ਪ੍ਰਿੰਸ, ਬੋਬੀ, ਮਨੀ, ਗੱਗੀ, ਜਤਿਨ, ਚਮਨ ਲਾਲ ਸਰਵਣ ਸਿੰਘ ਫ਼ੌਜੀ, ਬਚਿੰਤ ਸਿੰਘ, ਅਮਰੀਕ ਸਿੰਘ, ਮਨਜੀਤ ਕੌਰ, ਚਰਨਜੀਤ ਕੌਰ, ਰਵਿੰਦਰ ਕੌਰ, ਮੀਨਾ ਕੁਮਾਰੀ, ਇੰਦਰਜੀਤ, ਮੋਹਿਤ, ਰਵੀ, ਮਨੂ ਤੋਂ ਇਲਾਵਾ ਹੋਰ ਸੰਗਤਾਂ ਵੀ ਹਾਜ਼ਰ ਸਨ।



# ਅੱਖਾਂ ਦਾ ਦੂਜਾ ਕੈਂਪ ਨਰੂੜ ਵਿਖੇ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਯਾਦ ਵਿੱਚ ਅੱਖਾਂ ਦਾ ਦੂਜਾ ਕੈਂਪ ਪਿੰਡ ਨਰੂੜ ਵਿਖੇ ਲਗਾਇਆ ਗਿਆ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸੰਸਥਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਇਲਾਕੇ ਦੀ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵਲੋਂ ਚਲਾਈ ਜਾ ਰਹੀ ਹੈ।ਲਾਇਨਜ ਕਲੱਬ ਆਦਮਪੁਰ ਅਤੇ ਲਾਇਨਜ ਆਈ ਹਸਪਤਾਲ ਸੁਸਾਇਟੀ ਦੇ ਵਲੋਂ ਗਰੀਬ ਦਾ ਮੂੰਹ, ਗੁਰੂ ਗੋਲਕ ਸੰਸਥਾ ਅਜਨੋਹਾ ਦੇ ਸਹਿਯੋਗ ਨਾਲ ਦੂਜਾ ਅੱਖਾਂ ਦਾ ਫਰੀ ਚੈੱਕ ਅੱਪ ਕੈਂਪ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਯਾਦ ਵਿੱਚ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਗੁਰੂ ਸਾਹਿਬ ਦਾ ਓਟ ਆਸਰਾ ਅਰਦਾਸ ਕਰਕੇ ਕੈਂਪ ਦੀ ਆਰੰਭਤਾ ਕੀਤੀ ਗਈ। ਕੈਂਪ ਦਾ ਉਦਘਾਟਨ ਲਾਇਨਜ ਕਲੱਬ ਆਦਮਪੁਰ ਦੇ ਆਈ ਡੋਨੇਟ ਚੇਅਰਮੈਨ ਹਰਵਿੰਦਰ ਸਿੰਘ ਪਰਹਾਰ ਵਲੋਂ ਕੀਤਾ ਗਿਆ।ਲਾਈਨਜ ਆਈ ਹਸਪਤਾਲ ਆਦਮਪੁਰ ਦੇ ਡਾਕਟਰ ਦੀ ਟੀਮ ਨੇ ਮਰੀਜ਼ਾਂ ਦਾ ਚੈੱਕ ਅੱਪ ਕਰਕੇ ਫ੍ਰੀ ਵਿੱਚ ਦਵਾਈਆਂ ਦਿੱਤੀਆਂ ਅਤੇ 69 ਮਰੀਜ਼ਾਂ ਦੇ ਅੱਖਾਂ ਦੇ ਲੈਂਜ ਫਰੀ ਵਿੱਚ ਲਾਇਨਜ ਆਈ ਹਸਪਤਾਲ ਆਦਮਪੁਰ ਵਿਖੇ 14 ਨਵੰਬਰ ਨੂੰ ਪਾਏ ਜਾਣਗੇ । ਸੰਸਥਾਂ ਸਮੂਹ ਟੀਮ ਵੱਲੋਂ ਡਾਕਟਰਾਂ ਟੀਮ ਦਾ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ,ਆਈ ਡੋਨੇਟ ਚੇਅਰਮੈਨ ਹਰਵਿੰਦਰ ਸਿੰਘ ਪਰਹਾਰ, ਵਾਈਸ ਚੇਅਰਮੈਨ ਅਮਰਜੀਤ ਸਿੰਘ, ਰਘਬੀਰ ਸਿੰਘ ਬਿਰਦੀ, ਅਮਰਦੀਪ ਸਿੰਘ ਨਰੂੜ, ਡਾ.ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਸੰਦੀਪ ਕੌਰ ਪਾਸ਼ਟਾਂ, ਬਲਜੀਤ ਕੌਰ ਨਰੂੜ, ਸਿਮਰਨ ਕੌਰ ਨਰੂੜ, ਲਵਪ੍ਰੀਤ ਕੌਰ ਸਰਹਾਲਾ,ਜਤਿੰਦਰ ਸਿੰਘ ਰਾਣਾ ਖਾਲਸਾ, ਕਮਲਜੀਤ ਸਿੰਘ ਰਾਣਾ, ਬਰਿੰਦਰ ਸਿੰਘ ਪੰਜੌੜਾ, ਗੁਰਪਾਲ ਸਿੰਘ ਨਡਾਲੋਂ, ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ ਗੂਗਲੀ ਖਾਲਸਾ, ਸੁਮੀਤ ਪਾਲ ਸਿੰਘ, ਮਨਪ੍ਰੀਤ ਸਿੰਘ, ਸੁਰਿੰਦਰ ਪਾਲ ਸਿੰਘ, ਬਲਜੀਤ ਸਿੰਘ ਬਿੱਲਾ, ਲੰਬੜਦਾਰ ਪਰਮਜੀਤ ਸਿੰਘ, ਹਰਦੀਪ ਸਿੰਘ ਨਸੀਰਾਬਾਦ, ਰਛਪਾਲ ਸਿੰਘ ਟੋਡਰਪੁਰ, ਕਮਲਜੀਤ ਸਿੰਘ ਰਾਣਾ,ਦਲਜੀਤ ਸਿੰਘ ਠੱਕਰਵਾਲ, ਚਰਨਜੀਤ ਸਿੰਘ ਜਾਗਨੀਆਣਾ, ਅਮਰਜੀਤ ਸਿੰਘ ਕੁਕੋਵਾਲ,ਮਾਸਟਰ ਰਜਿੰਦਰ ਸਿੰਘ ਚੇਲਾ,ਅਸਾਕ ਮੁਹੰਮਦ ਭਾਮ,ਉਂਕਾਰ ਸਿੰਘ ਨਰੂੜ, ਇੰਦਰਜੀਤ ਸਿੰਘ ਮੁਖਲਿਆਣਾ,ਪੰਚ ਸਤਨਾਮ ਸਿੰਘ,ਕਮਲਾ ਦੇਵੀ ਮੇਹਟੀਆਣਾ, ਸੁਖਵਿੰਦਰ ਸਿੰਘ ਸਾਹਨੀ,ਨਿਰਮਲਾ ਫਗਵਾੜਾ,ਬਿਮਲਾ ਦੇਵੀ ਗੁਰਾਇਆ, ਹਰਜਿੰਦਰ ਕੌਰ ਮੰਢਾਲੀ, ਜਤਿੰਦਰ ਸਿੰਘ ਭਾਮ, ਸੰਤੋਸ਼ ਕੁਮਾਰੀ ਟੋਡਰਪੁਰ, ਗੁਰਵਿੰਦਰ ਕੌਰ ਹੁਕੜਾਂ,ਜਗੀਰ ਸਿੰਘ ਮਲਕਪੁਰ, ਸ਼ੀਲਾ ਦੇਵੀ ਅਕਾਲ ਗੜ੍ਹ ਆਦਿ ਹਾਜ਼ਰ ਸਨ।



# ਰਿਆਤ ਬਾਹਰਾ ਪੈਰਾ-ਮੈਡੀਕਲ ਵਿਭਾਗ 'ਚ ਬੇਸਿਕ ਲਾਈਫ ਸਪੋਰਟ ਤੇ ਹੁਨਰ ਆਧਾਰਤ ਸਿਖਲਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਰਿਆਤ ਬਾਹਰਾ ਇੰਸਟੀਚਿਊਟ ਆਫ ਮੈਨੇਜਮੈਂਟ ਦੇ ਪੈਰਾ ਮੈਡੀਕਲ ਸਾਇੰਸਜ਼ ਵਿਭਾਗ ਵੱਲੋਂ ਬੇਸਿਕ ਲਾਈਫ ਸਪੋਰਟ 'ਤੇ ਹੁਨਰ ਆਧਾਰਿਤ ਸਿਖਲਾਈ ਦਾ ਆਯੋਜਨ ਕੀਤਾ ਗਿਆ।ਇਸ ਟਰੇਨਿੰਗ ਦੀ ਪ੍ਰਧਾਨਗੀ ਪ੍ਰਿੰਸੀਪਲ ਡਾ. ਹਰਿੰਦਰ ਗਿੱਲ ਨੇ ਕੀਤੀ।ਇਸ ਵਿੱਚ ਬੀ ਐਸ ਸੀ-ਓ ਟੀ ਟੀ ਅਤੇ ਬੀ ਐਸ ਸੀ-ਐੱਮ ਐਲ ਐਸ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਿਭਾਗ ਦੇ ਇੰਚਾਰਜ ਡਾ. ਸੁਖਮੀਤ ਬੇਦੀ ਨੇ ਦੱਸਿਆ ਕਿ ਇਹ ਸਿਖਲਾਈ ਮਾਹਿਰ ਡਾਕਟਰਾਂ ਵੱਲੋਂ ਕਰਵਾਈ ਗਈ। ਜਿਸ ਵਿੱਚ ਡਾ. ਅਰੁਣ ਲਖਨਪਾਲ (ਰੇਸਪੀਰੇਟਰੀ ਮੈਡੀਸਨ, ਕ੍ਰਿਟੀਕਲ ਕੇਅਰ ਅਤੇ ਇੰਟਰਵੈਂਸ਼ਨਲ ਪਲਮੋਨੋਲੋਜਿਸਟ) ਅਤੇ ਡਾ. ਮਨਪ੍ਰੀਤ ਸਿੰਘ (ਐਨੇਸਥੀਟਿਸਟ ਅਤੇ ਕ੍ਰਿਟੀਕਲ ਕੇਅਰ) ਨੇ ਵਿਦਿਆਰਥੀਆਂ ਨੂੰ ਬੀ ਐਲ ਐਸ ਪ੍ਰਕਿਰਿਆ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਬੀ ਐਲ ਐਸ ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਡਾ. ਅਰੁਣ ਲਖਨਪਾਲ ਨੇ ਕਿਹਾ, ਬੁਨਿਆਦੀ ਜੀਵਨ ਸਹਾਇਤਾ ਇੱਕ ਅਜਿਹਾ ਹੁਨਰ ਹੈ ਜੋ ਕਿਸੇ ਵਿਅਕਤੀ ਦੀ ਜ਼ਿੰਦਗੀ ਨੂੰ ਸਹੀ ਸਮੇਂ 'ਤੇ ਅਤੇ ਸਹੀ ਤਰੀਕੇ ਨਾਲ ਬਚਾ ਸਕਦਾ ਹੈ, ਜੋ ਜੀਵਨ ਅਤੇ ਮੌਤ ਦੇ ਵਿਚਕਾਰ ਦਾ ਮਤਲਬ ਨਿਰਧਾਰਤ ਕਰ ਸਕਦਾ ਹੈ ਅੰਤਰ ਉਨ੍ਹਾਂ ਵਿਦਿਆਰਥੀਆਂ ਨੂੰ ਬੀ ਐਲ ਐਸ ਪ੍ਰਕਿਰਿਆ ਦੇ ਹਰ ਪੜਾਅ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਡਾ. ਮਨਪ੍ਰੀਤ ਸਿੰਘ ਨੇ ਆਪਣਾ ਤਜਰਬਾ ਸਾਂਝਾ ਕਰਦਿਆਂ ਕਿਹਾ, ਆਉਣ ਵਾਲੇ ਸਾਲਾਂ ਵਿੱਚ ਮੈਡੀਕਲ ਖੇਤਰ ਵਿੱਚ ਅਜਿਹੇ ਹੁਨਰ ਦੀ ਲੋੜ ਹੋਰ ਵਧੇਗੀ।ਸਾਡਾ ਉਦੇਸ਼ ਵਿਦਿਆਰਥੀਆਂ ਨੂੰ ਕੇਵਲ ਥਿਊਰੀ ਹੀ ਨਹੀਂ, ਸਗੋਂ ਪ੍ਰੈਕਟੀਕਲ ਅਨੁਭਵ ਵੀ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਹੁੰਗਾਰਾ ਭਰ ਸਕਣ। ਐਮਰਜੈਂਸੀ ਵਿੱਚ ਭਰੋਸਾ।ਜਾਣਕਾਰੀ ਦਿੰਦਿਆਂ ਵਿਭਾਗ ਮੁਖੀ ਡਾ. ਸੁਖਮੀਤ ਬੇਦੀ ਨੇ ਦੱਸਿਆ, ਸਾਡਾ ਉਦੇਸ਼ ਵਿਦਿਆਰਥੀਆਂ ਨੂੰ ਐਮਰਜੈਂਸੀ ਸਥਿਤੀਆਂ ਵਿੱਚ ਤੁਰੰਤ ਅਤੇ ਪ੍ਰਭਾਵੀ ਜਵਾਬ ਦੇਣ ਲਈ ਤਿਆਰ ਕਰਨਾ ਹੈ।ਜੀਵਨ ਨੂੰ ਬਚਾਉਣ ਲਈ ਬੁਨਿਆਦੀ ਜੀਵਨ ਸਹਾਇਤਾ ਦਾ ਇਹ ਹੁਨਰ ਬਹੁਤ ਮਹੱਤਵਪੂਰਨ ਹੈ, ਅਤੇ ਅਸੀਂ ਚਾਹੁੰਦੇ ਹਾਂ ਕਿ ਕਿ ਸਾਡੇ ਵਿਦਿਆਰਥੀ ਇਸ ਨੂੰ ਭਰੋਸੇ ਨਾਲ ਲਾਗੂ ਕਰ ਸਕਦੇ ਹਨ।ਅੰਤ ਵਿੱਚ ਵਿਭਾਗ ਵੱਲੋਂ ਮਾਹਿਰ ਡਾਕਟਰਾਂ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰੋ. ਪੂਜਾ ਜਮਿਆਲ, ਪ੍ਰੋ. ਸਾਕਿਬ, ਪ੍ਰੋ. ਅਦਿਤੀ ਹਾਜ਼ਰ ਸਨ।



# ਮਿਡਲ ਸਕੂਲਾਂ ਦੀ ਮਰਜਿੰਗ ਨਹੀਂ ਹੋਣ ਦਿੱਤੀ ਜਾਵੇਗੀ: ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ

**ਫਿਲੌਰ, ਜਲੰਧਰ (ਨਿਰਮਲ, ਰਾਜੇਸ਼ ਥਾਪਾ)**- ਪੰਜਾਬ ਦੇ ਸਿੱਖਿਆ ਵਿਭਾਗ ਦਾ ਆਲਮ ਨਿਰਾਲਾ ਹੀ ਹੈ, ਇੱਕ ਸਿੱਖਿਆ ਤੇ ਪ੍ਰਯੋਗ ਹਾਲੇ ਖਤਮ ਨਹੀਂ ਹੁੰਦਾਂ ਤੇ ਦੂਸਰਾ ਸ਼ੁਰੂ ਕਰ ਦਿੱਤਾ ਜਾਂਦਾ ਹੈ, ਹੁਣ ਸਿੱਖਿਆ ਮੰਤਰੀ ਦਾ ਬਿਆਨ ਆ ਗਿਆ ਕਿ ਮਿਡਲ ਸਕੂਲਾਂ ਨੂੰ ਨਾਲ ਵਾਲੇ ਹਾਈ ਤੇ ਸੈਕੰਡਰੀ ਸਕੂਲਾਂ ਵਿੱਚ ਮਰਜ਼ ਕਰ ਦਿੱਤਾ ਜਾਵੇਗਾ ਤੇ ਬੱਚਿਆ ਲਈ ਉਸ ਸਕੂਲ ਵਿੱਚ ਭੇਜਣ ਲਈ ਬੱਸਾਂ ਦਾ ਪ੍ਰਬੰਧ ਕੀਤਾ ਜਾਵੇਗਾ।ਇਸ ਬਿਆਨ ਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆ ਨੇ ਤਿੱਖਾ ਪ੍ਰਤੀਕਰਮ ਦਿੱਤਾ ਹੈ, ਜੱਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸੱਕਤਰ ਗੁਰਵਿੰਦਰ ਸਿੰਘ ਸਾਸਕੌਰ, ਕੈਸ਼ੀਅਰ ਅਮਨਦੀਪ ਸ਼ਰਮਾ ਤੇ ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਕਿਹਾ ਕਿ ਮਿਡਲ ਸਕੂਲਾਂ ਦੀ ਹਾਈ ਤੇ ਸੈਕੰਡਰੀ ਸਕੂਲਾਂ ਵਿੱਚ ਮਰਜ਼ਿੰਗ ਕਿਸੇ ਵੀ ਕੀਮਤ ਤੇ ਨਹੀਂ ਹੋਣ ਦਿੱਤੀ ਜਾਵੇਗੀ। ਇਸ ਸਮੇਂ ਸੁਖਵਿੰਦਰ ਸਿੰਘ ਚਾਹਲ ਨੇ ਕਿਹਾ ਕਿ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਨਾਮ ਤੇ ਬਣੀ ਸਰਕਾਰ ਮਹਿਕਮੇ ਦੀ ਆਕਾਰ ਘਟਾਈ ਕਰਕੇ ਗਰੀਬ ਲੋਕਾਂ ਦੇ ਬੱਚਿਆਂ ਨੂੰ ਸਿੱਖਿਆ ਤੋਂ ਵਾਂਝਾ ਕਰਨਾ ਚਾਹੁੰਦੀ ਹੈ। ਇਸ ਮੌਕੇ ਗੁਰਵਿੰਦਰ ਸਿੰਘ ਸਸਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਫੈਂਸਲੇ ਖਿਲਾਫ ਬੱਚਿਆ ਤੇ ਮਾਪਿਆਂ ਨੂੰ ਨਾਲ ਲੈਕੇ ਸੰਘਰਸ਼ ਕੀਤਾ ਜਾਵੇਗਾ।ਬੱਚਿਆ ਵਾਸਤੇ ਬੱਸਾਂ ਲਾਉਣ ਦੇ ਮਸਲੇ ਤੇ ਓਹਨਾਂ ਕਿਹਾ ਕਿ ਪਿੰਡਾਂ ਦੇ ਵਿੱਚ ਇਹ ਸਾਰਾ ਕੁੱਝ ਪ੍ਰੈਕਟਿਕਲ ਨਹੀਂ ਹੈ ਅਸਲ ਵਿੱਚ ਪੰਜਾਬ ਦੀ ਸਰਕਾਰ ਸਿੱਖਿਆ ਤੋਂ ਅਪਣਾ ਹੱਥ ਪਿੱਛੇ ਖਿੱਚ ਰਹੀ ਹੈ ਤੇ ਹੋਰ ਅਧਿਆਪਕ ਭਰਤੀ ਕਰਨ ਦੀ ਵਜਾਏ ਮਹਿਕਮੇ ਦੀ ਆਕਾਰ ਘਟਾਈ ਕਰਨ ਵਿੱਚ ਲੱਗੀ ਹੋਈ ਹੈ।

ਇਸ ਸਮੇਂ ਬਲਵਿੰਦਰ ਸਿੰਘ ਭੁੱਟੋ ਜਥੇਬੰਧਕ ਸਕੱਤਰ, ਜਸਵਿੰਦਰ ਸਮਾਣਾ ਸਹਾਇਕ ਜਥੇਬੰਧਕ ਸਕੱਤਰ, ਕੁਲਦੀਪ ਸਿੰਘ ਪੂਰੋਵਾਲ ਤੇ ਗੁਰਪ੍ਰੀਤ ਸਿੰਘ ਅੰਮੀਵਾਲ ਸੀਨੀਅਰ ਮੀਤ ਪ੍ਰਧਾਨ, ਗੁਰਦੀਪ ਸਿੰਘ ਬਾਜਵਾ ਤੇ ਮਨੋਹਰ ਲਾਲ ਸ਼ਰਮਾਂ ਮੀਤ ਪ੍ਰਧਾਨ, ਦੇਵੀ ਦਿਆਲ ਤੇ ਹਰਿੰਦਰ ਮੱਲੀਆਂ ਜੁਆਇੰਟ ਸਕੱਤਰ,ਦਿਲਦਾਰ ਭੰਡਾਲ਼ ਤੇ ਗਣੇਸ਼ ਭਗਤ ਤੋਂ ਬਿਨਾਂ , ਗੁਰਮੇਲ ਸਿੰਘ, ਬਲਵਿੰਦਰ ਸਿੰਘ ਭੁੱਟੋ, ਸੁਭਾਸ਼ ਪਠਾਨਕੋਟ ਤੇ ਗਣੇਸ਼ ਭਗਤ ਸੁੱਚਾ ਸਿੰਘ ਟਰਪਈ, ਹਰਿੰਦਰ ਮੱਲੀਆਂ , ਬਲਦੇਵ ਸਿੰਘ ਬਰਾੜ , ਸਰਬਜੀਤ ਸਿੰਘ ਬਰਾੜ,ਪਰਮਜੀਤ ਸਿੰਘ ਸ਼ੇਰੇ ਵਾਲਾ, ਰਾਜੀਵ ਹਾਂਡਾ, ਕੁਲਦੀਪ ਪੁਰੋਵਾਲ, ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਣ, ਜਗਜੀਤ ਸਿੰਘ ਮਾਨ, ਨੂਰ ਮੁਹੰਮਦ, ਨਰਿੰਦਰ ਸਿੰਘ ਮਾਖਾ, ਜੱਜ ਪਾਲ ਬਾਜੇ ਕੇ, ਮਨੋਹਰ ਲਾਲ ਸ਼ਰਮਾ, ਜਸਵਿੰਦਰ ਸਿੰਘ ਸਮਾਣਾ, ਰਵਿੰਦਰ ਸਿੰਘ ਪੱਪੀ ਸਿੱਧੂ, ਬਿਕਰਮਜੀਤ, ਦੇਵੀ ਦਿਆਲ ਸਰਬਜੀਤ ਸਿੰਘ ਸੰਧੂ , ਭੁਪਿੰਦਰ ਸਿੰਘ ਜੀਰਾ, ਰਜਿੰਦਰ ਰਾਜਨ, ਦਲਜੀਤ ਸਿੰਘ, ਰਣਜੀਤ ਸਿੰਘ, ਅਮ੍ਰਿਤਪਾਲ ਸਿੰਘ ਪਠਾਨਕੋਟ, ਧਰਮਿੰਦਰ ਭੰਗੂ, ਨਿਰਮੋਲਕ ਸਿੰਘ ਹੀਰਾ, ਸਰਬਜੀਤ ਸਿੰਘ ਧਾਲੀਵਾਲ, ਹਰਜੀਤ ਸਿੰਘ ਗਲ਼ਵੱਟੀ, ਰਾਕੇਸ਼ ਕੁਮਾਰ, ਸੰਦੀਪ ਕੁਮਾਰ ਫਾਜ਼ਿਲਕਾ, ਪ੍ਰਭਜੀਤ ਸਿੰਘ ਰਸੂਲਪੁਰ, ਰਮਨਦੀਪ ਸਿੰਘ, ਸੁਖਬਿੰਦਰ ਸਿੰਘ, ਅਮਰਜੀਤ ਸਿੰਘ, ਜਸਬੀਰ ਸਿੰਘ, ਕਮਲਦੀਪ ਸਿੰਘ, ਕੁਲਚਰਨ ਕੁਮਾਰ, ਨਵਤੇਜ ਸਿੰਘ ਲੁਧਿਆਣਾ ਆਦਿ ਹਾਜ਼ਰ ਸਨ।

# ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਬੰਪਰ ਆਮਦ ਸ਼ੁਰੂ : ਹਰਚੰਦ ਸਿੰਘ ਬਰਸਟ

**ਮੋਹਾਲੀ/ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਅੱਜ ਪੂਰੇ ਪੰਜਾਬ ਵਿੱਚ ਝੋਨੇ ਦੀ ਬੰਪਰ ਫਸਲ ਮੰਡੀਆਂ ਵਿੱਚ ਆਉਣੀ ਸ਼ੁਰੂ ਹੋ ਗਈ ਹੈ। ਭਾਵੇਂ ਇਸ ਵਾਰ ਪਿਛਲੇ ਸੀਜਨ ਨਾਲੋਂ ਫਸਲ 10-12 ਦਿਨ ਲੇਟ ਹੈ, ਪਰ ਹੁਣ ਮੰਡੀਆਂ ਵਿੱਚ ਭਾਰੀ ਮਾਤਰਾ ਵਿੱਚ ਫਸਲ ਆ ਰਹੀ ਹੈ।

ਉਨ੍ਹਾਂ ਸਾਰੇ ਆੜ੍ਹਤੀਆਂ, ਮੰਡੀਆਂ ਨਾਲ ਸਬੰਧਿਤ ਏਜੰਸੀਆਂ ਖਾਸ ਤੌਰ 'ਤੇ ਐਫਸੀਆਈ, ਪਨਗਰੇਨ ਤੇ ਪਨਸਪ ਸਮੇਤ ਸਾਰੀਆਂ ਖ੍ਰੀਦ ਏਜੰਸੀਆਂ ਨੂੰ ਅਪੀਲ ਕੀਤੀ ਹੈ ਕਿ ਝੋਨੇ ਦੀ ਖਰੀਦ ਵਿੱਚ ਕਿਸੇ ਵੀ ਕਿਸਾਨ ਨੂੰ ਕੋਈ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨਾਲ ਕੀਤੇ ਵਿਤਕਰੇ ਦੀ ਵਜ੍ਹਾ ਕਾਰਨ ਹੀ ਅੱਜ ਪੰਜਾਬ ਦੇ ਸ਼ੈਲਰਾਂ ਵਿੱਚ ਤਕਰੀਬਨ 20 ਹਜ਼ਾਰ ਮੀਟ੍ਰਿਕ ਟਨ ਚੌਲ ਸਟੋਰ ਦੇ ਵਿੱਚ ਪਿਆ ਹੈ। ਇਸੇ ਤਰ੍ਹਾਂ ਪੰਜਾਬ ਦੇ ਗੁਦਾਮਾਂ ਵਿੱਚ ਭਾਵੇਂ ਉਹ ਗੁਦਾਮ ਐਫਸੀਆਈ, ਵੇਅਰਹਾਊਸ ਜਾਂ ਕੋਈ ਹੋਰ ਗੁਦਾਮ ਹਨ, ਉਹਨਾਂ ਵਿੱਚ ਤਕਰੀਬਨ 150 ਲੱਖ ਮੀਟ੍ਰਿਕ ਟਨ ਚਾਵਲ ਤੇ ਕਣਕ ਦਾ ਭੰਡਾਰ ਪਿਆ ਹੈ। ਇਹ ਸਾਰਾ ਭੰਡਾਰ ਭਾਵੇਂ ਸ਼ੈਲਰਾਂ ਦਾ ਹੋਵੇ ਜਾਂ ਗੁਦਾਮਾਂ ਦਾ, ਇਹ ਸਾਰਾ ਐਫਸੀਆਈ ਦਾ ਭੰਡਾਰ ਹੈ, ਕੇਂਦਰ ਸਰਕਾਰ ਦਾ ਭੰਡਾਰ ਹੈ ਤੇ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਸੀ ਕਿ ਇਸ ਭੰਡਾਰ ਨੂੰ ਸਮੇਂ ਸਿਰ ਚੁਕਦੇ, ਪਰ ਕੇਂਦਰ ਵੱਲੋਂ ਇਸ ਨੂੰ ਨਹੀਂ ਚੁਕਿਆ ਗਿਆ। ਇਸ ਕਾਰਣ ਸ਼ੈਲਰ ਮਾਲਕਾਂ ਨੂੰ ਸਮੱਸਿਆ ਹੋ ਰਹੀ ਹੈ ਕਿ ਉਹ ਨਵੇਂ ਝੋਨੇ

## ਕਿਸਾਨਾਂ ਦੀ ਫਸਲ ਚੁਕਾਉਣ ਵਿੱਚ ਸਹਿਯੋਗ ਦੇਣ ਦੀ ਕੀਤੀ ਅਪੀਲ



ਦਾ ਚਾਵਲ ਕੱਢ ਕੇ ਕਿਥੇ ਸਟੋਰ ਕਰਨਗੇ। ਸ. ਬਰਸਟ ਨੇ ਕਿ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਲੰਬੇ ਸਮੇਂ ਤੋਂ ਇਸ ਸਬੰਧ ਵਿੱਚ ਕੇਂਦਰ ਸਰਕਾਰ ਨਾਲ ਤਾਲਮੇਲ ਕਰਦੇ ਆ ਰਹੇ ਹਨ, ਪਰੰਤੂ ਪਿਛਲੇ ਸਮੇਂ ਦੌਰਾਨ ਖਾਸ ਤੌਰ 'ਤੇ ਪ੍ਰਹਿਲਾਦ ਜੋਸ਼ੀ, ਕੇਂਦਰੀ ਖੁਰਾਕ ਸਪਲਾਈ ਮੰਤਰੀ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਕੇਂਦਰੀ ਮੰਤਰੀ ਵੱਲੋਂ ਇਹ ਭਰੋਸਾ ਦਿਵਾਇਆ ਗਿਆ ਹੈ ਕਿ ਜਲਦ ਹੀ ਇਹ ਸਾਰਾ ਭੰਡਾਰ ਇਥੋਂ ਚੁਕਾਇਆ ਜਾਵੇਗਾ। ਕੇਂਦਰ ਸਰਕਾਰ ਵੱਲੋਂ ਭਾਵੇਂ ਸਾਨੂੰ ਇਹ ਭਰੋਸਾ ਦਵਾਇਆ ਗਿਆ, ਪ੍ਰੰਤੂ ਅਸੀਂ ਚਾਹੁੰਦੇ ਹਾਂ ਕਿ ਕੇਂਦਰ ਸਰਕਾਰ ਸਾਰੇ ਸਟੋਰਾਂ/ਗੋਦਾਮਾਂ ਨੂੰ ਖਾਲੀ ਕਰੇ ਅਤੇ ਆੜ੍ਹਤੀਆਂ ਦਾ ਬਕਾਇਆ ਦੇਵੇ ਅਤੇ ਮੰਡੀਆਂ ਵਿੱਚੋਂ ਫਸਲ ਵਧੀਆ ਢੰਗ ਨਾਲ ਚੁੱਕਾਈ ਜਾਵੇ।ਪੰਜਾਬ ਮੰਡੀ ਬੋਰਡ ਵੱਲੋਂ ਖਰੀਦ ਕਾਰਜਾਂ ਨੂੰ ਨੇਪਰੇ ਚਾੜ੍ਹਣ ਦੇ ਪੁਖਤਾਂ ਪ੍ਰਬੰਧ ਕੀਤੇ ਗਏ ਹਨ ਤੇ ਇਸ ਲਈ156 ਪੱਕੀਆਂ ਮਾਰਕਿਟ ਕਮੇਟੀਆਂ ਹਨ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ 152 ਖਰੀਦ ਕੇਂਦਰ ਹਨ ਅਤੇ 283 ਸਬਯਾਰਡ ਹਨ ਅਤੇ ਖਰੀਦ ਕੇਂਦਰ 1383 ਹਨ। ਫਸਲ ਦੀ ਸਹੀ ਢੰਗ ਨਾਲ ਖਰੀਦ ਸਹੀ ਵਾਸਤੇ 401 ਹੋਰ ਖਰੀਦ ਕੇਂਦਰ ਬਣਾਏ ਗਏ ਹਨ। ਇਸ ਤਰ੍ਹਾਂ ਅੱਜ ਪੂਰੇ ਪੰਜਾਬ ਵਿੱਚ ਕੁੱਲ 2219 ਖਰੀਦ ਕੇਂਦਰ ਚੱਲ ਰਹੇ ਹਨ। ਇਹਨਾਂ ਸਾਰੇ ਖਰੀਦ ਕੇਂਦਰਾਂ ਵਿੱਚ ਪੀਣ ਯੋਗ ਸਾਫ ਪਾਣੀ, ਬਿਜਲੀ, ਸਫਾਈ, ਬਾਥਰੂਮਾਂ, ਛਾਂ ਆਦਿ ਦੇ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਪੰਜਾਬ ਸਰਕਾਰ ਕੋਲੋਂ ਲੱਗਭਗ 41,300 ਕਰੋੜ ਰੁਪਏ ਦੀ ਸੀਸੀ ਲਿਮਿਟ ਵੀ ਆ ਚੁੱਕੀ ਹੈ, ਤਾਂ ਕਿ ਕਿਸਾਨਾਂ ਨੂੰ ਫਸਲ ਦਾ ਭੁਗਤਾਨ 24 ਘੰਟਿਆਂ ਵਿੱਚ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਮੰਡੀ ਬੋਰਡ ਦੇ ਤਕਰੀਬਨ 1275 ਪੱਕੇ ਕਰਮਚਾਰੀ, ਆਊਟਸੋਰਸ ਦੇ 452 ਕਰਮਚਾਰੀ ਅਤੇ ਸੀਜਨ ਪ੍ਰਬੰਧਾਂ ਵਾਸਤੇ 6 ਹਜਾਰ ਹੋਰ ਕਰਮਚਾਰੀ, ਕਰੀਬ 7727 ਕਰਮਚਾਰੀ ਇਸ ਮੰਡੀ ਸਿਸਟਮ ਵਿੱਚ ਦਿਨ-ਰਾਤ ਮਿਹਨਤ ਕਰ ਰਹੇ ਹਨ, ਤਾਂ ਕਿ ਕਿਸਾਨਾਂ, ਆੜ੍ਹਤੀਆਂ ਅਤੇ ਮਜਦੂਰਾਂ ਨੂੰ ਕਿਸੇ ਵੀ ਕਿਸਮ ਕੋਈ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸਰਕਾਰ ਹਰ ਪੱਖੋਂ ਕਿਸਾਨਾਂ, ਮਜਦੂਰਾਂ, ਆੜ੍ਹਤੀਆਂ ਅਤੇ ਰਾਈਸ ਮਿਲਰਾਂ ਦੇ ਨਾਲ ਖੜ੍ਹੀ ਹੈ।

ਉਨ੍ਹਾਂ ਸਾਰੀਆਂ ਸਮਾਜਿਕ ਜਥੇਬੰਦੀਆਂ, ਕਿਸਾਨ ਯੂਨੀਅਨਾਂ ਨੂੰ ਵੀ ਅਪੀਲ ਕੀਤੀ ਹੈ ਕਿ ਕਿਸਾਨਾਂ ਦੀ ਫਸਲ ਚੁਕਾਉਣ ਵਿੱਚ ਸਰਕਾਰ ਅਤੇ ਵੱਖ-ਵੱਖ ਏਜੰਸੀਆਂ ਦਾ ਵੱਧ ਚੜ੍ਹ ਕੇ ਸਹਿਯੋਗ ਦੇਣ।

## ਭਗਵਾਨ ਵਾਲਮੀਕਿ ਦਾ ਜਨਮ ਦਿਹਾੜਾ ਸ਼ਰਧਾ-ਪੂਰਵਕ ਮਨਾਇਆ



**ਬਲਾਚੌਰ ( ਜਸਵਿੰਦਰ ਬੈਂਸ)** ਭਗਵਾਨ ਵਾਲਮੀਕ ਨੌਜਵਾਨ ਵੈੱਲਫੇਅਰ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਭਗਵਾਨ ਵਾਲਮੀਕਿ ਦਾ ਜਨਮ ਦਿਵਸ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਵੱਖ-ਵੱਖ ਸ਼ਖ਼ਸ਼ੀਅਤਾਂ ਨੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਅਜੋਕੇ ਸਮੇਂ ਅੰਦਰ ਸਮੁੱਚੀ ਲੁਕਾਈ ਨੂੰ ਭਗਵਾਨ ਵਾਲਮੀਕਿ ਦੇ ਦੱਸੇ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲਾ ਬਣਾਉਣ ਦੀ ਦੀ ਲੋੜ ਹੈ।ਇਸ ਮੌਕੇ ਪ੍ਰਧਾਨ ਦਿਨੇਸ਼ ਬੈਂਸ, ਡਾਇਮੰਡ ਬੈਂਸ, ਰਾਮ ਪਾਲ ਬੈਂਸ, ਸੁਰਿੰਦਰ ਸਾਈਂ, ਰਜਿੰਦਰ ਬੈਂਸ, ਪ੍ਰਵੀਨ ਬੈਂਸ, ਸਾਧੂ ਰਾਮ ਖ਼ਜ਼ਾਨਚੀ, ਅੰਮ੍ਰਿਤ ਬੈਂਸ ਸੈਕਟਰੀ, ਦੀਪਕ ਸਹੋਤਾ, ਗੌਰਵ, ਅਜੇ ਮੰਗੂਪੁਰ ਪ੍ਰਧਾਨ, ਸਾਬਕਾ ਐਮ ਸੀ ਲਾਲ ਬਹਾਦਰ ਗਾਂਧੀ, ਪਵਨ ਕੁਮਾਰ ਸਾਬਕਾ ਐਮ ਸੀ, ਸੋਮਨਾਥ ਤੱਕਲਾ, ਤਰੁਣ ਕੁਮਾਰ, ਰਾਜਵਿੰਦਰ ਸਿੰਘ ਲੱਕੀ ਭਾਜਪਾ ਜ਼ਿਲ੍ਹਾ ਪ੍ਰਧਾਨ, ਚੌਧਰੀ ਸੰਦੀਪ ਭਾਟੀਆ ਸੋਨੂੰ, ਨਰਿੰਦਰ ਨਾਥ ਸੂਦਨ, ਜ਼ਿਲਾ ਯੂਥ ਪ੍ਰਧਾਨ ਪੰਕਜ ਕੁਮਾਰ, ਰਾਣਾ ਅਮਨ ਕੌਂਸਲ, ਸਮੂਹ ਪ੍ਰਬੰਧਕ ਕਮੇਟੀ ਅਤੇ ਇਲਾਕੇ ਭਰ ਦੀਆਂ ਸੰਗਤਾਂ ਹਾਜ਼ਰ ਸਨ।

## ਰਾਜੂ ਮਾਜਰਾ ਤੋਂ ਪੂਨਮ ਨੇ ਸਰਪੰਚੀ ਦੀ ਸੰਭਾਲੀ ਕਮਾਨ



**ਬਲਾਚੌਰ (ਜਸਵਿੰਦਰ ਬੈਂਸ)** ਬਲਾਕ ਬਲਾਚੌਰ ਵਿੱਚ ਪੈਂਦੇ ਪਿੰਡ ਰਾਜੂ ਮਾਜਰਾ ਵਿਖੇ ਪੰਚਾਇਤੀ ਚੋਣ ਦੀ ਚੋਣ ਨਗਰ ਨਿਵਾਸੀਆਂ ਵੱਲੋਂ ਵੋਟਾਂ ਪਾ ਕੇ ਕੀਤੀ ਗਈ ਸਰਪੰਚੀ ਲਈ ਪੂਨਮ ਪਤਨੀ ਸੈਂਟੀ ਅਤੇ ਸੁਰਜੀਤ ਕੌਰ ਵਿਚਕਾਰ ਮੁਕਾਬਲਾ ਹੋਇਆ, ਜਿਸ ਵਿੱਚ ਪੂਨਮ ਜੇਤੂ ਕਰਾਰ ਰਹੀ। ਪ੍ਰਜਾਈਡਿੰਗ ਅਫਸਰ ਪਰਮਜੀਤ ਮਿੰਟੂ ਵੱਲੋਂ ਸਰਪੰਚ ਦੀ ਜੇਤੂ ਉਮੀਦਵਾਰ ਪੂਨਮ ਨੂੰ ਸਰਟੀਫਿਕੇਟ ਜਾਰੀ ਕੀਤਾ। ਸਰਟੀਫਿਕੇਟ ਪ੍ਰਾਪਤ ਕਰਨ ਉਪਰੰਤ ਸਰਪੰਚ ਪੂਨਮ ਵੱਲੋਂ ਆਪਣੇ ਵਿਰੋਧੀ ਉਮੀਦਵਾਰ ਸੁਰਜੀਤ ਕੌਰ ਪਾਸੋਂ ਅਸ਼ੀਰਵਾਦ ਪ੍ਰਾਪਤ ਕਰਕੇ ਪਿੰਡ ਦੀ ਭਾਈਚਾਰਕ ਸਾਂਝ ਅਤੇ ਇੱਕਜੁੱਟਤਾ ਦਾ ਸੁਨੇਹਾ ਦਿੱਤਾ। ਜਾਣਕਾਰੀ ਦਿੰਦੇ ਹੋਏ ਸਰਪੰਚ ਪਿੰਡ ਰਾਜੂ ਮਾਜਰਾ ਪੂਨਮ ਨੇ ਆਖਿਆ ਕਿ ਜੋ ਨਗਰ ਨਿਵਾਸੀਆਂ ਵੱਲੋਂ ਉਨ੍ਹਾਂ ਨੂੰ ਸੇਵਾ ਸੰਭਾਲੀ ਹੈ।ਉਹ ਆਪਣੀ ਸੇਵਾ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਪਿੰਡ ਦੇ ਸਰਬਪੱਖੀ ਵਿਕਾਸ ਅਤੇ ਅਹਿਮ ਕਾਰਜਾਂ ਨੂੰ ਪਹਿਲ ਦੇ ਅਧਾਰ 'ਤੇ ਮੇਰੇ ਨੇਪਰੇ ਚੜ੍ਹਾਉਣਗੇ. ਉਹਨਾਂ ਆਖਿਆ ਕਿ ਭਾਵੇਂ ਇਹ ਚੋਣ ਵੋਟਾਂ ਰਾਹੀਂ ਹੋਈ ਹੈ ਮਗਰ ਉਹ ਕਿਸੇ ਨਾਲ ਵੀ ਭੇਦ ਭਾਵ ਨਹੀਂ ਰੱਖਣਗੇ, ਸਾਰਿਆਂ ਨਾਲ ਮਿਲ ਮਿਲਾ ਕੇ ਚੱਲਣਗੇ, ਨਗਰ ਨਿਵਾਸੀਆਂ ਦੀਆਂ ਮੁਸ਼ਕਿਲਾਂ ਦਾ ਹੱਲ ਤੁਰੰਤ ਕੀਤਾ ਜਾਵੇਗਾ, ਪਿੰਡ ਵਿੱਚ ਸਾਫ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ ਅਤੇ ਹਰਿਆਵਲ ਭਰਿਆ ਮਨਮੋਹਕ ਬਣਾਇਆ ਜਾਵੇਗਾ।

## ਭਾਰਤੀ ਫੌਜ ਵੱਲੋਂ ਆਊਟਰੀਚ ਪ੍ਰੋਗਰਾਮ

**ਜਲੰਧਰ (ਰਾਜੇਸ਼ ਥਾਪਾ)** ਸਾਬਕਾ ਸੈਨਿਕਾਂ ਦੀ ਰੈਲੀ ਮੁੱਖ ਦਫਤਰ 715 (ਆਜ਼ਾਦ) ਏਅਰ ਡਿਫੈਂਸ ਬ੍ਰਿਗੇਡ ਵੱਲੋਂ ਸੀ ਜੀ ਕੰਪਲੈਕਸ (ਨੇੜੇ ਏਆਰ ਓ ਦਫਤਰ), ਲੁਧਿਆਣਾ ਵਿਖੇ ਆਯੋਜਿਤ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਸੇਵਾਦਾਰ ਅਤੇ ਸੇਵਾਮੁਕਤ ਫੌਜੀ ਪਤਵੰਤੇ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ।ਭਾਰਤੀ ਫੌਜ ਦੇ ਇਸ ਆਊਟਰੀਚ ਪ੍ਰੋਗਰਾਮ ਦਾ ਉਦੇਸ਼ ਸਾਬਕਾ ਸੈਨਿਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਪਤਾ ਲਗਾਉਣਾ, ਸਿਵਲ ਪ੍ਰਸ਼ਾਸਨ ਅਤੇ ਸੀ ਡੀ ਏ (ਪੈਨਸ਼ਨ) ਦੀ ਹਾਜ਼ਰੀ ਵਿੱਚ ਉਨ੍ਹਾਂ ਦਾ ਹੱਲ ਕਰਨਾ ਅਤੇ ਨਵੀਨਤਮ ਭਲਾਈ ਸਕੀਮਾਂ ਬਾਰੇ ਵੀ ਜਾਣਕਾਰੀ ਦੇਣਾ ਸੀ।ਪੈਨਸ਼ਨ ਅਸੰਗਤੀਆਂ, ਈ ਸੀ ਐਚ ਐਸ ਅਤੇ ਸਿਵਲ ਪ੍ਰਸ਼ਾਸਨ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਨੂੰ ਹੱਲ ਕਰਨ ਲਈ ਸਥਾਨ 'ਤੇ ਵੱਖ-ਵੱਖ ਸਿਵਲ ਏਜੰਸੀਆਂ ਅਤੇ ਫੌਜ ਦੀਆਂ ਸੰਸਥਾਵਾਂ ਸਮੇਤ ਵੱਖ-ਵੱਖ ਰਿਕਾਰਡ ਦਫਤਰਾਂ ਦੁਆਰਾ ਕਈ ਸਟਾਲ ਲਗਾਏ ਗਏ ਸਨ। ਇਸ ਤੋਂ ਇਲਾਵਾ ਚੁਣੇ ਗਏ ਸਾਬਕਾ ਸੈਨਿਕਾਂ ਅਤੇ ਜੰਗੀ ਵਿਧਵਾਵਾਂ ਨੂੰ ਸਨਮਾਨਿਤ ਕੀਤਾ ਗਿਆ।ਸਾਰੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਮੈਡੀਕਲ ਕੈਂਪ (ਸਪੈਸ਼ਲਿਸਟ ਡਾਕਟਰਾਂ ਅਤੇ ਮੁਫਤ ਦਵਾਈਆਂ ਦੇ ਨਾਲ) ਸਥਾਪਿਤ ਕੀਤੇ ਗਏ ਸਨ।ਸਾਬਕਾ ਸੈਨਿਕ ਭਾਈਚਾਰੇ ਲਈ ਮਿਲਟਰੀ ਬੈਂਡ ਸ਼ੋਅ, ਸੀਐਸਡੀ ਸਹੂਲਤਾਂ ਅਤੇ ਲੰਚ ਕਾਊਂਟਰ ਦਾ ਵੀ ਆਯੋਜਨ ਕੀਤਾ ਗਿਆ।

## ਸੰਤ ਬਾਬਾ ਉਧੋ ਰਾਮ ਦੀ ਬਰਸੀ ਮੌਕੇ ਗੁਰਮਤਿ ਸਮਾਗਮ 21 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭੁੰਗਰਨੀ ਵਿਖੇ ਕੁਟੀਆ ਤੱਪ ਅਸਥਾਨ 108 ਸੰਤ ਬਾਬਾ ਉਧੋ ਰਾਮ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਉਧੋ ਰਾਮ ਦੀ ਸਾਲਾਨਾ 35ਵੀਂ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ 21 ਅਕਤੂਬਰ ਨੂੰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਸੇਵਾਦਾਰ ਭੁਪਿੰਦਰ ਸਿੰਘ ਖਾਲਸਾ, ਅਮਰੀਕ ਸਿੰਘ ਲੱਕੀ, ਕੇਵਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਬਰਸੀ ਸਮਾਗਮ ਮੌਕੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸੰਤ ਬਾਬਾ ਹਰਬੰਸ ਸਿੰਘ ਜੰਡਿਆਲੇ ਵਾਲੇ, ਭਾਈ ਸੁਖਚੈਨ ਸਿੰਘ ਹੈੱਡ ਗ੍ਰੰਥੀ, ਭਾਈ ਪ੍ਰਸ਼ੋਤਮ ਸਿੰਘ ਖਾਲਸਾ ਭੁੰਗਰਨੀ, ਭਾਈ ਸਤਨਾਮ ਸਿੰਘ ਸਹਿਗਲ ਭੁੰਗਰਨੀ, ਭਾਈ ਕੁਲਦੀਪ ਸਿੰਘ ਖਾਲਸਾ ਭੁੰਗਰਨੀ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਕੇਕ ਕੱਟ ਕੇ ਮਨਾਇਆ ਮੁੱਖ ਮੰਤਰੀ ਦਾ ਜਨਮ ਦਿਨ



**ਜਲੰਧਰ, (ਸ਼ੈਲੀ ਐਲਬਰਟ)** ਕੈਬਨਿਟ ਮੰਤਰੀ ਮਹਿੰਦਰ ਭਗਤ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਵਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕੇਕ ਕੱਟ ਕੇ ਜਨਮ ਦਿਨ ਮਨਾਇਆ ਗਿਆ। ਜਨਮ ਦਿਨ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਜਲੰਧਰ ਸ਼ਹਿਰੀ ਅੰਮ੍ਰਿਤ ਪਾਲ ਸਿੰਘ ਦੇ ਦਫ਼ਤਰ ਵਿਖੇ ਮਨਾਇਆ ਗਿਆ।ਇਸ ਮੌਕੇ ਕੈਬਨਿਟ ਮੰਤਰੀ ਮਹਿੰਦਰ ਭਗਤ ਤੋਂ ਇਲਾਵਾ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਵਿਧਾਇਕ ਰਮਨ ਅਰੋੜਾ, ਚੇਅਰਮੈਨ ਅਬਦੁਲ ਬਾਰੀ ਸਲਮਾਨੀ, ਚੇਅਰਮੈਨ ਮੰਗਲ ਸਿੰਘ ਬੱਸੀ, ਹਲਕਾ ਇੰਚਾਰਜ ਜਲੰਧਰ ਉੱਤਰੀ ਤੋਂ ਦਿਨੇਸ਼ ਢੱਲ, ਸਟੀਵਨ, ਲੋਕ ਸਭਾ ਇੰਚਾਰਜ ਅਸ਼ਵਨੀ ਅਗਰਵਾਲ, ਕਲੇਰ ਸਮੇਤ ਸਾਰੇ ਸੂਬਾ ਅਹੁਦੇਦਾਰ, ਬਲਾਕ ਪ੍ਰਧਾਨ, ਪਾਰਟੀ ਦੇ ਸੀਨੀਅਰ ਆਗੂ ਮੌਜੂਦ ਸਨ।ਸਮੁੱਚੀ ਲੀਡਰਸ਼ਿਪ ਵਲੋਂ ਮੁੱਖ ਮੰਤਰੀ ਦੀ ਲੰਬੀ ਉਮਰ ਲਈ ਅਰਦਾਸ ਵੀ ਕੀਤੀ ਗਈ।

## ਵੱਖ-ਵੱਖ ਪਿੰਡਾਂ 'ਚ ਡੇਂਗੂ ਸੰਬੰਧੀ ਜਾਗਰੂਕਤਾ ਕੈਂਪ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉੰਕਾਰ ਸਿੰਘ)**-ਸਿਵਲ ਸਰਜਨ ਡਾ. ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਐਸ ਐਮ ਓ ਟਾਂਡਾ ਕਰਨ ਕੁਮਾਰ ਸੈਣੀ ਦੀ ਯੋਗ ਅਗਵਾਈ ਹੇਠ ਬਲਾਕ ਟਾਂਡਾ ਦੇ ਸਾਰੇ ਪਿੰਡਾਂ ਵਿੱਚ ਡੇਂਗੂ ਸੰਬੰਧੀ ਫੀਲਡ ਸਟਾਫ ਵੱਲੋਂ ਜਾਗਰੂਕ ਕੀਤਾ ਗਿਆ ਅਤੇ ਡੇਂਗੂ ਮੱਛਰ ਦੇ ਲਾਰਵੇ ਸੰਬੰਧੀ ਆਮ ਲੋਕਾਂ, ਸਕੂਲੀ ਬੱਚਿਆਂ ਤੇ ਸਕੂਲਾਂ ਦੇ ਸਟਾਫ ਨੂੰ ਜਾਣਕਾਰੀ ਦਿੱਤੀ ਗਈ ਅਤੇ ਕਿਹਾ ਗਿਆ ਕਿ ਲਾਰਵਾ ਬਣਨ ਤੋਂ ਪਹਿਲਾਂ ਸਾਫ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ।ਜੇਕਰ ਅਸੀਂ ਲਾਰਵਾ ਖਤਮ ਕਰਦੇ ਰਹੀਏ ਤਾਂ ਅਸੀਂ ਡੇਂਗੂ ਵਰਗੀ ਭਿਆਨਕ ਬਿਮਾਰੀ ਤੋਂ ਸਾਰੇ ਚੁਗਿਰਦੇ ਨੂੰ ਬਚਾ ਸਕਦੇ ਹਾਂ। ਅੱਗੇ ਫੀਲਡ ਸਟਾਫ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਕੰਮ ਵਿੱਚ ਪਿੰਡਾਂ ਵਿੱਚ ਬਣੇ ਕਲੱਬ, ਸੋਸ਼ਲ ਵਰਕਰ, ਆਦਿ ਸਾਰੇ ਸਿਹਤ ਵਿਭਾਗਾਂ ਦਾ ਸਹਿਯੋਗ ਕਰਨ।

## ਡਾ. ਰਾਜ ਕੁਮਾਰ ਚੱਬੇਵਾਲ ਨੇ ਫੁਗਲਾਣਾ ਮੰਡੀ ਦਾ ਕੀਤਾ ਦੌਰਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਪਿੰਡ ਫੁਗਲਾਣਾ ਮੰਡੀ ਦਾ ਦੌਰਾ ਕੀਤਾ ਅਤੇ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਮੰਡੀ ਵਿੱਚ ਚੱਲ ਰਹੀ ਝੋਨੇ ਦੀ ਫ਼ਸਲ ਦੀ ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਮੰਡੀ ਅਧਿਕਾਰੀਆਂ ਨੂੰ ਲਿਫ਼ਟਿੰਗ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਫ਼ਸਲ ਦੀ ਵਿਕਰੀ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਨਾਲ ਡਾ. ਇਸ਼ਾਂਕ ਚੱਬੇਵਾਲ ਵੀ ਮੌਜੂਦ ਸਨ।ਡਾ. ਰਾਜ ਕੁਮਾਰ ਚੱਬੇਵਾਲ ਨੇ ਮੰਡੀ ਵਿੱਚ ਹਾਜ਼ਰ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਫ਼ਸਲ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ।ਡਾ. ਚੱਬੇਵਾਲ ਨੇ ਸਬੰਧਤ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਖਰੀਦੀ ਗਈ ਫਸਲ ਦੀ ਅਦਾਇਗੀ ਤੁਰੰਤ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਆਰਥਿਕ ਤੰਗੀ ਦਾ ਸਾਹਮਣਾ ਨਾ ਕਰਨਾ ਪਵੇ। ਮੌਕੇ 'ਤੇ ਮੌਜੂਦ ਕਿਸਾਨਾਂ ਨੇ ਡਾ. ਰਾਜ ਦੁਆਰਾ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਦੌਰੇ ਰਾਹੀਂ ਡਾ: ਚੱਬੇਵਾਲ ਨੇ ਸੁਨੇਹਾ ਦਿੱਤਾ ਕਿ ਸਰਕਾਰ ਕਿਸਾਨਾਂ ਦੇ ਹਿੱਤਾਂ ਲਈ ਵਚਨਬੱਧ ਹੈ ਅਤੇ ਫ਼ਸਲਾਂ ਦੀ ਖ਼ਰੀਦ ਦੇ ਹਰ ਪੜਾਅ 'ਤੇ ਪਾਰਦਰਸ਼ਤਾ ਅਤੇ ਮੁਸਤੈਦੀ ਬਰਕਰਾਰ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਮੰਡੀ ਦੇ ਪ੍ਰਬੰਧਾਂ ਦੀ ਨਿਗਰਾਨੀ ਕਰਦੇ ਰਹਿਣਗੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਸਰਪੰਚ ਵਿਪਨ ਠਾਕੁਰ, ਜੋਗਿੰਦਰ ਸਿੰਘ ਸੈਕਟਰੀ, ਅਵਤਾਰ ਸਿੰਘ ਧਾਮੀ, ਸੁਖਬੀਰ ਸਿੰਘ ਢਿੱਲੋਂ, ਮਨਪ੍ਰੀਤ, ਹਰਜਿੰਦਰ ਸਿੰਘ, ਅਜੀਤ ਸਿੰਘ ਧਾਮੀ ਆਦਿ ਹਾਜ਼ਰ ਸਨ।

## ਆਰ ਬੀ ਯੂ ਦੇ ਅਲਫਾ ਸਕੂਲ ਦੁਆਰਾ ਰੈੱਡ ਹੈਟ ਲਿਨਕਸ 'ਤੇ ਵਰਕਸ਼ਾਪ




**ਮੋਹਾਲੀ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ)** ਰਿਆਤ ਬਾਹਰਾ ਯੂਨੀਵਰਸਿਟੀ ਦੇ ਅਲਫਾ ਸਕੂਲ ਨੇ ਨੈਕਸਟ ਜਨਰੇਸ਼ਨ ਦੇ ਸਹਿਯੋਗ ਨਾਲ ਬੀਟੈਕ ਦੇ ਵਿਦਿਆਰਥੀਆਂ ਲਈ ਰੈਡ ਹੈਟ ਲਿਨਕਸ 'ਤੇ ਸਫਲਤਾਪੂਰਵਕ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਇਵੈਂਟ ਦਾ ਮਕਸਦ ਅਕਾਦਮਿਕ ਅਤੇ ਉਦਯੋਗ ਦੇ ਵਿਚਕਾਰ ਪਾਈ ਜਾਣ ਵਾਲੇ ਪਾੜੇ ਨੂੰ ਪੂਰਾ ਕਰਨਾ ਸੀ, ਜਿਸ ਨਾਲ ਵਿਦਿਆਰਥੀਆਂ ਨੂੰ ਰੈਡ ਹੈਟ ਲਿਨਕਸ ਦੇ ਵਿਹਾਰਕ ਪਹਿਲੂਆਂ ਦੀ ਕੀਮਤੀ ਜਾਣਕਾਰੀ ਮਿਲ ਸਕੇ, ਜੋ ਕਿ ਟੈਕ ਉਦਯੋਗ ਵਿੱਚ ਇੱਕ ਮਹੱਤਵਪੂਰਣ ਸਾਧਨ ਹੈ।ਵਰਕਸ਼ਾਪ ਦੀ ਅਗਵਾਈ ਉਦਯੋਗ ਮਾਹਰ ਕੁਲਦੀਪ ਲਿੰਬਾਚੀਆ ਨੇ ਕੀਤੀ, ਜਿਸ ਨੇ ਰੈਡ ਹੈਟ ਲਿਨਕਸ ਦੇ ਵੱਖ-ਵੱਖ ਪਹਿਲੂਆਂ 'ਤੇ ਸੈਸ਼ਨ ਦਿੱਤੇ। ਵਰਕਸ਼ਾਪ ਦਾ ਕੇਂਦਰ ਵਿਦਿਆਰਥੀਆਂ ਨੂੰ ਲਿਨਕਸ ਦੀਆਂ ਮੂਲ ਬੁਨਿਆਦੀ ਸਿਧਾਂਤਾਂ ਨਾਲ ਪਰਚਿਤ ਕਰਾਉਣ, ਹੱਥੋਂ-ਹੱਥ ਪ੍ਰੈਕਟੀਸ, ਅਤੇ ਵਾਸਤਵਿਕ ਦੁਨਿਆ ਵਿੱਚ ਇਸਦੀ ਵਰਤੋਂ ਦੇ ਝਲਕ ਦੇਣ 'ਤੇ ਸੀ, ਜਿਸ ਨਾਲ ਉਹਨਾਂ ਨੂੰ ਮੁਕਾਬਲਾਪੂਰਨ ਟੈਕ ਪਰਿਸ਼ਰ 'ਚ ਲੋੜੀਂਦੇ ਹੁਨਰ ਪ੍ਰਾਪਤ ਹੋ ਸਕਣ। ਇਸ ਸੈਸ਼ਨ ਵਿੱਚ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਸਾਕਸ਼ੀ ਮਹਿਤਾ ਡਾਇਰੈਕਟਰ ਅਲਫਾ ਸਕੂਲ ਵੀ ਹਾਜ਼ਰ ਸਨ। ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ, ਬਾਹਰਾ ਨੇ ਉਦਯੋਗ ਦੇ ਰੁਝਾਨਾਂ ਨਾਲ ਅੱਪਡੇਟ ਰਹਿਣ ਦੀ ਮਹੱਤਤਾ 'ਤੇ ਜੋਰ ਦਿੱਤਾ ਅਤੇ ਵਿਦਿਆਰਥੀਆਂ ਲਈ ਸਿੱਖਣ ਦੇ ਮੌਕੇ ਪੈਦਾ ਕਰਨ ਲਈ ਅਲਫਾ ਸਕੂਲ ਆਫ ਆਰਬੀਯੂ ਅਤੇ ਨੈਕਸਟਜੇਨ ਦੇ ਸਹਿਯੋਗੀ ਯਤਨਾਂ ਦੀ ਸ਼ਲਾਘਾ ਕੀਤੀ। ਸਾਕਸ਼ੀ ਮਹਿਤਾ ਨੇ ਤਕਨੀਕੀ ਜਗਤ ਦੇ ਭਵਿੱਖ ਦੇ ਨੇਤਾਵਾਂ ਨੂੰ ਆਕਾਰ ਦੇਣ ਵਿੱਚ ਅਜਿਹੀਆਂ ਵਰਕਸ਼ਾਪਾਂ ਦੀ ਅਹਿਮ ਭੂਮਿਕਾ ਬਾਰੇ ਚਾਨਣਾ ਪਾਇਆ। ਵਰਕਸ਼ਾਪ ਉੱਚੇ ਸਤਰ 'ਤੇ ਖਤਮ ਹੋਈ, ਜਿਥੇ ਵਿਦਿਆਰਥੀਆਂ ਨੇ ਹੱਥੋਂ-ਹੱਥ ਸਿੱਖਣ ਦੇ ਤਜਰਬੇ ਲਈ ਆਪਣਾ ਜੋਸ਼ ਪ੍ਰਗਟਾਇਆ ਅਤੇ ਉਦਯੋਗ-ਕੇਂਦ੍ਰਿਤ ਅਜਿਹੀਆਂ ਹੋਰ ਪਹਿਲਕਦਮੀਆਂ ਦੀ ਉਮੀਦ ਕੀਤੀ।

## ਚੋਣ ਪ੍ਰਕਿਰਿਆ 'ਚ ਵੱਡੇ ਸੁਧਾਰਾਂ ਦੀ ਲੋੜ : ਡਾਨਸੀਵਾਲ, ਓਢਰਾਂ

**ਹੁਸ਼ਿਆਰਪੁਰ ( ਬਲਵੀਰ ਸਿੰਘ ਸੈਣੀ )**-ਲੰਘੀ 15 ਅਕਤੂਬਰ ਨੂੰ ਸੂਬੇ ਅੰਦਰ ਹੋਈਆਂ ਪੰਚਾਇਤੀ ਚੋਣਾਂ ਵਿੱਚ ਸੂਬੇ ਭਰ ਵਿੱਚੋਂ ਵੱਖ-ਵੱਖ ਥਾਵਾਂ ਉੱਤੋਂ ਆਈਆਂ ਲੜਾਈ ਝਗੜੇ ਅਤੇ ਹਿੰਸਾ ਦੀਆਂ ਖ਼ਬਰਾਂ ਉੱਤੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ (ਡੀਟੀਐਫ) ਨੇ ਡੂੰਘੀ ਚਿੰਤਾ ਜ਼ਾਹਰ ਕੀਤੀ ਹੈ।ਇਸ ਸੰਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਜਥੇਬੰਦੀ ਦੇ ਸੂਬਾ ਸਹਾਇਕ ਸਕੱਤਰ ਮੁਕੇਸ਼ ਕੁਮਾਰ, ਜ਼ਿਲ੍ਹਾ ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ, ਪ੍ਰੈੱਸ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਮੀਤ ਪ੍ਰਧਾਨ ਹਰਿੰਦਰ ਸੁਮਨ ਅਤੇ ਰਜਿੰਦਰ ਹੇਜਮਾਂ ਆਦਿ ਆਗੂਆਂ ਨੇ ਕਿਹਾ ਕਿ ਕੋਈ ਵੀ ਚੋਣਾਂ ਕਾਰਨ ਅਧਿਆਪਕਾਂ ਦੀਆਂ ਚੋਣ ਡਿਊਟੀਆਂ ਲੱਗਣ ਕਾਰਨ ਜਿੱਥੇ ਸੂਬੇ ਦੇ ਸਕੂਲਾਂ ਦਾ ਵਿੱਦਿਅਕ ਮਾਹੌਲ ਪੂਰੀ ਤਰ੍ਹਾਂ ਡਗਮਗਾ ਜਾਂਦਾ ਹੈ, ਉੱਥੇ ਹੀ ਮੁਲਾਜ਼ਮ ਪਤੀ-ਪਤਨੀ ਦੋਹਾਂ ਦੀ ਹੀ ਚੋਣ ਡਿਊਟੀ ਲੱਗਣ ਕਾਰਣ ਉਨ੍ਹਾਂ ਦੇ ਬੱਚਿਆਂ ਅਤੇ ਪਰਿਵਾਰਾਂ ਨੂੰ ਕਈ ਮੁਸ਼ਕਿਲਾਂ ਨਾਲ਼ ਦੋ-ਚਾਰ ਹੋਣਾ ਪੈਂਦਾ ਹੈ ਅਤੇ ਸੂਬੇ ਅੰਦਰ ਕਈ ਜਗ੍ਹਾ ਮਹਿਲਾ ਅਧਿਆਪਕਾਵਾਂ ਆਪਣੇ ਛੋਟ-ਛੋਟੇ ਬੱਚਿਆਂ ਨੂੰ ਕੁੱਛੜ ਚੁੱਕ ਕੇ ਵੀ ਚੋਣ ਡਿਊਟੀਆਂ ਕਰਨ ਲਈ ਗਈਆਂ।



ਚੋਣਾਂ ਤੋਂ ਪਹਿਲਾਂ ਅਧਿਆਪਕ ਜਥੇਬੰਦੀਆਂ ਨੇ ਪੰਚਾਇਤੀ ਚੋਣਾਂ ਵਿੱਚ ਚੋਣ ਬੂਥਾਂ ਉੱਤੇ ਵੋਟਾਂ ਦੀ ਗਿਣਤੀ ਵੇਲ਼ੇ ਲੜਾਈ-ਝਗੜਿਆਂ ਦੀਆਂ ਸੰਭਾਵਨਾਵਾਂ ਦੇ ਮੱਦੇਨਜ਼ਰ ਸੂਬਾ ਚੋਣ ਕਮਿਸ਼ਨ ਨੂੰ ਅਗਾਊਂ ਹੀ ਮਿਲ਼ ਕੇ ਪੰਚਾਇਤੀ ਚੋਣਾਂ ਦੀ ਗਿਣਤੀ ਬੂਥਾਂ ਉੱਤੇ ਕਰਨ ਦੀ ਬਜਾਇ ਬਲਾਕ ਪੱਧਰ ਉੱਤੇ ਸਖ਼ਤ ਸੁਰੱਖਿਆ ਵਾਲ਼ੇ ਏਕੀਕ੍ਰਿਤ ਗਿਣਤੀ ਕੇਂਦਰ ਬਣਾ ਕੇ ਉਥੇ ਸਾਰੇ ਬੂਥਾਂ ਦੀਆਂ ਵੋਟਾਂ ਦੀ ਗਿਣਤੀ ਕਰਨ ਦੀ ਮੰਗ ਰੱਖੀ ਸੀ, ਪਰ ਕਮਿਸ਼ਨ ਨੇ ਇਸ ਵੱਲ ਕੋਈ ਗ਼ੌਰ ਨਹੀਂ ਕੀਤਾ। ਫਲਸਰੂਪ ਸੂਬੇ ਅੰਦਰ ਵੱਖ-ਵੱਖ ਪਿੰਡਾਂ ਵਿੱਚ ਪੋਲਿੰਗ ਬੂਥਾਂ ਉੱਤੇ ਵੋਟਾਂ ਦੀ ਗਿਣਤੀ ਦੌਰਾਨ ਲੜਾਈ, ਝਗੜੇ, ਹਿੰਸਾ, ਚੋਣ ਅਮਲੇ ਉੱਤੇ ਪੱਥਰਬਾਜ਼ੀ ਅਤੇ ਇੱਥੋਂ ਤੱਕ ਕਿ ਗੋਲੀਬਾਰੀ ਆਦਿ ਦੀਆਂ ਘਟਨਾਵਾਂ ਦਾ ਵਾਪਰਨਾ ,ਜਿਸ ਵਿੱਚ ਚੋਣ ਅਮਲੇ ਨੇ ਵੀ ਆਪਣੀ ਜਾਨ ਦਾਅ ਉੱਤੇ ਲਗਾ ਕੇ ਚੋਣ ਡਿਊਟੀਆਂ ਕੀਤੀਆਂ, ਵੱਡੀ ਚਿੰਤਾ ਦਾ ਵਿਸ਼ਾ ਹੈ।,ਜਿਸਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਾ ਹੈ ਅਤੇ ਸਰਕਾਰਾਂ ਅਤੇ ਚੋਣ ਕਮਿਸ਼ਨ ਤੋਂ ਮੰਗ ਕਰਦਾ ਹੈ ਕਿ ਚੋਣ ਪ੍ਰਕਿਰਿਆਵਾਂ ਦਾ ਵਿਸ਼ਲੇਸ਼ਣ ਕਰਕੇ ਇਸ ਵਿੱਚ ਬਣਦੇ ਸੁਧਾਰ ਕੀਤੇ ਜਾਣ ਤਾਂ ਜੋ ਭਵਿੱਖ ਵਿੱਚ ਚੋਣ ਡਿਊਟੀਆਂ ਉੱਤੇ ਜਾਣ ਵਾਲ਼ੇ ਮੁਲਾਜ਼ਮ ਬਿਨਾਂ ਕਿਸੇ ਡਰ ਭੈਅ ਦੇ ਆਪਣੀਆਂ ਚੋਣ ਡਿਊਟੀਆਂ ਕਰ ਸਕਣ। ਇਸ ਮੌਕੇ ਕਰਨੈਲ ਸਿੰਘ, ਅਜੇ ਕੁਮਾਰ, ਨੰਦ ਰਾਮ, ਪ੍ਰਵੀਨ ਸ਼ੇਰਪੁਰ , ਸੋਮ ਪਾਲ, ਜਸਮੀਤ ਸਿੰਘ, ਬਲਜਿੰਦਰ ਸਹੋਤਾ, ਬਲਬੀਰ ਸਿੰਘ ਧਾਮੀ, ਵਰਿੰਦਰ ਸੈਣੀ, ਦਲਜੀਤ ਸਿੰਘ, ਸੰਜੀਵ ਕਲਸੀ, ਬਲਕਾਰ ਸਿੰਘ ਪਰੀਕਾ, ਨਿਰਮਲ ਸਿੰਘ ਨਿਹਾਲਪੁਰ, ਜਸਵਿੰਦਰ ਝਿੰਗੜ, ਜੀਵਨ ਸੰਧੂ, ਵਿਕਾਸ ਅਰੋੜਾ ਅਤੇ ਬਲਕਾਰ ਸਿੰਘ ਮਘਾਣੀਆਂ ਆਦਿ ਆਗੂ ਵੀ ਹਾਜ਼ਰ ਸਨ।

## ਕੈਬਨਿਟ ਮੰਤਰੀਆਂ ਨੇ ਭਗਵਾਨ ਵਾਲਮੀਕਿ ਦੇ ਪ੍ਰਕਾਸ਼ ਉਤਸਵ ਦੀਆਂ ਦਿੱਤੀਆਂ ਵਧਾਈਆਂ



**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਜਲੰਧਰ ਵਿੱਚ ਪੁਹੰਚੇ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਅਤੇ ਬਾਗਬਾਨੀ ਤੇ ਸੁਤੰਤਰਤਾ ਸੈਨਾਨੀ ਮੰਤਰੀ ਮਹਿੰਦਰ ਭਗਤ ਨੇ ਲੋਕਾਂ ਨੂੰ ਸਮਾਜ ਵਿੱਚ ਬਰਾਬਰੀ ਅਤੇ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੇ ਭਗਵਾਨ ਵਾਲਮੀਕਿ ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ।ਉਹ ਇੱਥੇ ਭਗਵਾਨ ਵਾਲਮੀਕਿ ਦੇ ਪ੍ਰਕਾਸ਼ ਉਤਸਵ ਸੰਬੰਧੀ ਸਜਾਈ ਗਈ ਸ਼ੋਭਾ ਯਾਤਰਾ ਦੌਰਾਨ ਇਕੱਠ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਮਹਾਰਾਜ ਵਿਸ਼ਵ ਦੇ ਪਹਿਲੇ ਕਵੀ ਜਾਂ ਆਦਿ ਕਵੀ ਸਨ, ਜਿਨ੍ਹਾਂ ਨੇ ਆਪਣੀ ਮਹਾਨ ਰਚਨਾ 'ਰਾਮਾਇਣ' ਰਾਹੀਂ ਬਦੀ 'ਤੇ ਨੇਕੀ ਦੀ ਜਿੱਤ ਦਾ ਸੰਦੇਸ਼ ਦਿੱਤਾ।ਉਨ੍ਹਾਂ ਇਹ ਵੀ ਕਿਹਾ ਕਿ ਇਹ ਪਵਿੱਤਰ ਗ੍ਰੰਥ ਸਦੀਆਂ ਤੋਂ ਲੋਕਾਂ ਨੂੰ ਜੀਵਨ ਜਾਚ ਸਿਖਾ ਰਿਹਾ ਹੈ ਅਤੇ ਲੋਕਾਂ ਲਈ ਨੈਤਿਕ ਜੀਵਨ ਦਾ ਚਾਨਣ ਮੁਨਾਰਾ ਰਿਹਾ ਹੈ।ਵੱਖ-ਵੱਖ ਸੰਸਥਾਵਾਂ ਵੱਲੋਂ ਕੀਤੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਨਾ ਸਿਰਫ਼ ਭਗਵਾਨ ਵਾਲਮੀਕਿ ਜੀ ਮਹਾਰਾਜ ਜੀ ਦੇ ਫਲਸਫ਼ੇ ਨੂੰ ਪ੍ਰਸਾਰਿਤ ਕਰਨ ਵਿੱਚ ਸਹਾਈ ਹੁੰਦੇ ਹਨ ਸਗੋਂ ਸਾਡੀ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਵੱਲੋਂ ਦਰਸਾਏ ਨੈਤਿਕ ਕਦਰਾਂ-ਕੀਮਤਾਂ ਵਾਲੇ ਮਾਰਗ 'ਤੇ ਤੋਰਨ ਲਈ ਚਾਨਣ ਮੁਨਾਰੇ ਦੀ ਭੂਮਿਕਾ ਨਿਭਾਅ ਰਹੇ ਹਨ।ਉਨ੍ਹਾਂ ਭਗਵਾਨ ਵਾਲਮੀਕਿ ਦੀ ਵਿਰਾਸਤ ਨੂੰ ਕਾਇਮ ਰੱਖਣ ਲਈ ਹਰ ਸਾਲ ਅਜਿਹੇ ਸਮਾਗਮ ਕਰਵਾਉਣ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ।ਇਸ ਦੌਰਾਨ ਮੰਤਰੀ ਵੱਖ-ਵੱਖ ਸੰਸਥਾਵਾਂ ਵੱਲੋਂ ਲਗਾਈਆਂ ਗਈਆਂ ਸਟੇਜਾਂ 'ਤੇ ਵੀ ਗਏ, ਜਿਥੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਇਸ ਤੋਂ ਪਹਿਲਾਂ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲੇ ਤੇ ਪ੍ਰਬੰਧਕੀ ਸੁਧਾਰ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਸਥਾਨਕ ਸਰਕਾਰਾਂ ਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਵੀ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣ ਲਈ ਸ਼ਹਿਰ ਪੁੱਜੇ, ਜਿੱਥੇ ਵੱਖ-ਵੱਖ ਜਥੇਬੰਦੀਆਂ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਵੱਖ-ਵੱਖ ਸੰਸਥਾਵਾਂ ਵੱਲੋਂ ਲਾਈਆਂ ਸਟੇਜਾਂ ਦਾ ਦੌਰਾ ਵੀ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਬਲਕਾਰ ਸਿੰਘ, ਚੇਅਰਮੈਨ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ, ਵਿਧਾਇਕ ਰਮਨ ਅਰੋੜਾ, ਡਵੀਜ਼ਨਲ ਕਮਿਸ਼ਨਰ ਪ੍ਰਦੀਪ ਕੁਮਾਰ ਸੱਭਰਵਾਲ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਿਸ ਕਮਿਸ਼ਨਰ ਸਵਪਨ ਸ਼ਰਮਾ, ਪਵਨ ਕੁਮਾਰ ਟੀਨੂੰ ਅਤੇ ਦੀਪਕ ਬਾਲੀ ਵੀ ਮੌਜੂਦ ਸਨ।

## ਮਿਸਤਰੀ, ਮਜ਼ਦੂਰਾਂ ਵੱਲੋਂ ਕਿਸਾਨਾਂ ਦੇ ਸੰਘਰਸ਼ ਦੀ ਹਮਾਇਤ ਦਾ ਐਲਾਨ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**: ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਸੰਬੰਧਿਤ ਇਫਟੂ ਵੱਲੋਂ ਝੋਨੇ ਦੀ ਖਰੀਦ ਨਾ ਹੋਣ ਕਰਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਐਲਾਨੇ ਸੰਘਰਸ਼ਾਂ ਦੀ ਡਟਵੀਂ ਹਿਮਾਇਤ ਕਰਨ ਦਾ ਐਲਾਨ ਕੀਤਾ ਹੈ। ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਭੈਰੋ ਮਾਜਰਾ, ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਜੈਲਾ ਅਤੇ ਜਨਰਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਕਾਲਾ ਨੇ ਦੱਸਿਆ ਕਿ ਹਰ ਵਿਅਕਤੀ ਦਾ ਸਮਾਜਿਕ ਜੀਵਨ ਆਰਥਿਕਤਾ ਤੇ ਟਿਕਿਆ ਹੋਇਆ ਹੈ।

ਜਦੋਂ ਆਰਥਿਕਤਾ ਵਿੱਚ ਵਿਘਨ ਪੈ ਜਾਵੇ ਤਾਂ ਮਨੁੱਖ ਕੋਲ ਸੰਘਰਸ਼ ਕਰਨ ਤੋਂ ਬਿਨਾਂ ਕੋਈ ਚਾਰਾ ਨਹੀਂ ਰਹਿ ਜਾਂਦਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੀਆਂ ਮਿਹਨਤ ਨਾਲ ਪਾਲੀਆਂ ਫਸਲਾਂ ਸਾਮਰਾਜੀ ਨੀਤੀਆਂ ਕਾਰਨ ਮੰਡੀਆਂ ਵਿੱਚ ਰੁਲ ਰਹੀਆਂ ਹਨ, ਜਿੱਥੇ ਅੱਜ ਕਿਸਾਨ ਖੱਜਲ ਖੁਆਰ ਹੁੰਦੇ ਹਨ, ਉੱਥੇ ਹੀ ਮੰਡੀਆਂ ਵਿੱਚ ਮਜ਼ਦੂਰ ਵੀ ਵਿਹਲੇ ਬੈਠੇ ਹਨ, ਜਿਸ ਕਾਰਨ ਉਕਤ ਮਜ਼ਦੂਰਾਂ ਨੂੰ ਆਪਣੇ ਪਰਵਾਰਾਂ ਦਾ ਪਾਲਣ ਪੋਸ਼ਣ ਕਰਨ ਲਈ ਮਹਿੰਗੇ ਵਿਆਜ ਤੇ ਕਰਜ਼ੇ ਲੈਣੇ ਪੈ ਰਹੇ ਹਨ ਹਨ। ਉਨ੍ਹਾਂ ਦੱਸਿਆ ਕਿ ਜਿੱਥੇ ਵੀ ਕਿਸਾਨ ਜਥੇਬੰਦੀਆਂ ਸੰਘਰਸ਼ ਕਰਨਗੀਆਂ ਉੱਥੇ ਹੀ ਉਸਾਰੀ ਨਾਲ ਸੰਬੰਧਿਤ ਮਿਸਤਰੀ ਅਤੇ ਮਜ਼ਦੂਰਾਂ ਸਮੇਤ ਮੰਡੀਆਂ ਵਿੱਚ ਵੀ ਕੰਮ ਕਰਦੇ ਮਜ਼ਦੂਰ ਸ਼ਮੂਲੀਅਤ ਕਰਨਗੇ। ਉਨ੍ਹਾਂ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਜਿੱਥੇ ਕਿਸਾਨਾਂ ਦੀ ਫਸਲ ਤੁਰੰਤ ਖਰੀਦ ਕੀਤੀ ਜਾਵੇ, ਉੱਥੇ ਹੀ ਮੰਡੀਆਂ ਵਿੱਚ ਮਿੱਟੀ ਘੱਟੇ, ਗਰਦ ਵਿੱਚ ਕੰਮ ਕਰਦੇ ਮਜ਼ਦੂਰਾਂ ਨੂੰ ਮੁਫਤ ਡਾਕਟਰੀ ਸਹੂਲਤਾਂ, ਮਜ਼ਦੂਰਾਂ ਦੀ ਆਰਥਿਕ ਸਹਾਇਤਾ ਅਤੇ ਵਿਸ਼ੇਸ਼ ਮੈਡੀਕਲ ਟੀਮਾਂ ਅਤੇ ਮੁਫਤ ਦਵਾਈਆਂ ਦਾ ਪ੍ਰਬੰਧ ਕੀਤਾ ਜਾਵੇ। ਇਸ ਮੌਕੇ ਅਜੈਬ ਸਿੰਘ, ਗੁਰਮੇਲ ਸਿੰਘ, ਸਤਿੰਦਰ ਸਿੰਘ ਨੀਟਾ, ਹਰਮੀਤ ਸਿੰਘ, ਗੁਲਾਬ ਚੰਦ ਚੌਹਾਨ, ਬਲਜੀਤ ਸਿੰਘ ਬਿੱਟੂ, ਸੁਰਿੰਦਰ ਸਿੰਘ, ਦਲਵੀਰ ਸਿੰਘ, ਮਲਾਗਰ ਸਿੰਘ, ਲਖਬੀਰ ਸਿੰਘ ਅਤੇ ਰਮੇਸ਼ ਕੁਮਾਰ ਆਦਿ ਹਾਜ਼ਰ ਸਨ।



## ਨਵੇਂ ਚੁਣੇ ਗਏ ਸਰਪੰਚਾਂ ਤੇ ਪੰਚਾਂ ਨੇ ਮਾਨ ਨਾਲ ਕੀਤੀ ਮੁਲਾਕਾਤ



**ਫਗਵਾੜਾ (ਡਾ. ਰਮਨ, ਢੱਡਾ)** ਪੰਜਾਬ ਭਰ ਵਿਚ 15 ਅਕਤੂਬਰ ਨੂੰ ਕਰਵਾਈਆਂ ਗਈਆਂ ਪੰਚਾਇਤੀ ਚੋਣਾਂ ਦੌਰਾਨ ਵਿਧਾਨਸਭਾ ਹਲਕਾ ਦੇ ਵੱਖ-ਵੱਖ ਪਿੰਡਾਂ ਦੀਆਂ ਸਰਬ ਸੰਮਤੀ ਅਤੇ ਚੋਣ ਪ੍ਰਕ੍ਰਿਆ ਰਾਹੀਂ ਚੁਣੀਆਂ ਗਈਆਂ ਪੰਚਾਇਤਾਂ ਨੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਨਾਲ ਉਹਨਾਂ ਦੇ ਗ੍ਰਿਹਿ ਵਿਖੇ ਮੁਲਾਕਾਤ ਕੀਤੀ। ਇਸ ਦੌਰਾਨ ਪਿੰਡ ਨੰਗਲ ਮੱਝਾਂ, ਡੁਮੇਲੀ, ਰਾਣੀਪੁਰ ਰਾਜਪੂਤਾਂ, ਠੱਕਰਕੀ, ਵਾਹਿਦ ਅਤੇ ਖੁਰਮਪੁਰ ਦੇ ਚੁਣੇ ਗਏ ਨੁਮਾਇੰਦਿਆਂ ਵਲੋਂ ਜੋਗਿੰਦਰ ਸਿੰਘ ਮਾਨ ਨਾਲ ਖੁਸ਼ੀ ਸਾਂਝੀ ਕਰਦਿਆਂ ਅਸ਼ੀਰਵਾਦ ਲਿਆ ਅਤੇ ਮੂੰਹ ਮਿੱਠਾ ਕਰਵਾਇਆ। ਜੋਗਿੰਦਰ ਸਿੰਘ ਮਾਨ ਨੇ ਸਮੂਹ ਪੰਚਾਇਤਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਸਰਬ ਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਚੋਣਾਂ ਤੋਂ ਪਹਿਲਾਂ ਹੋਏ ਐਲਾਨ ਮੁਤਾਬਿਕ ਪੰਜ-ਪੰਜ ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਵਾਉਣਾ ਉਹਨਾਂ ਦੀ ਪ੍ਰਾਥਮਿਕਤਾ ਰਹੇਗੀ। ਜਿਸ ਤੋਂ ਬਾਅਦ ਹਲਕੇ ਦੇ ਸਮੂਹ ਪਿੰਡਾਂ ਦੇ ਵਿਕਾਸ ਦੀ ਨਵੀਂ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਉਹਨਾਂ ਸਮੂਹ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਕਿਹਾ ਕਿ ਪਿੰਡਾਂ ਦੇ ਵਿਕਾਸ ਸਬੰਧੀ ਲਿਸਟਾਂ ਨਵੇਂ ਸਿਰੇ ਤੋਂ ਤਿਆਰ ਕੀਤੀਆਂ ਜਾਣ। ਅਧੂਰੇ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਜਾਵੇ ਤਾਂ ਜੋ ਪੰਜਾਬ ਸਰਕਾਰ ਨਾਲ ਰਾਬਤਾ ਕਰਕੇ ਲੋੜੀਂਦੀ ਗ੍ਰਾਂਟ ਦਾ ਪ੍ਰਬੰਧ ਕੀਤਾ ਜਾ ਸਕੇ। ਇਸ ਦੌਰਾਨ ਆਮ ਆਦਮੀ ਪਾਰਟੀ ਪੰਜਾਬ ਦੇ ਸਪੋਕਸ ਪਰਸਨ ਹਰਜੀ ਮਾਨ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਵੀ ਹਾਜ਼ਰ ਸਨ।

# ਜਨਵਾਦੀ ਹੱਕਾਂ ਤੇ ਖੇਤਰੀ ਅਖੰਡਤਾ ਦੀ ਰਾਖੀ ਲਈ ਵਿੱਢੋ ਨਵਾਂ ਲੋਕ-ਯੁੱਧ : ਹਮੀਰ ਸਿੰਘ

**ਜਲੰਧਰ (ਰਜੇਸ਼ ਥਾਪਾ)**- "ਦੇਸ਼ ਦੇ ਮੌਜੂਦਾ ਹੁਕਮਰਾਨ ਜਨਵਾਦ, ਸਾਂਝੀਵਾਲਤਾ ਅਤੇ ਹਰ ਪ੍ਰਾਂਤ ਦੇ ਲੋਕਾਂ ਨੂੰ ਵਿਕਾਸ ਦੇ ਇੱਕਸਾਰ ਮੌਕੇ ਦਿੱਤੇ ਜਾਣ ਦੀ ਪੈਰਵੀ ਕਰਦੇ ਭਾਰਤੀ ਸੰਵਿਧਾਨ ਦਾ ਖਾਤਮਾ ਕਰਕੇ ਇੱਥੇ ਸਿਰੇ ਦਾ ਪਿੱਛਾਖੜੀ ਅਤੇ ਏਕਾਧਿਕਾਰਵਾਦੀ ਰਾਜਕੀ ਢਾਂਚਾ ਕਾਇਮ ਕਰਨ ਲਈ ਕਾਹਲੇ ਹਨ। ਭਗਵੇਂ ਹਾਕਮਾਂ ਦਾ ਇਹ ਪਿਛਾਂਹਖਿੱਚੂ ਹੱਲਾ ਸੁਤੰਤਰਤਾ ਸੰਗਰਾਮ ਦੌਰਾਨ ਸਥਾਪਤ ਹੋਈਆਂ ਸਾਰੀਆਂ ਨਰੋਈਆਂ ਪ੍ਰੰਪਰਾਵਾਂ ਅਤੇ ਲੰਘੇ 77 ਸਾਲਾਂ ਦੀਆਂ ਸਮਾਜਿਕ ਖੇਤਰ ਦੀਆਂ ਸਾਰੀਆਂ ਨਿੱਗਰ ਪ੍ਰਾਪਤੀਆਂ ਦਾ ਇਕੋ ਝਟਕੇ 'ਚ ਖਾਤਮਾ ਕਰ ਦੇਵੇਗਾ।" ਇਹ ਸ਼ਬਦ, 'ਦੇਸ਼ ਭਗਤ ਯਾਦਗਾਰ ਜਲੰਧਰ' ਦੇ 'ਵਿਸ਼ਨੂ ਗਣੇਸ਼ ਪਿੰਗਲੇ ਹਾਲ' ਵਿਚ ਸੱਦੇ 'ਜਨਤਕ ਜਥੇਬੰਦੀਆਂ ਦਾ ਸਾਂਝਾ ਮੰਚ' (ਜੇਪੀਐਮਓ) ਪੰਜਾਬ ਦੇ ਸੂਬਾਈ ਸੈਮੀਨਾਰ ਦੇ ਮੁੱਖ ਬੁਲਾਰੇ, ਨਾਮਵਰ ਪੱਤਰਕਾਰ ਤੇ ਬੇਬਾਕ ਵਿਸ਼ਲੇਸ਼ਕ ਸ਼੍ਰੀ ਹਮੀਰ ਸਿੰਘ ਨੇ ਆਪਣੇ ਕੁੰਜੀਵਤ ਭਾਸ਼ਣ ਦੌਰਾਨ ਕਹੇ। ਉਕਤ ਸੈਮੀਨਾਰ ਟਰੇਡ ਯੂਨੀਅਨ ਲਹਿਰ ਦੇ ਥੰਮ੍ਹ, ਰੇਲ ਮੁਲਾਜ਼ਮਾਂ ਦੇ ਉੱਘੇ ਆਗੂ ਵਿੱਛੜੇ ਸਾਥੀ ਟੀਆਰ ਗੌਤਮ ਅਤੇ ਉਨ੍ਹਾਂ ਦੀ ਧਰਮ ਪਤਨੀ ਸ਼੍ਰੀਮਤੀ ਤ੍ਰਿਪਤਾ ਦੇਵੀ ਦੀ ਯਾਦ ਵਿਚ ਸੱਦਿਆ ਗਿਆ ਸੀ। ਸ਼੍ਰੀ ਹਮੀਰ ਸਿੰਘ ਨੇ ਅੱਗੇ ਕਿਹਾ ਕਿ ਜਨਵਾਦੀ ਢਾਂਚੇ ਦੇ ਮੂਲ ਆਧਾਰ , 'ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਅਤੇ ਅਸਹਿਮਤੀ ਦਾ ਅਧਿਕਾਰ' ਤਾਂ ਭਾਰਤ ਦੇ ਅਜੋਕੇ ਸ਼ਾਸਕਾਂ ਨੇ ਲੱਗਭਗ ਮੁਕਾ ਹੀ ਦਿੱਤੇ ਹਨ। ਉਨ੍ਹਾਂ ਕਿਹਾ ਕਿ ਵਿਗਿਆਨਕ ਸੋਚ ਤੇ ਪ੍ਰਗਤੀਵਾਦੀ ਵਿਚਾਰਾਂ ਦੀ ਸੰਘੀ ਘੁੱਟਣ ਅਤੇ ਸੱਚ ਨਾਲ ਅਡੋਲ ਖੜ੍ਹਨ ਵਾਲੇ ਬੁਧੀਜੀਵੀਆਂ ਦਾ ਦਮਨ ਕਰਨ ਦੇ, ਤਾਨਸ਼ਾਹੀ ਰਾਜ ਪ੍ਰਬੰਧ ਦੇ ਪੈਰੋਕਾਰ ਸੰਸਾਰ ਭਰ ਦੇ ਪਿਛਾਂਹ ਖਿੱਚੂ ਹਾਕਮਾਂ ਦੇ ਪ੍ਰਮੁੱਖ ਲੱਛਣ ਦਾ ਭੱਦਾ ਮੁਜ਼ਾਹਰਾ ਮੰਦਭਾਗੀਂ ਅੱਜ ਭਾਰਤ ਅੰਦਰ ਵੀ ਵੱਡੀ ਪੱਧਰ 'ਤੇ ਹੋ ਰਿਹਾ ਹੈ। ਉਨ੍ਹਾਂ ਦੇਸ਼ ਵਾਸੀਆਂ ਨੂੰ ਇਸ ਪਿੱਛਲਖੁਰੀ ਹੱਲੇ ਨੂੰ ਪਛਾੜਨ ਲਈ ਭਾਰਤ ਦੀ ਆਜ਼ਾਦੀ, ਪ੍ਰਭੂਸੱਤਾ, ਖੇਤਰੀ ਅਖੰਡਤਾ ਅਤੇ ਭਾਈਚਾਰਕ ਸਾਂਝ ਦੀ ਰਾਖੀ ਦਾ ਸੰਕਲਪ ਲੈਂਦਿਆਂ ਲੁੱਟ-ਵਿਤਕਰੇ ਤੇ ਜ਼ਬਰ ਦੇ ਨਿਜ਼ਾਮ ਦੇ ਖਾਤਮੇ ਲਈ ਸੁਤੰਤਰਤਾ ਸੰਗਰਾਮ ਦੀਆਂ ਲੀਹਾਂ 'ਤੇ ਨਵਾਂ ਯੁੱਧ ਛੇੜਨ ਦਾ ਸੱਦਾ ਦਿੱਤਾ। ਜ਼ਮਹੂਰੀ ਲਹਿਰ ਦੇ ਉੱਘੇ ਆਗੂ ਸਾਥੀ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਧਰਮ ਅਧਾਰਤ ਕੱਟੜ ਹਿੰਦੂਤਵੀ ਰਾਸ਼ਟਰ ਕਾਇਮ ਕਰਨ ਲਈ ਪੱਬਾਂ ਭਾਰ ਸੰਘ ਪਰਿਵਾਰ ਅਤੇ ਸੰਸਾਰਕ ਵਿੱਤੀ

## ਫਿਰਕੂ-ਫਾਸ਼ੀ ਹੱਲੇ ਤੇ ਨਵ-ਉਦਾਰਵਾਦੀ ਲੁੱਟ ਖਿਲਾਫ਼ ਬੱਝਵਾਂ ਘੋਲ ਹੀ ਲੋਕ ਮੁਕਤੀ ਦੀ ਗਰੰਟੀ : ਪਾਸਲਾ



ਪੂੰਜੀ ਦਾ ਗਠਜੋੜ ਦੇਸ਼ ਵਾਸੀਆਂ ਨੂੰ ਦਰਪੇਸ਼ ਸਾਰੀਆਂ ਦੁਸ਼ਵਾਰੀਆਂ ਦਾ ਮੂਲ ਸਰੋਤ ਹੈ ਅਤੇ ਦੇਸ਼ ਵਿਚਲੀ ਕਾਰਪੋਰੇਟ ਹਮਾਇਤੀ ਫਿਰਕੂ-ਫਾਸ਼ੀ ਸੱਤਾਂ ਦੀਆਂ ਜੜ੍ਹਾਂ ਉਖਾੜੇ ਬਗੈਰ ਭਾਰਤ ਦੇ ਮਿਹਨਤੀ ਵਰਗ ਕਦੀ ਵੀ ਸੁੱਖ ਦਾ ਸਾਹ ਨਹੀਂ ਲੈ ਸਕਣਗੇ। ਸਾਥੀ ਪਾਸਲਾ ਨੇ ਕਿਹਾ ਕਿ ਭਾਰਤੀ ਲੋਕਾਂ, ਖਾਸ ਕਰਕੇ ਕਿਰਤੀ ਸ਼੍ਰੇਣੀ ਨੂੰ ਇਹ ਗੱਲ ਪੱਲੇ ਬੰਨ੍ਹ ਲੈਣੀ ਚਾਹੀਦੀ ਹੈ ਕਿ ਅਡਾਨੀ-ਅੰਬਾਨੀ ਜਿਹੇ ਜੁੰਡੀ ਪੂੰਜੀਪਤੀਆਂ ਤੇ ਇਨ੍ਹਾਂ ਦੇ ਸਾਮਰਾਜੀ ਜੋਟੀਦਾਰਾਂ ਦੇ ਹਿਤਾਂ ਦੀ ਰਾਖੀ ਲਈ ਘੜੀਆਂ ਗਈਆਂ ਨਿੱਜੀਕਰਨ, ਉਦਾਰੀਕਰਨ, ਸੰਸਾਰੀਕਰਨ ਦੇ ਚੌਖਟੇ ਵਾਲੀਆਂ ਨਵ-ਉਦਾਰਵਾਦੀ ਨੀਤੀਆਂ ਅਤੇ ਰਾਸ਼ਟਰੀ ਸੋਇਮ ਸੇਵਕ ਸੰਘ (ਆਰਐਸਐਸ) ਦੇ ਫਿਰਕੂ-ਫਾਸ਼ੀ, ਹਿੰਦੂਤਵੀ ਹੱਲਿਆਂ ਖਿਲਾਫ਼ ਸੰਗਰਾਮ ਨਿੱਖੜਵੇਂ ਨਹੀਂ, ਬਲਕਿ ਇਕ-ਦੂਜੇ ਨਾਲ ਪੀਡੇ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਕਿਰਤੀ-ਕਿਸਾਨ ਜੱਥੇਬੰਦੀਆਂ ਅਤੇ ਸੰਘਰਸ਼ਸ਼ੀਲ ਤਬਕਿਆਂ ਵਲੋਂ ਲੜੇ ਜਾਂਦੇ ਘੋਲਾਂ ਦਾ ਰੁਖ਼ ਹਿੰਦੂਤਵੀ-ਮਨੂੰਵਾਦੀਆਂ ਵਲੋਂ ਕੀਤੇ ਜਾਂਦੇ ਘੱਟ ਗਿਣਤੀ ਮੁਸਲਮਾਨ ਤੇ ਈਸਾਈ ਭਾਈਚਾਰੇ ਦੇ ਵਹਿਸ਼ੀ ਕਤਲਾਂ, ਦਲਿਤ ਉਤਪੀੜਨ ਅਤੇ ਇਸਤਰੀਆਂ ਖਿਲਾਫ਼ ਹੌਲਨਾਕ ਵਾਰਦਾਤਾਂ ਵਿਰੁੱਧ ਮੋੜੇ ਤੋਂ ਬਿਨਾਂ ਇਹ ਘੋਲ ਮੰਤਕੀ ਸਿੱਟੇ ਕੱਢਣ ਯੋਗ ਨਹੀਂ ਬਣ ਸਕਣਗੇ। ਉੱਘੇ ਬੁੱਧੀਜੀਵੀ, ਤ੍ਰੈਮਾਸਿਕ 'ਚਿਰਾਗ' ਦੇ ਸੰਪਾਦਕ ਅਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਸਾਬਕ ਮੁੱਖੀ ਡਾਕਟਰ ਕਰਮਜੀਤ ਸਿੰਘ ਨੇ ਹਿੰਦੂਤਵੀ ਗਰੋਹਾਂ ਵਲੋਂ ਫੈਲਾਏ ਜਾ ਰਹੇ ਮਾਰੂ ਸੱਭਿਆਚਾਰ, ਪਿੱਛਾਖੜੀ ਵਿਚਾਰਾਂ ਤੇ ਕੂੜ ਪ੍ਰਚਾਰ ਤੋਂ ਸੁਚੇਤ ਹੋਣ ਅਤੇ ਨਰੋਏ ਵਿਚਾਰਾਂ ਦੀ ਮਜ਼ਬੂਤੀ ਤੇ ਪ੍ਰਚਾਰ-ਪ੍ਰਸਾਰ ਲਈ ਨਿਰੰਤਰ ਜੂਝਣ ਦਾ ਸੱਦਾ ਦਿੱਤਾ। ਐਨਆਰਐਮਯੂ ਮੰਡਲ ਫਿਰੋਜ਼ਪੁਰ ਦੇ ਸਕੱਤਰ ਸਾਥੀ ਸ਼ਿਵ ਦੱਤ ਸ਼ਰਮਾ ਨੇ ਵਿਛੜੇ ਸਾਥੀ ਗੌਤਮ ਅਤੇ ਉਨ੍ਹਾਂ ਦੀ ਸੁਪਤਨੀ ਦੇ ਘਾਲਣਾਵਾਂ ਭਰਪੂਰ ਜੀਵਨ 'ਤੇ ਰੋਸ਼ਨੀ ਪਾਈ। ਮੰਚ ਸੰਚਾਲਨ ਸਾਥੀ ਘਣਸ਼ਾਮ ਸਿੰਘ ਨੇ ਕੀਤਾ। ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਜਲੰਧਰ ਦੇ ਪ੍ਰਿੰਸੀਪਲ, ਡਾਕਟਰ ਨਵਜੋਤ ਨੇ ਪ੍ਰਬੰਧਕਾਂ ਅਤੇ ਹਾਜ਼ਰ ਸਖਸ਼ੀਅਤਾਂ ਦਾ ਧੰਨਵਾਦ ਕੀਤਾ।

## ਭਗਵਾਨ ਵਾਲਮੀਕਿ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਰਮਾਇਣ ਰੇਚਤਾ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਮਨਾਉਂਦੇ ਹੋਏ ਵਾਲਮੀਕ ਮਜ਼ਬੀ ਸਿੱਖ ਕਮੇਟੀ ਪਿੰਡ ਭਾਦਲਾ ਉੱਚਾ ਵੱਲੋਂ ਵਾਲਮੀਕ ਮੰਦਰ ਵਿਖੇ ਅਰਦਾਸ ਕਰਾ ਕੇ ਸਰਬਸੰਮਤੀ ਨਾਲ ਪੰਚਾਇਤ ਚੁਣੀ। ਸਰਪੰਚ ਹਰਜਿੰਦਰ ਸਿੰਘ ਬੈਨੀਪਾਲ, ਪੰਚ ਬਹਾਦਰ ਸਿੰਘ, ਪੰਚ ਕੁਲਵੰਤ ਸਿੰਘ, ਪੰਚ ਸਿਮਰਜੀਤ ਸਿੰਘ, ਪੰਚ ਸੁਖਵਿੰਦਰ ਸਿੰਘ, ਇਸਤਰੀ ਪੰਚ ਜਸਵੀਰ ਕੌਰ ਦੇ ਪਤੀ ਮਨਜੀਤ ਸਿੰਘ, ਇਸਤਰੀ ਪੰਚ ਮਨਜੀਤ ਕੌਰ ਦੇ ਪਤੀ ਜਿੰਦਰ ਸਿੰਘ, ਇਸਤਰੀ ਪੰਜ ਗੁਰਜੀਤ ਕੌਰ ਦੇ ਪਤੀ ਮੇਜਰ ਸਿੰਘ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।ਇਸ ਉਪਰੰਤ ਛੋਲੇ ਪੂਰੀਆਂ ਤੇ ਪ੍ਰਸ਼ਾਦ ਦਾ ਲੰਗਰ ਵਰਤਾਇਆ ਗਿਆ।ਇਸ ਮੌਕੇ ਐਡਵੋਕੇਟ ਜਗਦੀਸ਼ ਸਿੰਘ ਰਾਣਾ, ਸਾਬਕਾ ਸਰਪੰਚ ਰਘਵੀਰ ਸਿੰਘ, ਅਮਰਜੀਤ ਸਿੰਘ, ਮਹਿੰਦਰ ਸਿੰਘ ਗਿੱਲ ਐਲ ਆਈ ਸੀ ਵਾਲੇ, ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਕੰਵਲਜੀਤ ਸਿੰਘ, ਗੁਰਜੰਟ ਸਿੰਘ ਨੀਟੂ, ਦਲਵੀਰ ਸਿੰਘ, ਪਵਨਗੁਰ ਸਿੰਘ ਭਾਦਲਾ, ਲਖਵਿੰਦਰ ਸਿੰਘ, ਬੇਅੰਤ ਸਿੰਘ, ਹਰਪ੍ਰੀਤ ਸਿੰਘ, ਭਜਨ ਸਿੰਘ, ਹਰਵਿੰਦਰ ਸਿੰਘ, ਜਗਤਾਰ ਸਿੰਘ ਤੇ ਹੋਰ ਹਾਜ਼ਰ ਸਨ।

## ਸੁਖਵਿੰਦਰ ਸਿੰਘ ਲਾਡੀ ਬਿੱਜਲਪੁਰ ਦੇ ਸਰਪੰਚ ਬਣੇ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ 'ਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਬਲਾਕ ਸਮਾਣਾ ਦੀਆਂ ਪੰਚਾਇਤੀ ਚੋਣਾਂ ਸ਼ਾਂਤੀ ਪੂਰਵਕ ਨੇਪਰੇ ਚੜ੍ਹੀਆਂ।ਪਿੰਡ ਬਿਜਲਪੁਰ ਦੇ ਸੁਖਵਿੰਦਰ ਸਿੰਘ ਲਾਡੀ ਗੁਰਾਇਆ ਆਪਣੇ ਵਿਰੋਧੀ ਉਮੀਦਵਾਰ ਨੂੰ 123 ਵੋਟਾਂ ਦੇ ਵੱਡੇ ਫਰਕ ਨਾਲ ਹਰਾ ਕੇ ਸਰਪੰਚ ਦੀ ਚੋਣ ਜਿੱਤ ਗਏ। ਸੁਖਵਿੰਦਰ ਸਿੰਘ ਲਾਡੀ ਗੁਰਾਇਆ ਦੇ ਸਰਪੰਚ ਬਣਨ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਨਵੇਂ ਬਣੇ ਸਰਪੰਚ ਸੁਖਵਿੰਦਰ ਸਿੰਘ ਲਾਡੀ ਗੁਰਾਇਆ ਤੇ ਮੈਂਬਰਾਂ ਅਮਨਦੀਪ ਕੌਰ ਪਤਨੀ ਬਚਿੱਤਰ ਸਿੰਘ ਮਨੇਸ, ਮੁਖਤਿਆਰ ਸਿੰਘ, ਜਸਪਿੰਦਰ ਕੌਰ ਪਤਨੀ ਪ੍ਰੀਤਮ ਸਿੰਘ, ਜਗਸੀਰ ਸਿੰਘ ਤੇ ਗੁਰਧਿਆਨ ਸਿੰਘ ਨੇ ਕਿਹਾ ਕਿ ਇਹ ਜਿੱਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਸ਼ੀਰਵਾਦ ਸਦਕਾ ਹੋਈ ਹੈ। ਇਸ ਲਈ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਕਰਗੁਜਾਰ ਹਾਂ।

## ਬੁਰਜ ਸਿੱਧਵਾਂ ਤੋਂ ਰਣਜੀਤ ਸਿੰਘ ਜੋਸਨ ਬਣੇ ਸਰਪੰਚ



**ਮਲੋਟ (ਗੁਰਮੀਤ ਸਿੰਘ ਮੱਕੜ)**-ਪਿੰਡ ਬੁਰਜ ਸਿੱਧਵਾਂ 'ਚ ਨਵਜੋਤ ਸਿੰਘ ਵਾਸੀ ਕੈਨੇਡਾ ਤੇ ਰਿਪਨਜੀਤ ਸਿੰਘ ਉਪ ਜ਼ਿਲ੍ਹਾ ਅਟਾਰਨੀ ਦੇ ਪਿਤਾ ਰਣਜੀਤ ਸਿੰਘ ਜੋਸਨ ਭਾਰੀ ਵੋਟਾਂ ਨਾਲ ਸ਼ਾਨਦਾਰ ਜਿੱਤ ਹਾਸਲ ਕਰਦੇ ਹੋਏ ਸਰਪੰਚ ਬਣੇ ਹਨ। ਰਣਜੀਤ ਸਿੰਘ ਜੋਸਨ ਪਹਿਲਾਂ ਵੀ ਪਿੰਡ ਦੇ ਸਰਪੰਚ ਰਹਿ ਚੁੱਕੇ ਹਨ ਤੇ ਹੁਣ ਫ਼ਿਰ ਪਿੰਡ ਵਾਸੀਆਂ ਨੇ ਉਨ੍ਹਾਂ ਦੇ ਸ਼ਲਾਘਾਯੋਗ ਕੰਮਾਂ ਨੂੰ ਦੇਖਦੇ ਹੋਏ ਪਿੰਡ ਦਾ ਸਰਪੰਚ ਚੁਣਿਆ ਹੈ। ਰਣਜੀਤ ਸਿੰਘ ਨੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਿੰਡ ਦੇ ਵਿਕਾਸ ਲਈ ਉਨ੍ਹਾਂ ਵੱਲੋਂ ਜੋ ਵਾਅਦੇ ਕੀਤੇ ਹਨ, ਉਹ ਸਭ ਪੂਰੇ ਕਰਨਗੇ। ਉਨ੍ਹਾਂ ਦੇ ਸਰਪੰਚ 'ਤੇ ਪ੍ਰੈਸ ਕਲੱਬ ਦੇ ਪ੍ਰਧਾਨ ਗੁਰਮੀਤ ਸਿੰਘ ਮੱਕੜ, ਪੈਸਟੀਸਾਈਡ ਯੂਨੀਅਨ ਦੇ ਸਾਬਕਾ ਪ੍ਰਧਾਨ ਕੁਲਵੀਰ ਸਿੰਘ ਸਰਾਂ, ਸਾਬਕਾ ਵਾਰੰਟ ਅਫ਼ਸਰ ਹਰਪ੍ਰੀਤ ਸਿੰਘ ਹੈਪੀ, ਆਰ.ਟੀ.ਆਈ ਕਾਰਕੁੰਨ ਸੰਦੀਪ ਮਲੂਜਾ, ਸ਼ਤੀਸ਼ ਗੋਇਲ, ਜੱਜ ਸ਼ਰਮਾ, ਵਿਕਾਸ ਗੁਪਤਾ, ਰੋਹਿਤ ਕਾਲੜਾ ਆਦਿ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਵਪਾਰਕ ਜਥੇਬੰਦੀਆਂ ਦੇ ਆਗੂਆਂ ਨੇ ਵਧਾਈ ਦਿੱਤੀ।

## ਮਿਸ ਜਸਪ੍ਰੀਤ ਕੌਰ ਸਰਪੰਚੀ ਦੀ ਚੋਣ ਜਿੱਤੇ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਬਲਾਕ ਸਮਾਣਾ ਦੀਆਂ ਪੰਚਾਇਤੀ ਚੋਣਾਂ ਸ਼ਾਂਤੀ ਪੂਰਵਕ ਨੇਪਰੇ ਚੜ੍ਹੀਆਂ। ਪਿੰਡ ਫਤਿਹਗੜ੍ਹ ਉਰਫ ਰੇਤਗੜ੍ਹ ਦੀ ਮਿਸ ਜਸਪ੍ਰੀਤ ਕੌਰ ਚੋਣ ਜਿੱਤ ਗਏ, ਜਿਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰਾਂ ਨੂੰ ਕਰੀਬ 38 ਵੋਟਾਂ ਫਰਕ ਨਾਲ ਹਰਾਇਆ ਹੈ।ਮਿਸ ਜਸਪ੍ਰੀਤ ਕੌਰ ਦੇ ਸਰਪੰਚ ਬਣਨ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਚੱਲ ਰਹੀ ਹੈ।ਨਵੀਂ ਸਰਪੰਚ ਮਿਸ ਜਸਪ੍ਰੀਤ ਕੌਰ ਨੇ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਸਿਰ ਤੋੜ ਯਤਨ ਕਰਨਗੇ ਤੇ ਬਿਨਾਂ ਕਿਸੇ ਭਿੰਨ ਭੇਦ ਦੇ ਪਿੰਡ ਤੇ ਹਰੇਕ ਵਰਗ ਦੇ ਲੋਕਾਂ ਦੇ ਕੰਮ ਕਰਨਗੇ।ਮਿਸ ਜਸਪ੍ਰੀਤ ਕੌਰ ਨੇ ਕਿਹਾ ਕਿ ਉਹ ਇਹ ਸਰਪੰਚੀ ਦੀ ਚੋਣ ਆਪਣੇ ਭਰਾ ਐਡਵੋਕੇਟ ਪ੍ਰਿਥਪਾਲ ਸਿੰਘ ਰਵੇਲ (ਵਿੱਕੀ) ਦੇ ਸਹਿਯੋਗ ਨਾਲ ਦਿੱਤੇ ਹਨ।

## ਆਰ ਐੱਸ ਡੀ ਪਬਲਿਕ ਸਕੂਲ ਨੇ ਬੈਂਕਾਕ ਓਪਨ ਤਾਈਕਵਾਂਡੋ 'ਚ ਸੋਨ ਤਮਗਾ ਜਿੱਤਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ ਨੇ ਹਾਲ ਹੀ ਵਿੱਚ ਬੈਂਕਾਕ ਓਪਨ-2024 ਵਿੱਚ ਤਾਈਕਵਾਂਡੋ ਵਿੱਚ ਸੋਨੇ ਦਾ ਮੈਡਲ ਜਿੱਤ ਕੇ ਆਪਣੇ ਨਾਂਅ ਇੱਕ ਹੋਰ ਉਪਲਬੱਧੀ ਹਾਸਲ ਕੀਤੀ ਹੈ।ਇਸ ਮੁਕਾਬਲੇ ਵਿੱਚ ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ ਫ਼ਿਰੋਜ਼ਪੁਰ ਦੇ ਵਿਦਿਆਰਥੀ ਅਕਸ਼ਦੀਪ ਸਿੰਘ ਨੇ ਅਸਾਧਾਰਨ ਹੁਨਰ ਤੇ ਲਗਨ ਦਾ ਪ੍ਰਦਰਸ਼ਨ ਕੀਤਾ। ਇਹ ਮੁਕਾਬਲਾ ਥਾਈਲੈਂਡ ਦੇ ਬੈਂਕਾਕ ਵਿੱਚ ਕਰਵਾਇਆ ਗਿਆ।ਅਕਸ਼ਦੀਪ ਸਿੰਘ ਦੀ ਇਸ ਸ਼ਾਨਦਾਰ ਸਫ਼ਲਤਾ ਤੋਂ ਬਾਅਦ ਸਕੂਲ ਵੱਲੋਂ ਉਨ੍ਹਾਂ ਦੇ ਸਨਮਾਨ ਵਿੱਚ ਇੱਕ ਸ਼ਾਨਦਾਰ ਸਵਾਗਤੀ ਸਮਾਗਮ ਦਾ ਕੀਤਾ ਗਿਆ।ਸਮਾਗਮ ਵਿੱਚ ਸਕੂਲ ਮੁਖੀ ਐੱਸ ਸੀ ਸਾਂਵਲਕਾ, ਸਕੱਤਰ ਰਜਨੀਸ਼ ਸਾਂਵਲਕਾ, ਡਾਇਰੈਕਟਰ ਐੱਸ ਪੀ ਆਨੰਦ ਤੇ ਪ੍ਰਿੰਸੀਪਲ ਡਾ. ਪ੍ਰਵੀਨ ਔਲ ਨੇ ਅਕਸ਼ਦੀਪ, ਉਸ ਦੇ ਕੋਚ ਵੀਰਪਾਲ ਅਤੇ ਉਸ ਦੇ ਪਰਵਾਰ ਨੂੰ ਵਧਾਈ ਦਿੱਤੀ।ਉਨ੍ਹਾਂ ਸਾਰਿਆਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀ ਚੜ੍ਹਦੀ ਕਲਾ ਨੂੰ ਬਰਕਰਾਰ ਰੱਖਣ ਲਈ ਪ੍ਰੇਰਿਤ ਕੀਤਾ।ਇਸ ਸਫਲਤਾ ਦੇ ਨਾਲ, ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ ਨੇ ਸਾਬਿਤ ਕਰ ਦਿੱਤਾ ਹੈ ਕਿ ਸਮਰਪਣ ਤੇ ਸਖਤ ਮਿਹਨਤ ਹਮੇਸ਼ਾ ਫਲ ਦਿੰਦੀ ਹੈ।

## ਬੀਬੀ ਹਰਜੀਤ ਕੌਰ ਬਣੇ ਫ਼ਤਹਿਗੜ੍ਹ ਛੰਨਾ ਦੇ ਸਰਪੰਚ



**ਸੰਗਰੂਰ (ਪ੍ਰਵੀਨ ਸਿੰਘ)**-ਪਿੰਡ ਫਤਿਹਗੜ੍ਹ ਛੰਨਾ ਵਿਖੇ ਲੰਘੀਆਂ ਪੰਚਾਇਤੀ ਚੋਣਾਂ ਵਿੱਚ ਬੀਬੀ ਹਰਜੀਤ ਕੌਰ ਪਤਨੀ ਜਸਮੇਲ ਸਿੰਘ ਨੇ ਜਿੱਤ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਬੀਬੀ ਰਣਜੀਤ ਕੌਰ, ਬੀਬੀ ਹਰਜੀਤ ਕੌਰ, ਬੀਬੀ ਗੁਰਜੀਤ ਕੌਰ, ਅਵਤਾਰ ਸਿੰਘ, ਨਿਰਭੈ ਸਿੰਘ, ਬਲਦੇਵ ਸਿੰਘ, ਪ੍ਰਗਟ ਸਿੰਘ ਨੇ ਪੰਚੀ ਦੇ ਵਿੱਚ ਬਾਜ਼ੀ ਮਾਰੀ। ਨਵੀਂ ਚੁਣੀ ਗਈ ਪੰਚਾਇਤ ਵੱਲੋਂ ਪਿੰਡ ਵਿੱਚ ਲੋਕਾਂ ਦਾ ਘਰ ਘਰ ਜਾ ਕੇ ਧੰਨਵਾਦ ਕਰਨ ਦੇ ਲਈ ਧੰਨਵਾਦੀ ਦੌਰਾ ਕੀਤਾ ਗਿਆ। ਲੋਕਾਂ ਵੱਲੋਂ ਨਵੇਂ ਚੁਣੀ ਗਈ ਪੰਚਾਇਤ ਦਾ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਬੀਬੀ ਹਰਜੀਤ ਕੌਰ ਨੇ ਕਿਹਾ ਕਿ ਉਹ ਸਮੁਚੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਨਾਲ ਪਿੰਡ ਦੇ ਵਿਕਾਸ ਕਾਰਜਾਂ ਕਰਾਂਗੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਦੀਦਾਰ ਸਿੰਘ, ਰਾਜਵੀਰ ਸਿੰਘ, ਤਰਸੇਮ ਸਿੰਘ, ਰਣਧੀਰ ਸਿੰਘ ਫੋਜੀ, ਹਰਬੰਸ ਸਿੰਘ ਫੋਜੀ, ਕਾਮਰੇਡ ਇੰਦਰਜੀਤ ਸਿੰਘ ਛੰਨਾ, ਸੁੱਖੀ ਛੰਨਾਂ, ਗੁਰਮੇਲ ਸਿੰਘ ਰੰਗੀਲਾ, ਨਿਰਮਲ ਸਿੰਘ, ਅਮਲੋਕ ਸਿੰਘ, ਡਾਕਟਰ ਮਨਦੀਪ ਸਿੰਘ, ਨਰੰਜਣ ਸਿੰਘ, ਮਹਿੰਦਰ ਸਿੰਘ, ਰੂਪ ਸਿੰਘ, ਪਰਮਜੀਤ ਸਿੰਘ ਗੱਗੀ, ਮੁਖਤਿਆਰ ਸਿੰਘ ਫੋਜੀ, ਸੁਖਚੈਨ ਸਿੰਘ ਚੈਨਾ, ਗੁਲਜਾਰ ਸਿੰਘ, ਦਰਸਨ ਸਿੰਘ ਅਤੇ ਸਮੂਹ ਨਗਰ ਨਿਵਾਸੀ ਮੌਜੂਦ ਸਨ।

## ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਮਾਜ ਲਈ ਚਾਨਣ-ਮੁਨਾਰਾ : ਡਾ. ਬਲਬੀਰ ਸਿੰਘ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੇ ਪਵਿੱਤਰ ਦਿਹਾੜੇ 'ਤੇ ਸਭ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਮਾਜ ਲਈ ਚਾਨਣ ਮੁਨਾਰੇ ਵਰਗੀਆਂ ਹਨ, ਜੋ ਸਮਾਜ ਨੂੰ ਸਦੀਆਂ ਤੋਂ ਸੇਧ ਦਿੰਦੀਆਂ ਆ ਰਹੀਆਂ ਹਨ। ਉਹ ਪਟਿਆਲਾ ਦੇ ਪੀ.ਐਮ.ਡਬਲਿਊ ਵਿਖੇ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਕਰਾਏ ਸਮਾਗਮ ਵਿੱਚ ਸ਼ਿਰਕਤ ਕਰ ਰਹੇ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸੰਸਕ੍ਰਿਤ ਦੇ ਪਹਿਲੇ ਕਵੀ ਭਗਵਾਨ ਵਾਲਮੀਕਿ ਜੀ ਦੀ ਅਮਰ ਰਚਨਾ ਮਹਾਨ ਮਹਾਂਕਾਵਿ ਰਾਮਾਇਣ ਰਹਿੰਦੀ ਦੁਨੀਆ ਤੱਕ ਲੁਕਾਈ ਨੂੰ ਸੱਚ ਦਾ ਰਾਹ ਦਿਖਾਉਂਦੀ ਰਹੇਗੀ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਨੇ ਆਪਣੀਆਂ ਰਚਨਾਵਾਂ ਰਾਹੀਂ ਮਨੁੱਖਤਾ ਨੂੰ ਨੈਤਿਕ ਕਦਰਾਂ-ਕੀਮਤਾਂ ਤੇ ਮਾਨਵਤਾ ਦੀ ਭਲਾਈ ਦਾ ਰਸਤਾ ਦਿਖਾਉਂਦੇ ਨਿਰੋਏ ਸਮਾਜ ਦੀ ਸਿਰਜਣਾ 'ਚ ਅਹਿਮ ਭੂਮਿਕਾ ਨਿਭਾਈ ਹੈ। ਡਾ. ਬਲਬੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਭਗਵਾਨ ਵਾਲਮੀਕਿ ਜੀ ਦਾ ਤਪ ਸਥਾਨ ਪੰਜਾਬ ਵਿੱਚ ਹੈ।

## ਭਗਵਾਨ ਵਾਲਮੀਕੀ ਜੀ ਦਾ ਪ੍ਰਗਟ ਦਿਵਸ ਸ਼ਰਧਾ ਤੇ ਉਤਸਾਹ ਨਾਲ ਮਨਾਇਆ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫ਼ਰੀਦ ਜੀ ਦੀ ਚਰਨਛੋਹ ਧਰਤੀ ਵਿਖੇ ਕਰੁਣਾਸਾਗਰ ਭਗਵਾਨ ਵਾਲਮੀਕੀ ਜੀ ਮਹਾਰਾਜ ਦਾ ਪਵਿੱਤਰ ਦਿਹਾੜਾ (ਪ੍ਰਗਟ ਦਿਵਸ) ਬਹੁਤ ਹੀ ਸ਼ਰਧਾ, ਉਤਸ਼ਾਹ ਅਤੇ ਧੂਮ ਧਾਮ ਨਾਲ ਸਾਰੇ ਹੀ ਨਗਰ ਨਿਵਾਸੀਆਂ ਵੱਲੋਂ ਸਾਂਝੇ ਤੌਰ 'ਤੇ ਮਨਾਇਆ ਗਿਆ। ਡਾ. ਜੀਤੇਂਦਰ ਕੁਮਾਰ ਹੰਸ, ਜ਼ਿਲ੍ਹਾ ਜਨਰਲ ਸਕੱਤਰ, ਭਾਵਾਧਸ ਨੇ ਦੱਸਿਆ ਕਿ ਭਾਰਤੀਯ ਵਾਲਮੀਕੀ ਧਰਮ ਸਮਾਜ, ਭਾਵਾਧਸ, ਜ਼ਿਲ੍ਹਾ ਸੰਗਠਨ ਦੀ ਸਮੁੱਚੀ ਟੀਮ ਵੱਲੋਂ ਵੀਰਸ੍ਰੇਸ਼ਟ ਓਮ ਪ੍ਰਕਾਸ਼ ਬੋਹਤ, ਆਲ ਇੰਡੀਆ ਜਨਰਲ ਸਕੱਤਰ, ਭਾਵਾਧਸ, ਭਾਰਤ ਦੀ ਯੋਗ ਅਗਵਾਈ ਹੇਠ ਲੱਡੂਆਂ ਦਾ ਇੱਕ ਵਿਸ਼ਾਲ ਲੰਗਰ ਭਗਵਾਨ ਵਾਲਮੀਕੀ ਜੀ ਮਹਾਰਾਜ ਦੀ ਪਾਵਨ ਪਵਿੱਤਰ ਪ੍ਰਗਟ ਦਿਵਸ ਨੂੰ ਸਮਰਪਤ ਕਰਦੇ ਹੋਏ ਲਾਇਆ ਗਿਆ। ਲੱਡੂਆਂ ਦੇ ਇਸ ਲੰਗਰ ਦੀ ਪ੍ਰਧਾਨਗੀ ਵੀਰ ਕਿਸ਼ੋਰ ਨਾਗਵੰਸ, ਜ਼ਿਲ੍ਹਾ ਪ੍ਰਧਾਨ, ਭਾਵਾਧਸ, ਫ਼ਰੀਦਕੋਟ ਤੇ ਡਾ. ਜੀਤੇਂਦਰ ਕੁਮਾਰ ਹੰਸ, ਜ਼ਿਲ੍ਹਾ ਜਨਰਲ ਸਕੱਤਰ, ਭਾਵਾਧਸ ਵੱਲੋਂ ਕੀਤਾ ਗਿਆ। ਇਸ ਮੌਕੇ ਭਗਵਾਨ ਵਾਲਮੀਕੀ ਜੀ ਮਹਾਰਾਜ ਦੇ ਪਾਵਨ ਪਵਿੱਤਰ ਪ੍ਰਗਟ ਦਿਵਸ ਨੂੰ ਸਮਰਪਤ ਸ਼ਹਿਰ ਵਿੱਚੋਂ ਬਹੁਤ ਹੀ ਸੋਹਣੀਆਂ ਝਾਕੀਆਂ ਕੱਢੀਆਂ ਗਈਆਂ। ਇਸ ਮੌਕੇ ਸਾਰੇ ਹੀ ਸਤਿਕਾਰਯੋਗ ਬੁਲਾਰਿਆਂ ਨੇ ਬੋਲਦੇ ਹੋਏ ਸ੍ਰਿਸਟੀਕਰਤਾ, ਕਰੁਣਾਸਾਗਰ, ਭਗਵਾਨ ਵਾਲਮੀਕੀ ਜੀ ਮਹਾਰਾਜ ਦੇ ਦਿਖਾਏ ਹੋਏ ਪਾਵਨ ਰਸਤੇ 'ਤੇ ਚੱਲਣ ਦੀ ਅਪੀਲ ਕੀਤੀ।

# ਭਗਵਾਨ ਵਾਲਮੀਕਿ ਪ੍ਰਗਟ ਦਿਵਸ ਮੌਕੇ ਸ਼ੋਭਾ ਯਾਤਰਾ ਸਜਾਈ

### ਵਿਧਾਇਕ ਦਿਆਲਪੁਰਾ, ਰਾਜਾ ਗਿੱਲ, ਪਰਮਜੀਤ ਢਿੱਲੋਂ ਨੇ ਕੀਤੀ ਸ਼ਮੂਲੀਅਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਮਾਛੀਵਾੜਾ ਵਿਖੇ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਭਗਵਾਨ ਵਾਲਮੀਕਿ ਮੰਦਰ ਕਮੇਟੀ ਵੱਲੋਂ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ। ਸਵੇਰੇ ਭਗਵਾਨ ਵਾਲਮੀਕਿ ਜੀ ਦੇ ਮੰਦਰ ਵਿੱਚ ਹਵਨ ਯੱਗ, ਪੂਜਾ ਅਰਚਨਾ ਉਪਰੰਤ ਸ਼੍ਰੀ ਰਮਾਇਣ ਜੀ ਦੇ ਪਾਠਾਂ ਦੇ ਭੋਗ ਵੀ ਪਾਏ ਗਏ। ਕਮੇਟੀ ਦੇ ਉੱਪ ਪ੍ਰਧਾਨ ਜਤਿੰਦਰ ਬਾਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਸ਼ਾਲ ਸ਼ੋਭਾ ਯਾਤਰਾ, ਜੋ ਕਿ ਭਗਵਾਨ ਵਾਲਮੀਕਿ ਮੰਦਰ ਤੋਂ ਆਰੰਭ ਹੋ ਕੇ ਪੂਰੇ ਸ਼ਹਿਰ ਦੀ ਪ੍ਰੀਕਰਮਾ ਕਰਨ ਉਪਰੰਤ ਮੰਦਰ ਵਿਖੇ ਆ ਕੇ ਹੀ ਸਮਾਪਤ ਹੋਈ। ਸ਼ੋਭਾ ਯਾਤਰਾ 'ਚ ਸ਼ਾਮਲ ਸੰਗਤਾਂ ਲਈ ਵੱਖ-ਵੱਖ ਥਾਵਾਂ 'ਤੇ ਲੰਗਰ ਲਗਾਏ ਗਏ ਅਤੇ ਭਜਨ ਮੰਡਲੀਆਂ ਨੇ ਭਗਵਾਨ ਵਾਲਮੀਕਿ ਜੀ ਦੀ ਮਹਿਮਾ ਦਾ ਗੁਣਗਾਣ ਕੀਤਾ। ਅੱਜ ਮੰਦਰ ਵਿਖੇ ਲੰਗਰ ਤੇ ਝੰਡਾ ਚੜ੍ਹਾਉਣ ਦੀ ਰਸਮ ਹਲਕਾ ਇੰਚਾਰਜ ਕਾਂਗਰਸ ਰੁਪਿੰਦਰ ਸਿੰਘ ਰਾਜਾ ਗਿੱਲ, ਸ਼੍ਰੋਮਣੀ ਅਕਾਲੀ ਦੇ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਨੇ ਸੰਯੁਕਤ ਰੂਪ ਵਿੱਚ ਕੀਤੀ। ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਸ਼ੋਭਾ ਯਾਤਰਾ ਵਿੱਚ ਸ਼ਮੂਲੀਅਤ ਕਰ ਭਗਵਾਨ ਵਾਲਮੀਕਿ ਜੀ ਦਾ ਆਸ਼ੀਰਵਾਦ ਲਿਆ ਤੇ ਸੰਗਤਾਂ ਨੂੰ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਜਥੇਦਾਰ ਜਸਮੇਲ ਬੌਂਦਲੀ, ਆੜ੍ਹਤੀ ਐਸੋ. ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਕੌਂਸਲਰ ਕਪਿਲ ਆਨੰਦ, ਬਲਾਕ ਸੰਮਤੀ ਮੈਂਬਰ ਹਰਜੋਤ ਸਿੰਘ ਮਾਂਗਟ, ਨਰਿੰਦਰ ਸਿੰਘ ਮਾਂਗਟ, ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਬਲਾਕ ਪ੍ਰਧਾਨ ਪ੍ਰਮਿੰਦਰ ਤਿਵਾੜੀ, ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਜਸਪਾਲ ਜੱਜ, ਪ੍ਰਧਾਨ ਨੰਦ ਕਿਸ਼ੋਰ, ਮਨਜੀਤ ਸਿੰਘ ਮੱਕੜ, ਐਡਵੋਕੇਟ ਗੁਰਜੀਤ ਸਿੰਘ ਮਿੱਠੇਵਾਲ, ਅਰਵਿੰਦਰਪਾਲ ਵਿੱਕੀ, ਬਲਵਿੰਦਰ ਸਿੰਘ ਬਿੰਦਰ ਤੇ ਪ੍ਰਬੰਧਕਾਂ 'ਚ ਮੁੱਖ ਸਰਪ੍ਰਸਤ ਰਾਜ ਕੁਮਾਰ ਘਾਰੂ, ਪ੍ਰਧਾਨ ਸ਼ਿਵ ਬਾਲੀ, ਜਤਿੰਦਰ ਬਾਲੀ, ਦੇਵਰਾਜ ਬਾਲੀ, ਜਨਰਲ ਸਕੱਤਰ ਗੌਰਵ ਬਾਲੀ ਜੇ.ਈ., ਕੈਸ਼ੀਅਰ ਭੂਸ਼ਨ ਲਾਲ, ਸਾਬਕਾ ਕੌਂਸਲਰ ਮੰਗਤ ਰਾਏ, ਰਾਜਿੰਦਰ ਪਾਲ, ਸੁਰਿੰਦਰ ਬਾਲੀ, ਸ਼ਨੀ ਵੈਦ, ਹਰਸ਼ ਪਾਮੇ, ਅਸ਼ੋਕ ਬੱਗਣ, ਜਗਜੀਤ ਸਿੰਘ ਅਟਵਾਲ, ਲਾਲੀ ਵੈਦ, ਸੱਤਪਾਲ ਪਾਮੇ, ਪਾਰਸ ਬਾਲੀ ਆਦਿ ਮੌਜੂਦ ਸਨ।

## ਕਿਸਾਨਾਂ-ਆੜ੍ਹਤੀਆਂ ਦੇ ਪੱਕੇ ਮੋਰਚੇ ਦੀ ਹਮਾਇਤ ਦਾ ਐਲਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਅਜ਼ਾਦ ਸਮਾਜ ਪਾਰਟੀ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਮੰਡੀਆਂ ਵਿੱਚ ਝੋਨੇ ਦੀ ਸ਼ੁਰੂ ਕਰਾਉਣ ਲਈ 18 ਅਕਤੂਬਰ ਤੋਂ ਕਿਸਾਨਾਂ, ਆੜਤੀਏ, ਸ਼ੈਲਰ ਮਾਲਕਾਂ ਵੱਲੋਂ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਪੱਕੇ ਮੋਰਚੇ ਦੀ ਹਮਾਇਤ ਦਾ ਐਲਾਨ ਕੀਤਾ ਹੈ।ਕੇਂਦਰ ਤੇ ਪੰਜਾਬ ਸਰਕਾਰ ਤੋਂ ਝੋਨੇ ਦੀ ਤੁਰੰਤ ਖਰੀਦ ਸ਼ੁਰੂ ਕਰਨ ਤੇ ਗੁਦਾਮਾਂ 'ਚ ਪਿਆ ਅਨਾਜ ਤੁਰੰਤ ਚੱਕਣ ਦੀ ਮੰਗ ਵੀ ਕੀਤੀ ਹੈ।ਆਜ਼ਾਦ ਸਮਾਜ ਪਾਰਟੀ ਕਾਂਸ਼ੀਰਾਮ ਦੇ ਪੰਜਾਬ ਇੰਚਾਰਜ ਹਿਤੇਸ਼ ਮਾਹੀ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਆਜ਼ਾਦ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓ ਨੇ ਕਿਹਾ ਕਿ ਪੰਜਾਬ ਦੇ ਗੁਦਾਮਾਂ ਵਿੱਚੋਂ ਪਿਆ ਅਨਾਜ਼ ਨਾ ਚੁੱਕਣਾ ਤੇ ਮੰਡੀਆਂ ਵਿਚ ਆ ਰਹੇ ਝੋਨੇ ਦੀ ਖਰੀਦ ਸ਼ੁਰੂ ਨਾ ਕਰਨਾ ਤੋਂ ਸਾਫ਼ ਹੈ ਕਿ ਮੁੱਖ ਮੰਤਰੀ ਮਾਨ ਤੇ ਪ੍ਰਧਾਨ ਮੰਤਰੀ ਮੋਦੀ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਪ੍ਰਤੀ ਗੰਭੀਰ ਨਹੀਂ ਹਨ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਨਾ ਕਰਨਾ ਭਾਜਪਾ ਦੇ ਕਿਸਾਨ ਪੱਖੀ ਝੂਠੇ ਦਾਅਵਿਆਂ ਦੀ ਮੂੰਹ ਬੋਲਦੀ ਤਸਵੀਰ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਕੇਂਦਰ ਕੋਲ ਪੰਜਾਬ ਤੇ ਕਿਸਾਨਾਂ, ਮਜ਼ਦੂਰਾਂ ਦੇ ਮਸਲਿਆਂ ਨੂੰ ਹੱਲ ਕਰਾਉਣ ਦੀ ਥਾਂ ਕੇਜਰੀਵਾਲ ਦੀ ਸੇਵਾ ਵਿਚ ਲੱਗਾ ਹੋਇਆ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਨੂੰ ਖੱਜਲ ਖੁਆਰ ਕਰਕੇ ਭਾਜਪਾ ਦਾ 2027 ਮਿਸ਼ਨ ਪੂਰਾ ਨਹੀਂ ਹੋ ਸਕਦਾ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਦੇ ਨਾਲ ਲੱਖਾਂ ਮੰਡੀ ਮਜ਼ਦੂਰ ਤੇ ਪੱਲੇਦਾਰ ਦੇ ਰੁਜ਼ਗਾਰ ਵੀ ਪ੍ਰਭਾਵਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਕਰਾਉਣ ਲਈ ਮਜ਼ਦੂਰ ਵੀ ਕਿਸਾਨਾਂ, ਆੜਤੀਆਂ, ਸ਼ੈਲਰ ਮਾਲਕਾਂ ਦੇ ਸੰਘਰਸ਼ 'ਚ ਸ਼ਾਮਲ ਹੋਣਗੇ।

## ਸ਼ੁਤਰਾਣਾ ਵਿਖੇ ਦੁਕਾਨ ਨੂੰ ਲੱਗੀ ਅੱਗ, ਲੱਖਾਂ ਦਾ ਨੁਕਸਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਕਸਬਾ ਸ਼ੁਤਰਾਣਾ ਵਿਖੇ ਬੀਤੀ ਦੇਰ ਸ਼ਾਮ ਇੱਕ ਦੁਕਾਨ ਵਿੱਚ ਅੱਗ ਲੱਗ ਗਈ, ਜਿਸ ਨਾਲ ਦੁਕਾਨ 'ਚ ਪਿਆ ਲੱਖਾਂ ਰੁਪਏ ਦਾ ਸਾਮਾਨ ਸੜ ਕੇ ਸੁਆਹ ਹੋ ਗਿਆ ਹੈ।ਅੱਗ ਲੱਗਣ ਦੀ ਖ਼ਬਰ ਮਿਲਦਿਆਂ ਹੀ ਫਾਇਰ ਬ੍ਰਿਗੇਡ ਦੀ ਗੱਡੀ ਮੌਕੇ 'ਤੇ ਪਹੁੰਚੀ ਅਤੇ ਲੋਕਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ, ਪਰ ਉਦੋਂ ਤੱਕ ਦੁਕਾਨ ਵਿੱਚ ਪਿਆ ਸਾਮਾਨ ਸੜ ਚੁੱਕਾ ਸੀ।ਦੁਕਾਨ ਦੇ ਮਾਲਕ ਰਿੰਕੂ ਰਾਮ ਨੇ ਦੱਸਿਆ ਕਿ ਉਸ ਦੀ ਦੁਕਾਨ ਵਿੱਚ ਮੋਟਰਸਾਈਕਲਾਂ ਦਾ ਸਪੇਅਰ ਪਾਰਟਸ, ਨਵੇਂ ਟਾਇਰ, ਹਵਾ ਵਾਲਾ ਟੈਂਕ ਤੇ 3 ਮੋਟਰਸਾਈਕਲ ਅੰਦਰ ਪਏ ਸੀ, ਜੋ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਏ ਹਨ।ਅੱਗ ਲੱਗਣ ਨਾਲ ਉਸ ਦਾ ਲਗਭਗ 10 ਲੱਖ ਰੁਪਏ ਦਾ ਨੁਕਸਾਨ ਹੋ ਗਿਆ ਹੈ। ਪੀੜਤ ਦੁਕਾਨਦਾਰ ਤੇ ਪਿੰਡ ਵਾਸੀਆਂ ਨੇ ਉੱਚ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਅੱਗ ਨਾਲ ਹੋਏ ਨੁਕਸਾਨ ਦਾ ਬਣਦਾ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਕਤ ਦੁਕਾਨਦਾਰ ਦਾ ਰੁਜ਼ਗਾਰ ਚੱਲ ਸਕੇ।

## ਦਰਸ਼ਨ ਸਿੰਘ ਨੰਬਰਦਾਰ ਗੋਬਿੰਦ ਨਗਰ ਕੁਲਾਰਾਂ ਦੇ ਸਰਪੰਚ ਬਣੇ

**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਬਲਾਕ ਸਮਾਣਾ ਦੀਆਂ ਪੰਚਾਇਤੀ ਚੋਣਾਂ ਸ਼ਾਂਤੀਪੂਰਵਕ ਨੇਪਰੇ ਚੜ੍ਹੀਆਂ।ਸਮਾਣਾ ਬਲਾਕ ਦੇ ਪਿੰਡ ਗੋਬਿੰਦ ਨਗਰ ਕੁਲਾਰਾਂ ਦੇ ਦਰਸ਼ਨ ਸਿੰਘ ਨੰਬਰਦਾਰ ਚੋਣ ਜਿੱਤ ਕੇ ਸਰਪੰਚ ਬਣੇ। ਇਨ੍ਹਾਂ ਨਾਲ ਹਰਿੰਦਰਜੀਤ ਸਿੰਘ, ਜਗਸੀਰ ਸਿੰਘ, ਹਰਜਿੰਦਰ ਸਿੰਘ, ਰੁਪਿੰਦਰ ਕੌਰ, ਕੁਲਦੀਪ ਕੌਰ ਵੀ ਚੋਣ ਜਿੱਤ ਕੇ ਮੈਂਬਰ ਚੁਣੇ ਗਏ।ਸਰਪੰਚ ਦਰਸ਼ਨ ਸਿੰਘ ਲੰਬੜਦਾਰ ਨੇ ਆਪਣੇ ਵਿਰੋਧੀ ਉਮੀਦਵਾਰ ਨੂੰ ਵੱਡੇ ਫਰਕ ਨਾਲ ਹਰਾਇਆ ਹੈ।ਦਰਸ਼ਨ ਸਿੰਘ ਲੰਬੜਦਾਰ ਦੇ ਸਰਪੰਚ ਬਣਨ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਨਵੇਂ ਬਣੇ ਸਰਪੰਚ ਦਰਸ਼ਨ ਸਿੰਘ ਲੰਬੜਦਾਰ ਨੇ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਸਿਰ ਤੋੜ ਯਤਨ ਕਰਨਗੇ ਤੇ ਬਿਨਾਂ ਕਿਸੇ ਭਿੰਨ-ਭੇਦ ਦੇ ਪਿੰਡ ਤੇ ਹਰੇਕ ਵਰਗ ਦੇ ਲੋਕਾਂ ਦੇ ਕੰਮ ਕਰਨਗੇ।ਇਸ ਮੌਕੇ ਨਗਰ ਕੌਂਸਲ ਸਮਾਣਾ ਤੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ, ਭੂਰਾ ਸਿੰਘ ਸਾਬਕਾ ਡਾਇਰੈਕਟਰ, ਜਗਮਾਲ ਸਿੰਘ, ਤਲਵਿੰਦਰ ਸਿੰਘ ਨੰਬਰਦਾਰ ਤੇ ਗੁਰਧਿਆਨ ਸਿੰਘ ਆਦਿ ਹਾਜ਼ਰ ਸਨ।



## ਮੋਟਰਸਾਈਕਲ 'ਤੇ ਆਉਂਦਾ ਨੌਜਵਾਨ ਨਹਿਰ 'ਚ ਡਿੱਗਿਆ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਧੂਰੀ-ਬਰਨਾਲਾ ਸੜਕ 'ਤੇ ਸਥਿਤ ਪਿੰਡ ਰਣੀਕੇ ਵਿਖੇ ਲੰਘਦੀ ਨਹਿਰ ਦੇ ਪੁਲ ਉਪਰੋਂ ਟੁੱਟਿਆ ਜੰਗਲਾ ਤੇ ਰੇਲਿੰਗ ਲੋਕਾਂ ਦੀ ਜਾਨ ਦਾ ਖੌਅ ਬਣਦਾ ਜਾ ਰਿਹਾ ਹੈ। ਰੇਲਿੰਗ ਨਾ ਹੋਣ ਕਾਰਨ ਨੇੜਲੇ ਪਿੰਡ ਦਾ ਮੋਟਰਸਾਈਕਲ 'ਤੇ ਆ ਰਿਹਾ ਨੌਜਵਾਨ ਇਸ ਨਹਿਰ ਵਿੱਚ ਜਾ ਡਿੱਗਿਆ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਅਤੇ ਹਲਕਾ ਧੂਰੀ ਤੋਂ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਕਿਹਾ ਕਿ 24 ਘੰਟੇ ਚੱਲਣ ਵਾਲੀ ਇਸ ਸੜਕ 'ਤੇ ਰੋਜ਼ਾਨਾ ਹਜ਼ਾਰਾਂ ਲੋਕ ਅਤੇ ਸੈਂਕੜੇ ਵਹੀਕਲ ਲੰਘਦੇ ਹਨ, ਪਰ ਵੱਡੀ ਨਹਿਰ ਦੇ ਪੁਲ 'ਤੇ ਰੇਲਿੰਗ ਨਾ ਹੋਣਾ ਜਿੱਥੇ ਪ੍ਰਸ਼ਾਸਨ ਦੀ ਅਣਗਿਹਲੀ ਦਰਸਾਉਂਦਾ ਹੈ, ਉਥੇ ਲੋਕਾਂ ਨੂੰ ਇਸ ਅਣਗਿਹਲੀ ਕਾਰਨ ਆਪਣੀ ਜਾਨ ਤੋਂ ਹੱਥ ਧੋਣਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਪੁਲ 'ਤੇ ਰੇਲਿੰਗ ਨਾ ਹੋਣ ਕਾਰਨ ਪਿੰਡ ਸੁਲਤਾਨਪੁਰ ਦਾ ਇੱਕ ਨੌਜਵਾਨ ਇਸ ਨਹਿਰ ਵਿੱਚ ਜਾ ਡਿੱਗਿਆ।ਉਹ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਕਰਨਗੇ ਅਤੇ ਜੇਕਰ ਪ੍ਰਸ਼ਾਸਨ ਨੇ ਇਸ ਵੱਲ ਧਿਆਨ ਨਾ ਦਿੱਤਾ ਤਾਂ ਉਹ ਧਰਨਾ, ਪ੍ਰਦਰਸ਼ਨ ਕਰਨ ਤੋਂ ਗੁਰੇਜ਼ ਨਹੀਂ ਕਰਨਗੇ।

## ਬੁਢਲਾਡਾ ਬਲਾਕ 'ਚ ਆਮ ਆਦਮੀ ਪਾਰਟੀ ਦੀ ਚੜ੍ਹਤ : ਬੁੱਧ ਰਾਮ



**ਬੁਢਲਾਡਾ (ਅਸ਼ੋਕ ਲਾਕੜਾ)**

ਪਿੰਡ ਦੀ ਪੰਚਾਇਤ ਲੋਕਤੰਤਰ ਦਾ ਥੰਮ ਹੁੰਦੀ ਹੈ, ਜਿਸ ਦੀ ਚੋਣ ਹਰੇਕ ਪਿੰਡ ਦੇ ਵਸਨੀਕ ਪਿੰਡ ਦੀ ਤਰੱਕੀ ਲਈ ਆਪਣੀ ਸੂਝ-ਬੂਝ ਨਾਲ ਚੰਗੇ ਇਨਸਾਨ ਨੂੰ ਚੁਣ ਕੇ ਅੱਗੇ ਲਿਆਉਂਦੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰਿੰਸੀਪਲ ਬੁੱਧ ਰਾਮ ਐਮ.ਐਲ.ਏ.ਹਲਕਾ ਬੁਢਲਾਡਾ ਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਨੇ ਹਲਕੇ ਦੀਆਂ ਜੇਤੂ ਪੰਚਾਇਤਾਂ ਨੂੰ ਵਧਾਈ ਦਿੰਦਿਆਂ ਸਾਂਝਾ ਕੀਤਾ।ਉਨ੍ਹਾਂ ਆਪਣੇ ਦਫ਼ਤਰ ਵਿੱਚ ਹਲਕੇ ਦੀਆਂ ਜੇਤੂ ਪੰਚਾਇਤਾਂ ਦੇ ਮੈਂਬਰਾਂ/ਸਰਪੰਚਾਂ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਪਿੰਡ ਤਰੱਕੀ ਲਈ ਕੰਮ ਕਰਨ ਦੀ ਪ੍ਰੇਰਣਾ ਦਿੱਤੀ ਅਤੇ ਵਿਕਾਸ ਕਾਰਜਾਂ ਨੂੰ ਤਰਜੀਹ ਦੇਣ ਲਈ ਕਿਹਾ।ਉਨ੍ਹਾਂ ਦੱਸਿਆ ਕਿ ਬਲਾਕ ਬੁਢਲਾਡਾ ਦੀਆਂ 85 ਪੰਚਾਇਤਾਂ 'ਚੋਂ ਪਹਿਲਾਂ ਸਰਬਸੰਮਤੀ ਨਾਲ 17 ਪੰਚਾਇਤਾਂ ਦੀ ਚੋਣ ਹੋ ਚੁੱਕੀ ਹੈ।ਹੁਣ ਬਾਕੀ ਪੰਚਾਇਤਾਂ ਦੀ ਹੋਈ ਚੋਣ ਵਿੱਚੋਂ ਆਮ ਆਦਮੀ ਪਾਰਟੀ ਨਾਲ ਸਬੰਧਤ ਸਰਪੰਚ ਮੈਂਬਰ ਵੱਡੀ ਗਿਣਤੀ ਵਿੱਚ ਜੇਤੂ ਰਹੇ ਹਨ ।90% ਪੰਚਾਇਤਾਂ ਆਮ ਆਦਮੀ ਪਾਰਟੀ ਨਾਲ ਸਬੰਧਤ ਹਨ।ਇਨ੍ਹਾਂ ਵਿੱਚੋਂ ਪ੍ਰਮੁੱਖ ਪਿੰਡ ਅੱਕਾਂਵਾਲੀ, ਬਰ੍ਹੇ, ਬਹਾਦਰਪੁਰ, ਕਿਸ਼ਨਗੜ੍ਹ ਸੇਢਾ ਸਿੰਘ, ਸੇਖੂਪੁਰ ਖੁਡਾਲ, ਦਿਆਲਪੁਰਾ, ਮੰਢਾਲੀ, ਮੱਲ ਸਿੰਘ ਵਾਲਾ, ਜੋਈਆਂ, ਕਣਕਵਾਲ ਚਹਿਲਾਂ, ਰੰਘੜਿਆਲ, ਬੋੜਾਵਾਲ, ਆਲਮਪੁਰ ਮੰਦਰਾਂ ਆਦਿ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਨਾਲ ਸਬੰਧਤ ਸਰਪੰਚ ਮੈਂਬਰ ਆਪਣੇ ਵਿਰੋਧੀ ਮੈਂਬਰਾਂ ਨੂੰ ਪਛਾੜ ਕੇ ਵਧੀਆ ਲੀਡ ਨਾਲ ਜਿੱਤੇ ਹਨ।ਇਸ ਮੌਕੇ ਦਫ਼ਤਰ 'ਚ ਮੌਜੂਦ ਮਾਨਸਾ ਜਿਲ੍ਹੇ ਦੇ ਪ੍ਰਧਾਨ ਅਤੇ ਪਲਾਨਿੰਗ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਨੇ ਬੁਢਲਾਡਾ ਹਲਕੇ ਦੀਆਂ ਚੁਣੀਆਂ ਪੰਚਾਇਤਾਂ ਨੂੰ ਵਧਾਈ ਦਿੰਦਿਆਂ ਪਿੰਡਾਂ ਦੇ ਵਿਕਾਸ ਨੂੰ ਤੋਰਨ ਦੀ ਗੱਲ ਆਖੀ। ਅਮਨ-ਸ਼ਾਂਤੀ ਨਾਲ ਚੋਣਾਂ ਮੁਕੰਮਲ ਹੋਣ ਲਈ ਬਲਾਕ ਬੁਢਲਾਡਾ ਤੇ ਜ਼ਿਲ੍ਹਾ ਮਾਨਸਾ ਦੇ ਲੋਕਾਂ ਦਾ ਧੰਨਵਾਦ ਵੀ ਕੀਤਾ।

## ਆਈ ਐੱਸ ਐੱਫ ਕਾਲਜ 'ਚ ਅੰਤਰਰਾਸ਼ਟਰੀ ਬਾਲੜੀ ਦਿਵਸ ਮਨਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਸੂਬੇ ਦੀ ਪ੍ਰਮੁੱਖ ਵਿਦਿਅਕ ਸੰਸਥਾ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਵਿਖੇ ਅੰਤਰਰਾਸ਼ਟਰੀ ਬਾਲੜੀ ਦਿਵਸ ਮਨਾਇਆ ਗਿਆ। ਕੋਆਰਡੀਨੇਟਰ ਡਾ. ਕਾਮਿਆ ਗੋਇਲ ਨੇ ਦੱਸਿਆ ਕਿ ਇਸ ਦੌਰਾਨ ਇੱਕ ਪੋਸਟਰ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਪੋਸਟਰ ਦਾ ਮੁਲਾਂਕਣ ਡਾ: ਸੰਤ ਕੁਮਾਰ ਵਰਮਾ, ਡਾ: ਬਾਲਕ ਦਾਸ ਤੇ ਡਾ. ਸ਼ੁਭਮ ਠਾਕੁਰ ਨੇ ਕੀਤਾ। ਸੰਸਥਾ ਦੇ ਡਾਇਰੈਕਟਰ ਡਾ. ਜੀ. ਡੀ. ਗੁਪਤਾ, ਆਈ.ਐਸ.ਐਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਨੇ ਪੋਸਟਰ ਸੈਕਸ਼ਨ ਦਾ ਦੌਰਾ ਕੀਤਾ ਤੇ ਵਿਦਿਆਰਥੀਆਂ ਤੋਂ ਸਵਾਲ-ਜਵਾਬ ਕੀਤੇ। ਵਿਦਿਆਰਥੀਆਂ ਦੇ ਪੋਸਟਰਾਂ ਵਿੱਚ ਇਹ ਬਹੁਤ ਹੀ ਸੁਚੱਜੇ ਢੰਗ ਨਾਲ ਸਮਝਾਇਆ ਗਿਆ ਸੀ ਕਿ ਭਾਰਤ ਸਰਕਾਰ ਅਤੇ ਰਾਜ ਸਰਕਾਰਾਂ ਨੂੰ ਸਮਾਜ ਵਿੱਚ ਛੋਟੀ ਉਮਰ ਦੀਆਂ ਲੜਕੀਆਂ ਨਾਲ ਹੋ ਰਹੇ ਅੱਤਿਆਚਾਰਾਂ 'ਤੇ ਜਲਦੀ ਕਾਰਵਾਈ ਕਰਨ ਦੀ ਲੋੜ ਹੈ। ਜਿਸ ਤਰ੍ਹਾਂ 'ਬੇਟੀ ਬਚਾਓ-ਬੇਟੀ ਪੜ੍ਹਾਓ' ਦਾ ਨਾਅਰਾ ਲਗਾਇਆ ਗਿਆ ਸੀ, ਉਸੇ ਤਰ੍ਹਾਂ ਇਸ ਲਈ ਵੀ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਦੀ ਲੋੜ ਹੈ। ਪੋਸਟਰ ਮੁਕਾਬਲੇ ਵਿੱਚ ਅਕਸ਼ਿਤਾ ਗਰਗ ਪਹਿਲੇ, ਪ੍ਰਾਚੀ ਤੇ ਨੰਦਨੀ ਦੂਜੇ ਤੇ ਗੌਰਵ ਰਾਠੌਰ ਤੀਜੇ ਸਥਾਨ 'ਤੇ ਰਹੇ। ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ ਨੇ ਸਾਰੇ ਜੇਤੂਆਂ ਨੂੰ ਵਧਾਈ ਦਿੱਤੀ। ਕਾਮਿਆ ਗੋਇਲ ਨੇ ਇਸ ਮੌਕੇ ਸਭ ਦਾ ਧੰਨਵਾਦ ਕੀਤਾ।

## ਐੱਸ ਐੱਸ ਡੀ ਕਾਲਜ ਵਿਖੇ ਖੇਤਰੀ ਯੁਵਕ ਮੇਲੇ ਦਾ ਸੰਧਵਾਂ ਵੱਲੋਂ ਉਦਘਾਟਨ



**ਬਰਨਾਲਾ (ਰਾਜਿੰਦਰ ਬਰਾੜ)**

ਸਥਾਨਕ ਐੱਸ ਐੱਸ ਡੀ ਕਾਲਜ ਵਿਖੇ 'ਖੇਤਰੀ ਯੁਵਕ ਮੇਲਾ' ਪੂਰੀ ਧੂਮਧਾਮ ਨਾਲ ਸ਼ੁਰੂ ਹੋਇਆ, ਜਿਸ ਵਿੱਚ ਪੰਜਾਬੀ ਯੂਨਵਰਸਿਟੀ ਪਟਿਆਲਾ ਦੇ ਬਰਨਾਲਾ-ਮਲੇਰਕੋਟਲਾ ਜ਼ੋਨ ਦੇ ਕਰੀਬ 40 ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਆਪਣੀ ਕਲਾ ਦੇ ਜੌਹਰ ਦਿਖਾਏ ਜਾ ਰਹੇ ਹਨ।ਇਸ ਖੇਤਰੀ ਯੁਵਕ ਮੇਲੇ ਦਾ ਰਸਮੀ ਉਦਘਾਟਨ ਕਰਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਨੱਚਦਾ, ਟੱਪਦਾ, ਗਾਉਂਦਾ, ਗਿੱਧੇ ਭੰਗੜੇ ਪਾਉਂਦਾ ਪੰਜਾਬ ਹੀ ਅੱਗੇ ਵਧ ਸਕਦਾ ਹੈ।ਉਨ੍ਹਾ ਕਿਹਾ ਕਿ ਐੱਸ ਡੀ ਸਭਾ ਬਰਨਾਲਾ ਵੱਲੋਂ ਐੱਸ ਐੱਸ ਡੀ ਕਾਲਜ ਦੇ ਵਿਹੜੇ ਵਿੱਚ ਖੇਤਰੀ ਯੁਵਕ ਮੇਲੇ ਦੀ ਲੱਗੀਆਂ ਰੌਣਕਾਂ ਅੱਜ ਦੱਸ ਰਹੀਆਂ ਹਨ ਕਿ ਪੰਜਾਬ ਸਾਡਾ ਸਾਰਿਆਂ ਦਾ ਸਾਂਝਾ ਹੈ ਤੇ ਫਿਰਕੂ ਨਫਰਤ ਫੈਲਾਉਣ ਵਾਲਿਆਂ ਲਈ ਕੋਈ ਜਗ੍ਹਾ ਨਹੀਂ।ਉਨ੍ਹਾ ਕਿਹਾ ਕਿ ਪੰਜਾਬੀ ਕੌਮ ਨੇ ਸਦਾ ਸਰਬੱਤ ਦਾ ਭਲਾ ਮੰਗਿਆ ਹੈ, ਪਰ ਅੱਜ ਸਾਨੂੰ ਉਨ੍ਹਾਂ ਲੋਕਾਂ ਦੀ ਪਹਿਚਾਣ ਕਰਨੀ ਪਵੇਗੀ, ਜੋ ਸਾਡੇ ਸਤਿਕਾਰਯੋਗ ਤਖਤ ਸਾਹਿਬਾਨ ਦੇ ਜਥੇਦਾਰਾਂ ਪ੍ਰਤੀ ਵੀ ਮੰਦੀ ਸੋਚ ਰੱਖਦੇ ਹਨ।ਅਸੀਂ ਧਰਮਾਂ ਦਾ ਸਤਿਕਾਰ ਕਰਨ ਵਾਲੇ ਲੋਕ ਹਾਂ।ਸ੍ਰੀ ਸੰਧਵਾਂ ਨੇ ਖੁਸ਼ੀ ਪ੍ਰਗਟ ਕੀਤੀ ਕਿ ਐੱਸ ਐੱਸ ਡੀ ਕਾਲਜ ਬਰਨਾਲਾ ਮਾਂ ਬੋਲੀ ਪੰਜਾਬੀ ਪ੍ਰਤੀ ਬਹੁਤ ਸੰਜੀਦਾ ਹੈ, ਕਿਉਂਕਿ ਇਸ ਖੇਤਰੀ ਯੁਵਕ ਵਿੱਚ ਬੈਨਰਾਂ ਤੋਂ ਲੈ ਕੇ ਮਹਿਮਾਨਾਂ ਦੀਆਂ ਤਖਤੀਆਂ ਤੱਕ ਹਰ ਥਾਂ ਪੰਜਾਬੀ ਲਿਖੀ ਹੋਈ ਹੈ, ਜੋ ਅੱਜਕੱਲ੍ਹ ਘੱਟ ਹੀ ਦੇਖਣ ਨੂੰ ਮਿਲਦੀ।ਸ੍ਰੀ ਸੰਧਵਾਂ ਨੇ ਇਸ ਖੇਤਰੀ ਯੁਵਕ ਮੇਲੇ ਵਿੱਚ ਹਿੱਸਾ ਲੈ ਰਹੇ ਸਾਰੇ ਕਾਲਜਾਂ ਦੀਆਂ ਟੀਮਾਂ ਤੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਉਨ੍ਹਾਂ ਫਤਿਹਯਾਬ ਹੋਣ ਦਾ ਅਸ਼ੀਰਵਾਦ ਦਿੱਤਾ।

ਐੱਸ ਡੀ ਸਭਾ ਦੇ ਚੇਅਰਮੈਨ ਸ੍ਰੀ ਸ਼ਿਵਦਰਸ਼ਨ ਕੁਮਾਰ ਸ਼ਰਮਾ ਨੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਆਉਣ ਨਾਲ ਇਸ ਮੇਲੇ ਨੂੰ ਚਾਰ ਚੰਨ ਲੱਗ ਗਏ ਹਨ।ਐੱਸ ਡੀ ਸਭਾ ਦੇ ਜਨਰਲ ਸਕੱਤਰ ਸ੍ਰੀ ਸ਼ਿਵ ਸਿੰਗਲਾ ਨੇ ਸਪੀਕਰ ਸੰਧਵਾਂ ਤੇ ਆਏ ਹੋਏ ਹੋਰ ਮਹਿਮਾਨਾਂ ਨੂੰ ਜੀ ਆਇਆਂ ਨੂੰ ਆਖਦਿਆਂ ਕਿਹਾ ਕਿ ਨੌਜਵਾਨਾਂ ਦੇ ਇਸ ਉਤਸਵ ਵਿੱਚ ਉਨ੍ਹਾਂ ਦੀ ਸਿਰਕਤ ਨੇ ਨਵਾਂ ਉਤਸ਼ਾਹ ਤੇ ਜੋਸ਼ ਭਰ ਦਿੱਤਾ ਹੈ।ਕਾਲਜ ਦੇ ਪ੍ਰਿੰਸੀਪਲ ਡਾ. ਰਾਕੇਸ਼ ਜਿੰਦਲ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਤੇ ਵਿਧਾਇਕ ਲਾਭ ਸਿੰਘ ਉਗੋਕੇ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਟੇਜ ਸੰਚਾਲਨ ਦੀ ਭੂਮਿਕਾ ਪ੍ਰੋ. ਭਾਰਤ ਭੂਸ਼ਣ ਤੇ ਪ੍ਰੋ. ਕਾਦੰਬਰੀ ਗਾਸੋ ਨੇ ਬਾਖੂਬੀ ਨਿਭਾਈ।

## ਧੂਮਧਾਮ ਨਾਲ ਮਨਾਇਆ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ



**ਸੰਗਰੂਰ (ਪ੍ਰਵੀਨ ਸਿੰਘ)**

ਸੁੰਦਰ ਬਸਤੀ ਵਿਖੇ ਸ੍ਰਿਸ਼ਟੀ ਕਰਤਾ ਭਗਵਾਨ ਵਾਲਮੀਕਿ ਜੀ ਦਾ ਪਾਵਨ ਪ੍ਰਗਟ ਦਿਵਸ ਭਗਵਾਨ ਵਾਲਮੀਕਿ ਸਭਾ ਮੰਦਰ ਕਮੇਟੀ ਵੱਲੋਂ ਪ੍ਰਧਾਨ ਸਾਜਨ ਕਾਂਗੜਾ ਦੀ ਅਗਵਾਈ ਹੇਠ ਤੇ ਸਮੂਹ ਕਮੇਟੀ ਦੀ ਦੇਖਰੇਖ ਬੜੀ ਸਰਧਾ ਅਤੇ ਧੂਮ ਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਬੀਬਾ ਨਰਿੰਦਰ ਕੌਰ ਭਰਾਜ ਹਲਕਾ ਵਿਧਾਇਕਾ, ਸ੍ਰੀ ਵਿਜੈ ਇੰਦਰ ਸਿੰਗਲਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਵੱਲੋਂ ਸ੍ਰੀ ਰੌਕੀ ਬਾਂਸਲ ਪ੍ਰਧਾਨ ਬਲਾਕ ਕਾਂਗਰਸ, ਸ੍ਰੀ ਅਰਵਿੰਦ ਖੰਨਾ ਸਾਬਕਾ ਵਿਧਾਇਕ ਵੱਲੋਂ ਪ੍ਰੋਫੈਸਰ ਅਰੁਣਜੀਤ ਸਿੰਘ ਸਪੋਕਸਮੈਨ ਭਾਜਪਾ, ਅਵਤਾਰ ਸਿੰਘ ਈਲਵਾਲ ਚੇਅਰਮੈਨ ਮਾਰਕੀਟ ਕਮੇਟੀ ਸੰਗਰੂਰ, ਸ੍ਰੀ ਪਰਵਿੰਦਰ ਬਜਾਜ ਐਡਵੋਕੇਟ ਸਾਬਕਾ ਪ੍ਰਧਾਨ ਨਗਰ ਕੌਂਸਲ, ਮਹਿੰਦਰਪਾਲ ਭੋਲਾ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ, ਅਮਨ ਪੂਨੀਆ ਸੀਨੀਅਰ ਆਗੂ ਭਾਜਪਾ, ਡਾ ਗੁਲਜ਼ਾਰ ਸਿੰਘ ਬੌਬੀ ਜ਼ਿਲ੍ਹਾ ਪ੍ਰਧਾਨ ਆਪ ਐਸ ਸੀ ਵਿੰਗ, ਚਰਨਜੀਤ ਸਿੰਘ ਚੰਨੀ ਬਲਾਕ ਪ੍ਰਧਾਨ ਆਪ, ਡਾ ਰਾਜਿੰਦਰ ਸਾਰਵਾਨ ਸੂਬਾ ਵਾਇਸ ਪ੍ਰਧਾਨ, ਡਾ ਬਲਜੀਤ ਸਿੰਘ, ਸ਼ਕਤੀ ਜੀਤ ਸਿੰਘ ਸੀਨੀਅਰ ਕਾਂਗਰਸੀ ਆਗੂ, ਹਰਪਾਲ ਸੋਨੂੰ ਸੂਬਾ ਵਾਇਸ ਪ੍ਰਧਾਨ ਓ ਬੀ ਸੀ ਸੈਲ, ਚਰਨਜੀਤ ਕੌਰ ਮਡਾਹਰ ਬਲਾਕ ਪ੍ਰਧਾਨ ਮਹਿਲਾ ਕਾਂਗਰਸ ਤੇ ਸ਼ਕਤੀ ਸਿੰਘ ਠੇਕੇਦਾਰ ਆਗੂ ਆਮ ਆਦਮੀ ਪਾਰਟੀ ਆਦਿ ਨੇ ਸ਼ਿਰਕਤ ਕੀਤੀ।

ਵਾਲਮੀਕਿ ਸਭਾ ਸੁੰਦਰ ਬਸਤੀ ਦੇ ਵਿਸ਼ਾਲ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਬੀਬਾ ਨਰਿੰਦਰ ਕੌਰ ਭਰਾਜ ਕਿਹਾ ਕਿ ਭਗਵਾਨ ਵਾਲਮੀਕਿ ਜੀ ਸਭਨਾਂ ਲਈ ਪ੍ਰੇਰਣਾ ਸਰੋਤ ਹਨ, ਜਿਨ੍ਹਾਂ ਕਈ ਹਜ਼ਾਰ ਸਾਲ ਪਹਿਲਾਂ ਰਮਾਇਣ ਦੀ ਰਚਨਾ ਕਰਕੇ ਸਿੱਖਿਆ ਦਾ ਸੁਨੇਹਾ ਦਿੱਤਾ।

## ਆਪਹੁਦਰੀਆਂ ਵਾਲੇ ਨੂੰ ਗੁਰੂ ਦਾ ਸਿੱਖ ਨਹੀਂ ਕਿਹਾ ਜਾ ਸਕਦੈ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਹਰਗੋਬਿੰਦ ਸਾਹਿਬ ਵੱਲੋਂ ਮੀਰੀ ਪੀਰੀ ਦੇ ਵੱਡਮੁੱਲੇ ਸਿਧਾਂਤ, ਸੋਚ ਅਧੀਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨਤਾ ਤੇ ਸਰਬਉੱਚਤਾਂ ਨੂੰ ਆਪਣੇ ਨਿੱਜੀ ਸਵਾਰਥਾਂ ਦੀ ਪੂਰਤੀ ਲਈ ਚੁਣੌਤੀ ਦੇਣ ਵਾਲੇ ਨੂੰ ਕਿਸੇ ਵੀ ਰੂਪ ਵਿਚ 'ਸਿੱਖ' ਨਹੀਂ ਕਿਹਾ ਜਾ ਸਕਦਾ, ਕਿਉਂਕਿ ਸਿੱਖੀ ਦੀ ਪ੍ਰੀਭਾਸ਼ਾ ਹੀ ਹੈ ਕਿ ਆਤਮਿਕ ਤੌਰ 'ਤੇ ਬਿਨਾਂ ਕਿਸੇ ਹਿਚਕਚਾਹਟ, ਕਿੰਤੂ ਪ੍ਰੰਤੂ ਤੋਂ ਆਪਣੇ ਆਪ ਨੂੰ ਗੁਰੂ ਅੱਗੇ ਸਮਰਪਣ ਕਰਨ ਤੇ ਗੁਰੂ ਦੇ ਹੁਕਮ ਦੀ ਹਰ ਕੀਮਤ 'ਤੇ ਪਾਲਣਾ ਕਰਨਾ ਹੈ।ਭਾਵੇ ਅਜਿਹਾ ਕਰਦੇ ਹੋਏ ਉਸ ਨੂੰ ਕਿਸੇ ਤਰ੍ਹਾਂ ਦੀ ਵੀ ਵੱਡੀ ਤੋਂ ਵੱਡੀ ਕੁਰਬਾਨੀ ਜਾਂ ਅਹੂਤੀ ਕਿਉਂ ਨਾ ਦੇਣੀ ਪਵੇ, ਜੋ ਇਨਸਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨ ਸੰਸਥਾ ਨੂੰ ਜਾਂ ਉਥੇ ਬਿਰਾਜਮਾਨ ਸਿੰਘ ਸਾਹਿਬ ਦੇ ਹੁਕਮਾਂ ਦੀ ਅਵੱਗਿਆ ਕਰਦਾ ਹੈ ਅਤੇ ਉਸ ਮਹਾਨ ਸਥਾਨ ਦੇ ਵੱਡੇ ਸਤਿਕਾਰ ਮਾਣ ਨੂੰ ਠੇਸ ਪਹੁੰਚਾਉਣ 'ਤੇ ਅਮਲ ਕਰ ਰਿਹਾ ਹੈ, ਉਸ ਨੂੰ ਗੁਰੂ ਦਾ ਸਿੱਖ ਨਹੀਂ ਕਿਹਾ ਜਾ ਸਕਦਾ।ਇਹ ਵਿਚਾਰ ਸ੍ਰ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅਕਾਲੀ ਆਗੂ ਸ੍ਰ. ਵਿਰਸਾ ਸਿੰਘ ਵਲਟੋਹਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨ ਸੰਸਥਾ ਤੇ ਦੂਸਰੇ ਜਥੇਦਾਰ ਸਾਹਿਬਾਨ ਦੇ ਮਾਣ ਸਤਿਕਾਰ ਨੂੰ ਆਪਣੇ ਸਿਆਸੀ ਸਵਾਰਥਾਂ ਦੇ ਹਿੱਤਾਂ ਦੀ ਪੂਰਤੀ ਲਈ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਸ੍ਰੀ ਦਮਦਮਾ ਸਾਹਿਬ 'ਤੇ ਨਿੱਜੀ ਤੌਰ 'ਤੇ ਅਤਿ ਸ਼ਰਮਨਾਕ ਪਰਿਵਾਰਕ ਹਮਲੇ ਕਰਨ ਦਾ ਸਖਤ ਨੋਟਿਸ ਲੈਂਦੇ ਹੋਏ ਅਤੇ ਪ੍ਰਤੀਕਰਮ ਜ਼ਾਹਰ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾ ਕਿਹਾ ਕਿ ਜਦੋਂ ਪੰਥ ਵਿਰੋਧੀ ਸ਼ਕਤੀਆਂ ਤੇ ਹਿੰਦੂਤਵ ਹੁਕਮਰਾਨ ਖਾਲਸਾ ਪੰਥ ਦੇ ਉੱਚੇ ਸੁੱਚੇ ਸਿਧਾਂਤਾਂ, ਸੋਚ, ਨਿਯਮਾਂ ਨੂੰ ਠੇਸ ਪਹੁੰਚਾਉਣ ਦੀਆਂ ਸਾਜ਼ਿਸ਼ਾਂ ਉੱਤੇ ਨਿਰੰਤਰ ਅਮਲ ਕਰਦੇ ਆ ਰਿਹਾ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨ ਸੰਸਥਾ ਦੀ ਅਗਵਾਈ ਹੇਠ ਹੋਣ ਵਾਲੀ ਕੌਮੀ ਏਕਤਾ ਤੋਂ ਭੈ-ਭੀਤ ਹੋ ਕੇ ਇਹ ਸ਼ਕਤੀਆਂ ਭਰਾਮਾਰੂ ਜੰਗ ਕਰਵਾਉਣ ਦੇ ਅਮਲ ਕਰਦੇ ਨਜ਼ਰ ਆ ਰਹੇ ਹਨ, ਉਸ ਸਮੇਂ ਆਪਣੇ ਆਪ ਨੂੰ ਅਕਾਲੀ ਤੇ ਪੰਥਕ ਕਹਾਉਣ ਵਾਲੇ ਆਗੂ ਹੀ ਜੇਕਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਤੇ ਮਹਾਨਤਾ ਨੂੰ ਠੇਸ ਪਹੁੰਚਾਉਣ ਦੀਆਂ ਕਾਰਵਾਈਆਂ ਕਰਨ, ਫਿਰ ਬੀਜੇਪੀ-ਆਰ.ਐੱਸ.ਐੱਸ ਤੇ ਸਿੱਖ ਵਿਰੋਧੀ ਮੰਦਭਾਵਨਾ ਭਰੇ ਮਿਸ਼ਨ ਦੀ ਪੂਰਤੀ ਕੌਣ ਕਰ ਰਿਹਾ ਹੈ, ਉਸ ਦਾ ਸੱਚ ਖੁਦ-ਬ-ਖੁਦ ਖਾਲਸਾ ਪੰਥ ਦੇ ਸਾਹਮਣੇ ਆ ਜਾਂਦਾ ਹੈ।ਉਨ੍ਹਾਂ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਨੂੰ ਨਿਮਰਤਾ ਸਹਿਤ ਅਪੀਲ ਕਰਦੇ ਹੋਏ ਕਿਹਾ ਕਿ ਜਿਵੇਂ ਸ੍ਰੀ ਵਲਟੋਹਾ ਦੇ ਗੈਰ-ਸਿਧਾਂਤਕ ਮਸਲੇ 'ਤੇ ਉਨ੍ਹਾਂ ਨੇ ਦ੍ਰਿੜਤਾ ਤੇ ਨਿਰਭੈਤਾ ਨਾਲ ਹੁਕਮ ਸੁਣਾਉਂਦੇ ਹੋਏ ਸ੍ਰੀ ਵਲਟੋਹਾ ਨੂੰ 10 ਸਾਲ ਲਈ ਸਿਆਸੀ ਤੇ ਧਾਰਮਿਕ ਸਰਗਰਮੀਆਂ ਤੋਂ ਦੂਰ ਕਰਨ ਤੇ ਪਾਰਟੀ 'ਚੋਂ ਕੱਢਣ ਦੇ ਆਦੇਸ਼ ਦਿੱਤੇ ਹਨ, ਉਸੇ ਤਰ੍ਹਾਂ ਹੁਣ ਤੱਕ ਖਾਲਸਾ ਪੰਥ ਨਾਲ ਵੱਡੇ ਧੋਖੇ-ਫਰੇਬ, ਗਦਾਰੀਆਂ ਕਰਨ ਵਾਲੇ ਅਕਾਲੀ ਦਲ ਬਾਦਲ ਵਿਚਲੇ ਤੇ ਬਾਗੀ ਹੋਏ ਦਾਗੀ ਅਕਾਲੀਆਂ ਨੂੰ 10-10 ਸਾਲ ਲਈ ਧਾਰਮਿਕ ਤੇ ਸਿਆਸੀ ਗਤੀਵਿਧੀਆਂ ਤੋਂ ਵਾਂਝੇ ਕਰਨ ਦੇ ਹੁਕਮ ਕੀਤੇ ਜਾਣ।

## 48 ਹਜ਼ਾਰ ਦੀ ਨਕਦੀ ਤੇ ਮੋਬਾਈਲ ਖੋਹਣ ਦੇ ਮਾਮਲੇ 'ਚ ਚਾਰ ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਉਦਯੋਗਿਕ ਨਗਰੀ ਮੰਡੀ ਗੋਬਿੰਦਗੜ੍ਹ ਦੇ ਫੋਕਲ ਪੁਆਇੰਟ ਇਲਾਕੇ 'ਚ ਇੱਕ ਵਿਅਕਤੀ ਦੀ ਗਰਦਨ 'ਤੇ ਚਾਕੂਨੁਮਾ ਚੀਜ਼ ਰੱਖ ਕੇ 48 ਹਜ਼ਾਰ ਰੁਪਏ ਦੀ ਨਕਦੀ ਤੇ ਮੋਬਾਈਲ ਫੋਨ ਖੋਹ ਕੇ ਲੈ ਜਾਣ ਦੇ ਮਾਮਲੇ 'ਚ ਪੁਲਸ ਵੱਲੋਂ ਚਾਰ ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।

ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਪ੍ਰਤੀਕ ਕੁਮਾਰ ਨਾਮਕ ਵਿਅਕਤੀ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਬੀਤੀ 15 ਅਕਤੂਬਰ ਨੂੰ ਸੀ. ਐੱਸ. ਕੰਪਿਊਟਰ ਕੰਡਾ, ਫੋਕਲ ਪੁਆਇੰਟ, ਮੰਡੀ ਗੋਬਿੰਦਗੜ੍ਹ ਵਿਖੇ ਆਪਣਾ ਕੰਮ ਖਤਮ ਕਰਕੇ ਘਰ ਜਾਣ ਲਈ ਉਹ ਜਦੋਂ ਕੰਡੇ ਦੇ ਅੱਗੇ ਖੜ੍ਹਾ ਸੀ ਤਾਂ ਕੁਝ ਵਿਅਕਤੀਆਂ ਨੇ ਉਸ ਨੂੰ ਘੇਰ ਲਿਆ, ਜਿਨ੍ਹਾਂ ਨੇ ਉਸ ਦੀ ਗਰਦਨ 'ਤੇ ਚਾਕੂਨੁਮਾ ਚੀਜ਼ ਰੱਖ ਕੇ ਉਸ ਤੋਂ 48 ਹਜ਼ਾਰ ਰੁਪਏ ਦੀ ਨਕਦੀ ਤੇ ਮੋਬਾਈਲ ਫੋਨ ਖੋਹ ਲਿਆ ਤੇ ਫਰਾਰ ਹੋ ਗਏ।ਪ੍ਰਤੀਕ ਕੁਮਾਰ ਦੇ ਬਿਆਨਾਂ 'ਤੇ ਮੁਕੇਸ਼ ਕੁਮਾਰ, ਅਕਾਸ਼ਦੀਪ ਸਿੰਘ ਉਰਫ ਕਾਸ਼ੂ, ਕਰਨਵੀਰ ਸਿੰਘ ਉਰਫ ਤੇਰਾ ਤੇ ਧਰਮਿੰਦਰ ਵਾਸੀਆਨ ਮੰਡੀ ਗੋਬਿੰਦਗੜ੍ਹ ਵਿਰੁੱਧ ਕੇਸ ਦਰਜ ਕਰ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## ਮਿਡਲ ਸਕੂਲਾਂ ਦੀ ਮਰਜ਼ਿੰਗ ਨਹੀਂ ਹੋਣ ਦਿੱਤੀ ਜਾਵੇਗੀ : ਜੀ ਟੀ ਯੂ ਪੰਜਾਬ

### ਸਰਕਾਰ ਮਹਿਕਮੇ ਦੀ ਆਕਾਰ ਘਟਾਈ ਕਰਕੇ ਗਰੀਬ ਲੋਕਾਂ ਦੇ ਬੱਚਿਆਂ ਤੋਂ ਸਿੱਖਿਆ ਦਾ ਹੱਕ ਖੋਹਣਾ ਚਾਹੁੰਦੀ : ਚਾਹਲ

**ਮਾਨਸਾ (ਪਮਾਰ)**-ਪੰਜਾਬ ਦੇ ਸਿੱਖਿਆ ਵਿਭਾਗ ਦਾ ਆਲਮ ਹੀ ਨਿਰਾਲਾ ਹੈ, ਇੱਕ ਸਿੱਖਿਆ 'ਤੇ ਪ੍ਰਯੋਗ ਹਾਲੇ ਖਤਮ ਨਹੀਂ ਹੁੰਦਾ ਤੇ ਦੂਸਰਾ ਸ਼ੁਰੂ ਕਰ ਦਿੱਤਾ ਜਾਂਦਾ ਹੈ। ਸਿੱਖਿਆ ਮੰਤਰੀ ਦਾ ਬਿਆਨ ਆ ਗਿਆ ਕਿ ਮਿਡਲ ਸਕੂਲਾਂ ਨੂੰ ਨਾਲ ਲਗਦੇ ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਰਜ਼ ਕਰ ਦਿੱਤਾ ਜਾਵੇਗਾ ਤੇ ਬੱਚਿਆਂ ਲਈ ਉਸ ਸਕੂਲ ਵਿੱਚ ਭੇਜਣ ਲਈ ਬੱਸਾਂ ਦਾ ਪ੍ਰਬੰਧ ਕੀਤਾ ਜਾਵੇਗਾ।ਇਸ ਬਿਆਨ 'ਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਨੇ ਤਿੱਖਾ ਪ੍ਰਤੀਕਰਮ ਦਿੱਤਾ ਹੈ, ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸਕੱਤਰ ਗੁਰਵਿੰਦਰ ਸਿੰਘ ਸਸਕੌਰ, ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਨਰਿੰਦਰ ਸਿੰਘ ਮਾਖਾ ਨੇ ਕਿਹਾ ਕਿ ਮਿਡਲ ਸਕੂਲਾਂ ਦੀ ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਰਜ਼ਿੰਗ ਕਿਸੇ ਵੀ ਕੀਮਤ 'ਤੇ ਨਹੀਂ ਹੋਣ ਦਿੱਤੀ ਜਾਵੇਗੀ।ਇਸ ਸਮੇਂ ਨਰਿੰਦਰ ਸਿੰਘ ਮਾਖਾ ਨੇ ਕਿਹਾ ਕਿ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਨਾਮ 'ਤੇ ਬਣੀ ਸਰਕਾਰ ਮਹਿਕਮੇ ਦੀ ਆਕਾਰ ਘਟਾਈ ਕਰਕੇ ਗਰੀਬ ਲੋਕਾਂ ਦੇ ਬੱਚਿਆਂ ਨੂੰ ਸਿੱਖਿਆ ਤੋਂ ਵਾਂਝਾ ਕਰਨਾ ਚਾਹੁੰਦੀ ਹੈ।ਪੰਜਾਬ ਸਰਕਾਰ ਦੇ ਇਸ ਫੈਸਲੇ ਖਿਲਾਫ ਬੱਚਿਆਂ ਤੇ ਮਾਪਿਆਂ ਨੂੰ ਨਾਲ ਲੈ ਕੇ ਸੰਘਰਸ਼ ਕੀਤਾ ਜਾਵੇਗਾ।ਬੱਚਿਆਂ ਵਾਸਤੇ ਬੱਸਾਂ ਲਗਾਉਣ ਦੇ ਮਸਲੇ 'ਤੇ ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਇਹ ਸਾਰਾ ਕੁੱਝ ਪ੍ਰੈਕਟੀਕਲ ਰੂਪ 'ਚ ਨਹੀਂ ਹੋ ਸਕਦਾ, ਅਸਲ ਵਿੱਚ ਪੰਜਾਬ ਦੀ ਸਰਕਾਰ ਸਿੱਖਿਆ ਤੋਂ ਅਪਣਾ ਹੱਥ ਪਿੱਛੇ ਖਿੱਚ ਰਹੀ ਹੈ ਤੇ ਹੋਰ ਅਧਿਆਪਕ ਭਰਤੀ ਕਰਨ ਦੀ ਬਜਾਏ ਮਹਿਕਮੇ ਦੀ ਆਕਾਰ ਘਟਾਈ ਕਰਨ ਵਿੱਚ ਲੱਗੀ ਹੋਈ ਹੈ।ਇਸ ਸਮੇਂ ਗੁਰਦਾਸ ਸਿੰਘ ਰਾਏਪੁਰ, ਬਲਵਿੰਦਰ ਉੱਲਕ, ਸਤੀਸ਼ ਕੁਮਾਰ, ਲਖਵਿੰਦਰ ਸਿੰਘ ਮਾਨ, ਗੁਰਪ੍ਰੀਤ ਸਿੰਘ ਦਲੇਲ ਵਾਲਾ, ਦਰਸ਼ਨ ਸਿੰਘ ਜਟਾਣਾ, ਮੇਲਾ ਸਿੰਘ, ਸੁਖਜਿੰਦਰ ਅਗਰੋਈਆ, ਪ੍ਰਗਟ ਰਿਉਂਦ, ਬੂਟਾ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਇਕਬਾਲ ਸਿੰਘ, ਹਰਦੀਪ ਸਿੰਘ ਰੋੜੀ, ਮਨਪ੍ਰੀਤ ਸਿੰਘ ਖੈਰਾ ਕਲਾਂ, ਸਵਰਨ ਸਿੰਘ, ਬਚਿੱਤਰ ਸਿੰਘ ਜਟਾਣਾ, ਸੁਖਦੀਪ ਸਿੰਘ ਗਿੱਲ, ਬਲਜਿੰਦਰ ਸਿੰਘ, ਅਨਿਲ ਕੁਮਾਰ, ਰਾਜਿੰਦਰ ਸਿੰਘ, ਵਿਜੈ ਕੁਮਾਰ, ਸਹਿਦੇਵ ਸਿੰਘ, ਸੁਖਵਿੰਦਰ ਸਿੰਘ ਮਾਖਾ, ਦਿਲਬਾਗ ਰਿਉਂਦ, ਕ੍ਰਿਸ਼ਨ ਚੌਹਾਨ ਆਦਿ ਅਧਿਆਪਕ ਆਗੂ ਹਾਜ਼ਰ ਸਨ।

19-Oct-PAGE-11-Majha-2024.qxd 10/18/2024 10:51 PM Page 1



# ਐੱਸ ਡੀ ਐੱਮ ਬਟਾਲਾ ਵੱਲੋਂ ਕਲਸਟਰ ਅਫਸਰ, ਖੇਤੀਬਾੜੀ ਅਫਸਰ, ਸਹਾਇਕ ਖੇਤੀਬਾੜੀ ਅਫਸਰ ਤੇ ਫਲਾਇੰਗ ਸਕੁਐਡ ਟੀਮਾਂ ਨਾਲ ਮੀਟਿੰਗ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਜ਼ਿਲ੍ਹਾ ਗੁਰਦਾਸਪੁਰ ਵਿੱਚ ਝੋਨੇ ਦੀ ਕਟਾਈ ਦਾ ਕੰਮ ਸ਼ੁਰੂ ਹੋ ਚੁੱਕਾ ਹੈ ਅਤੇ ਕਿਸਾਨਾਂ ਵੱਲੋਂ ਝੋਨੇ ਦੀ ਪਰਾਲੀ ਅਤੇ ਉਸ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਇਨ੍ਹਾਂ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਸੁਪਰੀਮ ਕੋਰਟ ਆਫ ਇੰਡੀਆ ਨਵੀਂ ਦਿੱਲੀ, ਨੈਸ਼ਨਲ ਗ੍ਰੀਨ ਟ੍ਰਿਬਿਊਨਲ, ਨਵੀਂ ਦਿੱਲੀ, ਮੁੱਖ ਸਕੱਤਰ ਪੰਜਾਬ ਅਤੇ ਪ੍ਰਮੁੱਖ ਸਕੱਤਰ ਖੇਤੀਬਾੜੀ ਵਿਭਾਗ ਪੰਜਾਬ ਚੰਡੀਗੜ੍ਹ ਅਤੇ ਡਿਪਟੀ ਕਮਿਸ਼ਨਰ, ਗੁਰਦਾਸਪੁਰ ਵੱਲੋਂ ਰੋਜ਼ਾਨਾ ਰੀਵਿਊ ਕੀਤਾ ਜਾ ਰਿਹਾ ਹੈ। ਇਸ ਸਬੰਧ ਵਿੱਚ ਅੱਜ ਵਿਕਰਮਜੀਤ ਸਿੰਘ ਪਾਂਥੇ, ਉਪ ਮੰਡਲ ਮੈਜਿਸਟਰੇਟ ਬਟਾਲਾ ਦੀ ਪ੍ਰਧਾਨਗੀ ਹੇਠ ਸਬ ਡਵੀਜ਼ਨ ਬਟਾਲਾ ਵਿੱਚ ਪੈਂਦੇ ਕਲਸਟਰ ਅਫਸਰ, ਖੇਤੀਬਾੜੀ ਅਫਸਰ, ਸਹਾਇਕ ਖੇਤੀਬਾੜੀ ਅਫਸਰ ਅਤੇ ਫਲਾਇੰਗ ਸੁਕਐਡ ਦੀਆਂ ਲਗਾਈਆਂ ਗਈਆਂ ਟੀਮਾਂ ਦੀ ਦਫਤਰ ਨਗਰ ਨਿਗਮ ਬਟਾਲਾ ਵਿਖੇ ਮੀਟਿੰਗ ਕੀਤੀ। ਐਸ ਡੀ ਐਮ ਬਟਾਲਾ ਨੇ ਮੀਟਿੰਗ ਵਿੱਚ ਹਾਜ਼ਰ ਆਏ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਅਦੇਸ਼ ਦਿੱਤੇ ਗਏ ਕਿ ਜੇਕਰ ਕੋਈ ਵੀ ਅੱਗ ਲੱਗਣ ਦੀ ਘਟਨਾ ਵਾਪਰਦੀ ਹੈ ਤਾਂ ਸਬੰਧਤ ਟੀਮ ਤੁਰੰਤ ਮੌਕੇ 'ਤੇ ਜਾ ਕੇ ਕਾਰਵਾਈ ਕਰੇਗੀ। ਜਿਵੇਂ ਕਿ ਸਬੰਧਤ ਕਿਸਾਨ ਦਾ ਚਲਾਨ ਕੱਟਣਾ ਕੇ ਉਸ ਦੀ ਰਿਕਵਰੀ ਜਮ੍ਹਾਂ ਕਰਵਾਉਣੀ। ਮਾਲ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕਰਨੀ। ਕਲਸਟਰ ਅਫਸਰ ਵੱਲੋਂ ਇਸ ਦੀ ਰਿਪੋਰਟ ਸਬੰਧੀ ਮੁੱਖ ਥਾਣਾ ਅਫਸਰ ਜਾਂ ਚੌਂਕੀ ਇੰਚਾਰਜ ਨੂੰ ਦੇਣੀ ਅਤੇ ਸਬੰਧਤ ਪੁਲਿਸ ਅਧਿਕਾਰੀਆਂ ਵੱਲੋਂ ਸਬੰਧਤ ਕਿਸਾਨ ਤੇ ਕਾਨੂੰਨ ਅਨੁਸਾਰ ਕਾਰਵਾਈ ਕਰਨੀ।ਉਨ੍ਹਾਂ ਇਹ ਵੀ ਅਦੇਸ਼ ਦਿੱਤਾ ਕਿ ਸਬੰਧਤ ਟੀਮਾਂ ਹਰ ਰੋਜ਼ ਜਾ ਕੇ ਪਿੰਡਾਂ ਵਿੱਚ ਫਲੈਗ ਮਾਰਚ ਕਰਨ ਅਤੇ ਸਬੰਧਤ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣਾ ਇੱਕ ਕਾਨੂੰਨੀ ਅਪਰਾਧ ਹੈ। ਇਸ ਦੇ ਨਾਲ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਜਾਵੇ ਕਿ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵੱਲੋਂ ਜਾਰੀ ਹੋਏ ਅਦੇਸ਼ਾਂ ਦੀ ਪਾਲਣਾ ਕੀਤੀ ਜਾਵੇ ਕਿ ਕੰਬਾਇਨਾਂ ਸਵੇਰੇ 10.00 ਵਜੇ ਤੋਂ ਸਾਮ 5.00 ਵਜੇ ਤੱਕ ਹੀ ਚਲਾਈਆਂ ਜਾਣ।

# ਸ੍ਰੀ ਬਾਲਾ ਜੀ ਸੀਨੀ: ਸੈਕੰ: ਸਕੂਲ 'ਚ ਡੇਂਗੂ ਤੋਂ ਬਚਾਅ ਲਈ ਵਿਸ਼ੇਸ਼ ਮੁਹਿੰਮ



ਝਬਾਲ (ਹਰਜਿੰਦਰ ਸਿੰਘ ਸੋਨੀ)- ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਅਫਸਰ ਤਰਨ ਤਾਰਨ ਡਾ. ਸਿਮਰਨ ਕੌਰ ਦੀ ਰਹਿਨੁਮਾਈ ਹੇਠ ਅਤੇ ਸੀ ਐਚ ਸੀ ਖੇਮਕਰਨ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਮਨਦੀਪ ਸਿੰਘ ਪੱਡਾ ਦੀ ਯੋਗ ਅਗਵਾਈ ਹੇਠ ਸ੍ਰੀ ਬਾਲਾ ਜੀ ਸੀਨੀ: ਸੈਕੰ: ਸਕੂਲ ਖੇਮਕਰਨ ਵਿਖੇ 'ਹਰ ਸ਼ੁੱਕਰਵਾਰ ਡੇਂਗੂ ਤੇ ਵਾਰ' ਡੇਂਗੂ ਤੋਂ ਬਚਾਅ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਡੇਂਗੂ ਮਲੇਰੀਆ, ਚਿਕਨਗੁਨੀਆ ਬੁਖਾਰ ਸੰਬੰਧੀ ਜਾਣਕਾਰੀ ਦਿੱਤੀ ਗਈ।ਇਸ ਸਮੇਂ ਸੰਬੋਧਨ ਕਰਦਿਆਂ ਐਸ ਆਈ ਜੁਗਰਾਜ ਸਿੰਘ ਨੇ ਦੱਸਿਆ ਕਿ ਡੇਂਗੂ ਬੁਖ਼ਾਰ ਇਕ ਵਾਇਰਲ ਬੁਖ਼ਾਰ ਹੈ ਅਤੇ ਇਹ ਮਾਦਾ ਏਡੀਜ਼ ਐਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਅਤੇ ਇਹ ਮੱਛਰ ਸਾਡੇ ਘਰਾਂ ਵਿੱਚ ਲੱਗੇ ਕੂਲਰਾਂ ਫਰਿੱਜਾਂ ਦੀਆਂ ਟਰੇਆਂ, ਗਮਲਿਆਂ ਅਤੇ ਪਾਣੀ ਵਾਲੀਆਂ ਹੋਦੀਆਂ ਵਿੱਚ ਖੜ੍ਹੇ ਪਾਣੀ ਤੋਂ ਪੈਦਾ ਹੁੰਦਾ ਹੈ।ਇਸ ਲਈ ਸਾਨੂੰ ਘਰਾਂ ਵਿੱਚ ਕੂਲਰਾਂ, ਫਰਿੱਜਾਂ ਅਤੇ ਪਾਣੀ ਵਾਲੀਆਂ ਹੋਦੀਆਂ ਦੀ ਹਰ ਹਫਤੇ ਸ਼ੁੱਕਰਵਾਰ ਸਾਫ਼ ਸਫ਼ਾਈ ਜ਼ਰੂਰ ਕਰਨੀ ਚਾਹੀਦੀ ਹੈ। ਇਸ ਸਮੇਂ ਗੁਰਵਿੰਦਰ ਸਿੰਘ ਬੀ ਈ ਈ ਨੇ ਡੇਂਗੂ ਦੇ ਲੱਛਣਾਂ ਬਾਰੇ ਬੋਲਦਿਆਂ ਦੱਸਿਆ ਕਿ ਤੇਜ਼ ਬੁਖ਼ਾਰ, ਸਿਰਦਰਦ, ਚਮੜੀ 'ਤੇ ਲਾਲ ਨਿਸ਼ਾਨ, ਮਾਸਪੇਸ਼ੀਆਂ ਵਿੱਚ ਦਰਦ, ਮਸੂੜਿਆਂ ਤੇ ਨੱਕ ਵਿੱਚੋਂ ਖੂਨ ਦਾ ਵਗਣਾ, ਇਸ ਤੋਂ ਅੱਗੇ ਚਲਦੇ ਉਨ੍ਹਾਂ ਡੇਂਗੂ ਦੇ ਬਚਾਅ ਸਬੰਧੀ ਵੀ ਜਾਣਕਾਰੀ ਦਿੱਤੀ ਕਿ ਸਾਨੂੰ ਘਰਾਂ ਨੂੰ ਜਾਲੀਦਾਰ ਦਰਵਾਜ਼ਿਆਂ, ਮੱਛਰ ਭਜਾਊ ਕਰੀਮਾਂ, ਮੱਛਰਦਾਨੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਕੱਪੜੇ ਅਜਿਹੇ ਪਾਓ ਜਿਸ ਨਾਲ ਸਰੀਰ ਢਕਿਆ ਰਹੇ, ਵਧੇਰੇ ਮਾਤਰਾ ਵਿੱਚ ਤਰਲ ਪਦਾਰਥ ਲਓ, ਛੱਪੜਾਂ ਵਿੱਚ ਕਾਲਾ ਤੇਲ ਅਤੇ ਗਮਬੂਜੀਆ ਫਿਸ਼ ਪਾਉਣੀ ਚਾਹੀਦੀ ਹੈ।ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਸ਼ਰਮਾ ਅਤੇ ਸਟਾਫ ਵੱਲੋਂ ਅਸ਼ਵਾਸਨ ਦਿੱਤਾ ਗਿਆ ਕਿ ਮਹਿਕਮੇ ਦਾ ਡੇਂਗੂ ਤੋਂ ਬਚਾਅ ਲਈ ਵਿਸ਼ੇਸ਼ ਮੁਹਿੰਮ ਵਿੱਚ ਪੂਰਨ ਤੌਰ 'ਤੇ ਸਹਿਯੋਗ ਦਿੱਤਾ ਜਾਏਗਾ।ਇਸ ਮੌਕੇ ਅਮਰ ਸਿੰਘ ਐਮ ਪੀ ਡਬਲਿਊ ਮੇਲ, ਜਗਰੂਪ ਸਿੰਘ ਬਰੀਡਿੰਗ ਚੈੱਕਰ, ਸੁਖਰਾਜ ਸ਼ਰਮਾ ਟੀਚਰ ਅਤੇ ਸਕੂਲੀ ਵਿਦਿਆਰਥੀ ਆਦਿ ਹਾਜਰ ਸਨ।

# ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਇਆ



ਝਬਾਲ (ਹਰਜਿੰਦਰ ਸੋਨੀ)- ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ 18 ਅਕਤੂਬਰ ਨੂੰ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਸਵੇਰ ਦੀ ਸਭਾ ਵਿੱਚ ਬੱਚਿਆਂ ਵੱਲੋਂ ਰਸਭਿੰਨਾ ਹਰ- ਜਸ ਕੀਰਤਨ ਗਾਇਨ ਕੀਤਾ ਗਿਆ। ਛੇਵੀਂ ਜਮਾਤ ਦੀਆਂ ਵਿਦਿਆਰਥਣਾਂ ਪ੍ਰਨੀਤ ਕੌਰ ਅਤੇ ਪਵਨਦੀਪ ਕੌਰ ਵੱਲੋਂ ਗੁਰੂ ਜੀ ਦੇ ਜੀਵਨ ਨਾਲ ਸੰਬੰਧਤ ਕਵਿਤਾ ਦਾ ਗਾਇਨ ਕਰਕੇ ਗੁਰੂ ਜੀ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕੀਤੀ ਗਈ । ਮੈਡਮ ਸੁਖਰਾਜ ਕੌਰ ਵੱਲੋਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀ ਜੀਵਨੀ ਅਤੇ ਸਿੱਖਿਆਵਾਂ ਤੋਂ ਜਾਣੂ ਕਰਵਾਇਆ ਗਿਆ। ਉਪਰੰਤ ਇੰਟਰ ਹਾਊਸ 'ਸਾਖੀ' ਮੁਕਾਬਲੇ ਕਰਵਾਏ ਗਏ। ਜੇਤੂ ਰਹਿਣ ਵਾਲੇ ਵਿਦਿਆਰਥੀਆਂ ਦੀ ਸਕੂਲ ਪ੍ਰਿੰਸੀਪਲ ਵੱਲੋਂ ਹੌਂਸਲਾ ਅਫ਼ਜ਼ਾਈ ਕੀਤੀ ਗਈ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਉਨ੍ਹਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਉੱਪਰ ਚੱਲ ਕੇ ਆਪਣਾ ਜੀਵਨ ਸਫ਼ਲ ਕਰਨ ਲਈ ਪ੍ਰੇਰਿਤ ਕੀਤਾ ।

# ਭੱਟੀਆਂ ਦੀ ਨਵੀਂ ਪੰਚਾਇਤ ਨੇ ਨਗਰ ਨਿਵਾਸੀਆਂ ਦਾ ਕੀਤਾ ਧੰਨਵਾਦ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੀਤੇ ਦਿਨੀਂ ਪੰਜਾਬ ਭਰ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਭੱਟੀਆਂ ਵਿੱਚ ਨਵੀਂ ਬਣੀ ਪੰਚਾਇਤ ਵੱਲੋਂ ਸਮੂਹ ਨਗਰ ਨਿਵਾਸੀਆਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਨਵੇਂ ਬਣੇ ਸਰਪੰਚ ਲਖਵਿੰਦਰ ਸਿੰਘ ਪੁੱਤਰ ਉਜਾਗਰ ਸਿੰਘ ਅਤੇ ਉਨ੍ਹਾਂ ਦੇ ਭਰਾ ਸਤਨਾਮ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਉਨ੍ਹਾਂ ਦੇ ਨਾਲ ਤਿੰਨ ਮੈਂਬਰ ਸਾਹਿਬਾਨ ਬਣੇ ਹਨ ਜਿਨਾਂ ਵਿੱਚ ਮਨਜੀਤ ਕੌਰ, ਰਣਜੀਤ ਕੌਰ ਮੈਂਬਰ ਬਣੇ। ਇਸ ਦੌਰਾਨ ਉਹ 44 ਵੋਟਾਂ 'ਤੇ ਵਿਰੋਧੀਆਂ ਤੋਂ ਜੇਤੂ ਰਹੇ । ਇਸ ਮੌਕੇ ਨਵੀਂ ਬਣੀ ਪੰਚਾਇਤ ਨੇ ਸਮੁੱਚੇ ਨਗਰ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਅਤੇ ਇਸ ਦੌਰਾਨ ਉਨ੍ਹਾਂ ਦਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੋਜਨਾ ਬੋਰਡ ਚੇਅਰਮੈਨ ਸੂਬਾ ਜਨਰਲ ਸਕੱਤਰ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੇ ਵੱਲੋਂ ਸਮੁੱਚੇ ਸਰਪੰਚ ਪੰਚ ਮੈਂਬਰਾਂ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਵਿੱਚ ਕੋਈ ਵੀ ਕਸਰ ਨਹੀਂ ਛੱਡੀ ਜਾਵੇਗੀ ਅਤੇ ਪਿੰਡ ਦੇ ਲੋਕਾਂ ਦੀ ਹਰੇਕ ਮੁਸ਼ਕਲ ਦਾ ਹੱਲ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ।

# ਵਧਾਈਆਂ ਦੇਣ ਤੋਂ ਖੁੰਝੇ ਪਿੰਡਾਂ ਦੇ ਵਿਕਾਸ ਲਈ ਪੰਚਾਇਤਾਂ ਨੂੰ ਸਹਿਯੋਗ ਦੇਣ : ਜਲਾਲ ਉਸਮਾ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਪਿੰਡਾਂ ਦੇ ਨਵੇਂ ਬਣੇ ਸੂਝਵਾਨ ਸਰਪੰਚ ਅਤੇ ਪੰਚਾਂ ਨੂੰ ਵਧਾਈਆਂ ਦਿੰਦੇ ਹੋਏ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਵਪਾਰ ਮੰਡਲ ਵਿੰਗ ਦੇ ਜਿਲਾ ਪ੍ਰਧਾਨ, ਪੀ ਈ ਸ੍ਰੀ ਵਿਨੀਤ ਵਰਮਾ ਜ਼ਿਲ੍ਹਾ ਅੰਮਿਤਸਰ ਐਕਸਾਈਜ਼ ਤੇ ਟੈਕਸੇਸ਼ਨ ਦੇ ਸਲਾਹਕਾਰ ਕਮੇਟੀ ਦੇ ਮੈਂਬਰ ਨੇ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਮੇਰੀ ਅਪੀਲ ਹੈ ਕਿ ਨਵੀਆਂ ਬਣੀਆਂ ਪਿੰਡ ਦੀਆਂ ਪੰਚਾਇਤਾਂ ਪਾਰਟੀ ਬਾਜ਼ੀ ਤੋ ਉਪਰ ਉਠ ਕੇ ਵਿਕਾਸ ਕਰਨ ਅਤੇ ਜੋ ਇਸ ਵਾਰ ਰਹਿ ਗਏ ਹਨ, ਉਹ ਅਗਾਂਹ ਲਈ ਪਿੰਡ ਦੀ ਸੇਵਾ ਰਲ ਮਿਲ ਕੇ ਕਰਨ ਅਤੇ ਸ਼ਾਂਤੀ ਬਣਾਈ ਰੱਖਣ ਤਾਂ ਜੋ ਪੰਜਾਬ ਦੀ ਤਰੱਕੀ ਹੋਵੇ ਅਤੇ ਅਮਨ ਅਮਾਨ ਦਾ ਮਾਹੌਲ ਬਣਿਆ ਰਹੇ।

# 1 ਕਿੱਲੋ 350 ਗ੍ਰਾਮ ਹੈਰੋਇਨ ਬਰਾਮਦ

ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਦੀਨਾਨਗਰ ਪੁਲਸ ਦੇ ਏ.ਐਸ.ਆਈ. ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨੇ ਮਨੋਹਰ ਲਾਲ ਸਾਬਕਾ ਸਰਪੰਚ ਜੰਡੀ ਦੀਆਂ ਬਾਈਪਾਸ ਦੇ ਬੰਦ ਪਈਆਂ ਦੁਕਾਨਾਂ ਦੇ ਸਾਹਮਣੇ ਰੇਡ ਕਰਕੇ ਦੀਪਕ ਕੁਮਾਰ ਪੁੱਤਰ ਅਸ਼ੋਕ ਕੁਮਾਰ ਵਾਸੀ ਪਠਾਨਕੋਟ ਨੂੰ ਕਾਬੂ ਕਰਕੇ ਅਜੇ ਕੁਮਾਰ ਉਪ ਕਪਤਾਨ ਪੁਲਸ ਨਾਰਕੋਟਿਕ ਸੈਲ ਗੁਰਦਾਸਪੁਰ ਦੀ ਹਾਜ਼ਰੀ ਵਿੱਚ ਏ.ਐਸ.ਆਈ. ਰਮੇਸ਼ ਕੁਮਾਰ ਨੇ ਉਕਤ ਵਿਅਕਤੀ ਦੇ ਹੱਥ ਵਿੱਚ ਫੜੇ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 1 ਕਿਲੋ 350 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਰਾਸ਼ਟਰੀ ਸਮੂਹ ਗਾਇਨ ਮੁਕਾਬਲੇ 'ਚ ਆਰ ਡੀ ਖੋਸਲਾ ਸਕੂਲ ਦੇ ਵਿਦਿਆਰਥੀਆਂ ਨੂੰ ਪਹਿਲਾ ਸਥਾਨ ਪ੍ਰਾਪਤ



ਬਟਾਲਾ (ਤਰਲੋਕ ਬੱਗਾ)- ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਰਾਸ਼ਟਰੀ ਸਮੂਹ ਗਾਇਨ ਮੁਕਾਬਲਾ ਡੀ.ਏ.ਵੀ ਸੈਂਟਨਰੀ ਸਕੂਲ ਬਟਾਲਾ ਵਿਖੇ ਕਰਵਾਇਆ ਗਿਆ ਜਿਸ ਵਿੱਚ ਸ਼ਹਿਰ ਦੇ 11 ਸਕੂਲਾਂ ਨੇ ਭਾਗ ਲਿਆ। ਸੰਸਕ੍ਰਿਤ ਅਤੇ ਹਿੰਦੀ ਸਮੂਹ ਗਾਇਨ ਮੁਕਾਬਲੇ ਵਿੱਚ ਆਰ.ਡੀ.ਖੋਸਲਾ ਡੀ.ਏ ਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅਤੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਇਸ ਸਮੂਹ ਗਾਇਨ ਮੁਕਾਬਲੇ ਵਿੱਚ 9ਵੀਂ ਜਮਾਤ ਦੀ ਸੁਖਮਨਜੋਤ ਕੌਰ, ਅਭਿਸ਼ੇਕ ਸੰਗਰ, ਗਰਿਮਾ, ਵੈਭਵ, ਹਰਲੀਨ ਕੌਰ 11ਵੀਂ ਜਮਾਤ ਦੀ ਮਨਿੰਦਰ ਕੌਰ, ਪ੍ਰਥਮ ਸਿੰਘ ਬੇਦੀ ਅਤੇ ਜਮਾਤ ਪਲਸ ਟੂ ਦੀ ਰਿਕਸ਼ਤ ਸਲਹੋਤਰਾ ਸ਼ਾਨਦਾਰ ਪੇਸ਼ਕਾਰੀ ਨਾਲ ਪਹਿਲੇ ਸਥਾਨ 'ਤੇ ਰਹੇ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਤਹਿ ਦਿਲੋਂ ਵਧਾਈ ਦਿੱਤੀ।

# ਡੀ ਐੱਚ ਐੱਲ ਐੱਕਸਪ੍ਰੈੱਸ ਅੰਤਰਰਾਸ਼ਟਰੀ ਸ਼ਿਪਮੈਂਟਾਂ ਲਈ 50 ਫੀਸਦੀ ਤੱਕ ਦੀ ਛੋਟ ਨਾਲ ਦੀਵਾਲੀ ਮਨਾਏਗੀ

ਜਲੰਧਰ ਇੰਟਰਨੈਸ਼ਨਲ ਐਕਸਪ੍ਰੈਸ ਸੇਵਾਵਾਂ ਵਿੱਚ ਗਲੋਬਲ ਲੀਡਰ ਡੀ ਐਚ ਐਲ ਐਕਸਪ੍ਰੈਸ ਗਾਹਕਾਂ ਨੂੰ ਅੰਤਰਰਾਸ਼ਟਰੀ ਅਤੇ ਘਰੇਲੂ ਆਊਟਬਾਊਂਡ ਸ਼ਿਪਮੈਂਟ 'ਤੇ ਛੋਟ ਦੀ ਪੇਸ਼ਕਸ਼ ਕਰਕੇ ਦੀਵਾਲੀ ਦੇ ਤਿਉਹਾਰ ਦੀ ਖੁਸ਼ੀ ਵਿੱਚ ਵਾਧਾ ਕਰ ਰਹੀ ਹੈ। ਇਹ ਸੀਮਤ ਸਮੇਂ ਦੀ ਪੇਸ਼ਕਸ਼, ਜੋ 2 ਨਵੰਬਰ, 2024 ਤੱਕ ਵੈਧ ਹੈ, ਗਾਹਕਾਂ ਨੂੰ ਵਿਸ਼ਵ ਭਰ ਵਿੱਚ ਆਪਣੇ ਪਿਆਰਿਆਂ ਨਾਲ ਤਿਉਹਾਰਾਂ ਦੀਆਂ ਵਧਾਈਆਂ ਅਤੇ ਤੋਹਫ਼ੇ ਸਾਂਝੇ ਕਰਨ ਦਾ ਮੌਕਾ ਦਿੰਦੀ ਹੈ, ਜਦੋਂ ਕਿ ਅੰਤਰਰਾਸ਼ਟਰੀ ਸ਼ਿਪਮੈਂਟ 'ਤੇ 50% ਤੱਕ ਦੀ ਛੋਟ ਅਤੇ ਘਰੇਲੂ ਸ਼ਿਪਮੈਂਟ 'ਤੇ 40% ਤੱਕ ਦੀ ਛੋਟ ਦਾ ਅਨੰਦ ਦਿੰਦੀ ਹੈ। ਡੀ.ਐਚ.ਐਲ ਐਕਸਪ੍ਰੈਸ ਇਨ੍ਹਾਂ ਸਮਿਆਂ ਦੌਰਾਨ ਇਕਜੁੱਟਤਾ ਦੀ ਮਹੱਤਤਾ ਨੂੰ ਪਛਾਣਦਾ ਹੈ।ਡੀ.ਐਚ.ਐਲ ਐਕਸਪ੍ਰੈਸ ਇੰਡੀਆ ਦੇ ਵਾਈਸ ਪ੍ਰੈਜ਼ੀਡੈਂਟ (ਸੇਲਜ਼ ਐਂਡ ਮਾਰਕੀਟਿੰਗ) ਸੰਦੀਪ ਜੁਨੇਜਾ ਨੇ ਕਿਹਾ, 'ਡੀ.ਐਚ.ਐਲ ਵਿਖੇ, ਅਸੀਂ ਨਿਰਵਿਘਨ, ਭਰੋਸੇਮੰਦ ਲੌਜਿਸਟਿਕਸ ਦੀ ਮਹੱਤਤਾ ਨੂੰ ਸਮਝਦੇ ਹਾਂ, ਖ਼ਾਸਕਰ ਤਿਉਹਾਰਾਂ ਦੇ ਮੌਸਮ ਦੌਰਾਨ, ਜਦੋਂ ਸਮੇਂ ਸਿਰ ਅਤੇ ਕੁਸ਼ਲ ਡਿਲੀਵਰੀ ਸਰਵਉੱਚ ਹੁੰਦੀ ਹੈ।'

# ਵਾਰੀ ਐਨਰਜੀਜ਼ ਲਿਮਟਿਡ ਦੀ ਸ਼ੁਰੂਆਤੀ ਜਨਤਕ ਆਫਰ 21 ਨੂੰ ਖੁੱਲ੍ਹੇਗੀ

ਚੰਡੀਗੜ੍ਹ : ਵਾਰੀ ਐਨਰਜੀਜ਼ ਲਿਮਟਿਡ (ਕੰਪਨੀ) ਨੇ ਸੋਮਵਾਰ, 21 ਅਕਤੂਬਰ, 2024 ਨੂੰ ਇਕੁਇਟੀ ਸ਼ੇਅਰਾਂ (ਆਫਰ ) ਦੀ ਸ਼ੁਰੂਆਤੀ ਜਨਤਕ ਆਫਰ ਖੋਲ੍ਹਣ ਦਾ ਪ੍ਰਸਤਾਵ ਦਿੱਤਾ ਹੈ। ਐਂਕਰ ਨਿਵੇਸ਼ਕ ਬੋਲੀ ਦੀ ਮਿਤੀ ਬੋਲੀ/ਆਫਰ ਖੁੱਲ੍ਹਣ ਦੀ ਮਿਤੀ ਤੋਂ ਇੱਕ ਕੰਮਕਾਜੀ ਦਿਨ ਪਹਿਲਾਂ ਸ਼ੁੱਕਰਵਾਰ, 18 ਅਕਤੂਬਰ ਹੈ। ਬੋਲੀ/ਆਫਰ ਬੰਦ ਹੋਣ ਦੀ ਮਿਤੀ ਬੁੱਧਵਾਰ, 23 ਅਕਤੂਬਰ ਹੈ।ਆਫਰ ਦਾ ਪ੍ਰਾਈਸ ਬੈਂਡ 1,427 ਰੁਪਏ ਪ੍ਰਤੀ ਇਕੁਇਟੀ ਸ਼ੇਅਰ ਤੋਂ 1,503 ਰੁਪਏ ਪ੍ਰਤੀ ਇਕੁਇਟੀ ਸ਼ੇਅਰ ਤੈਅ ਕੀਤਾ ਗਿਆ ਹੈ। ਘੱਟੋ-ਘੱਟ 9 ਇਕੁਇਟੀ ਸ਼ੇਅਰਾਂ ਅਤੇ ਉਸ ਤੋਂ ਬਾਅਦ 9 ਇਕੁਇਟੀ ਸ਼ੇਅਰਾਂ ਦੇ ਗੁਣਕਾਂ ਦੇ ਲਈ ਬੋਲੀ ਦਿੱਤੀ ਜਾ ਸਕਦੀ ਹੈ। ਇਸ ਆਫਰ ਵਿੱਚ 3,600 ਕਰੋੜ ਰੁਪਏ ਤੱਕ ਦੇ ਇਕੁਇਟੀ ਸ਼ੇਅਰਾਂ ਦਾ ਨਵਾਂ ਇਸ਼ੂ (ਫਰੈਸ਼ ਇਸ਼ੂ) ਅਤੇ 4,800,000 ਇਕੁਇਟੀ ਸ਼ੇਅਰਾਂ (ਆਫਰਡ ਸ਼ੇਅਰ) ਦਾ ਆਫਰ ਫ਼ਾਰ ਸੇਲ ਸ਼ਾਮਲ ਹੈ ।

# ਜਸਵਿੰਦਰ ਕੌਰ ਪਿੰਡ ਮੇਹੜੇ ਦੇ ਸਰਪੰਚ ਬਣੇ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ) ਪੰਜਾਬ ਦੇ ਅੰਦਰ ਪੰਚਾਇਤੀ ਚੋਣਾਂ ਦੌਰਾਨ ਨਜ਼ਦੀਕੀ ਪਿੰਡ ਮੇਹੜੇ ਦੇ ਵਿੱਚ ਸਰਪੰਚ ਜਸਵਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ ਅਤੇ ਉਨਾਂ ਦੇ ਨਾਲ ਮੈਂਬਰ ਦਲਜੀਤ ਸਿੰਘ ਪੁੱਤਰ ਕਾਬਲ ਸਿੰਘ ਸੰਤੋਖ ਸਿੰਘ ਪੁੱਤਰ ਕਰਤਾਰ ਚੰਦ ਤੇ ਪਰਮਜੀਤ ਕੌਰ ਪਤਨੀ ਹਰਜੀਤ ਸਿੰਘ ਮੈਂਬਰ ਸਾਹਿਬਾਨ ਬਣੇ ਅਤੇ ਇਸ ਦੌਰਾਨ ਜਾਣਕਾਰੀ ਸਾਂਝੀ ਕਰਦੇ ਹੋਏ ਸਰਪੰਚ ਜਸਵਿੰਦਰ ਕੌਰ ਅਤੇ ਉਹਨਾਂ ਦੇ ਪਤੀ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਹਨਾਂ ਦੇ ਪਿੰਡ ਵਿੱਚ ਕੁੱਲ 573 ਵੋਟਾਂ ਹਨ ਅਤੇ 396 ਵੋਟਾਂ ਪੋਲਿੰਗ ਹੋਈਆਂ ਅਤੇ ਇਸ ਦੌਰਾਨ ਉਹ 132 ਵੋਟਾਂ ਤੇ ਜੇਤੂ ਰਹੇ।

ਉਨ੍ਹਾਂ ਜਿੱਤ ਦੀ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਕਿਹਾ ਕਿ ਉਹ ਇਲਾਕੇ ਦੇ ਲੋਕਾਂ ਦੇ ਹਮੇਸ਼ਾ ਰਿਣੀ ਰਹਿਣਗੇ ।ਇਸ ਮੌਕੇ ਸਾਬਕਾ ਸਰਪੰਚ ਸਰਦਾਰਾ ਸਿੰਘ ਅਤੇ ਮੁਹਤਬਰ ਵਿਅਕਤੀਆਂ ਨੇ ਨਵੀਂ ਬਣੀ ਗ੍ਰਾਮ ਪੰਚਾਇਤ ਨੂੰ ਵਧਾਈ ਦਿੱਤੀ ।ਇਸ ਮੌਕੇ ਨਵੀਂ ਬਣੀ ਪੰਚਾਇਤ ਨੇ ਕਿਹਾ ਕਿ ਪਿੰਡ ਦੇ ਅੰਦਰ ਵਿਕਾਸ ਕਾਰਜ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੀਤੇ ਜਾਣਗੇ ਅਤੇ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪਿੰਡ ਦੇ ਵਿਕਾਸ ਨੂੰ ਕਰਵਾਇਆ ਜਾਵੇਗਾ। ਇਸ ਮੌਕੇ ਨਵੀਂ ਬਣੀ ਪੰਚਾਇਤ ਦਾ ਪਿੰਡ ਦੇ ਗੁਰਦੁਆਰਾ ਸਾਹਿਬ 'ਚ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਸਰਪੰਚ ਜਸਵਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ ਦੇ ਪੁੱਤਰ ਗੁਰਪ੍ਰੀਤ ਸਿੰਘ ਤੋਂ ਇਲਾਵਾ ਲਵਪ੍ਰੀਤ ਸਿੰਘ ਰੰਧਾਵਾ, ਸਾਬਕਾ ਸਰਪੰਚ ਸਰਦਾਰਾ ਸਿੰਘ, ਜਤਿੰਦਰਬੀਰ ਸਿੰਘ ਪੰਨੂ, ਰਜਿੰਦਰ ਸਿੰਘ, ਜਸਬੀਰ ਸਿੰਘ ਲਾਡੀ, ਦਲਜੀਤ ਸਿੰਘ ਪੁੱਤਰ ਕਿਰਪਾਲ ਸਿੰਘ, ਸ਼ਾਮ ਸਿੰਘ, ਸੰਤੋਖ ਸਿੰਘ, ਹਰਭਜਨ ਸਿੰਘ ਆਦਿ ਹਾਜ਼ਰ ਸਨ।

# ਸਰਬਜੀਤ ਕੌਰ ਬੰਦੇਸ਼ਾ ਬੁੱਚੇ ਨੰਗਲ ਦੇ ਸਰਪੰਚ ਬਣੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਬੁੱਚੇ ਨੰਗਲ ਤੋਂ ਅਜ਼ਾਦ ਉਮੀਦਵਾਰ ਬੀਬੀ ਸਰਬਜੀਤ ਕੌਰ ਬੰਦੇਸ਼ਾ ਆਪਣੇ ਪਤੀ ਮਨਪ੍ਰੀਤ ਸਿੰਘ ਬੰਦੇਸ਼ਾ ਜੇ.ਈ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੀ ਮਿਹਨਤ ਸਦਕਾ ਆਪਣੇ ਵਿਰੋਧੀ ਕਾਂਗਰਸੀ ਉਮੀਦਵਾਰ ਬੀਬੀ ਪ੍ਰਭਜੋਤ ਕੌਰ ਨੂੰ 67 ਵੋਟਾਂ ਦੇ ਫ਼ਰਕ ਨਾਲ ਹਰਾ ਕੇ ਪਿੰਡ ਬੁੱਚੇ ਨੰਗਲ ਦੇ ਸਰਪੰਚ ਬਣੇ । ਚੋਣ ਜਿੱਤਣ ਉਪਰੰਤ ਸਰਪੰਚ ਸਰਬਜੀਤ ਕੌਰ ਬੰਦੇਸ਼ਾ ਦੇ ਪਤੀ ਮਨਪ੍ਰੀਤ ਸਿੰਘ ਬੰਦੇਸ਼ਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਾਡੇ ਪਿੰਡ ਦੀਆਂ ਕੁੱਲ 530 ਵੋਟਾਂ ਵਿੱਚੋਂ 405 ਵੋਟਾਂ ਪੋਲ ਹੋਈਆਂ, ਜਿਸ ਵਿੱਚੋਂ 12 ਵੋਟਾਂ ਸਰਪੰਚ ਅਤੇ 12 ਵੋਟਾਂ ਪੰਚ ਦੀਆਂ ਰੱਦ ਹੋਈਆਂ ।ਇਸ ਤਰ੍ਹਾਂ ਬੀਬੀ ਸਰਬਜੀਤ ਕੌਰ ਬੰਦੇਸ਼ਾ ਨੂੰ 230 ਅਤੇ ਬੀਬੀ ਪ੍ਰਭਜੋਤ ਕੌਰ ਨੂੰ 167 ਵੋਟਾਂ ਪਈਆਂ । ਉਨ੍ਹਾਂ ਕਿਹਾ ਕਿ 67 ਵੋਟਾਂ ਦੇ ਫਰਕ ਨਾਲ ਵੱਡੀ ਲੈ ਕੇ ਸਰਬਜੀਤ ਕੌਰ ਬੰਦੇਸ਼ਾ ਪਿੰਡ ਬੁੱਚੇ ਨੰਗਲ ਦੇ ਸਰਪੰਚ ਬਣੇ ਹਨ । ਉਨ੍ਹਾਂ ਅੱਗੇ ਦੱਸਿਆ ਕਿ ਸਾਡੇ ਧੜੇ ਦੇ 4 ਪੰਚ ਜਿਸ ਵਿਚ ਕੰਵਲਜੀਤ ਸਿੰਘ, ਪਵਿੱਤਰ ਸਿੰਘ, ਕਮਲਜੀਤ ਕੌਰ ,ਯਕੂਬ ਮਸੀਹ ਵੀ ਵੱਡੀ ਲੀਡ ਲੈ ਕੇ ਜੇਤੂ ਰਹੇ ਹਨ ।ਇਸ ਮੌਕੇ ਨਵੇਂ ਬਣੇ ਸਰਪੰਚ ਸਰਬਜੀਤ ਕੌਰ ਬੰਦੇਸ਼ਾ ਅਤੇ ਨਵੇ ਬਣੇ ਪੰਚਾਂ ਨੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਦੀ ਪੰਚਾਇਤ ਵੱਲੋਂ ਪਹਿਲਾਂ ਨਾਲੋਂ ਵੱਧ ਪਿੰਡ ਦੇ ਵਿਕਾਸ ਕਾਰਜ ਕਰਵਾਏ ਜਾਣਗੇ । ਉਨ੍ਹਾਂ ਕਿਹਾ ਕਿ ਸਾਡਾ ਪਹਿਲਾ ਕੰਮ ਯੂਥ ਦੀ ਭਲਾਈ ਲਈ ਪਿੰਡ ਵਾਸੀਆਂ ਦੀ ਸਲਾਹ ਨਾਲ ਜੋ ਵੀ ਮੰਗ ਹੋਵੇਗੀ , ਉਸ ਨੂੰ ਪੂਰਾ ਕੀਤਾ ਜਾਵੇਗਾ । ਇਸ ਦੇ ਨਾਲ ਪਿੰਡ ਵਿੱਚ ਡਾਕਖਾਨੇ ਨੂੰ ਬਿਲਡਿੰਗ ਮੁਹੱਈਆ ਕਰਵਾਉਣਾ , ਸਟਰੀਟ ਲਾਇਟਾਂ , ਪਿੰਡ ਵਿੱਚ ਸੀਵਰੇਜ ਸਿਸਟਮ, ਕਬਰਸਤਾਨ, ਸ਼ਮਸ਼ਾਨ ਘਾਟ, ਪਾਰਕ ਸਮੇਤ ਆਯੂਰਵੈਦਿਕ ਡਿਸਪੈਂਸਰੀ ਅਤੇ ਵੈਟਨਰੀ ਹਸਪਤਾਲ ਵਿੱਚ ਪਿੰਡ ਵਾਸੀਆਂ ਨੂੰ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ । ਇਸ ਮੌਕੇ ਜੇ.ਈ ਮਨਪ੍ਰੀਤ ਸਿੰਘ ਬੰਦੇਸ਼ਾ ਨੇ ਕਿਹਾ ਕਿ ਅਸੀਂ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਦਾ ਵਿਕਾਸ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕਰਵਾਵਾਂਗੇ। ਉਨ੍ਹਾਂ ਦੀ ਪੰਚਾਇਤ ਵੱਲੋਂ ਪਿੰਡ ਵਿੱਚ ਨਸ਼ੇ ਵੇਚਣ ਵਾਲਿਆਂ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ ।ਇਸ ਮੌਕੇ ਗੁਰਬਿੰਦਰ ਸਿੰਘ, ਤੇਜਿੰਦਰ ਸਿੰਘ,ਕੁਲਵਿੰਦਰ ਸਿੰਘ,ਕੁਲਜੀਤ ਸਿੰਘ, ਕਰਮਜੀਤ ਸਿੰਘ, ਹਰਨੂਰ ਸਿੰਘ, ਰਣਜੀਤ ਸਿੰਘ, ਹਰਭਜਨ ਸਿੰਘ, ਕਸ਼ਮੀਰ ਸਿੰਘ, ਸੁਖਰਾਜ ਸਿੰਘ, ਗੁਰਦੀਪ ਸਿੰਘ, ਸੋਨੂੰ ਗਿੱਲ, ਮਨਬੀਰ ਸਿੰਘ ਬੰਦੇਸ਼ਾ, ਬਲਜੀਤ ਸਿੰਘ, ਗੁਰਇਕਬਾਲ ਸਿੰਘ, ਅਸ਼ੋਕ ਮਸੀਹ, ਹਰਮੀਤ ਸਿੰਘ, ਲੱਭਾ ਮਸੀਹ, ਘੁੱਗ ਮਸੀਹ, ਬੂਟਾ ਮਸੀਹ, ਗੁਰਮੀਤ ਸਿੰਘ, ਗੁਰਨਾਮ ਸਿੰਘ, ਸ਼ਿੰਦਾ, ਗੋਪੀ ਕੁਲਦੀਪ ਆਦਿ ਹਾਜ਼ਰ ਸਨ ।

# ਠੇਕੇਦਾਰ ਬਲਵਿੰਦਰ ਸਿੰਘ ਬਣੇ ਮੈਹਣੀਆਂ ਬ੍ਰਾਹਮਣਾਂ ਦੇ ਸਰਪੰਚ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਪੰਚਾਇਤੀ ਚੋਣਾਂ ਦੌਰਾਨ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਤੇ ਬਲਾਕ ਤਰਸਿੱਕਾ ਦੇ ਪਿੰਡ ਮੈਹਣੀਆਂ ਬ੍ਰਾਹਮਣਾਂ ਵਿਖੇ ਸਰਪੰਚੀ ਦੀ ਚੋਣ ਲੜ ਰਹੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਠੇਕੇਦਾਰ ਬਲਵਿੰਦਰ ਸਿੰਘ ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਕੇ ਪਿੰਡ ਮੈਹਣੀਆਂ ਬ੍ਰਾਹਮਣਾਂ ਦੇ ਸਰਪੰਚ ਬਣ ਗਏ ਹਨ। ਉਨ੍ਹਾਂ ਦੇ ਨਾਲ ਸੰਦੀਪ ਸਿੰਘ, ਸਰਦੂਲ ਸਿੰਘ, ਮਨਦੀਪ ਕੌਰ, ਰਾਜਵਿੰਦਰ ਕੌਰ, ਪਲਵਿੰਦਰ ਸਿੰਘ ਸਾਰੇ ਹੀ ਸਰਬ ਸੰਮਤੀ ਨਾਲ ਮੈਂਬਰ ਪੰਚਾਇਤ ਚੁਣੇ ਗਏ ਹਨ । ਸਮੂਹ ਨਗਰ ਨਿਵਾਸੀਆਂ ਵੱਲੋਂ ਅੱਜ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਅਤੇ ਅਰਦਾਸ ਬੇਨਤੀ ਕੀਤੀ ਗਈ ਕਿ ਪੰਚਾਇਤ ਪਿੰਡ ਦੇ ਰਹਿੰਦੇ ਅਧੂਰੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰੇ। ਇਸ ਮੌਕੇ ਤੇ ਸਰਪੰਚ ਠੇਕੇਦਾਰ ਬਲਵਿੰਦਰ ਸਿੰਘ ਨੇ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਿੰਡ ਦੇ ਵਿਕਾਸ ਨੂੰ ਲੈ ਕੇ ਸਾਰੇ ਨਗਰ ਨਿਵਾਸੀਆਂ ਦੀ ਸਹਿਮਤੀ ਨਾਲ ਹੀ ਫੈਸਲੇ ਲੈਣਗੇ ਅਤੇ ਪਿੰਡ ਦਾ ਵਿਕਾਸ ਕਰਾਉਣਗੇ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਆਮ ਆਦਮੀ ਪਾਰਟੀ ਬਲਾਕ ਤਰਸਿੱਕਾ ਦੇ ਪ੍ਰਧਾਨ ਇੰਜੀਨੀਅਰ ਬਲਰਾਜ ਸਿੰਘ ਤਰਸਿੱਕਾ ਨੇ ਕਿਹਾ ਕਿ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਹਰਭਜਨ ਸਿੰਘ ਈ ਟੀ ਓ ਦੀ ਅਗਵਾਈ ਹੇਠ ਪਿੰਡ ਮੈਹਣੀਆਂ ਬ੍ਰਾਹਮਣਾਂ ਦਾ ਵਿਕਾਸ ਜੰਗੀ ਪੱਧਰ 'ਤੇ ਕਰਵਾਇਆ ਜਾਵੇਗਾ।

ਇਸ ਮੌਕੇ ਇੰਜੀਨੀਅਰ ਬਲਰਾਜ ਸਿੰਘ ਤੋਂ ਇਲਾਵਾ ਬਲਜੀਤ ਸਿੰਘ ਸੰਧੂ, ਸਰਵਨ ਸਿੰਘ ਸੰਧੂ, ਮਲਕੀਤ ਸਿੰਘ ਜੇਈ, ਪਰਮਦੀਪ ਸਿੰਘ ਇੰਸਪੈਕਟਰ, ਬਲਜਿੰਦਰ ਸਿੰਘ ਸਾਬੀ, ਗੁਰਨਾਮ ਸਿੰਘ ਸਾਬਕਾ ਸਰਪੰਚ, ਸੁਖਜੀਤ ਸਿੰਘ ਸਾਬਕਾ ਸਰਪੰਚ, ਸਮਸ਼ੇਰ ਸਿੰਘ, ਅਨੂਪ ਸਿੰਘ, ਨਰਿੰਦਰਜੀਤ ਸਿੰਘ ਪ੍ਰਧਾਨ, ਮਲਕੀਤ ਸਿੰਘ ਇਲੈਕਟਰੀਸ਼ੀਅਨ, ਜੋਗਿੰਦਰ ਸਿੰਘ ਨੰਬਰਦਾਰ, ਭੁਪਿੰਦਰ ਸਿੰਘ ਪਟਵਾਰੀ, ਲਖਵਿੰਦਰ ਸਿੰਘ, ਕਮਲਪ੍ਰੀਤ ਸਿੰਘ, ਕੇਵਲ ਸਿੰਘ, ਪ੍ਰਗਟ ਸਿੰਘ, ਨਿਸ਼ਾਨ ਸਿੰਘ, ਪਰਮਜੀਤ ਸਿੰਘ ਠੇਕੇਦਾਰ, ਮਨਦੀਪ ਸਿੰਘ, ਕਰਨਬੀਰ ਸਿੰਘ ਅਤੇ ਹੋਰ ਆਗੂ ਵੀ ਹਾਜ਼ਰ ਸਨ।

# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸੈਮੀਨਾਰ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜ ਮਹਿਤਾ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸੈਮੀਨਾਰ ਕਰਵਾਇਆ। ਇਸ ਮੌਕੇ ਅਦਾਰੇ ਦੇ ਹੋਣਹਾਰ ਵਿਦਿਆਰਥੀ ਹਰਜੋਤ ਕੌਰ, ਪੂਨਮ ਭੱਟੀ, ਸੰਦੀਪ ਸਿੰਘ, ਵਿਕਰਮਜੀਤ ਸਿੰਘ, ਗੁਰਨੂਰ ਸਿੰਘ, ਰਾਜਨਦੀਪ ਸਿੰਘ, ਨਵਰੋਜ ਸਿੰਘ, ਮਨਪ੍ਰੀਤ ਸਿੰਘ ਨੇ ਕਵਿਤਾ ਅਤੇ ਭਾਸ਼ਣ ਰਾਹੀਂ ਗੁਰੂ ਸਾਹਿਬ ਦੇ ਮਹਾਨ ਜੀਵਨ ਤੇ ਸਿੱਖ ਧਰਮ ਦੇ ਵਿਕਾਸ ਵਿੱਚ ਪਾਏ ਯੋਗਦਾਨ ਨੂੰ ਬਿਆਨ ਕੀਤਾ।ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਸਹਿਜ, ਸੇਵਾ, ਸਮਰਪਣ ਅਤੇ ਦ੍ਰਿੜ੍ਹਤਾ ਵਾਲੇ ਜੀਵਨ ਦੀ ਵਡਿਆਈ ਕਰਦਿਆਂ ਉਨ੍ਹਾਂ ਦੇ ਜੀਵਨ ਦੀਆਂ ਮੁੱਖ ਘਟਨਾਵਾਂ ਸਿੱਖ ਧਰਮ ਦਾ ਪ੍ਰਸਾਰ, ਅੰਮ੍ਰਿਤਸਰ ਸ਼ਹਿਰ ਦੀ ਸਥਾਪਨਾ, ਲਾਵਾਂ ਦੀ ਰਚਨਾ ਅਤੇ ਬਾਣੀ ਦੀ ਰਚਨਾ ਬਾਰੇ ਵਰਣਨ ਕੀਤਾ ਅਤੇ ਨਾਲ ਹੀ ਸਮੂਹ ਸੰਗਤਾਂ ਨੂੰ ਗੁਰੂ ਮਹਾਰਾਜ ਦੇ ਪਾਏ ਹੋਏ ਪੂਰਨਿਆਂ ਤੇ ਚੱਲਣ ਦੀ ਅਪੀਲ ਕੀਤੀ।ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਹਰਸ਼ਦੀਪ ਸਿੰਘ ਰੰਧਾਵਾ (ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਵਾਂ, ਮੈਂਬਰ ਆਫ ਚੀਫ ਖਾਲਸਾ ਦੀਵਾਨ), ਸੁਖਦੇਵ ਸਿੰਘ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਮਨਜੀਤ ਕੌਰ, ਰੁਪਿੰਦਰ ਕੌਰ, ਗੁਰਵਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਪ੍ਰੀਤ ਕੌਰ, ਨਵਨੀਤ ਕੌਰ, ਸੁਖਮਨਪ੍ਰੀਤ ਕੌਰ, ਕੁਲਜੀਤ ਕੌਰ, ਪੂਰਤੀ ਸ਼ਰਮਾ, ਰੇਨੂਕਾ, ਦਲਜੀਤ ਕੌਰ ਅਤੇ ਕਾਬਲ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਮੁਬਾਰਕਬਾਦ ਦਿੱਤੀ।

# ਲਿਬਰੇਸ਼ਨ ਨੇ ਕਿਸਾਨਾਂ ਦੇ ਝੋਨੇ ਦੀ ਖਰੀਦ ਨਾ ਹੋਣ ਲਈ ਪੰਜਾਬ ਤੇ ਕੇਂਦਰ ਨੂੰ ਦੋਸ਼ੀ ਦੱਸਿਆ



ਬਟਾਲਾ (ਤਰਲੋਕ ਬੱਗਾ)-ਸੀ ਪੀ ਆਈ ਐਮ ਐਲ ਲਿਬਰੇਸ਼ਨ ਦੀ ਪੰਜਾਬ ਸੂਬਾ ਕਮੇਟੀ ਨੇ ਕਿਸਾਨਾਂ ਦੇ ਝੋਨੇ ਦੀ ਖਰੀਦ ਨਾ ਹੋਣ ਲਈ ਪੰਜਾਬ ਅਤੇ ਕੇਂਦਰ ਸਰਕਾਰ ਨੂੰ ਦੋਸ਼ੀ ਦੱਸਿਆ ਹੈ।

ਇਕ ਪਾਰਟੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਅਤੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਸੁਖਦੇਵ ਸਿੰਘ ਭਾਗੋਕਾਵਾਂ ਨੇ ਕਿਹਾ ਕਿ ਪੰਜਾਬ ਦੇ ਸ਼ੈਲਰ ਮਾਲਕ ਪਿਛਲੇ 2 ਮਹੀਨੇ ਤੋਂ ਖੁੱਲ੍ਹੇਆਮ ਅਖ਼ਬਾਰੀ ਬਿਆਨਾਂ ਰਾਹੀਂ ਦੋਹਾਂ ਸਰਕਾਰਾਂ ਨੂੰ ਜਾਣਕਾਰੀ ਦੇ ਰਹੇ ਸਨ ਕਿ ਜੇਕਰ ਸ਼ੈਲਰਾਂ ਦਾ ਚੌਲ ਨਾ ਚੁੱਕਿਆ ਗਿਆ ਤਾਂ ਉਹ ਆਉਣ ਵਾਲੀ ਝੋਨੇ ਦੀ ਫ਼ਸਲ ਦੀ ਖਰੀਦ ਨਹੀਂ ਕਰ ਸਕਣਗੇ ਕਿਉਂਕਿ ਉਨ੍ਹਾਂ ਪਾਸ ਨਵੀਂ ਫ਼ਸਲ ਦੀਆਂ ਧਾਕਾਂ ਲਾਉਣ ਦੀ ਜਗ੍ਹਾ ਹੀ ਨਹੀਂ।ਪਰ ਇਸ ਸਮੱਸਿਆ ਨੂੰ ਹੱਲ ਕਰਨ ਲਈ ਨਾ ਤਾਂ ਪੰਜਾਬ ਸਰਕਾਰ ਨੇ ਸਮਾਂ ਰਹਿੰਦਿਆਂ ਕੇਂਦਰ ਸਰਕਾਰ ਉਪਰ ਬਣਦਾ ਦਬਾਅ ਬਣਾਇਆ ਅਤੇ ਨਾ ਹੀ ਕਿਸਾਨ ਹਿਤਾਂ ਨੂੰ ਮੁੱਖ ਰੱਖਦਿਆਂ ਕੇਂਦਰ ਸਰਕਾਰ ਨੇ ਸਮੇਂ ਸਿਰ ਕੋਈ ਠੋਸ ਕਦਮ ਚੁੱਕਣੇ ਜ਼ਰੂਰੀ ਸਮਝੇ। ਹੈਰਾਨੀ ਤਾਂ ਇਸ ਗੱਲ ਦੀ ਹੈ ਕਿ ਸਰਕਾਰੀ ਖਰੀਦ ਸ਼ੁਰੂ ਹੋਇਆਂ ਨੂੰ 19 ਦਿਨ ਬੀਤ ਗਏ ਹਨ, ਕਿਸਾਨ ਜਥੇਬੰਦੀਆਂ ਰੇਲਾਂ, ਸੜਕਾਂ, ਟੋਲ ਪਲਾਜ਼ੇ ਅਤੇ ਸਰਕਾਰੀ ਦਫ਼ਤਰਾਂ ਮੋਹਰੇ ਲਗਾਤਾਰ ਧਰਨੇ ਮਾਰ ਰਹੀਆਂ ਹਨ।

ਮੁੱਖ ਮੰਤਰੀ ਭਗਵੰਤ ਮਾਨ ਦੀ ਚੰਡੀਗੜ੍ਹ ਵੱਲ ਮਾਰਚ ਕਰਦੇ ਕਿਸਾਨਾਂ ਨੂੰ ਮੋਹਾਲੀ ਵਿੱਚ ਰੋਕ ਲਿਆ ਗਿਆ ਹੈ। ਸਭ ਤਰ੍ਹਾਂ ਦੇ ਕਿਸਾਨ ਸੰਘਰਸ਼ਾਂ ਦੇ ਬਾਵਜੂਦ ਦੋਨੋਂ ਸਰਕਾਰਾਂ ਕਿਸਾਨਾਂ ਦੀ ਸਮੱਸਿਆ ਦੀ ਕੋਈ ਪ੍ਰਵਾਹ ਨਹੀਂ ਕਰ ਰਹੀਆਂ। ਜਦੋਂ ਕਿ ਅਜੇ ਤੱਕ 70 ਫੀਸਦੀ ਝੋਨੇ ਦੀ ਫ਼ਸਲ ਖੇਤਾਂ ਵਿਚ ਹੀ ਖੜ੍ਹੀ ਹੈ ਕਿਉਂਕਿ ਮੰਡੀਆਂ ਵਿੱਚ ਝੋਨੇ ਨੂੰ ਰੱਖਣ ਦੀ ਜਗ੍ਹਾ ਹੀ ਨਹੀਂ ਹੈ।ਇਹ ਵੀ ਰੀਪੋਰਟਾਂ ਹਨ ਕਿ ਪੰਜਾਬ ਦੀਆਂ ਕਈ ਮੰਡੀਆਂ ਵਿੱਚ ਘੱਟੋ ਘੱਟ ਸਮਰਥਨ ਮੁੱਲ ਤੋਂ 250/300 ਰੁਪਏ ਘੱਟ ਕੀਮਤ ਉਪਰ ਮਾਮੂਲੀ ਖਰੀਦ ਹੋਈ ਹੈ। ਬੱਖਤਪੁਰਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਪੰਜਾਬ ਸਰਕਾਰ ਨੂੰ ਘੇਰਨ ਲਈ ਚੰਡੀਗੜ੍ਹ ਘੇਰਨ ਵੱਲ ਨੂੰ ਵਧਿਆ ਜਾਵੇ। ਮੀਟਿੰਗ ਵਿੱਚ ਧੀਰ ਸਿੰਘ, ਜਸਬੀਰ ਸਿੰਘ, ਮੇਜਰ ਸਿੰਘ, ਗੁਰਵਿੰਦਰ ਸਿੰਘ ਬੱਬੀ, ਹਰਦੀਪ ਸਿੰਘ ਅਤੇ ਬੱਗਾ ਮਸੀਹ ਸਨ।

# ਆਮ ਆਦਮੀ ਪਾਰਟੀ ਕਿਸਾਨ ਵਿੰਗ ਦੇ ਬਲਬੀਰ ਸਿੰਘ ਬੋਪਾਰਾਏ ਸਰਪੰਚ ਬਣੇ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਕਿਸਾਨ ਵਿੰਗ ਦੇ ਪ੍ਰਧਾਨ ਬਲਬੀਰ ਸਿੰਘ ਬੋਪਾਰਾਏ ਵੱਲੋਂ ਹੋਈਆਂ ਪੰਚਾਇਤ ਚੋਣਾਂ ਵਿੱਚ ਜਿੱਤ ਹਾਸਲ ਕਰਦਿਆਂ ਪਿੰਡ ਬੋਪਾਰਾਏ ਦੇ ਸਰਪੰਚ ਚੁਣੇ ਗਏ ਹਨ, ਜਿਨ੍ਹਾਂ ਨਾਲ ਸਤਨਾਮ ਸਿੰਘ, ਤਰਜਿੰਦਰ ਸਿੰਘ, ਕਿਰਨਦੀਪ ਕੌਰ, ਬਲਬੀਰ ਕੌਰ, ਸਰਬਜੀਤ ਕੌਰ ਪੰਚ ਚੁਣੇ ਗਏ ਹਨ। ਇਸ ਮੌਕੇ ਸਰਪੰਚ ਬਲਬੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਹ ਪਿੰਡ ਦੇ ਲੋਕਾਂ ਨਾਲ ਹਮੇਸ਼ਾ ਰਿਣੀ ਰਹਿਣਗੇ ਜਿਨ੍ਹਾਂ ਨੇ ਉਨ੍ਹਾਂ 'ਤੇ ਵਿਸ਼ਵਾਸ ਜਤਾਇਆ ਹੈ। ਇਸ ਮੌਕੇ ਤੇ ਉਨ੍ਹਾਂ ਦੀ ਟੀਮ ਨੇ ਵੀ ਪਿੰਡ ਵਾਸੀਆਂ ਦਾ ਕੋਟਿ ਕੋਟਿ ਧੰਨਵਾਦ ਕੀਤਾ ਹੈ। ਇਸ ਮੌਕੇ ਲਖਵਿੰਦਰ ਸਿੰਘ ਸੋਨਾ, ਕੁਲਵੰਤ ਸਿੰਘ ਸਾਬਕਾ ਮੈਂਬਰ, ਲਖਵਿੰਦਰ ਸਿੰਘ ਨੰਬਰਦਾਰ, ਸਲਵਿੰਦਰ ਸਿੰਘ ਸੋਨੂੰ, ਜੋਧਾ ਸਿੰਘ ਨੰਬਰਦਾਰ, ਸਾਹਿਬ ਸਿੰਘ, ਨਰਿੰਦਰ ਸਿੰਘ ਸਾਬਕਾ ਮੈਂਬਰ, ਜਤਿੰਦਰ ਸਿੰਘ, ਐਡਵੋਕੇਟ ਪ੍ਰਦੀਪ ਸਿੰਘ, ਯਾਦਵਿੰਦਰ ਸਿੰਘ, ਦਰਸਨ ਸਿੰਘ ਸਾਬਕਾ ਮੈਂਬਰ ਤੋਂ ਇਲਾਵਾ ਸਾਰੇ ਹੋਰ ਪਤਵੰਤੇ ਸੱਜਣ ਵੀ ਮੌਜੂਦ ਸਨ।

# 2 ਲੱਖ 10 ਹਜ਼ਾਰ ਐੱਮ ਐੱਲ ਨਜਾਇਜ ਸ਼ਰਾਬ ਬਰਾਮਦ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਬਹਿਰਾਮਪੁਰ ਪੁਲਿਸ ਦੇ ਏ.ਐਸ.ਆਈ. ਜਗੀਰ ਚੰਦ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਿਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਧੁੱਸੀ ਬੰਨ ਦੇ ਆਸ-ਪਾਸ ਏਰੀਆ ਦੀ ਸਰਚ ਕਰਨ 'ਤੇ ਧੁੱਸੀ ਬੰਨ੍ਹ ਦੇ ਕੰਢੇ ਤੋਂ ਨਾ-ਮਲੂਮ ਵਿਅਕਤੀ ਵਾਲੋਂ ਜ਼ਮੀਨ ਵਿੱਚ ਦੱਬੇ ਹੋਏ 7 ਕੈਨ ਪਲਾਸਟਕਿਾਂ ਵਿੱਚ ਪਾਈ ਹੋਈ 2 ਲੱਖ 10 ਹਜ਼ਾਰ ਐਮ.ਐਲ ਨਜਾਇਜ ਸ਼ਰਾਬ ਬਰਾਮਦ ਹੋਈ ਹੈ। ਪੁਲਸ ਨੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਸਿੰਗੋਵਾਲ ਦੇ ਸਰਪੰਚ ਚੀਮਾ ਨੇ ਪਿੰਡ ਦੇ ਲੋਕਾਂ ਦਾ ਕੀਤਾ ਧੰਨਵਾਦ



ਦੀਨਾਨਗਰ (ਸੰਜੀਵ)-ਦੀਨਾਨਗਰ ਦੇ ਪਿੰਡ ਸਿੰਗੋਵਾਲ ਦੇ ਨਵਨਿਯੁਕਤ ਸਰਪੰਚ ਗੁਰਨਾਮ ਸਿੰਘ ਚੀਮਾ ਨੇ ਪਿੰਡ ਵਿੱਚ ਘਰ ਘਰ ਜਾ ਕੇ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਗੱਲਬਾਤ ਦੌਰਾਨ ਦੱਸਿਆ ਕਿ ਪਿੰਡ ਸਿੰਗੋਵਾਲ ਦਾ ਸਰਵਪੱਖੀ ਵਿਕਾਸ ਕੀਤਾ ਜਾਵੇਗਾ, ਗਲੀਆਂ ਨਾਲੀਆਂ ਦਾ ਰੁਕਿਆ ਕੰਮ ਪੂਰਾ ਕੀਤਾ ਜਾਵੇਗਾ, ਜਿਨ੍ਹਾਂ ਦੇ ਕੱਚੇ ਘਰ ਹਨ ਉਨ੍ਹਾਂ ਨੂੰ ਗਰਾਂਟ ਦਿੱਤੀ ਜਾਵੇਗੀ, ਪਿੰਡ ਦੇ ਸ਼ਮਸ਼ਾਨਘਾਟ ਦਾ ਰਸਤਾ ਪਹਿਲ ਦੇ ਅਧਾਰ 'ਤੇ ਪੱਕਾ ਕੀਤਾ ਜਾਵੇਗਾ, ਕਿਸੇ ਵੀ ਲੋੜਵੰਦ ਨੂੰ ਰਾਤ ਬਰਾਤੇ ਮੇਰੀ ਲੋੜ ਹੋਵੇ ਤਾਂ ਕਿਸੇ ਵੇਲੇ ਵੀ ਮੇਰੇ ਘਰ ਆ ਕੇ ਮੁਸ਼ਕਿਲ ਦਸ ਸਕਦਾ ਹੈ । ਇਸ ਮੌਕੇ ਤਿਲਕ ਰਾਜ, ਬਲਵੰਤ ਸ਼ੰਮੀ, ਸਰਬਜੀਤ ਕੌਰ (ਮੈਂਬਰ), ਸੋਹਣ ਲਾਲ (ਮੈਂਬਰ ), ਜਯੋਤੀ (ਮੈਂਬਰ) ਅਤੇ ਬਾਕੀ ਲੋਕ ਮੌਜੂਦ ਸਨ ।

# ਸ੍ਰੀ ਗੁਰੂ ਅਰਜਨ ਦੇਵ ਸਪੋਰਟਸ ਕਲੱਬ ਨੇ ਕਬੱਡੀ ਖਿਡਾਰੀਆਂ ਨੂੰ ਬੂਟ ਵੰਡੇ

ਚੋਹਲਾ ਸਾਹਿਬ (ਚੱਡਾ)-ਸਕੂਲੀ ਵਿਦਿਆਰਥੀਆਂ ਅਤੇ ਜ਼ਰੂਰਤਮੰਦ ਕਬੱਡੀ ਖਿਡਾਰੀਆਂ ਨੂੰ ਅੱਜ ਸ੍ਰੀ ਗੁਰੂ ਅਰਜਨ ਦੇਵ ਸਪੋਰਟਸ ਕਲੱਬ ਚੋਹਲਾ ਸਾਹਿਬ ਵੱਲੋਂ ਬੂਟ ਵੰਡੇ ਗਏ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਪੋਰਟਸ ਕਲੱਬ ਦੇ ਪ੍ਰਧਾਨ ਰਿਟਾਇਰਡ ਥਾਣੇਦਾਰ ਅਤੇ ਪਹਿਲਵਾਨ ਮਨਮੋਹਨ ਸਿੰਘ ਨੇ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਉਹਨਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲੀ ਵਿਦਿਆਰਥੀ ਜਿਨ੍ਹਾਂ ਦੀ ਘਰੇਲੂ ਮਾਲੀ ਹਾਲਤ ਕਮਜ਼ੋਰ ਹੈ ਅਤੇ ਉਹ ਸ੍ਰੀ ਗੁਰੂ ਅਰਜਨ ਦੇਵ ਅੰਤਰਰਾਸ਼ਟਰੀ ਖੇਡ ਸਟੇਡੀਅਮ ਵਿੱਚ ਰੋਜ਼ਾਨਾ ਕਬੱਡੀ ਖੇਡਣ ਵਾਸਤੇ ਆਉਂਦੇ ਹਨ ਜਿਨ੍ਹਾਂ ਪਾਸ ਸਕੂਲ ਵਾਲੇ ਬੂਟ ਨਾ ਹੋਣ ਕਾਰਨ ਉਨ੍ਹਾਂ ਨੂੰ ਸ੍ਰੀ ਗੁਰੂ ਅਰਜਨ ਦੇਵ ਸਪੋਰਟਸ ਕਲੱਬ ਚੋਹਲਾ ਸਾਹਿਬ ਵੱਲੋਂ 30 ਬੂਟ ਵੰਡੇ ਗਏ ਹਨ। ਉਨ੍ਹਾਂ ਦੱਸਿਆ ਕਿ ਉਹ ਹਮੇਸ਼ਾ ਖਿਡਾਰੀਆਂ ਦਾ ਮਾਣ ਸਤਿਕਾਰ ਕਰਦੇ ਹਨ ਅਤੇ ਖਾਸ ਕਰਕੇ ਜ਼ਰੂਰਤਮੰਦ ਖਿਡਾਰੀਆਂ ਦੀ ਕਦਰ ਕਰਦੇ ਹੋਏ ਉਨ੍ਹਾਂ ਦੀਆਂ ਜ਼ਰੂਰਤਾਂ ਵੀ ਪੂਰੀਆਂ ਕਰਦੇ ਹਨ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵੀ ਖਿਡਾਰੀ ਨੂੰ ਕੋਈ ਜ਼ਰੂਰਤ ਹੈ ਤਾਂ ਉਹ ਉਨ੍ਹਾਂ ਦੇ ਸਪੋਰਟਸ ਕਲੱਬ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਨਾਲ ਰਾਬਤਾ ਕਾਇਮ ਕਰ ਸਕਦੇ ਹਨ। ਇਸ ਸਮੇਂ ਡੀ ਆਰ ਤਰਲੋਚਨ ਸਿੰਘ, ਵਿਜੀਲੈਂਸ ਇੰਸਪੈਕਟਰ ਅਜਮੇਰ ਸਿੰਘ, ਸੀ ਆਰ ਪੀ ਇੰਸਪੈਕਟਰ ਅੰਗਰੇਜ਼ ਸਿੰਘ, ਪਹਿਲਵਾਨ ਕੁਲਵੰਤ ਸਿੰਘ ਘੀਟੋ, ਏ ਐਸ ਆਈ ਦਿਲਬਾਗ ਸਿੰਘ, ਅਮਰ ਸਿੰਘ ਭਰੋਵਾਲ, ਪ੍ਰਧਾਨ ਰਣਜੀਤ ਸਿੰਘ, ਸਾਬਕਾ ਕਬੱਡੀ ਖਿਡਾਰੀ ਹੀਰਾ ਸਿੰਘ, ਸਤਨਾਮ ਸਿੰਘ ਸੱਤੀ, ਨਿਸ਼ਾਨ ਸਿੰਘ ਭਿੱਖੀਕੇ, ਗੁਲਜਾਰ ਸਿੰਘ ਆਦਿ ਹਾਜ਼ਰ ਸਨ।



# ਹਰਜਿੰਦਰ ਕੌਰ ਕੋਟ ਮਹਿਤਾਬ ਤੋਂ ਸਰਪੰਚ ਚੁਣੇ



ਰਈਆ (ਡੀ ਕੇ ਰੈਡੀ)- ਗ੍ਰਾਮ ਪੰਚਾਇਤ ਕੋਟ ਮਹਿਤਾਬ ਤੋਂ ਹਰਜਿੰਦਰ ਕੌਰ ਪੂਰਨ ਬਹੁ ਸੰਮਤੀ ਦੇ ਨਾਲ ਸਰਪੰਚ ਚੁਣੇ ਗਏ।ਉਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰਾਂ ਰਣਜੀਤ ਕੌਰ ਅਤੇ ਨਿਰਮਲ ਕੌਰ ਨੂੰ ਹਰਾਇਆ।ਪੰਚਾਇਤੀ ਵੋਟਾਂ ਵਿੱਚ ਹਰਜਿੰਦਰ ਕੌਰ ਸਰਪੰਚੀ ਦੇ ਉਮੀਦਵਾਰ ਸਨ ਅਤੇ ਉਨ੍ਹਾਂ ਦੇ ਨਾਲ ਸੱਤ ਮੈਂਬਰਾਂ ਨੇ ਪੰਚਾਇਤ ਮੈਂਬਰਾਂ ਦੀ ਚੋਣ ਲੜੀ ਜਿਸ ਵਿੱਚ ਹਰਜਿੰਦਰ ਕੌਰ ਸਰਪੰਚ ਦੇ ਨਾਲ ਸਾਰੇ ਹੀ ਮੈਂਬਰ ਪੰਚਾਇਤ ਰਣਜੀਤ ਕੌਰ, ਦਵਿੰਦਰ ਕੌਰ,ਸ੍ਰੀਮਤੀ ਅਮਰਜੀਤ ਕੌਰ, ਸ੍ਰੀਮਤੀ ਰਾਜਬੀਰ ਕੌਰ, ਰਿੰਪੀ, ਕਵਲਜੀਤ ਸਿੰਘ ਅਤੇ ਗੁਰਸਿਮਰਨਜੀਤ ਸਿੰਘ ਜੇਤੂ ਹੋਏ। ਇਸ ਮੌਕੇ ਸ਼ਰਨ ਪੱਡਾ ਨੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਅਤੇ ਸਭ ਨੂੰ ਵਿਸ਼ਵਾਸ ਦਿਵਾਇਆ ਕਿ ਨਵੀਂ ਚੁਣੀ ਗਈ ਗ੍ਰਾਮ ਪੰਚਾਇਤ ਪਿੰਡ ਦੇ ਵਿਕਾਸ ਲਈ ਦਿਨ ਰਾਤ ਇੱਕ ਕਰ ਦੇਵੇਗੀ ਅਤੇ ਪਿੰਡ ਨੂੰ ਹਲਕੇ ਦਾ ਇੱਕ ਮਾਡਲ ਪਿੰਡ ਬਣਾਇਆ ਜਾਵੇਗਾ।ਇਸ ਮੌਕੇ ਸਾਬਕਾ ਸਰਪੰਚ ਗੁਰਵਿੰਦਰ ਸਿੰਘ ਸਾਬੀ, ਨਵਦੀਪ ਸਿੰਘ ਪੱਡਾ ਪੰਪ ਵਾਲੇ, ਸੁਬੇਗ ਸਿੰਘ, ਕੁਲਵਿੰਦਰ ਸਿੰਘ, ਮਲੂਕ ਸਿੰਘ ਪੱਡਾ, ਇਕਬਾਲ ਸਿੰਘ ਪੱਡਾ, ਮਨਜੋਤ ਸਿੰਘ ਪੱਡਾ, ਗੁਰਪ੍ਰਕਾਰ ਸਿੰਘ ਲਾਡਾ, ਨਿਸ਼ਾਨ ਸਿੰਘ, ਹਰਜੀਤ ਸਿੰਘ ਜੇਈ, ਮਾਸਟਰ ਮਨਜੀਤ ਸਿੰਘ ਪੱਡਾ, ਖਜਾਨ ਸਿੰਘ, ਸੁੱਚਾ ਸਿੰਘ ਲੀਡਰ, ਹਰਜਿੰਦਰ ਸਿੰਘ ਆਰੇ ਵਾਲੇ, ਸੁਖਰਾਜ ਸਿੰਘ, ਹਰਜੀਤ ਸਿੰਘ, ਸਤਨਾਮ ਸਿੰਘ, ਗੱਜਣ ਸਿੰਘ, ਲਵਪ੍ਰੀਤ ਕੌਰ ਅਤੇ ਸਮੂਹ ਪਿੰਡ ਵਾਸੀਆਂ ਨੇ ਨਵੀਂ ਚੁਣੀ ਗਈ ਗ੍ਰਾਮ ਪੰਚਾਇਤ ਨੂੰ ਵਧਾਈ ਦਿੱਤੀ।

# ਆਪ ਦੀਆਂ ਦਰਜਨਾਂ ਜੇਤੂ ਪੰਚਾਇਤਾਂ ਕਟਾਰੂਚੱਕ ਨੂੰ ਮਿਲੀਆਂ



ਪਠਾਨਕੋਟ (ਦਵਿੰਦਰ ਸਿੰਘ)- ਅੱਜ ਵਿਧਾਨ ਸਭਾ ਹਲਕਾ ਭੋਆ ਦੀਆਂ ਦਰਜਨਾਂ ਜੇਤੂ ਪੰਚਾਇਤਾਂ ਦੇ ਸਰਪੰਚ ਅਤੇ ਪੰਚਾਇਤ ਮੈਂਬਰ ਪਿੰਡ ਕਟਾਰੂਚੱਕ ਵਿਖੇ ਪਹੁੰਚੇ ਅਤੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਨੂੰ ਮਿਲੇ। ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਨੇ ਜੇਤੂ ਪੰਚਾਇਤਾਂ ਦੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਅੱਜ ਵਿਧਾਨ ਸਭਾ ਹਲਕਾ ਭੋਆ ਦੇ ਦਰਜਨਾਂ ਪਿੰਡਾਂ ਲਾਹੜੀ ਵਾਵਿਆਂ, ਨਰੋਲੀ, ਧੋਬੜਾ, ਭਗਵਾਨਸਰ, ਮੰਜੀਰੀ ਜੱਟਾਂ, ਕਿੱਲਪੁਰ, ਗੋਤਰਾ ਕੋਠੇ, ਅੰਬੀ ਖੜਖੜਾ, ਜੈਨਪੁਰ, ਮਾਖਣਪੁਰ, ਅਲੀਆਲ, ਤਾਰਾਗੜ੍ਹ, ਧੁਪਫੜੀ, ਬਹਾਦਰਪੁਰ, ਰਾਮਕਾਲਮਾਂ, ਪਹਾੜੋਚੱਕ, ਨੱਕੀ ਆਦਿ ਪੰਚਾਇਤਾਂ ਦੇ ਜੇਤੂ ਰਹੇ ਸਰਪੰਚ ਅਪਣੇ ਪੰਚਾਇਤ ਮੈਂਬਰਾਂ ਦੇ ਨਾਲ ਕੈਬਨਿਟ ਮੰਤਰੀ ਪੰਜਾਬ ਨੂੰ ਮਿਲੇ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਜੇਤੂ ਪੰਚਾਇਤ ਮੈਂਬਰਾਂ ਅਤੇ ਸਰਪੰਚਾਂ ਨੂੰ ਸਿਰੋਪੇ ਪਾ ਕੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਵਿਧਾਨ ਸਭਾ ਹਲਕੇ ਦੀਆਂ ਦਰਜਨਾਂ ਪੰਚਾਇਤਾਂ ਨੇ ਪੰਚਾਇਤੀ ਚੋਣਾਂ ਦੌਰਾਨ ਜਿੱਤ ਪ੍ਰਾਪਤ ਕਰਕੇ ਇਹ ਸਿੱਧ ਕਰ ਦਿੱਤਾ ਹੈ ਕਿ ਲੋਕਾਂ ਦਾ ਆਮ ਆਦਮੀ ਪਾਰਟੀ 'ਤੇ ਪੂਰਾ ਭਰੋਸਾ ਹੈ ਕਿ ਅਗਰ ਕੋਈ ਪੂਰਨ ਵਿਕਾਸ ਕਰ ਸਕਦੀ ਹੈ ਤਾਂ ਉਹ ਹੈ ਆਮ ਆਦਮੀ ਪਾਰਟੀ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਅਤੇ ਭਵਿੱਖ ਅੰਦਰ ਵੀ ਇਹ ਵਿਕਾਸ ਕਾਰਜ ਜਾਰੀ ਰਹਿਣਗੇ।

19-Oct-PAGE-12.qxd 10/18/2024 10:51 PM Page 1



## ਜਨਮ ਦਿਨ ਮੁਬਾਰਕ



ਪਲਵੀ ਸੋਚ, ਸਮਰਾਲਾ



ਹਰਗੁਣ ਸਿੰਘ, ਮਲੋਟ

# ਅੱਗ ਲੱਗਣ ਕਾਰਨ ਦੁਕਾਨ ਦਾ ਸਾਰਾ ਸਮਾਨ ਸੜ ਕੇ ਸੁਆਹ

**ਬਲਾਚੌਰ (ਜਸਵਿੰਦਰ ਬੈਂਸ)** ਇਥੇ ਭੱਦੀ ਰੋਡ 'ਤੇ ਕੱਲ੍ਹ ਰਾਤ ਮਨਿਆਰੀ ਦੀ ਦੁਕਾਨ ਨੂੰ ਅੱਗ ਲੱਗਣ ਕਰਕੇ ਦੁਕਾਨ ਦਾ ਸਾਰਾ ਸਮਾਨ ਸੜ ਕੇ ਸੁਆਹ ਹੋ ਗਿਆ।ਅੱਗ ਇੰਨੀ ਭਿਆਨਕ ਸੀ ਕਿ ਅੱਗ ਦੁਕਾਨ ਦੀ ਤੀਜੀ ਮੰਜਿਲ ਤੱਕ ਪੁੱਜ ਗਈ ਜਿਥੇ ਪਿਆ ਸਾਮਾਨ ਵੀ ਸੜ ਗਿਆ।ਫਾਇਰ ਬ੍ਰਿਗੇਡ ਅੱਗ 'ਤੇ ਬੜੀ ਮੁਸ਼ਕਲ ਨਾਲ ਕਾਬੂ ਪਾਇਆ ਪਰ ਉਦੋਂ ਤੱਕ ਦੁਕਾਨ ਦਾ ਸਾਰਾ ਸਾਮਾਨ ਸੜ ਕੇ ਸੁਆਹ ਹੋ ਚੁੱਕਾ ਸੀ। ਹੈਪੀ ਜਨਰਲ ਸਟੋਰ ਦੇ ਮਾਲਿਕ ਨੇ ਦੱਸਿਆ ਵੀਰਵਾਰ ਰਾਤ ਉਹ 9.30 ਵਜੇ ਦੁਕਾਨ ਬੰਦ ਕਰਕੇ ਘਰ ਪਰਤੇ ਸਨ। ਲੱਗਭਗ 10 ਵਜੇ ਇੱਕ ਵਿਅਕਤੀ ਨੇ ਆ ਕੇ ਸੂਚਨਾ ਦਿੱਤੀ ਕਿ ਉਨ੍ਹਾਂ ਦੀ ਦੁਕਾਨ ਨੂੰ ਅੱਗ ਲੱਗੀ ਹੋਈ ਹੈ।ਸਾਰੇ ਭੱਜ ਕੇ ਜਦੋਂ ਦੁਕਾਨ 'ਤੇ ਪੁੱਜੇ ਤਾ ਅੰਦਰੋਂ ਅੱਗ ਦੇ ਭਾਂਬੜ ਮੱਚ ਰਹੇ ਸਨ। ਬੜੀ ਮੁਸ਼ਕਲ ਨਾਲ ਦੁਕਾਨ ਦਾ ਸ਼ਟਰ ਚੁੱਕਿਆ ਤਾ ਅੰਦਰ ਅੱਗ ਹੀ ਅੱਗ ਸੀ। ਦੋ ਤਿੰਨ ਜਗ੍ਹਾ ਅੱਗ ਬੁਝਾਉਣ ਵਾਲੀ ਗੱਡੀ ਨੂੰ ਫੋਨ ਕੀਤਾ।ਲੋਕਾਂ ਨੇ ਵੀ ਅੱਗ 'ਤੇ ਕਾਫੀ ਪਾਣੀ ਪਾਇਆ ਪਰ ਅੱਗ ਨਹੀਂ ਬੁਝੀ।ਹੈਪੀ ਜਨਰਲ ਸਟੋਰ ਦੇ ਮਲਿਕ ਅਨੁਸਾਰ ਉਨ੍ਹਾਂ ਦਾ ਲੱਖਾਂ ਦਾ ਨੁਕਸਾਨ ਹੋਇਆ ਹੈ।ਸ਼ਹਿਰ ਦੇ ਮੋਹਤਬਰ ਵਿਅਕਤੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪੀੜਤ ਦੁਕਾਨਦਾਰ ਨੂੰ ਸਰਕਾਰ ਤੋਂ ਮੁਆਵਜਾ ਦਿਵਾਇਆ ਜਾਵੇ।ਦੁਕਾਨਦਾਰ ਅਨੁਸਾਰ ਤਿਓਹਾਰਾਂ ਦਾ ਸਮਾਂ ਹੋਣ ਕਾਰਨ ਦੁਕਾਨ ਵਿਚ ਕਾਫੀ ਸਾਮਾਨ ਭਰਿਆ ਹੋਇਆ ਸੀ।ਸ਼ਹਿਰ ਦੇ ਮੋਹਤਬਰ ਵਿਅਕਤੀਆਂ ਅਤੇ ਦੁਕਾਨਦਾਰਾਂ ਅਨੁਸਾਰ ਜੇਕਰ ਬਲਾਚੌਰ ਵਿਚ ਅੱਗ ਬੁਝਾਉਣ ਵਾਲੀ ਗੱਡੀ ਦਾ ਇੰਤਜਾਮ ਹੁੰਦਾ ਤਾ ਇਹ ਨੁਕਸਾਨ ਹੋਣ ਤੋਂ ਬਚ ਸਕਦਾ ਸੀ।ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਬਲਾਚੌਰ ਵਿਚ ਇਕ ਅੱਗ ਬੁਝਾਉਣ ਵਾਲੀ ਗੱਡੀ ਦਾ ਇੰਤਜਾਮ ਕੀਤਾ ਜਾਵੇ ਤਾ ਜੋ ਭਵਿੱਖ ਵਿਚ ਕੋਈ ਅਜਿਹੀ ਘਟਨਾ ਨਾ ਵਾਪਰੇ।

# ਜਦੋਂ ਸ਼ਬਦ ਮੁੱਕ ਜਾਣ ਤਦ ਸੰਗੀਤ ਸ਼ੁਰੂ ਹੁੰਦੈ

**ਸ਼ਾਹਕੋਟ (ਗਿਆਨ ਸੈਦਪੁਰੀ)**-'ਜਦੋਂ ਸ਼ਬਦ ਮੁੱਕ ਜਾਣ ਤਦ ਸੰਗੀਤ ਸ਼ੁਰੂ ਹੁੰਦਾ ਹੈ'।ਸੰਗੀਤ ਐਕਡਮੀ (ਰਜਿ) ਸ਼ਾਹਕੋਟ ਦੇ ਸੰਚਾਲਕ ਸੰਗੀਤਕਾਰ ਸੁਖਪਾਲ ਸਿੰਘ ਦੇਵਗੁਣ ਨੇ ਸੰਗੀਤ ਦੀ ਮਹੱਤਤਾ ਦਰਸਾਉਣ ਲਈ ਉਕਤ ਹਵਾਲਾ ਉਸ ਵੇਲੇ ਦਿੱਤਾ ਜਦੋਂ 'ਸੁਰਤਾਲ ਉਤਸਵ' ਸ਼ੁਰੂ ਕਰਨ ਤੋਂ ਪਹਿਲਾਂ ਉਹ ਸਰੋਤਿਆਂ ਨੂੰ ਮੁਖਾਤਬ ਹੋ ਰਹੇ ਸਨ।ਉਨ੍ਹਾਂ ਨੇ ਸੁਰਮਈ ਸ਼ਾਮ ਦੀ ਰੂਪ ਰੇਖਾ ਦੱਸਦਿਆਂ ਹਾਜ਼ਰੀਨ ਨੂੰ ਜੀਓ ਆਇਆ ਵੀ ਆਖਿਆ।'ਤਾਲ ਉਤਸਵ' ਦੀ ਸ਼ੁਰੂਆਤ ਐਕਡਮੀ ਦੀ ਸਿਖਿਆਰਥੀ ਕੋਮਲਪ੍ਰੀਤ ਕੌਰ ਤੇ ਸਾਖਣਾ ਨੇ ਸ਼ਬਦ ਪੇਸ਼ ਕਰਕੇ ਕੀਤੀ।

ਇਸ ਤੋਂ ਪਹਿਲਾਂ ਕਿ ਜਗਮੋਹਣ ਸਿੰਘ ਤੇ ਜਸਕਰਨ ਸਿੰਘ ਤਬਲੇ ਦੀ ਜੁਗਲਬੰਦੀ ਪੇਸ਼ ਕਰਦੇ, ਜਤਿੰਦਰ ਪਾਲ ਸਿੰਘ ਬੱਲ੍ਹਾ ਨੇ ਇਨ੍ਹਾਂ ਕਲਾਕਾਰਾਂ ਬਾਰੇ ਸਰੋਤਿਆਂ ਨਾਲ ਜਾਣਕਾਰੀ ਸਾਂਝੀ ਕੀਤੀ। ਜਦੋਂ ਜਗਮੋਹਣ ਸਿੰਘ ਤੇ ਜਸਕਰਨ ਸਿੰਘ ਦੀਆਂ ਉਂਗਲਾਂ ਤਬਲੇ 'ਤੇ ਨੱਚਣ ਲੱਗੀਆਂ ਤਾਂ ਸੁਖਪਾਲ ਸਿੰਘ ਦੇਵਗੁਣ ਵੱਲੋਂ ਦਿੱਤਾ ਹਵਾਲਾ ਸੱਚ ਹੋਣ ਦਾ ਅਹਿਸਾਸ ਹੋਇਆ।ਤਿੰਨ ਤਾਲ 'ਤੇ ਹਰਮੋਨੀਅਮ ਦਾ ਸਾਥ ਦੀਪਕ ਗੌਰੀ ਨੇ ਦਿੱਤਾ। ਸਰੋਤਿਆਂ ਵਿੱਚ ਸ਼ਾਮਲ ਦੂਰਦਰਸ਼ਨ ਦੇ ਐਂਕਰ



ਡਾ. ਨਗਿੰਦਰ ਸਿੰਘ ਬਾਂਸਲ ਨੇ ਟਿੱਪਣੀ ਕੀਤੀ ਕਿ ਜਗਮੋਹਣ ਸਿੰਘ ਤੇ ਜਸਕਰਨ ਸਿੰਘ ਦੀ ਪੇਸ਼ਕਾਰੀ ਨਾਲ ਸੰਗੀਤ ਦੀ ਭਾਸ਼ਾ ਤੇ ਜੁਗਲਬੰਦੀ ਦੀ ਸਮਝ ਲੱਗੀ ਹੈ।

ਸੰਦੀਪ ਸਿੰਘ ਨੇ ਦਿਲਰੁਬਾ 'ਤੇ ਰਾਗ ਮਧੂਵੰਤੀ ਦੀ ਪੇਸ਼ਕਾਰੀ ਕੀਤੀ ਤਾਂ ਇੰਜ ਮਹਿਸੂਸ ਹੋਇਆ ਜਿਵੇਂ ਸਰੋਤੇ ਸੰਗੀਤਕ ਸਮੁੰਦਰ ਵਿੱਚ ਤਾਰੀਆ ਲਾ ਰਹੇ ਹੋਣ। ਤਬਲਾ ਸੋਲੋ ਵਿੱਚ ਅੰਤਰਰਾਸ਼ਟਰੀ ਤਬਲਾ ਵਾਦਕ ਨੀਲੀਮੇਸ਼ ਚੱਕਰਵਰਤੀ(ਕਲਕੱਤਾ) ਅਤੇ ਦਿਲਰੁਬਾ 'ਤੇ ਸੰਦੀਪ ਸਿੰਘ ਦੀ ਜੁਗਲਬੰਦੀ ਸੁਣ ਕੇ ਸਰੋਤੇ ਸੰਗੀਤ ਦੇ ਵਹਿਣ ਵਿੱਚ ਵਹਿ ਤੁਰੇ ਮਹਿਸੂਸ ਹੋਏ।

ਇਸ ਮੌਕੇ ਸਾਹਿਤ ਸਿੱਖਿਆ ਸੇਵਾ ਸਭਾ ਵੱਲੋਂ ਮਾਸਟਰ ਅਮਰਪ੍ਰੀਤ ਸਿੰਘ ਝੀਤਾ ਨੇ ਆਪੋ ਆਪਣੇ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਕਈ ਸ਼ਖਸ਼ੀਅਤਾਂ ਦਾ ਸਨਮਾਨ ਕੀਤਾ। ਸਫਲ ਤਾਲ ਉਤਸਵ ਵਿੱਚ ਸੁਰ ਸਾਧਨਾ ਸੰਗੀਤ ਐਕਡਮੀ ਸੈਦਪੁਰ ਝਿੜੀ ਵੱਲੋਂ ਸੰਗੀਤਕਾਰ ਤਲਵਿੰਦਰ ਸਿੰਘ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਮੈਡਮ ਸੁਰਿੰਦਰ ਕੌਰ ਦੇਵਗੁਣ ਨੇ ਸੰਗੀਤਕ ਸ਼ਾਮ ਵਿੱਚ ਸ਼ਮੂਲੀਅਤ ਕਰਨ ਲਈ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮਜੀਤ ਕੌਰ ਬਜਾਜ ਸਾਬਕਾ ਵਾਇਸ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਭੂਸ਼ਨ ਸਚਦੇਵਾ, ਸਮਾਜ ਸੇਵੀ ਵਰਿੰਦਰ ਚੌਧਰੀ, ਰਣਜੀਤ ਸਿੰਘ ਮਲਸੀਆ, ਗੁਰਵਿੰਦਰ ਸਿੰਘ ਗੀਡਰ ਡੀ. ਐਸ. ਪੀ. ਸ਼ਾਹਕੋਟ, ਗੋਪੀ ਸ਼ਾਹਕੋਟ, ਜਸਕਰਨ ਕੌਰ, ਮਨਜੀਤ ਕੁਮਾਰ ਦੇਦ, ਪੰਜਾਬੀ ਗਾਇਕ ਸੁਖਪਾਲ ਸੁੱਖ, ਕਰਮਜੀਤ ਕਾਕੂ (ਬਾਦਸ਼ਾਹ ਐਕਡਮੀ) ਗਾਇਕ ਅਤੇ ਆਪ ਆਗੂ ਕੁਲਦੀਪ ਸਿੰਘ ਦੀਦ, ਆਪ ਆਗੂ ਮਨਜੀਤ ਸਿੰਘ ਝੀਤਾ, ਪਰਮਜੀਤ ਸਿੰਘ ਪੰਮਾ ਆਪ ਆਗੂ, ਬਾਬਾ ਅੰਮ੍ਰਿਤਪਾਲ ਸਿੰਘ, ਕਵੀ ਮੋਹਨ ਮਤਿਆਲਵੀ, ਰਾਗੀ ਇੰਦਰਜੀਤ ਸਿੰਘ, ਰਾਗੀ ਜਸਵਿੰਦਰ ਸਿੰਘ ਸੋਢੀ, ਇਕਬਾਲ ਸਿੰਘ, ਡਾ. ਕਮਲਜੀਤ ਨਹਿਲੂਵਾਲ, ਬਲਰਾਜ ਕੌਰ, ਮਨਮੀਤ ਸਿੰਘ, ਰਣਦੀਪ ਕੌਰ, ਕੋਮਲਪ੍ਰੀਤ ਕੌਰ, ਜਸਕਰਨ ਸਿੰਘ, ਜਸ਼ਨਪ੍ਰੀਤ ਸਿੰਘ, ਬਿੰਦਰਵੀਰ ਸਿੰਘ, ਯੁਵਰਾਜ ਸਿੰਘ, ਭਵਾਨੀ ਪ੍ਰਸ਼ਾਦ ਗੁਪਤਾ, ਸੁਰਜੀਤ ਸਿੰਘ ਵਿਰਦੀ, ਅਮ੍ਰਿਤ ਕੌਰ, ਚਰਨਪ੍ਰੀਤ ਵਿਰਦੀ, ਸ਼ੀਤਲ ਸਟੂਡੀਓ ਵਾਲੇ, ਇੰਦਰਪਾਲ ਸਿੰਘ, ਦਲਜੀਤ ਕੌਰ ਦੇਵਗੁਣ, ਜਗਦੀਪ ਸਿੰਘ ਦੇਵਗੁਣ ਕਨੇਡਾ ਆਦਿ ਹਾਜ਼ਰ ਸਨ।

## ਬੰਦੀ ਛੋੜ ਦਿਵਸ ਨੂੰ ਸਮਰਪਿਤ 11ਵਾਂ ਕੀਰਤਨ ਦਰਬਾਰ 2 ਨੂੰ

**ਅੱਡਾ ਸਰਾਂ( ਜਸਵੀਰ ਕਾਜਲ)** ਪਿੰਡ ਕੰਧਾਲੀਨੌਰੰਗ ਪੁਰ ਦੇ ਚੜ੍ਹਦੀ ਪੱਤੀ ਗੁਰਦੁਆਰਾ ਸਿੰਘ ਸਭਾ ਵਿਖੇ ਨਗਰ ਦੀਆਂ ਸੰਗਤਾਂ, ਐਨ ਆਰ ਆਈ ਅਤੇ ਨੌਜਵਾਨ ਵੀਰਾਂ ਦੇ ਸਹਿਯੋਗ ਨਾਲ ਬੰਦੀ ਛੋੜ ਦਿਵਸ ਨੂੰ ਸਮਰਪਿਤ 31 ਅਕਤੂਬਰ ਨੂੰ ਅੰਖਡ ਪਾਠ ਅੰਰਭ ਕਰਵਾਏ ਜਾ ਰਹੇ ਹਨ।ਸੇਵਾਦਾਰਾਂ ਪ੍ਰਬੰਧਕਾਂ ਨੇ ਦੱਸਿਆ ਕਿ 2 ਨਵੰਬਰ ਨੂੰ ਅਖੰਡ ਪਾਠ ਦੇ ਭੋਗ ਉਪਰੰਤ 11ਵਾਂ ਮਹਾਨ ਕੀਰਤਨ ਦਰਬਾਰ ਸਜਾਇਆ ਜਾਵੇਗਾ।ਇਸ ਮੌਕੇ ਹੈੱਡ ਗ੍ਰੰਥੀ ਭਾਈ ਗੁਰਨਾਮ ਸਿੰਘ ਕੀਰਤਨੀ ਜਥਾ ਸੰਗਤਾ ਗੁਰੂਬਾਣੀ ਨਾਲ ਜੋੜਨਗੇ ਅਤੇ ਇਸੇ ਤਰ੍ਹਾਂ ਰਾਤ ਨੂੰ ਵੀ ਧਾਰਮਿਕ ਦੀਵਾਨ ਸਜਾਇਆ ਜਾਵੇਗਾ।ਕੀਰਤਨ ਦਰਬਾਰ ਵਿੱਚ ਭਾਈ ਵਰਿੰਦਰ ਸਿੰਘ ਕੀਰਤਨੀ ਜੱਥੇ,ਭਾਈ ਭਗਵੰਤ ਸਿੰਘ ਕਵੀਸ਼ਰੀ ਜਥੇ ਅਤੇ ਭਾਈ ਗੁਰਪ੍ਰੀਤ ਸਿੰਘ ਢਾਡੀ ਜਥੇ ਸੰਗਤਾਂ ਨੂੰ ਗੁਰੂ ਬਾਣੀ ਅਤੇ ਗੁਰ ਇਤਿਹਾਸ ਨਾਲ ਜੋੜਨਗੇ।

## ਅਣਪਛਾਤੇ ਦੀ ਲਾਸ਼ ਮਿਲੀ

**ਫਿਲੌਰ (ਨਿਰਮਲ)**- ਫਿਲੌਰ- ਨੂਰਮਹਿਲ ਰੋਡ ਵਾਲੇ ਰੇਲਵੇ ਫਾਟਕਾਂ ਨੇੜਿਓਂ 50/60 ਸਾਲਾਂ ਵਿਅਕਤੀ ਦੀ ਲਾਸ਼ ਮਿਲੀ ਹੈ। ਜਿਸ ਦੀ ਪਹਿਚਾਣ ਨਹੀਂ ਹੋ ਸਕੀ, ਥਾਣੇਦਾਰ ਪਰਮਜੀਤ ਸਿੰਘ ਥਾਣਾ ਫਿਲੌਰ ਨੇ ਦੱਸਿਆ ਕਿ ਮ੍ਰਿਤਕ ਨੇ ਨੀਲੇ ਰੰਗ ਦਾ ਪਜ਼ਾਮਾ, ਅਸਮਾਨੀ ਰੰਗ ਦੀ ਟੀ ਸ਼ਰਟ ਪਾਈ ਹੋਈ ਹੈ, ਸਰੀਰ ਪਤਲਾ ਤੇ ਕਮਜ਼ੋਰ ਹੈ। ਲਾਸ਼ ਪਹਿਚਾਣ ਵਾਸਤੇ 72 ਘੰਟੇ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਰੱਖ ਕੇ ਉਸਦੇ ਵਾਰਸਾਂ ਦਾ ਪਤਾ ਲਗਾਉਣ ਦੇ ਯਤਨ ਜਾਰੀ ਹਨ।

## ਲਖਵਿੰਦਰ ਕੌਰ ਨੇ ਕੰਧਾਲੀ ਨੌਰੰਗਪੁਰ ਦੇ ਸਮੂਹ ਵੋਟਰਾਂ ਦਾ ਕੀਤਾ ਧੰਨਵਾਦ



**ਅੱਡਾ ਸਰਾਂ (ਜਸਵੀਰ ਕਾਜਲ)** ਪਿੰਡ ਕੰਧਾਲੀ ਨੋਰੰਗਪੁਰ ਦੇ ਵਾਰਡ ਨੰਬਰ 2 ਦੇ ਵੋਟਰਾਂ ਨੇ ਮੈਨੂੰ ਬਹੁਤ ਮਾਣ ਦਿੱਤਾ ਅਤੇ ਬੜੀ ਮਿਹਨਤ ਕੀਤੀ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀਮਤੀ ਲਖਵਿੰਦਰ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਮੈਂ ਭਾਵੇਂ ਦੋ ਵੋਟਾਂ ਨਾਲ ਅਸਫ਼ਲ ਰਹੀਂ ਹਾਂ ਮੈਂ ਫਿਰ ਵੀ ਇਸ ਵਾਰਡ ਦੇ ਵੋਟਰਾਂ ਨਾਲ ਖੜ੍ਹੀ ਹਾਂ ਮੈਂ ਸਾਰੇ ਵਾਰਡ ਦੇ ਵੋਟਰਾਂ ਦਾ ਦਿਲੋਂ ਧੰਨਵਾਦ ਕਰਦੀ ਹਾਂ।

## ਆਲ ਇੰਡੀਆ ਬਲਵੰਤ ਸਿੰਘ ਕਪੂਰ ਮੈਮੋਰੀਅਲ ਹਾਕੀ ਟੂਰਨਾਮੈਂਟ 17 ਨਵੰਬਰ ਤੋਂ

**ਜਲੰਧਰ (ਸ਼ੈਲੀ ਐਲਬਰਟ)** ਆਲ ਇੰਡੀਆ ਬਲਵੰਤ ਸਿੰਘ ਕਪੂਰ ਮੈਮੋਰੀਅਲ ਹਾਕੀ ਟੂਰਨਾਮੈਂਟ (ਮਾਤਾ ਪ੍ਰਕਾਸ਼ ਕੌਰ ਕਪ ਲਈ) ਅੰਡਰ-19 ਮੁੰਡਿਆਂ ਦੀ ਕੈਟੇਗਰੀ ਲਈ 17 ਨਵੰਬਰ ਤੋਂ 24 ਨਵੰਬਰ, 2024 ਤੱਕ ਸਥਾਨਕ ਓਲੰਪੀਆਨ ਸੁਰਜੀਤ ਹਾਕੀ ਸਟੇਡਿਯਮ ਬਰਲਟਨ ਪਾਰਕ, ਜਲੰਧਰ ਵਿੱਚ ਕਰਵਾਇਆ ਜਾਵੇਗਾ। ਇਸ ਜਾਣਕਾਰੀ ਦਿੰਦੇ ਹੋਏ ਆਯੋਜਨ ਕਮੇਟੀ ਦੇ ਪ੍ਰਧਾਨ, ਹਰਭਜਨ ਸਿੰਘ ਕਪੂਰ ਅਤੇ ਸਕੱਤਰ, ਗੁੰਡਦੀਪ ਸਿੰਘ ਕਪੂਰ ਨੇ ਦੱਸਿਆ ਕਿ ਦੇਸ਼ ਦੇ ਵੱਖ-ਵੱਖ ਰਾਜਾਂ ਦੀਆਂ ਟੀਮਾਂ ਇਸ 8 ਦਿਨਾਂ ਦੇ ਟੂਰਨਾਮੈਂਟ ਵਿੱਚ ਹਿੱਸਾ ਲੈਣਗੀਆਂ। ਇਹ ਟੂਰਨਾਮੈਂਟ ਹਾਕੀ ਪ੍ਰੇਮੀ ਮਰਹੂਮ ਬਲਵੰਤ ਸਿੰਘ ਕਪੂਰ ਅਤੇ ਮਾਤਾ ਪ੍ਰਕਾਸ਼ ਕੌਰ ਦੀ ਯਾਦ ਵਿੱਚ ਨੌਜਵਾਨਾਂ ਵਿੱਚ ਹਾਕੀ ਨੂੰ ਉਤਸ਼ਾਹਤ ਕਰਨ ਲਈ ਕਰਵਾਇਆ ਜਾਂਦਾ ਹੈ।ਟੂਰਨਾਮੈਂਟ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ਅਤੇ ਟੀਮਾਂ ਨੂੰ ਸੂਚਿਤ ਕੀਤਾ ਗਿਆ ਹੈ। ਇਸ ਸਾਲ ਦਾ ਟੂਰਨਾਮੈਂਟ ਪਹਿਲਾਂ ਨਾਲੋਂ ਵੱਧ ਵੱਡੇ ਪੱਧਰ 'ਤੇ ਕੀਤਾ ਜਾਵੇਗਾ।

## ਭਗਵਾਨ ਵਾਲਮੀਕਿ ਦੇ ਦਰਸਾਏ ਮਾਰਗ 'ਤੇ ਚਲ ਕੇ ਜੀਵਨ ਨੂੰ ਸਫਲ ਬਣਾਇਆ ਜਾ ਸਕਦਾ : ਡਾ. ਰਮਨ

**ਫਗਵਾੜਾ (ਜਸਵਿੰਦਰ ਢੱਡਾ, ਇੰਦਰਜੀਤ ਮਠਾੜੂ)** ਫਗਵਾੜਾ ਪੱਤਰਕਾਰ ਸੰਗਠਨ ਰਜਿ. ਫਗਵਾੜਾ ਦੀ ਮਹੀਨਾਵਾਰ ਇੱਕ ਅਹਿਮ ਬੈਠਕ ਕੇ ਕੇ ਸਵੀਟ ਸ਼ਾਪ ਹੇਠਾ ਬੇਸਮੈਂਟ ਪ੍ਰਿੰਸ ਪ੍ਰਾਪਟੀ ਦੇ ਆਫ਼ਿਸ ਵਿਖੇ ਪ੍ਰਧਾਨ ਡਾ. ਰਮਨ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੰਗਠਨ ਵਲੋਂ ਕੀਤੇ ਕਾਰਜਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਕਈ ਅਹਿਮ ਸਮਾਜ ਸੇਵੀ ਪ੍ਰੋਜੈਕਟਾਂ 'ਤੇ ਚਰਚਾ ਵੀ ਕੀਤੀ ਗਈ। ਇਸ ਮੌਕੇ ਪ੍ਰਧਾਨ ਡਾ. ਰਮਨ ਨੇ ਭਗਵਾਨ ਸ੍ਰੀ ਰਾਮਚੰਦਰ ਜੀ ਦੇ ਰੂਹਾਨੀ ਜੀਵਨ ਸਫ਼ਰ ਨੂੰ ਪ੍ਰਸਤੁਤ ਕਰਨ ਵਾਲੇ ਮਹਾਨ ਮਹਾਂਕਾਵਿ ਰਾਮਾਇਣ ਦੇ ਰਚੇਤਾ ਆਦਿ ਕਵੀ ਭਗਵਾਨ ਵਾਲਮੀਕ ਦੇ ਪ੍ਰਕਾਸ਼ ਦਿਵਸ ਦੀਆਂ ਲੱਖ-ਲੱਖ ਵਧਾਈਆਂ ਦਿੰਦਿਆ ਆਖਿਆ ਕਿ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ ਕਿ ਅਸੀਂ ਭਗਵਾਨ ਵਾਲਮੀਕ ਜੀ ਦੇ ਦਰਸਾਏ ਮਾਰਗ 'ਤੇ ਚਲ ਕੇ ਹੀ ਜੀਵਨ ਨੂੰ ਸਫਲ ਬਣਾ ਸਕਦੇ ਹਾਂ। ਇਸ ਮੌਕੇ ਅਸ਼ੋਕ ਸ਼ਰਮਾ, ਸੁਸ਼ੀਲ ਸ਼ਰਮਾ, ਮੋਹਿਤ ਸ਼ਰਮਾ, ਨਰਿੰਦਰ ਪਾਲ ਸਿੰਘ ਮਾਹੀ, ਕਮਲਦੀਪ ਸਿੰਘ, ਜੀਵਨ ਸੰਘਾ, ਅਜੇ ਕੋਛੜ, ਅਮ੍ਰਿਤਪਾਲ ਸਿੰਘ, ਜਸਵਿੰਦਰ ਸਿੰਘ ਭਗਤਪੁਰਾ ਆਦਿ ਮੌਜੂਦ ਸਨ।

## ਭਗਵਾਨ ਵਾਲਮੀਕਿ ਦੇ ਪ੍ਰਗਟ ਦਿਵਸ ਮੌਕੇ ਸ਼ੋਭਾ ਯਾਤਰਾ ਸਜਾਈ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਗਟ ਦਿਵਸ ਦੇ ਸਬੰਧ ਵਿੱਚ ਬ੍ਰਹਮ ਜੋਤੀ 'ਵਿਸ਼ਾਲ ਸ਼ੋਭਾ ਯਾਤਰਾ' ਭਗਵਾਨ ਵਾਲਮੀਕਿ ਮੁਸਾਪੁਰ ਰੋਡ ਤੋਂ ਸ਼ੁਰੂ ਹੋ ਕੇ ਘਾਹ ਮੰਡੀ, ਕੋਠੀ ਰੋਡ ਅੰਬੇਦਕਰ ਚੌਕ, ਚੰਡੀਗੜ੍ਹ ਚੌਕ, ਵੱਖ, ਵੱਖ ਬਜਾਰਾਂ ਵਿੱਚੋਂ ਹੁੰਦੀ ਹੋਈ ਘਾਹ ਮੰਡੀ ਵਾਲਮੀਕਿ ਚੌਕ, ਢੋਲ ਢਮੱਕਿਆਂ ਦੇ ਨਾਲ ਸਮਾਪਤ ਹੋਈ। ਸ਼ੋਭਾ ਯਾਤਰਾ ਦੀ ਪ੍ਰਧਾਨਗੀ ਸਨੀ, ਬਿੱਟਾਂ ਸੱਭਰਵਾਲ, ਰਾਜਕੁਮਾਰ ਸਭਰਵਾਲ, ਕਿਹਾ ਕਿ ਸਾਨੂੰ ਯੋਗਵਿਸ਼ਿਸ਼ਟ ਮਹਾਂਰਮਾਇਣ ਦੇ ਪ੍ਰਚਾਰ ਪ੍ਰਸਾਰ ਨੂੰ ਘਰ ਘਰ ਤੱਕ ਪਹੁੰਚਾਉਣਾ ਚਾਹੀਦਾ ਹੈ।



ਪਿੰਡ ਚੱਕ ਸਾਹਬੂ ਵਿਖੇ ਸਿਮਰਜੀਤ ਕੌਰ ਆਪਣੇ ਸਮਰਥਕਾਂ ਨਾਲ ਘਰ-ਘਰ ਜਾ ਕੇ ਵੋਟਰਾਂ ਦਾ ਧੰਨਵਾਦ ਕਰਦੇ ਹੋਏ। ਇਸ ਮੌਕੇ ਉਨ੍ਹਾਂ ਨਾਲ ਸੋਮਪਾਲ ਮੈਗੜਾ, ਗੁਰਮੀਤ ਸਿੰਘ, ਤੀਰਥ ਸਿੰਘ, ਤਰਸੇਮ ਲਾਲ, ਕਮਲੇਸ਼ ਕੌਰ, ਕੁਲਵਿੰਦਰ ਕੌਰ, ਬਲਵੀਰ ਕੌਰ, ਬਲਵਿੰਦਰ ਸਿੰਘ ਤੇ ਪਿੰਡ ਦੇ ਪਤਵੰਤੇ ਵੱਡੀ ਗਿਣਤੀ 'ਚ ਹਾਜ਼ਰ ਸਨ। (ਫੋਟੋ ਤੇ ਵੇਰਵਾ : ਬੀ ਐਸ ਕੈਨੇਡੀ ਫਿਲੌਰ)

# ਦਸ ਦਿਨਾ ਐੱਨ ਸੀ ਸੀ ਕੈਂਪ ਦੀ ਸ਼ੁਰੂਆਤ



**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਐੱਨ ਸੀ ਸੀ ਬਟਾਲੀਅਨ ਦੇ ਅਧੀਨ ਸੰਯੁਕਤ ਸਾਲਾਨਾ ਟ੍ਰੇਨਿੰਗ ਕੈਂਪ-42 ਦੀ ਸ਼ੁਰੂਆਤ ਡੀ ਏ ਵੀ ਇੰਸਟਿਟਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ 'ਚ ਹੋਈ, ਜਿਸ ਵਿੱਚ 600 ਐੱਨ ਸੀ ਸੀ ਕੈਡਿਟਸ ਹਿੱਸਾ ਲੈ ਰਹੇ ਹਨ।ਦਿਨ-ਰਾਤ ਦੇ 10 ਦਿਨਾਂ ਦੇ ਕੈਂਪ 'ਚ ਹੋਰ ਜ਼ਿਲ੍ਹਿਆਂ ਤੋਂ ਆਏ ਕੈਡਿਟਸ ਵੀ ਸ਼ਾਮਲ ਹੋ ਰਹੇ ਹਨ। ਗਣਤੰਤਰ ਦਿਵਸ ਦਿੱਲੀ 'ਚ ਹਿੱਸਾ ਲੈਣ ਲਈ 105 ਕੈਡਿਟਸ ਲੜੀਵਾਰ ਤੀਜੇ ਐੱਨ ਸੀ ਸੀ ਕੈਂਪ ਵਿੱਚ ਹਿੱਸਾ ਲੈ ਰਹੇ ਹਨ।ਇਸ ਕੈਂਪ ਵਿੱਚ ਚੁਣੇ ਗਏ ਕੈਡਿਟਸ ਇੰਟਰ ਗਰੁੱਪ ਮੁਕਾਬਲੇ ਵਿੱਚ ਹਿੱਸਾ ਲੈਣ ਲਈ ਐੱਨ ਸੀ ਸੀ ਅਕੈਡਮੀ ਰੋਪੜ ਜਾਣਗੇ।ਜਿਸ ਵਿੱਚ 10 ਐੱਨ ਸੀ ਸੀ ਗਰੁੱਪਾਂ ਦੇ ਕੈਡਿਟਸ ਜੋ ਪੰਜਾਬ, ਹਿਮਾਚਲ, ਹਰਿਆਣਾ ਅਤੇ ਚੰਡੀਗੜ੍ਹ ਤੋਂ ਆਉਣਗੇ, ਗਣਤੰਤਰ ਦਿਵਸ ਦਿੱਲੀ ਮੁਕਾਬਲੇ ਵਿੱਚ ਹਿੱਸਾ ਲੈਣਗੇ।

ਪੰਜਾਬ ਐੱਨ ਸੀ ਸੀ ਬਟਾਲੀਅਨ ਦੇ 500 ਕੈਡਿਟਸ, 36 ਵੱਖ-ਵੱਖ ਸਿੱਖਿਆ ਸੰਸਥਾਵਾਂ ਤੋਂ ਐੱਨ ਸੀ ਸੀ ਕੈਂਪ ਕਰਨ ਆਏ ਹਨ, ਜੋ ਐੱਨ ਸੀ ਸੀ ਦੇ ਵੱਖ-ਵੱਖ ਵਿਸ਼ਿਆਂ 'ਤੇ ਟ੍ਰੇਨਿੰਗ ਲੈਣਗੇ।ਕੈਂਪ ਕਮਾਂਡੈਂਟ ਨੇ ਡੀ.ਏ.ਵੀ. ਇੰਸਟਿਟਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਦੇ ਪ੍ਰਿੰਸੀਪਲ ਡਾ. ਸੁਧੀਰ ਸ਼ਰਮਾ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਕੈਂਪ ਲਈ ਹੋਸਟਲ ਅਤੇ ਸਾਰੀਆਂ ਪ੍ਰਸ਼ਾਸਨਿਕ ਸੁਵਿਧਾਵਾਂ ਪ੍ਰਦਾਨ ਕੀਤੀਆਂ।

# ਭਗਵਾਨ ਵਾਲਮੀਕਿ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਭਗਵਾਨ ਸ੍ਰੀ ਵਾਲਮੀਕਿ ਜੀ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਪਿੰਡ ਜਲਾਲਪੁਰ ਵਿਖੇ ਸ੍ਰੀ ਵਾਲਮੀਕਿ ਮੰਦਰ ਦੇ ਸੇਵਾਦਾਰਾਂ ਅਤੇ ਸਮੂਹ ਪਿੰਡ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਪਿੰਡ ਦੇ ਸਰਪੰਚ ਜਸਵੰਤ ਸਿੰਘ ਬਿੱਟੂ, ਲਖਵਿੰਦਰ ਸਿੰਘ ਸੇਠੀ, ਪ੍ਰਕਾਸ਼ ਰਾਮ, ਕੁਲਵੰਤ ਸਿੰਘ, ਜਸਵੰਤ ਸਿੰਘ ਅੰਬੀ, ਜਸਵੀਰ ਕੌਰ, ਤਰਸੇਮ ਸਿੰਘ, ਸੁਰਿੰਦਰ ਕੌਰ, ਅਮਰਜੀਤ ਕੌਰ, ਅਜੀਤ ਸਿੰਘ ਸਾਰੇ ਮੈਂਬਰ ਪੰਚਾਇਤ ਦੇ ਵਿਸ਼ੇਸ਼ ਤੌਰ 'ਤੇ ਪਹੁੰਚਣ 'ਤੇ ਸਮੂਹ ਸੇਵਾਦਾਰਾਂ ਅਤੇ ਪਿੰਡ ਨਿਵਾਸੀਆਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਸਮਾਰੋਹ ਦੇ ਆਰੰਭ ਵਿੱਚ ਸਮੂਹ ਪੰਚਾਇਤ ਅਤੇ ਪਿੰਡ ਨਿਵਾਸੀਆਂ ਨੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਵਿਸ਼ਵ ਸ਼ਾਂਤੀ ਅਤੇ ਕਲਿਆਣ ਹੇਤੂ ਹਵਨ ਯੱਗ ਕਰਾਉਣ ਉਪਰੰਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵਖ ਭਜਨ ਮੰਡਲੀਆਂ ਨੇ ਆਪਣੇ ਭਜਨਾਂ ਰਾਹੀਂ ਭਗਵਾਨ ਸ੍ਰੀ ਵਾਲਮੀਕਿ ਜੀ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਦੇ ਹੋਏ ਸੰਗਤ ਨੂੰ ਗੁਰੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸਰਪੰਚ ਜਸਵੰਤ ਸਿੰਘ ਬਿੱਟੂ ਨੇ ਕਿਹਾ ਕਿ ਰਮਾਇਣ ਦੇ ਰਚੇਤਾ ਭਗਵਾਨ ਸ੍ਰੀ ਵਾਲਮੀਕਿ ਜੀ ਮਹਾਰਾਜ ਦੇ ਦਰਸਾਏ ਮਾਰਗ 'ਤੇ ਚਲਦੇ ਹੋਏ ਸਾਨੂੰ ਸਾਰਿਆਂ ਨੂੰ ਉਨ੍ਹਾਂ ਦੀ ਜੀਵਨੀ ਤੋਂ ਸਿੱਖਿਆ ਲੈਣੀ ਚਾਹੀਦੀ ਹੈ ਅਤੇ ਹਰ ਸਮੇਂ ਪ੍ਰਭੂ ਦਾ ਗੁਣਗਾਨ ਕਰਨਾ ਚਾਹੀਦਾ ਹੈ। ਸਮਾਰੋਹ ਦੇ ਆਖਿਰ ਵਿੱਚ ਸਮੂਹ ਸੇਵਾਦਾਰਾਂ ਅਤੇ ਪਿੰਡ ਨਿਵਾਸੀਆਂ ਨੇ ਸਰਪੰਚ ਜਸਵੰਤ ਸਿੰਘ ਬਿੱਟੂ ਅਤੇ ਸਮੂਹ ਪੰਚਾਇਤ ਮੈਂਬਰਾਂ ਨੂੰ ਸਿਰੋਪੇ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਸੇਵਾਦਾਰ ਜਸਪਾਲ ਸਿੰਘ, ਸੋਮਨਾਥ, ਰੁਲਦਾ ਸਿੰਘ, ਜੋਗਿੰਦਰ ਸਿੰਘ, ਬਾਬਾ ਸਾਧੂ, ਤਰਸੇਮ ਲਾਲ, ਹਰਮੇਸ਼ ਕੁਮਾਰ, ਅਮਿਤ ਕਮਲ, ਯੋਗਰਾਜ, ਰੱਜਤ, ਗੋਪੀ, ਜੀਤਾ, ਬਿਕਰਮਜੀਤ ਸਿੰਘ, ਸੋਮਨਾਥ ਰਿੰਕੂ, ਰਿਤਿਕ, ਦੀਪੂ, ਉਦੇ, ਜਸ, ਭਾਈ ਬਲਵੀਰ ਸਿੰਘ ਅਤੇ ਹੋਰ ਹਾਜ਼ਰ ਸਨ।

# ਕੱਟ ਵਿਖੇ ਪੰਜ ਪੰਚਾਇਤਾਂ ਦਾ ਸਨਮਾਨ



**ਬੰਗਾ (ਅਵਤਾਰ ਕਲੇਰ)** ਬੰਗਾ ਹਲਕੇ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਪਿੰਡਾਂ ਦਾ ਵਿਕਾਸ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਵਾਇਸ ਚੇਅਰਮੈਨ ਪੰਜਾਬ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਕਾਰਪੋਰੇਸ਼ਨ ਤੇ ਗੁਰਮਿੰਦਰ ਸਿੰਘ ਕੱਟ ਸਾਬਕਾ ਚੇਅਰਮੈਨ ਸਹਿਕਾਰੀ ਸਭਾਵਾਂ ਨੇ ਪਿੰਡ ਕੱਟ ਵਿਖੇ ਪੰਜ ਪੰਚਾਇਤਾਂ ਦਾ ਸਨਮਾਨ ਕਰਦਿਆ ਆਖੇ।ਉਪਰੰਤ ਨਵੀਂਆਂ ਬਣੀਆਂ ਪੰਚਾਇਤਾਂ ਨੇ ਵੋਟਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹਲਕਾ ਇੰਚਾਰਜ ਕੁਲਜੀਤ ਸਰਹਾਲ ਵਾਇਸ ਚੇਅਰਮੈਨ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਗੁਰਮਿੰਦਰ ਸਿੰਘ ਕੱਟ ਸਾਬਕਾ ਚੇਅਰਮੈਨ ਜਿਲ੍ਹਾ ਸਹਿਕਾਰੀ ਸਭਾਵਾਂ, ਕਮਲਜੀਤ ਕੁਮਾਰ ਕੰਬੀ ਸਰਪੰਚ ਕੱਟ, ਅਵਤਾਰ ਸਿੰਘ ਲਾਡੀ, ਬਲਜਿੰਦਰ ਕੁਮਾਰ ਸਾਬੀ, ਕਰਨੈਲ ਸਿੰਘ, ਬਲਵੀਰ ਕੌਰ, ਸੰਤੋਸ਼ ਕੁਮਾਰੀ ਸਾਰੇ ਮੈਂਬਰ ਪੰਚਾਇਤ ਕੱਟ, ਬਲਵੰਤ ਸਿੰਘ ਸਰਪੰਚ ਚੱਕ ਬਿਲਗਾਂ, ਲਖਵਿੰਦਰ ਕੁਮਾਰ ਸਾਬੀ ਸਰਪੰਚ ਨੂਰਪੁਰ, ਅਮਨਦੀਪ ਸਿੰਘ ਸਰਪੰਚ ਲੰਗੇਰੀ, ਬਲਵੀਰ ਕੌਰ ਸਰਪੰਚ ਸਰਹਾਲ ਕਾਜੀਆ, ਕਸ਼ਮੀਰੀ ਲਾਲ ਪੰਚ ਚੱਕ ਬਿਲਗਾਂ ਆਦਿ ਦਾ ਸਿਰੋਪਾਓ ਨਾਲ ਸਨਮਾਨ ਕੀਤਾ।ਹੋਰਨਾ ਤੋਂ ਇਲਾਵਾ ਤਰਸੇਮ ਸਿੰਘ, ਸਤਵਿੰਦਰ ਸਿੰਘ, ਬਲਵੀਰ ਸਿੰਘ ਖੜੌਦ, ਰਣਜੀਤ ਸਿੰਘ ਮੰਤਰੀ, ਹਰਜੀਤ ਸਿੰਘ ਨੰਬਰਦਾਰ, ਹਰਵਿੰਦਰ ਸਿੰਘ, ਕਸ਼ਮੀਰੀ ਲਾਲ ਪੰਚ ਚੱਕ ਬਿਲਗਾਂ, ਹਰਜਿੰਦਰ ਸਿੰਘ ਚੱਕੀਵਾਲਾ, ਇਕਬਾਲ ਸਿੰਘ,ਦੀਪਾ ਕੱਟ,ਚੰਨਣ ਰਾਮ ਸਾਬਕਾ ਸਰਪੰਚ ਕੱਟ, ਮਿਸਤਰੀ ਗੁਰਨਾਮ ਰਾਮ, ਡਾ.ਬਿੱਟੂ ਆਦਿ ਹਾਜਰ ਸਨ।

## ਮਾਨ ਨੇ ਨਿਊ ਪਟੇਲ ਨਗਰ 'ਚ 10 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਕਰਵਾਏ ਵਿਕਾਸ ਦੇ ਕੰਮ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਨਗਰ ਨਿਗਮ ਅਧਿਕਾਰੀਆਂ ਦੇ ਨਾਲ ਸ਼ਹਿਰ ਦੇ ਮੁਹੱਲਾ ਨਿਊ ਪਟੇਲ ਨਗਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਹਨਾਂ ਕਿਹਾ ਕਿ ਸ਼ਹਿਰ ਦੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਸੂਬੇ ਦੀ ਭਗਵੰਤ ਮਾਨ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮੈਰਿਟ ਦੇ ਅਧਾਰ 'ਤੇ ਪੂਰਾ ਕਰਵਾਇਆ ਜਾ ਰਿਹਾ ਹੈ। ਉਹਨਾਂ ਨਿਊ ਪਟੇਲ ਨਗਰ ਸਮੇਤ ਸਮੁੱਚੇ ਸ਼ਹਿਰ ਦੇ ਹਰੇਕ ਵਾਰਡ ਦਾ ਲੋੜੀਂਦਾ ਵਿਕਾਸ ਕਰਵਾਉਣ ਦੀ ਗੱਲ ਕਹੀ ਅਤੇ ਦੱਸਿਆ ਕਿ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਪੰਜਾਬ ਕੈਬਿਨੇਟ ਵਿਚ ਨਵੇਂ ਸ਼ਾਮਲ ਹੋਏ ਸਥਾਨਕ ਸਰਕਾਰਾਂ ਵਿਭਾਗ ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਵੀ ਵਚਨਬੱਧਤਾ ਜਤਾਈ ਹੈ। ਇਸ ਮੌਕੇ ਸੀਨੀਅਰ ਆਪ ਆਗੂ ਹਰਮੇਸ਼ ਪਾਠਕ, ਮਹਿਲਾ ਆਗੂ ਪ੍ਰਿਤਪਾਲ ਕੌਰ ਤੁਲੀ, ਚਮਨ ਲਾਲ, ਰਣਜੀਤ ਪਾਲ ਪਾਬਲਾ, ਇੰਦਰਜੀਤ ਪੀਪਾਰੰਗੀ, ਰਾਜਾ ਕੌਂਸਲਰ ਬਲਾਕ ਪ੍ਰਧਾਨ, ਰੋਹਿਤ ਸ਼ਰਮਾ, ਵਿਜੇ ਬਸੰਤ ਨਗਰ, ਜਸਦੇਵ ਪ੍ਰਿੰਸ, ਸੌਰਵ ਹਾਂਡਾ, ਸਰਬਜੀਤ ਸਿੰਘ ਤੋਂ ਇਲਾਵਾ ਰਾਜੇਸ਼ ਚੋਪੜਾ ਐਸ.ਈ., ਰਵਿੰਦਰ ਕਲਸੀ ਐਸ.ਡੀ.ਓ., ਕੰਵਰ ਪਾਲ ਸਿੰਘ ਜੇ.ਈ. ਆਦਿ ਹਾਜਰ ਸਨ।

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਸਭ ਦੀ ਸਾਂਝੀ ਜ਼ਿੰਮੇਵਾਰੀ : ਡਾ. ਮਾਨ

**ਬਲਾਚੌਰ ( ਜਸਵਿੰਦਰ ਬੈਂਸ)**: ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਦੀ ਅਗਵਾਈ ਹੇਠ ਸਿਹਤ ਬਲਾਕ ਬਲਾਚੌਰ ਦੀਆਂ ਸਿਹਤ ਟੀਮਾਂ ਨੇ ਬਲਾਚੌਰ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ 'ਚ ਕੋਟਪਾ ਐਕਟ ਦੀ ਉਲੰਘਣਾ ਕਰਨ 'ਤੇ ਦੁਕਾਨਦਾਰਾਂ ਨੂੰ ਸਖ਼ਤ ਹਦਾਇਤਾਂ ਕਰਦੇ ਹੋਏ ਕਈ ਦੁਕਾਨਦਾਰਾਂ ਦੇ ਚਲਾਨ ਕੱਟੇ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਕੋਟਪਾ ਐਕਟ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾ ਰਹੀ ਹੈ ਅਤੇ ਕੋਟਪਾ ਐਕਟ ਦੀ ਉਲੰਘਣਾ ਕਰਨ 'ਤੇ ਦਰਜਨ ਦੇ ਕਰੀਬ ਦੁਕਾਨਦਾਰਾਂ ਤੇ ਖੋਖਾ ਮਾਲਕਾਂ ਦੇ ਚਲਾਨ ਕੱਟੇ ਗਏ, ਜਿਨ੍ਹਾਂ ਕੋਲੋਂ ਕੁੱਲ 380 ਰੁਪਏ ਜੁਰਮਾਨਾ ਵਸੂਲਿਆ ਗਿਆ। ਇਸ ਮੌਕੇ ਉਨ੍ਹਾਂ ਨੂੰ ਤੰਬਾਕੂ ਨਾਲ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਣੂ ਕਰਵਾਇਆ ਗਿਆ।



ਕੋਟਪਾ ਐਕਟ ਦੀਆਂ ਧਾਰਾਵਾਂ ਤਹਿਤ ਹੋਣ ਵਾਲੀਆਂ ਵੱਖ-ਵੱਖ ਸਜ਼ਾਵਾਂ ਬਾਰੇ ਜਾਣਕਾਰੀ ਦਿੰਦਿਆਂ ਡਾ. ਮਾਨ ਨੇ ਦੱਸਿਆ ਕਿ ਹਰ ਦੁਕਾਨ, ਸਰਕਾਰੀ ਤੇ ਗੈਰ-ਸਰਕਾਰੀ ਅਦਾਰਿਆਂ, ਸਕੂਲਾਂ ਤੇ ਕਾਲਜਾਂ ਆਦਿ ਅੱਗੇ ਤੰਬਾਕੂਨੋਸ਼ੀ ਸਬੰਧੀ ਚੇਤਾਵਨੀ ਬੋਰਡ ਲੱਗਿਆ ਹੋਣਾ ਜਰੂਰੀ ਹੈ ਨਹੀਂ ਤਾਂ ਸਬੰਧਤ ਅਦਾਰੇ ਦੇ ਮਾਲਕ ਜਾਂ ਮੁਖੀ ਦਾ ਵੀ ਚਲਾਨ ਕੱਟਿਆ ਜਾ ਸਕਦਾ ਹੈ।ਇਸ ਮੌਕੇ ਸਿਹਤ ਇੰਸਪੈਕਟਰ ਰਾਜਪਾਲ, ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ, ਐੱਲਟੀ ਰਣਜੀਤ ਕੁਮਾਰ, ਜਸਪਾਲ ਸਿੰਘ ਤੇ ਹੀਰਾ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਟੀਮ ਮੈਂਬਰ ਮੌਜੂਦ ਸਨ।

# ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਬਸੰਮਤੀ ਨਾਲ ਬਣੀ ਪੰਚਾਇਤ ਦਾ ਸਨਮਾਨ



**ਬਲਾਚੌਰ, (ਸਵਿੰਦਰ ਬੈਂਸ)** ਪਿੰਡ ਸੁੱਜੋਂਵਾਲ ਵਿਖੇ ਸੰਗਰਾਂਦ ਦੇ ਪਵਿੱਤਰ ਦਿਹਾੜੇ 'ਤੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਪਿੰਡ ਦੀ ਨਵੀਂ ਬਣੀ ਪੰਚਾਇਤ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਮਾਸਟਰ ਮੋਹਨ ਸਿੰਘ ਨੇ ਨਵੀ ਪੰਚਾਇਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਪਹਿਲਾਂ ਵਾਲੀ ਪੰਚਾਇਤ ਨਾਲੋਂ ਵਧੀਆ ਕੰਮ ਕਰੇ ਅਤੇ ਪਿੰਡ ਦੇ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਕਰੇ।

ਉਨ੍ਹਾ ਨੇ ਕਿਹਾ ਕਿ ਪਿੰਡ ਵੱਲੋਂ ਸਰਬ ਸੰਮਤੀ ਨਾਲ ਪੰਚਾਇਤ ਚੁਣਨ ਦਾ ਫੈਸਲਾ ਸਮੂਹ ਪਿੰਡ ਵਾਸੀਆਂ ਦੀ ਚੰਗੀ ਸੋਚ ਹੈ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਅਤੇ ਕੈਸ਼ੀਅਰ ਪਰਮਿੰਦਰ ਕੁਮਾਰ ਨੇ ਪੰਚਾਇਤ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਹ ਸੁੱਜੋਂਵਾਲ ਵਿੱਚ ਪਹਿਲਾਂ ਦੀ ਤਰ੍ਹਾਂ ਭਾਈਚਾਰਕ ਸਾਂਝ ਨੂੰ ਭਾਵਨਾ ਕਾਇਮ ਰੱਖਣ, ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਜਾਵੇ, ਕਿਸੇ ਨਾਲ ਕੋਈ ਵਿਤਕਰਾ ਨਾ ਕੀਤਾ ਜਾਵੇ। ਸਾਰੀਆਂ ਦੇ ਕੰਮ ਪਹਿਲ ਦੇ ਆਧਾਰ ਹੋਣ।ਇਸ ਮੌਕੇ ਪਿੰਡ ਦੇ ਨਵੇਂ ਚੁਣੇ ਗਏ ਸਰਪੰਚ ਜਸਵਿੰਦਰ ਸਿੰਘ ਨੇ ਕਿਹਾ ਕਿ ਉਹ ਪਿੰਡ ਦੇ ਰੁਕੇ ਹੋਏ ਵਿਕਾਸ ਨੂੰ ਪਹਿਲ ਦੇ ਆਧਾਰ 'ਤੇ ਕਰਵਾਉਣਗੇ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੇ ਵਿਕਾਸ ਕਾਰਜ ਪਹਿਲਕਦਮੀ ਦੇ ਆਧਾਰ 'ਤੇ ਕਰਨਗੇ। ਸਰਪੰਚ ਜਸਵਿੰਦਰ ਸਿੰਘ ਵੱਲੋਂ ਆਪਣੀ ਨੇਕ ਕਮਾਈ ਵਿੱਚੋਂ 51,000 ਰੁਪਏ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਿੱਤੇ ਗਏ।ਇਸ ਮੌਕੇ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਪੰਚ ਅਤੇ ਪੰਚਾਇਤ ਮੈਂਬਰਾਂ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਪਿੰਡ ਦੀ ਸਾਬਕਾ ਸਰਪੰਚ ਕੁਲਵਿੰਦਰ ਕੌਰ, ਬ੍ਰਹਮ ਦਾਸ ਅਤੇ ਪਿੰਡ ਦੇ ਸਮੂਹ ਲੋਕ ਹਾਜ਼ਰ ਸਨ।

# ਮਹਿੰਦਰ ਭਗਤ ਭਗਵਾਨ ਵਾਲਮੀਕਿ ਮੰਦਰ 'ਚ ਹੋਏ ਨਤਮਸਤਕ



**ਜਲੰਧਰ, (ਸ਼ੈਲੀ ਐਲਬਰਟ)** ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਭਲਾਈ ਮੰਤਰੀ ਮਹਿੰਦਰ ਭਗਤ ਨੇ ਆਬਾਦਪੁਰਾ ਸਥਿਤ ਭਗਵਾਨ ਵਾਲਮੀਕਿ ਮੰਦਰ ਵਿਖੇ ਨਤਮਸਤਕ ਹੋ ਕੇ ਭਗਵਾਨ ਵਾਲਮੀਕਿ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮਹਿੰਦਰ ਭਗਤ ਨੇ ਸ਼ਹਿਰ ਵਾਸੀਆਂ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਸਾਡੀ ਖ਼ੁਸ਼ਕਿਸਮਤੀ ਹੈ ਕਿ ਅੱਜ ਅਸੀਂ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਉਤਸਵ ਮਨਾ ਰਹੇ ਹਾਂ।ਅਜੋਕੇ ਸਮੇਂ ਵਿੱਚ ਸਮਾਜ ਵਿੱਚ ਪੂਰਨ ਸਦਭਾਵਨਾ ਲਈ ਇਹ ਬਹੁਤ ਜ਼ਰੂਰੀ ਹੈ ਕਿ ਲੋਕ ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ।ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦਾ ਜੀਵਨ ਸਾਨੂੰ ਸੱਚਾਈ ਅਤੇ ਮਿਹਨਤ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਨੇ ਸਮੁੱਚੀ ਮਨੁੱਖ ਜਾਤੀ ਨੂੰ ਸੱਚ ਦਾ ਮਾਰਗ ਅਪਣਾ ਕੇ ਪ੍ਰਮਾਤਮਾ ਦੀ ਪ੍ਰਾਪਤੀ ਲਈ ਪ੍ਰੇਰਿਤ ਕੀਤਾ। ਉਹ ਕਿਸੇ ਇੱਕ ਸਮਾਜ ਨਾਲ ਸਬੰਧਤ ਨਹੀਂ ਸਨ, ਸਗੋਂ ਸਮੁੱਚੇ ਵਿਸ਼ਵ ਦੇ ਸਨ।ਕੈਬਨਿਟ ਮੰਤਰੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਭਗਵਾਨ ਵਾਲਮੀਕਿ ਜੀ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ ਅਤੇ ਆਪਣੇ ਕੰਮਾਂ ਰਾਹੀਂ ਲੋਕ ਭਲਾਈ ਨੂੰ ਯਕੀਨੀ ਬਣਾਉਣ ਦਾ ਯਤਨ ਕਰਨਾ ਚਾਹੀਦਾ ਹੈ।

# ਟਮਾਟਰਾਂ ਨੇ ਕੀਤੇ ਲੋਕਾਂ ਦੇ ਚਿਹਰੇ ਲਾਲ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਟਮਾਟਰ ਦੀਆਂ ਕੀਮਤਾਂ 'ਚ ਵਾਧੇ ਕਾਰਨ ਆਮ ਆਦਮੀ ਲਈ ਘਰ 'ਚ ਸਬਜ਼ੀ ਬਣਾਉਣ ਮੁਸ਼ਕਲ ਹੋ ਗਿਆ ਹੈ।ਨਵਾਂਸ਼ਹਿਰ 'ਚ ਟਮਾਟਰਾਂ 100 ਕਿੱਲੋ ਤੱਕ ਪਹੁੰਚ ਗਿਆ ਹੈ, ਜਿਸ ਕਾਰਨ ਲੋਕਾਂ ਦੇ ਘਰਾਂ ਦਾ ਬਜਟ ਵਿਗੜ ਗਿਆ ਹੈ। ਸਬਜ਼ੀ ਮੰਡੀ 'ਚ ਸ਼ਿਮਲਾ ਮਿਰਚ, ਬੈਂਗਣ ਅਤੇ ਭਿੰਡੀ ਦੀਆਂ ਕੀਮਤਾਂ ਵੀ ਅਸਮਾਨ 'ਤੇ ਹਨ। ਦੁਕਾਨਦਾਰ ਵੀ ਕੀਮਤਾਂ ਨੂੰ ਲੈ ਕੇ ਚਿੰਤਤ ਹਨ ਅਤੇ ਖਰੀਦਦਾਰ ਵੀ।ਵਧਦੀ ਮਹਿੰਗਾਈ ਨੇ ਰਸੋਈ ਦਾ ਬਜਟ ਵਿਗਾੜ ਕੇ ਰੱਖ ਦਿੱਤਾ ਹੈ।ਸਬਜ਼ੀਆਂ ਦੇ ਭਾਅ ਦੋ ਤੋਂ ਢਾਈ ਗੁਣਾ ਵਧ ਗਏ ਹਨ।ਹਰੀਆਂ ਸਬਜ਼ੀਆਂ ਆਮ ਆਦਮੀ ਦੀ ਥਾਲੀ ਤੋਂ ਦੂਰ ਹੁੰਦੀਆਂ ਜਾ ਰਹੀਆਂ ਹਨ।ਪਰਵਿੰਦਰ ਸਿੰਘ ਭੰਗਲ ਸਟੇਟ ਅਵਾਰਡੀ ਦਾ ਕਹਿਣਾ ਹੈ ਕਿ ਜਿੱਥੇ ਪਹਿਲਾਂ ਅਸੀਂ 100 ਰੁਪਏ ਵਿੱਚ ਸਬਜ਼ੀ ਖਰੀਦਦੇ ਸੀ, ਹੁਣ ਉਹੀ ਸਬਜੀ 250 ਰੁਪਏ ਮਿਲਦੀ ਹੈ। ਬਹੁਜਨ ਸਮਾਜ ਪਾਰਟੀ ਇੰਚਾਰਜ ਮੱਖਣ ਲਾਲ ਚੌਹਾਨ ਦਾ ਕਹਿਣਾ ਹੈ ਕਿ ਫਿਲਹਾਲ ਸਬਜ਼ੀਆਂ ਦੇ ਭਾਅ ਨੂੰ ਲੈ ਕੇ ਗਾਹਕਾਂ ਨੂੰ ਕੋਈ ਰਾਹਤ ਨਹੀਂ ਮਿਲ ਰਹੀ, ਸਬਜ਼ੀਆਂ ਮਹਿੰਗੀਆਂ ਹੋਣ ਕਾਰਨ ਉਨ੍ਹਾਂ ਦੀ ਰਸੋਈ ਦਾ ਬਜਟ ਪੂਰੀ ਤਰ੍ਹਾਂ ਵਿਗੜ ਗਿਆ ਹੈ।ਇਸ ਲਈ ਸਰਕਾਰ ਅਤੇ ਪ੍ਰਸ਼ਾਸਨ ਨੂੰ ਮਹਿੰਗਾਈ ਨੂੰ ਕਾਬੂ ਕਰਨ ਲਈ ਲੋੜੀਂਦੇ ਕਦਮ ਚੁੱਕਣੇ ਚਾਹੀਦੇ ਹਨ।ਰੋਹਿਤ ਜੈਨ ਜਿਊਲਰਜ਼ ਦਾ ਕਹਿਣਾ ਹੈ ਕਿ ਟਮਾਟਰਾਂ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਕਾਰਨ ਹਰ ਕੋਈ ਪਰੇਸ਼ਾਨ ਹੈ, ਕੀ ਆਮ ਅਤੇ ਕੀ ਖਾਸ ਹੈ।

ਐਡਵੋਕੇਟ ਵਿਸ਼ਾਲ ਸ਼ਰਮਾ ਦਾ ਕਹਿਣਾ ਹੈ ਕਿ ਸਬਜ਼ੀਆਂ ਮਹਿੰਗੀਆਂ ਹੋਣ ਕਾਰਨ ਉਨ੍ਹਾਂ ਦੀ ਰਸੋਈ ਦਾ ਬਜਟ ਪੂਰੀ ਤਰ੍ਹਾਂ ਵਿਗੜ ਗਿਆ ਹੈ।ਇਸ ਲਈ ਸਰਕਾਰ ਅਤੇ ਪ੍ਰਸ਼ਾਸਨ ਨੂੰ ਮਹਿੰਗਾਈ 'ਤੇ ਕਾਬੂ ਪਾਉਣ ਲਈ ਜ਼ਰੂਰੀ ਕਦਮ ਚੁੱਕਣੇ ਚਾਹੀਦੇ ਹਨ, ਸਬਜ਼ੀਆਂ ਜਿੰਨੀਆਂ ਮਰਜ਼ੀ ਮਹਿੰਗੀਆਂ ਹੋਣ, ਉਨ੍ਹਾਂ ਨੂੰ ਖਰੀਦਣਾ ਹੀ ਪਵੇਗਾ, ਇਸ ਲਈ ਕੀਮਤਾਂ ਇੰਨੀਆਂ ਨਹੀਂ ਵਧਣੀਆਂ ਚਾਹੀਦੀਆਂ।

ਸੁਖਰਾਜ ਸਿੰਘ ਕੈਡੀ ਐਮਡੀ ਪ੍ਰਕਾਸ਼ ਮਾਡਲ ਸਕੂਲ ਦਾ ਕਹਿਣਾ ਹੈ ਕਿ ਸਬਜ਼ੀਆਂ ਮਹਿੰਗੀਆਂ ਹੋਣ ਕਾਰਨ ਆਮ ਆਦਮੀ ਨੂੰ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜੇਕਰ ਇੱਕ ਪਰਿਵਾਰ 'ਚ ਛੇ ਲੋਕ ਹਨ ਤਾਂ ਇੱਕ ਨੂੰ ਰੋਜ਼ਾਨਾ 1 ਕਿਲੋ ਸਬਜ਼ੀ ਖਰੀਦਣੀ ਪੈਂਦੀ ਹੈ।ਸਬਜ਼ੀਆਂ ਮਹਿੰਗੀਆਂ ਹੋਣ ਕਾਰਨ ਅੱਜ-ਕੱਲ੍ਹ ਸਬਜ਼ੀਆਂ, ਟਮਾਟਰਾਂ ਦੇ ਭਾਅ ਬਹੁਤ ਵਧ ਗਏ ਹਨ। ਗੁਰਜਿੰਦਰ ਸਿੰਘ ਦਾ ਕਹਿਣਾ ਹੈ ਕਿ ਕੁਝ ਦਿਨ ਪਹਿਲਾਂ ਤੱਕ ਉਹ ਵੀ ਬਾਜ਼ਾਰ ਤੋਂ 40 ਤੋਂ 50 ਰੁਪਏ ਪ੍ਰਤੀ ਕਿੱਲੋ ਦੇ ਹਿਸਾਬ ਨਾਲ ਟਮਾਟਰ ਖਰੀਦੇ ਸਨ, ਪਰ ਹੁਣ ਟਮਾਟਰ ਦੀ ਕੀਮਤ 100 ਰੁਪਏ ਪ੍ਰਤੀ ਕਿੱਲੋ ਤੱਕ ਪਹੁੰਚ ਗਈ ਹੈ। ਸਥਾਨਕ ਮੰਡੀ ਵਿੱਚ ਸਬਜ਼ੀਆਂ ਨਹੀਂ ਹਨ।

## ਰੈਸ਼ਨੇਲਾਈਜ਼ੇਸ਼ਨ ਉਪਰੰਤ ਜ਼ਿਲ੍ਹੇ 'ਚ 1926 ਪੋਲਿੰਗ ਬੂਥ : ਡਿਪਟੀ ਕਮਿਸ਼ਨਰ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹੇ ਵਿੱਚ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜ਼ੇਸ਼ਨ ਦੀ ਪ੍ਰਕਿਰਿਆ ਆਰੰਭੀ ਗਈ ਸੀ, ਜਿਸ ਦੇ ਮੁਕੰਮਲ ਹੋਣ ਉਪਰੰਤ ਹੁਣ ਜ਼ਿਲ੍ਹੇ ਵਿੱਚ 1951 ਦੀ ਜਗ੍ਹਾ 1926 ਪੋਲਿੰਗ ਬੂਥ ਰਹਿ ਗਏ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਂਦੇ 9 ਵਿਧਾਨ ਸਭਾ ਹਲਕਿਆਂ ਵਿੱਚ ਨਵੀਆਂ ਸਥਾਪਤ ਹੋਈਆਂ ਕਲੋਨੀਆਂ, ਵੋਟਰਾਂ ਦੀ ਗਿਣਤੀ ਅਤੇ ਵੋਟਰਾਂ ਦੀ ਸਹੂਲਤ ਆਦਿ ਨੂੰ ਧਿਆਨ ਵਿੱਚ ਰੱਖਦੇ ਹੋਏ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜ਼ੇਸ਼ਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਰੈਸ਼ਨੇਲਾਈਜ਼ੇਸ਼ਨ ਉਪਰੰਤ ਵਿਧਾਨ ਸਭਾ ਹਲਕਾ 37-ਜਲੰਧਰ ਕੈਂਟ ਵਿਖੇ 2 ਪੋਲਿੰਗ ਬੂਥ ਹੋਰ ਬਣਾਏ ਗਏ ਹਨ ਅਤੇ ਇਸ ਤਰ੍ਹਾਂ ਹੁਣ ਇਸ ਹਲਕੇ ਵਿੱਚ ਪੋਲਿੰਗ ਬੂਥਾਂ ਦੀ ਕੁੱਲ ਗਿਣਤੀ 212 ਹੋ ਗਈ ਹੈ। ਜਦਕਿ ਵਿਧਾਨ ਸਭਾ ਹਲਕਾ 33-ਕਰਤਾਰਪੁਰ ਵਿਖੇ 226 ਪੋਲਿੰਗ ਬੂਥਾਂ ਵਿਚ ਰੈਸ਼ਨੇਲਾਈਜ਼ੇਸ਼ਨ ਉਪਰੰਤ 27 ਪੋਲਿੰਗ ਬੂਥ ਘਟਾਏ ਗਏ ਹਨ ਅਤੇ ਹੁਣ ਇਸ ਹਲਕੇ ਵਿੱਚ ਕੁੱਲ ਪੋਲਿੰਗ ਬੂਥ 199 ਰਹਿ ਗਏ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜ਼ੇਸ਼ਨ ਉਪਰੰਤ ਵਿਧਾਨ ਸਭਾ ਹਲਕਾ 30-ਫਿਲੌਰ ਵਿੱਚ 242, ਵਿਧਾਨ ਸਭਾ ਹਲਕਾ 31-ਨਕੋਦਰ ਵਿੱਚ 252, ਵਿਧਾਨ ਸਭਾ ਹਲਕਾ 32-ਸ਼ਾਹਕੋਟ ਵਿੱਚ 250, ਵਿਧਾਨ ਸਭਾ ਹਲਕਾ 34-ਜਲੰਧਰ ਪੱਛਮੀ ਵਿੱਚ 181, ਵਿਧਾਨ ਸਭਾ ਹਲਕਾ 35-ਜਲੰਧਰ ਕੇਂਦਰੀ ਵਿੱਚ 185, ਵਿਧਾਨ ਸਭਾ ਹਲਕਾ 36-ਜਲੰਧਰ ਉੱਤਰੀ ਵਿੱਚ 195 ਅਤੇ ਵਿਧਾਨ ਸਭਾ ਹਲਕਾ 38-ਆਦਮਪੁਰ ਵਿਚ 210 ਪੋਲਿੰਗ ਬੂਥ ਤਜਵੀਜ਼ ਕੀਤੇ ਗਏ ਸਨ, ਜਿਨ੍ਹਾਂ ਨੂੰ ਚੋਣ ਕਮਿਸ਼ਨ ਵੱਲੋਂ ਪ੍ਰਵਾਨਗੀ ਜਾਰੀ ਕਰ ਦਿੱਤੀ ਗਈ ਹੈ।

# ਮੋਹਾਲੀ ਜ਼ਿਲ੍ਹੇ 'ਚ ਵੱਡੇ ਪੱਧਰ 'ਤੇ ਚਲਾਈ ਡੇਂਗੂ ਰੋਕਥਾਮ ਮੁਹਿੰਮ

**ਮੋਹਾਲੀ (ਗੁਰਜੀਤ ਬਿੱਲਾ)** ਸਿਹਤ ਅਤੇ ਪਰਵਾਰ ਭਲਾਈ ਵਿਭਾਗ ਵਲੋਂ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਅੱਜ ਜ਼ਿਲ੍ਹਾ ਐਸ ਏ ਐਸ ਨਗਰ ਵਿਖੇ ਵੱਡੇ ਪੱਧਰ 'ਤੇ ਘਰੋਂ-ਘਰੀਂ ਕੰਟੇਨਰ ਜਾਂਚ ਕੀਤੀ ਗਈ, ਜਿਸ ਦੀ ਅਗਵਾਈ ਸਿਹਤ ਵਿਭਾਗ ਦੇ ਡਾਇਰੈਕਟਰ ਡਾ. ਹਿਤਿੰਦਰ ਕੌਰ ਨੇ ਖ਼ੁਦ ਕੀਤੀ।ਵਿਭਾਗ ਵਲੋਂ ਸੂਬਾਈ ਸਿਹਤ ਅਧਿਕਾਰੀਆਂ ਦੀਆਂ 12 ਟੀਮਾਂ ਬਣਾ ਕੇ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿਚ ਭੇਜੀਆਂ ਗਈਆਂ, ਜਿਨ੍ਹਾਂ ਨੇ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਨਿਰੀਖਣ ਕੀਤਾ। ਡਾ. ਹਿਤਿੰਦਰ ਕੌਰ ਨੇ ਮੋਹਾਲੀ ਦੇ ਫ਼ੇਜ਼ 6 ਵਿਖੇ ਵਿਖੇ ਘਰ-ਘਰ ਜਾ ਕੇ ਮੱਛਰ ਦੇ ਲਾਰਵੇ ਦੀ ਪੈਦਾਇਸ਼ ਵਾਲੀਆਂ ਸੰਭਾਵੀ ਥਾਵਾਂ ਨੂੰ ਜਾਂਚਿਆ ਅਤੇ ਲੋਕਾਂ ਨੂੰ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਜਾਣਕਾਰੀ ਵੀ ਦਿਤੀ।

ਡਾ. ਹਿਤਿੰਦਰ ਕੌਰ ਨੇ ਗੱਲਬਾਤ ਕਰਦਿਆਂ ਦਸਿਆ ਕਿ ਡੇਂਗੂ ਬੁਖ਼ਾਰ ਦੀ ਰੋਕਥਾਮ ਲਈ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਪੰਜਾਬ ਭਰ ਵਿਚ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ ਹਰ ਸ਼ੁੱਕਰਵਾਰ ਨੂੰ ਸਾਰੇ ਸੀਨੀਅਰ ਸਿਹਤ ਅਧਿਕਾਰੀ ਸਵੇਰੇ ਵੱਖ-ਵੱਖ ਥਾਈਂ ਜਾਂਚ, ਸਪਰੇਅ ਅਤੇ ਜਾਗਰੂਕਤਾ ਮੁਹਿੰਮ ਦਾ ਨਿਰੀਖਣ ਕਰਦੇ ਹਨ।ਇਸੇ ਦੌਰਾਨ ਫ਼ੇਜ਼ 6 ਦੇ ਸ਼ਿਵਾਲਿਕ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆਂ ਡਾ. ਹਿਤਿੰਦਰ ਕੌਰ ਨੇ ਦਸਿਆ ਕਿ ਡੇਂਗੂ ਇਕ ਬੁਖ਼ਾਰ ਹੈ ਜੋ ਏਡੀਜ਼ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ।ਇਸ ਮੌਕੇ ਡਿਪਟੀ ਡਾਇਰੈਕਟਰ ਡਾ. ਦਲਜੀਤ ਸਿੰਘ ਪ੍ਰਦੇਸੀ, ਸਿਵਲ ਸਰਜਨ ਡਾ. ਰੇਨੂੰ ਸਿੰਘ, ਸਹਾਇਕ ਡਾਇਰੈਕਟਰ ਡਾ. ਜਸਲੀਨ ਵਿਰਕ, ਸਟੇਟ ਪ੍ਰੋਗਰਾਮ ਅਫ਼ਸਰ ਡਾ. ਅਰਸ਼ਦੀਪ ਕੌਰ, ਡਾ. ਅੰਮ੍ਰਿਤਪਾਲ ਵੜਿੰਗ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਹਰਮਨਦੀਪ ਕੌਰ, ਜ਼ਿਲ੍ਹਾ ਮਾਸ ਮੀਡੀਆ ਅਧਿਕਾਰੀ ਹਰਚਰਨ ਸਿੰਘ ਬਰਾੜ ਤੋਂ ਇਲਾਵਾ ਹੋਰ ਸਿਹਤ ਅਧਿਕਾਰੀ ਮੌਜੂਦ ਸਨ।

